22-DEC-PAGE-1.qxd 12/21/2023 10:40 PM Page 1

ਸ਼ੁੱਕਰਵਾਰ, 22 ਦਸੰਬਰ, 2023
7 ਪੋਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 202

# ਨਵਾਂ ਜ਼ਮਾਨਾ

DAILY NAWAN ZAMANA • FRIDAY, 22 DECEMBER, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਬ੍ਰਿਜ ਭੂਸ਼ਣ ਦਾ ਆੜੀ ਪ੍ਰਧਾਨ ਚੁਣੇ ਜਾਣ 'ਤੇ ਸਾਕਸ਼ੀ ਮਲਿਕ ਨੇ ਕੁਸ਼ਤੀ ਛੱਡੀ




ਹੱਥ ਵਿਚ ਪੋਸਟਰ ਚੁੱਕੀ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਦਾ ਬੇਟਾ ਪ੍ਰਤੀਕ ਭੂਸ਼ਣ ਸਿੰਘ। (ਖੱਬੇ ਉੱਪਰਲੇ ਪਾਸੇ) ਬ੍ਰਿਜ ਭੂਸ਼ਣ ਤੇ (ਸੱਜੇ ਹੇਠਾਂ) ਸੰਜੈ ਸਿੰਘ ਦੀ ਤਸਵੀਰ ਹੈ। ਪੋਸਟਰ 'ਤੇ ਲਿਖਿਆ ਹੈ—ਦਬਦਬਾ ਤੋ ਹੈ, ਦਬਦਬਾ ਤੋ ਰਹੇਗਾ।

**ਨਵੀਂ ਦਿੱਲੀ** : 11 ਮਹੀਨਿਆਂ ਤੋਂ ਵਿਵਾਦਾਂ 'ਚ ਘਿਰੀ ਭਾਰਤੀ ਕੁਸ਼ਤੀ ਫੈਡਰੇਸ਼ਨ ਦੀਆਂ ਵੀਰਵਾਰ ਹੋਈਆਂ ਚੋਣਾਂ 'ਚ ਸੰਜੈ ਸਿੰਘ ਨੇ ਪ੍ਰਧਾਨਗੀ ਜਿੱਤ ਲਈ। 12 ਸਾਲਾਂ ਬਾਅਦ ਫੈਡਰੇਸ਼ਨ ਨੂੰ ਨਵਾਂ ਪ੍ਰਧਾਨ ਮਿਲਿਆ ਹੈ। ਭਾਜਪਾ ਸਾਂਸਦ ਤੇ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਇਸ ਵਾਰ ਚੋਣ ਨਹੀਂ ਲੜਿਆ। ਉਹ ਤਿੰਨ ਵਾਰ ਇਸ ਅਹੁਦੇ ਲਈ ਚੁਣਿਆ ਗਿਆ ਸੀ, ਪਰ ਇਸ ਵਾਰ ਪ੍ਰਧਾਨ ਦੇ ਅਹੁਦੇ ਲਈ ਉਸ ਨੇ ਆਪਣੇ ਵਫਾਦਾਰ ਸੰਜੈ ਸਿੰਘ ਨੂੰ ਲੜਾਇਆ ਸੀ। ਉਸ ਦਾ ਮੁਕਾਬਲਾ ਕਾਮਨਵੈਲਥ ਚੈਂਪੀਅਨ ਅਨੀਤਾ ਸ਼ਿਓਰਾਨ ਨਾਲ ਸੀ। ਸੰਜੈ, ਜੋ ਯੂ ਪੀ ਕੁਸ਼ਤੀ ਐਸੋਸੀਏਸ਼ਨ ਦਾ ਉਪ ਪ੍ਰਧਾਨ ਹੈ, ਨੇ 40 ਵੋਟਾਂ ਹਾਸਲ ਕੀਤੀਆਂ, ਜਦਕਿ ਅਨੀਤਾ ਨੂੰ ਸੱਤ ਵੋਟਾਂ ਮਿਲੀਆਂ। ਸੰਜੈ ਸਿੰਘ ਦੇ ਪੈਨਲ ਦੇ ਬੰਦੇ ਬਹੁਤੇ ਅਹੁਦੇ ਜਿੱਤਣ ਵਿਚ ਸਫਲ ਰਹੇ। ਇਸ ਤਰ੍ਹਾਂ ਬ੍ਰਿਜ ਭੂਸ਼ਣ ਦਾ ਫੈਡਰੇਸ਼ਨ 'ਤੇ ਅਸਿੱਧਾ ਕੰਟਰੋਲ ਹੋ ਜਾਵੇਗਾ। ਆਰ ਐੱਸ ਐੱਸ ਨਾਲ ਜੁੜਿਆ ਸੰਜੈ ਸਿੰਘ ਵਾਰਾਨਸੀ ਤੋਂ ਹੈ ਤੇ ਬ੍ਰਿਜ ਭੂਸ਼ਣ ਦੇ ਕਾਫੀ ਕਰੀਬ ਹੈ।

ਕਾਮਨਵੈਲਥ ਖੇਡਾਂ ਦੀ ਸੋਨ ਤਮਗਾ ਜੇਤੂ ਸ਼ਿਓਰਾਨ ਦਾ ਪੈਨਲ ਸਕੱਤਰ ਜਨਰਲ ਦਾ ਅਹੁਦਾ ਜਿੱਤਣ 'ਚ ਕਾਮਯਾਬ ਰਿਹਾ। ਇਸ ਅਹੁਦੇ ਲਈ ਪ੍ਰੇਮ ਚੰਦ ਲੋਛਬ ਨੇ ਦਰਸ਼ਨ ਲਾਲ ਨੂੰ 27-19 ਵੋਟਾਂ ਨਾਲ ਹਰਾਇਆ।

ਦਵਿੰਦਰ ਸਿੰਘ ਕਾਦੀਆਨ, ਜੋ ਨੈਸ਼ਨਲ ਹਾਈਵੇਜ਼ 'ਤੇ ਖਾਣ-ਪੀਣ ਦੀਆਂ ਕਈ ਦੁਕਾਨਾਂ ਚਲਾਉਂਦਾ ਹੈ ਤੇ ਪ੍ਰੋਟੈਸਟ ਕਰਨ ਵਾਲੇ ਭਲਵਾਨਾਂ ਦਾ ਕਰੀਬੀ ਸਮਝਿਆ ਜਾਂਦਾ ਹੈ, ਨੇ ਆਈ ਡੀ ਨਾਨਾਵਤੀ ਨੂੰ 32-15 ਵੋਟਾਂ ਨਾਲ ਹਰਾ ਕੇ ਸੀਨੀਅਰ ਮੀਤ ਪ੍ਰਧਾਨ ਦਾ ਅਹੁਦਾ ਜਿੱਤਿਆ ਹੈ। ਬ੍ਰਿਜ ਭੂਸ਼ਣ ਦੇ ਧੜੇ ਦੇ ਚਾਰ ਉਪ ਪ੍ਰਧਾਨ ਚੁਣੇ ਗਏ ਹਨ। ਦਿੱਲੀ ਦੇ ਜੈ ਪ੍ਰਕਾਸ਼ ਨੇ 37, ਪੱਛਮੀ ਬੰਗਾਲ ਦੇ ਅਸਿਤ ਕੁਮਾਰ ਸਾਹਾ ਨੇ 42, ਪੰਜਾਬ ਦੇ ਕਰਤਾਰ ਸਿੰਘ ਨੇ 44 ਤੇ ਮਨੀਪੁਰ ਦੇ ਐੱਨ ਫੋਨੀ ਨੇ 38 ਵੋਟਾਂ ਲੈ ਕੇ ਉਪ ਪ੍ਰਧਾਨਗੀ ਜਿੱਤੀ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ, ਜਿਹੜੇ ਮੁੱਖ ਮੰਤਰੀ ਬਣਨ ਤੋਂ ਬਾਅਦ ਸੁਸਤ ਹੋ ਗਏ, ਨੂੰ ਉਪ ਪ੍ਰਧਾਨ ਦੀ ਚੋਣ ਵਿਚ 5 ਵੋਟਾਂ ਮਿਲੀਆਂ। ਉੱਤਰਾਖੰਡ ਦੇ ਸੱਤਿਆਪਾਲ ਸਿੰਘ ਦੇਸ਼ਵਾਲ ਨੇ ਖਜ਼ਾਨਚੀ ਦੇ ਅਹੁਦੇ ਲਈ ਜੰਮੂ-ਕਸ਼ਮੀਰ ਦੇ ਦੁਸ਼ਯੰਤ ਸ਼ਰਮਾ ਨੂੰ 34-12 ਨਾਲ ਹਰਾਇਆ। ਉਹ ਵੀ ਬ੍ਰਿਜ ਭੂਸ਼ਣ ਧੜੇ ਦਾ ਹੈ। ਐਗਜ਼ੈਕਟਿਵ ਲਈ ਚੁਣੇ ਗਏ ਪੰਜ ਮੈਂਬਰ ਵੀ ਬ੍ਰਿਜ ਭੂਸ਼ਣ ਧੜੇ ਦੇ ਹਨ।



ਸਾਕਸ਼ੀ ਮਲਿਕ ਪ੍ਰੈੱਸ ਕਾਨਫਰੰਸ 'ਚ ਰਿਟਾਇਰਮੈਂਟ ਦਾ ਐਲਾਨ ਕਰਦੀ ਹੋਈ।

ਚੋਣਾਂ ਦਾ ਨਤੀਜਾ ਬਜਰੰਗ ਪੂਨੀਆ, ਵਿਨੇਸ਼ ਫੋਗਾਟ ਅਤੇ ਸਾਕਸ਼ੀ ਮਲਿਕ ਲਈ ਝਟਕਾ ਹੈ, ਕਿਉਂਕਿ ਬ੍ਰਿਜ ਭੂਸ਼ਣ ਵਿਰੁੱਧ ਉਨ੍ਹਾਂ ਦਾ ਵਿਰੋਧ ਬੇਕਾਰ ਹੋ ਗਿਆ ਹੈ। ਇਨ੍ਹਾਂ ਨੇ ਮਹਿਲਾ ਭਲਵਾਨਾਂ ਦੇ ਜਿਨਸੀ ਸ਼ੋਸ਼ਣ ਨੂੰ ਲੈ ਕੇ ਬ੍ਰਿਜ ਭੂਸ਼ਣ ਵਿਰੁੱਧ ਵੱਡਾ ਅੰਦੋਲਨ ਚਲਾਇਆ ਸੀ ਤੇ ਕੁਸ਼ਤੀ ਫੈਡਰੇਸ਼ਨ ਨੂੰ ਸਾਫ ਕਰਨ ਲਈ ਲੜਾਈ ਲੜੀ ਸੀ। ਨਤੀਜਿਆਂ ਦੇ ਐਲਾਨ ਤੋਂ ਬਾਅਦ ਉਲੰਪਿਕ 'ਚ ਕਾਂਸੀ ਤਮਗਾ ਜਿੱਤਣ ਵਾਲੀ ਸਾਕਸ਼ੀ ਮਲਿਕ ਨੇ ਕੁਸ਼ਤੀ ਤੋਂ ਸੰਨਿਆਸ ਲੈਣ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਬ੍ਰਿਜ ਭੂਸ਼ਣ ਦੇ ਵਿਸ਼ਵਾਸਪਾਤਰ ਦੀ ਅਗਵਾਈ 'ਚ ਨਹੀਂ ਖੇਡੇਗੀ। ਪ੍ਰੈੱਸ ਕਾਨਫਰੰਸ 'ਚ ਸਾਕਸ਼ੀ ਨੇ ਆਪਣੇ ਜੁੱਤੇ ਲਾਹ ਕੇ ਟੇਬਲ 'ਤੇ ਰੱਖੇ ਅਤੇ ਫਿਰ ਚੁੱਕ ਕੇ ਚਲੇ ਗਈ। ਸਾਕਸ਼ੀ ਨੇ ਕਿਹਾ—ਅਸੀਂ ਬ੍ਰਿਜ ਭੂਸ਼ਣ ਵਿਰੁੱਧ ਕਾਫੀ ਹੌਸਲੇ ਨਾਲ ਲੜਾਈ ਲੜੀ, ਪਰ ਅੱਜ ਉਸ ਦੀ ਸੱਜੀ ਬਾਂਹ ਪ੍ਰਧਾਨ ਚੁਣੀ ਗਈ। ਅਸੀਂ ਮਹਿਲਾ ਪ੍ਰਧਾਨ ਚਾਹੁੰਦੇ ਸਾਂ, ਪਰ ਕਾਮਯਾਬ ਨਹੀਂ ਹੋਏ।

ਵਿਨੇਸ਼ ਫੋਗਾਟ ਨੇ ਕਿਹਾ ਕਿ ਬਦਕਿਸਮਤੀ ਦੀ ਗੱਲ ਹੈ ਕਿ ਦੇਸ਼ ਵਿਚ ਅਜਿਹੇ ਅਹੁਦਿਆਂ 'ਤੇ ਅਜਿਹੇ ਲੋਕ ਚੁਣੇ ਜਾ ਰਹੇ ਹਨ। ਹੁਣ ਕੁੜੀਆਂ ਨੂੰ ਵੀ ਸ਼ੋਸ਼ਣ ਦਾ ਸ਼ਿਕਾਰ ਹੋਣਾ ਪਵੇਗਾ। ਅਫਸੋਸ ਦੀ ਗੱਲ ਹੈ ਕਿ ਲੜਨ ਦੇ ਬਾਵਜੂਦ ਅਸੀਂ ਤਬਦੀਲੀ ਨਹੀਂ ਲਿਆ ਸਕੇ। ਮੈਨੂੰ ਪਤਾ ਨਹੀਂ ਕਿ ਆਪਣੇ ਦੇਸ਼ ਵਿਚ ਇਨਸਾਫ ਕਿਵੇਂ ਹਾਸਲ ਕੀਤਾ ਜਾ ਸਕਦਾ ਹੈ।

ਇਸ ਮੌਕੇ ਬਜਰੰਗ ਪੂਨੀਆ ਨੇ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਸਰਕਾਰ ਆਪਣੇ ਸਟੈਂਡ 'ਤੇ ਕਾਇਮ ਨਹੀਂ ਰਹੀ ਕਿ ਬ੍ਰਿਜ ਭੂਸ਼ਣ ਦਾ ਕੋਈ ਵੀ ਵਫਾਦਾਰ ਚੋਣਾਂ ਨਹੀਂ ਲੜੇਗਾ।

# ਸੂਰਨਕੋਟ ਕੋਲ ਗਹਿਗੱਚ ਮੁਕਾਬਲਾ



**ਜੰਮੂ** : ਪੁਣਛ ਜ਼ਿਲ੍ਹੇ ਵਿਚ ਦਹਿਸ਼ਤਗਰਦਾਂ ਨੇ ਵੀਰਵਾਰ ਫੌਜੀ ਟਰੱਕ 'ਤੇ ਘਾਤ ਲਾ ਕੇ ਹਮਲਾ ਕਰ ਦਿੱਤਾ। ਸ਼ੁਰੂਆਤੀ ਰਿਪੋਰਟਾਂ ਵਿਚ ਤਿੰਨ ਜਵਾਨਾਂ ਦੇ ਜ਼ਖਮੀ ਹੋਣ ਦੀ ਗੱਲ ਕਹੀ ਗਈ ਸੀ। ਗਹਿਗੱਚ ਮੁਕਾਬਲਾ ਚਲ ਰਿਹਾ ਸੀ। ਇਸਤੋਂ ਪਹਿਲਾਂ 22 ਨਵੰਬਰ ਨੂੰ ਰਾਜੌਰੀ ਵਿਚ ਮੁਕਾਬਲੇ 'ਚ 5 ਜਵਾਨ ਸ਼ਹੀਦ ਹੋ ਗਏ ਸਨ।

ਸੂਤਰਾਂ ਮੁਤਾਬਕ ਥਾਣਾ ਮੰਡੀ-ਸੂਰਨਕੋਟ ਰੋਡ 'ਤੇ ਡੇਰਾ ਕੀ ਗਲੀ (ਡੀ ਕੇ ਜੀ) ਨਾਂਅ ਨਾਲ ਜਾਣੇ ਜਾਂਦੇ ਇਲਾਕੇ ਵਿਚ ਟਰੱਕ ਬੁਫਲਿਆਜ਼ ਤੋਂ ਜਵਾਨਾਂ ਨੂੰ ਲੈ ਕੇ ਜਾ ਰਿਹਾ ਸੀ। ਸੂਰਨਕੋਟ ਤੇ ਬੁਫਲਿਆਜ਼ ਵਿਚ ਬੁੱਧਵਾਰ ਰਾਤ ਤੋਂ ਜਵਾਨਾਂ ਨੇ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਚਲਾਈ ਹੋਈ ਸੀ। ਦਹਿਸ਼ਤਗਰਦਾਂ ਨਾਲ ਸਾਹਮਣਾ ਵੀਰਵਾਰ ਹੋਇਆ। ਡੀ ਜੀ ਪੀ ਐੱਸ ਪੀ ਵੈਦ ਨੇ ਕਿਹਾ ਕਿ ਟਰੱਕ 'ਤੇ ਹਮਲਾ ਪਾਕਿਸਤਾਨ ਨੇ ਯੋਜਨਾਬੱਧ ਢੰਗ ਨਾਲ ਕਰਵਾਇਆ। ਧਾਰਾ 370 ਹਟਣ ਦੇ ਬਾਅਦ ਜਿਹੜੀਆਂ ਹਾਂ-ਪੱਖੀ ਤਬਦੀਲੀਆਂ ਹੋਈਆਂ ਹਨ, ਦਹਿਸ਼ਤਗਰਦ ਉਸਦਾ ਬਿਆਨੀਆ ਬਦਲਣਾ ਚਾਹੁੰਦੇ ਹਨ। 19-20 ਦਸੰਬਰ ਦੀ ਰਾਤ ਨੂੰ ਸੂਰਨਕੋਟ ਇਲਾਕੇ ਵਿਚ ਇਕ ਪੁਲਸ ਕੈਂਪ ਵਿਚ ਧਮਾਕਾ ਹੋਇਆ ਸੀ, ਜਿਸ ਨਾਲ ਕਈ ਗੱਡੀਆਂ ਦੇ ਸ਼ੀਸ਼ੇ ਟੁੱਟ ਗਏ ਸਨ। ਬੀ ਐੱਸ ਐੱਫ ਦੇ ਸੀਨੀਅਰ ਅਧਿਕਾਰੀ ਨੇ 16 ਦਸੰਬਰ ਨੂੰ ਕਿਹਾ ਸੀ ਕਿ ਪਾਕਿਸਤਾਨ ਵੱਲੋਂ 250 ਤੋਂ 300 ਤਕ ਦਹਿਸ਼ਤਗਰਦ ਘੁਸਪੈਠ ਕਰਨ ਦੀ ਤਿਆਰੀ ਵਿਚ ਹਨ।

## ਰਾਹੁਲ ਵਿਰੁੱਧ 8 ਹਫਤਿਆਂ 'ਚ ਕਾਰਵਾਈ ਦੀ ਹਦਾਇਤ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਵੀਰਵਾਰ ਚੋਣ ਕਮਿਸ਼ਨ ਨੂੰ ਹਦਾਇਤ ਕੀਤੀ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਬਿਜ਼ਨਸਮੈਨ ਗੌਤਮ ਅਡਾਨੀ ਨੂੰ ਜੇਬ ਕਤਰੇ ਕਹਿਣ 'ਤੇ ਰਾਹੁਲ ਗਾਂਧੀ ਵਿਰੁੱਧ 8 ਹਫਤਿਆਂ 'ਚ ਕਾਨੂੰਨ ਮੁਤਾਬਕ ਕਾਰਵਾਈ ਕਰੇ।

ਕੋਰਟ ਨੇ ਕਿਹਾ ਕਿ ਰਾਹੁਲ ਦਾ ਬਿਆਨ ਸਾਊ ਭਾਸ਼ਾ ਵਿਚ ਨਹੀਂ ਸੀ। ਚੋਣ ਕਮਿਸ਼ਨ ਨੇ ਕਿਹਾ ਹੈ ਕਿ ਉਹ ਕਾਰਵਾਈ ਕਰ ਰਿਹਾ ਹੈ, ਇਸ ਕਰਕੇ ਉਹ ਮਾਮਲੇ ਨੂੰ ਲਮਕਾਉਣਾ ਨਹੀਂ ਚਾਹੁੰਦੀ। ਚੋਣ ਕਮਿਸ਼ਨ ਨੇ ਕੋਰਟ ਨੂੰ ਦੱਸਿਆ ਕਿ ਉਸ ਨੇ 23 ਨਵੰਬਰ ਨੂੰ ਰਾਹੁਲ ਨੂੰ ਨੋਟਿਸ ਜਾਰੀ ਕੀਤਾ ਸੀ ਅਤੇ ਕਿਹਾ ਸੀ ਕਿ ਜੇ 26 ਨਵੰਬਰ ਤੱਕ ਜਵਾਬ ਨਾ ਦਿੱਤਾ ਤਾਂ ਉਹ ਕਾਰਵਾਈ ਕਰੇਗਾ।

# ਕੋਰੋਨਾ ਨਾਲ ਪੰਜਾਬ 'ਚ ਇੱਕ ਮੌਤ

**ਨਵੀਂ ਦਿੱਲੀ** : ਕੇਂਦਰੀ ਸਿਹਤ ਮੰਤਰਾਲੇ ਦੇ ਅੰਕੜਿਆਂ ਅਨੁਸਾਰ ਦੇਸ਼ 'ਚ ਕੋਰੋਨਾ ਦੇ 594 ਨਵੇਂ ਮਾਮਲੇ ਸਾਹਮਣੇ ਆਉਣ ਨਾਲ ਸਰਗਰਮ ਮਾਮਲਿਆਂ ਦੀ ਗਿਣਤੀ 2,669 ਹੋ ਗਈ ਹੈ। ਕੁਲ ਮਰੀਜ਼ਾਂ ਦੀ ਗਿਣਤੀ 4.50 ਕਰੋੜ (4,50,06,572) ਨੂੰ ਟੱਪ ਗਈ ਹੈ। ਵੀਰਵਾਰ ਸਵੇਰੇ 8 ਵਜੇ ਦੇ ਅੰਕੜਿਆਂ ਅਨੁਸਾਰ ਬੀਤੇ ਚੌਵੀ ਘੰਟਿਆਂ ਦੌਰਾਨ ਕੋਰੋਨਾ ਕਾਰਨ 6 ਮੌਤਾਂ ਹੋਈਆਂ ਹਨ। ਇਨ੍ਹਾਂ 'ਚ ਪੰਜਾਬ 'ਚ ਇੱਕ, ਕੇਰਲ 'ਚ ਤਿੰਨ ਤੇ ਕਰਨਾਟਕ 'ਚ 2 ਮੌਤਾਂ ਸ਼ਾਮਲ ਹਨ। ਇਸ ਨਾਲ ਹੁਣ ਤੱਕ ਮਰਨ ਵਾਲਿਆਂ ਦੀ ਗਿਣਤੀ 5,33,327 ਹੋ ਗਈ ਹੈ।

ਇਸੇ ਦੌਰਾਨ ਇਕੱਲੇ ਕੇਰਲ 'ਚ 24 ਘੰਟਿਆਂ ਵਿਚ ਕੋਰੋਨਾ ਦੇ 300 ਨਵੇਂ ਮਾਮਲੇ ਸਾਹਮਣੇ ਆਏ ਹਨ।

## ਚੰਡੀਗੜ੍ਹ 'ਚ ਜਨਤਕ ਥਾਵਾਂ 'ਤੇ ਮਾਸਕ ਲਾਜ਼ਮੀ

ਰਾਜ 'ਚ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ ਵਧ ਕੇ 2,341 ਹੋ ਗਈ ਹੈ। ਸੂਬੇ 'ਚ ਪਿਛਲੇ ਤਿੰਨ ਸਾਲਾਂ 'ਚ ਕੋਰੋਨਾ ਵਾਇਰਸ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧ ਕੇ 72,059 ਹੋ ਗਈ ਹੈ।

ਚੰਡੀਗੜ੍ਹ ਪ੍ਰਸ਼ਾਸਨ ਨੇ ਭੀੜ-ਭਾੜ ਵਾਲੀਆਂ ਥਾਵਾਂ 'ਤੇ ਮਾਸਕ ਲਾਜ਼ਮੀ ਕਰ ਦਿੱਤਾ ਹੈ। ਬੱਸਾਂ, ਟਰੇਨਾਂ, ਜਹਾਜ਼ਾਂ, ਟੈਕਸੀਆਂ, ਸਿਨਮਿਆਂ, ਮਾਲਾਂ, ਸਟੋਰਾਂ, ਜਮਾਤਾਂ, ਦਫਤਰਾਂ ਤੇ ਇਨਡੋਰ ਗੈਦਰਿੰਗ ਵੇਲੇ ਮਾਸਕ ਪਾਉਣਾ ਪਵੇਗਾ।

## ਈ ਡੀ ਦੇ ਸੰਮਨ ਸਿਆਸਤ ਤੋਂ ਪ੍ਰੇਰਤ : ਕੇਜਰੀਵਾਲ

**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਈ ਡੀ ਦੇ ਸੰਮਨਾਂ 'ਤੇ ਆਪਣਾ ਜਵਾਬ ਭੇਜ ਕੇ ਸੰਮਨਾਂ ਨੂੰ ਗੈਰ-ਕਾਨੂੰਨੀ ਅਤੇ ਰਾਜਨੀਤੀ ਤੋਂ ਪ੍ਰੇਰਿਤ ਕਰਾਰ ਦਿੱਤਾ ਹੈ। ਕੇਜਰੀਵਾਲ ਨੂੰ ਆਬਕਾਰੀ ਨੀਤੀ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਪੁੱਛ ਪੜਤਾਲ ਲਈ ਵੀਰਵਾਰ ਈ ਡੀ ਨੇ ਤਲਬ ਕੀਤਾ ਸੀ, ਪਰ ਉਹ ਬੁੱਧਵਾਰ ਨੂੰ 10 ਦਿਨਾਂ ਦੇ ਵਿਪਾਸਨਾ ਧਿਆਨ ਸੈਸ਼ਨ ਲਈ ਹੁਸ਼ਿਆਰਪੁਰ ਚਲੇ ਗਏ।

ਮੁੱਖ ਮੰਤਰੀ ਦੇ ਜਵਾਬ ਦਾ ਹਵਾਲਾ ਦਿੰਦੇ ਹੋਏ ਪਾਰਟੀ ਸੂਤਰਾਂ ਨੇ ਕਿਹਾ-ਕੇਜਰੀਵਾਲ ਨੇ ਤਾਜ਼ਾ ਸੰਮਨਾਂ ਨੂੰ ਰਾਜਨੀਤੀ ਤੋਂ ਪ੍ਰੇਰਿਤ ਅਤੇ ਗੈਰ-ਕਾਨੂੰਨੀ ਕਿਹਾ ਹੈ। ਆਪਣੇ ਜਵਾਬ 'ਚ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਨੇ ਆਪਣਾ ਜੀਵਨ ਪਾਰਦਰਸ਼ਤਾ ਅਤੇ ਇਮਾਨਦਾਰੀ ਨਾਲ ਬਤੀਤ ਕੀਤਾ ਹੈ ਅਤੇ ਉਨ੍ਹਾ ਕੋਲ ਲੁਕਾਉਣ ਲਈ ਕੁਝ ਨਹੀਂ ਹੈ। ਉਨ੍ਹਾ ਕਿਹਾ ਕਿ ਉਹ ਕਿਸੇ ਵੀ ਕਾਨੂੰਨੀ ਸੰਮਨ ਨੂੰ ਸਵੀਕਾਰ ਕਰਨ ਲਈ ਤਿਆਰ ਹਨ।

# ਧਨਖੜ ਸੰਸਦ 'ਚ ਜਾਤੀਵਾਦ ਲੈ ਆਏ : ਖੜਗੇ




**ਨਵੀਂ ਦਿੱਲੀ** : ਸੰਸਦ ਮੈਂਬਰਾਂ ਦੀ ਮੁਅੱਤਲੀ ਦੇ ਵਿਰੋਧ 'ਚ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਵੀਰਵਾਰ ਸੰਸਦ ਭਵਨ ਤੋਂ ਵਿਜੈ ਚੌਕ ਤੱਕ ਰੋਸ ਮਾਰਚ ਕੀਤਾ। ਇਸ ਮੌਕੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਸਰਕਾਰ ਨਹੀਂ ਚਾਹੁੰਦੀ ਕਿ ਸਦਨ 'ਚ ਕੰਮ ਹੋਵੇ। ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਨੇ ਇੱਕ ਸਾਂਸਦ ਵੱਲੋਂ ਨਕਲ ਲਾਹੁਣ 'ਤੇ ਜੱਟ ਦੀ ਬੇਇੱਜ਼ਤੀ ਦਾ ਮੁੱਦਾ ਬਣਾਉਂਦਿਆਂ ਸੰਸਦ 'ਚ ਜਾਤੀਵਾਦ ਦੀ ਗੱਲ ਕਰਨੀ ਸ਼ੁਰੂ ਕਰ ਦਿੱਤੀ। ਵਿਰੋਧੀ ਧਿਰ ਸੰਸਦ 'ਚ ਸੁਰੱਖਿਆ ਕੁਤਾਹੀ ਦਾ ਮੁੱਦਾ ਉਠਾਉਣਾ ਚਾਹੁੰਦੀ ਹੈ ਤੇ ਸਰਕਾਰ ਤੋਂ ਪੁੱਛਣਾ ਚਾਹੁੰਦੀ ਹੈ ਕਿ ਅਜਿਹਾ ਕਿਉਂ ਹੋਇਆ, ਕਿਵੇਂ ਹੋਇਆ ਅਤੇ ਇਸ ਲਈ ਕੌਣ ਜ਼ਿੰਮੇਵਾਰ ਹੈ। ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸੁਰੱਖਿਆ 'ਚ ਕੁਤਾਹੀ ਬਾਰੇ ਸਦਨ 'ਚ ਬੋਲਣਾ ਚਾਹੀਦਾ ਸੀ। ਪ੍ਰਧਾਨ ਮੰਤਰੀ ਕਿਤੇ ਹੋਰ ਬੋਲੇ, ਪਰ ਲੋਕ ਸਭਾ ਤੇ ਰਾਜ ਸਭਾ 'ਚ ਨਹੀਂ ਆਏ।

## ਸੰਸਦ ਭਵਨ ਦੀ ਸੁਰੱਖਿਆ ਸੀ ਆਈ ਐੱਸ ਐੱਫ ਹਵਾਲੇ ਹੋਵੇਗੀ

**ਨਵੀਂ ਦਿੱਲੀ** : ਸਰਕਾਰ ਨੇ ਸੰਸਦ ਭਵਨ ਕੰਪਲੈਕਸ ਦੀ ਵਿਆਪਕ ਸੁਰੱਖਿਆ ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀ ਆਈ ਐੱਸ ਐੱਫ) ਨੂੰ ਸੌਂਪਣ ਦਾ ਫੈਸਲਾ ਕੀਤਾ ਹੈ। ਇਹ ਫੋਰਸ ਇਸ ਸਮੇਂ ਪ੍ਰਮਾਣੂ ਅਤੇ ਏਰੋਸਪੇਸ ਟਿਕਾਣਿਆਂ, ਸਿਵਲ ਹਵਾਈ ਅੱਡਿਆਂ ਅਤੇ ਦਿੱਲੀ ਮੈਟਰੋ 'ਚ ਸਥਾਪਨਾਵਾਂ ਤੋਂ ਇਲਾਵਾ ਦਿੱਲੀ 'ਚ ਕੇਂਦਰ ਸਰਕਾਰ ਦੇ ਕਈ ਮੰਤਰਾਲਿਆਂ ਦੀਆਂ ਇਮਾਰਤਾਂ ਦੀ ਰਾਖੀ ਕਰਦੀ ਹੈ। ਸੂਤਰਾਂ ਮੁਤਾਬਕ ਕੇਂਦਰੀ ਗ੍ਰਹਿ ਮੰਤਰਾਲੇ ਨੇ ਸੰਸਦ ਭਵਨ ਕੰਪਲੈਕਸ ਦਾ ਸਰਵੇਖਣ ਕਰਨ ਦਾ ਨਿਰਦੇਸ਼ ਦਿੱਤਾ ਹੈ ਤਾਂ ਜੋ ਸੀ ਆਈ ਐੱਸ ਐੱਫ ਦੀ ਤਾਇਨਾਤੀ ਕੀਤੀ ਜਾ ਸਕੇ।

## ਬਿਨਾਂ ਫੀਲਡਰਾਂ ਦੇ ਬੈਟਿੰਗ

**ਨਵੀਂ ਦਿੱਲੀ** : ਲੋਕ ਸਭਾ ਦੇ ਸਪੀਕਰ ਓਮ ਬਿੜਲਾ ਨੇ ਬੇਜ਼ਾਬਤਗੀ ਦੇ ਦੋਸ਼ ਵਿਚ ਤਿੰਨ ਹੋਰ ਕਾਂਗਰਸ ਮੈਂਬਰਾਂ ਨੂੰ ਮੁਅੱਤਲ ਕਰ ਦਿੱਤਾ। ਇਸ ਨਾਲ ਮੁਅੱਤਲ ਹੋਣ ਵਾਲੇ ਮੈਂਬਰਾਂ ਦੀ ਗਿਣਤੀ ਵਧ ਕੇ 146 ਹੋ ਗਈ। ਕਾਂਗਰਸ ਸਾਂਸਦ ਕਾਰਤੀ ਚਿਦੰਬਰਮ ਨੇ ਕਿਹਾ ਕਿ ਸਰਕਾਰ ਸਦਨ ਵਿਚ ਆਪੋਜ਼ੀਸ਼ਨ ਨਹੀਂ ਚਾਹੁੰਦੀ ਤੇ ਮਰਜ਼ੀ ਨਾਲ ਅਹਿਮ ਬਿੱਲ ਪਾਸ ਕਰ ਰਹੀ ਹੈ। ਇਹ ਬਿਨਾਂ ਫੀਲਡਰਾਂ ਦੇ ਬੈਟਿੰਗ ਵਾਲੀ ਗੱਲ ਹੈ।

ਉਹ ਦੂਰਰਸ ਨਤੀਜਿਆਂ ਵਾਲੇ ਬਿੱਲ ਲਿਆ ਰਹੀ ਹੈ, ਜਿਨ੍ਹਾਂ ਦਾ ਦੇਸ਼ ਦੀ ਰੋਜ਼ਾਨਾ ਜ਼ਿੰਦਗੀ 'ਤੇ ਗੰਭੀਰ ਅਸਰ ਹੋਣਾ ਹੈ, ਪਰ ਉਹ ਇਨ੍ਹਾਂ 'ਤੇ ਬਹਿਸ ਨਹੀਂ ਚਾਹੁੰਦੀ।

## ਕਰਨਾਟਕ ਤੋਂ ਇਕ ਹੋਰ ਗ੍ਰਿਫਤਾਰੀ

**ਬਾਗਲਕੋਟ (ਕਰਨਾਟਕ)** : ਦਿੱਲੀ ਪੁਲਸ ਨੇ ਸੰਸਦ ਦੀ ਸੁਰੱਖਿਆ 'ਚ ਸੰਨ੍ਹ ਦੇ ਮਾਮਲੇ 'ਚ ਕਰਨਾਟਕ ਦੇ ਨੌਜਵਾਨ ਨੂੰ ਹਿਰਾਸਤ 'ਚ ਲਿਆ ਹੈ। ਸਾਈਕ੍ਰਿਸ਼ਨ ਜਾਗਲੀ ਪੇਸ਼ੇ ਤੋਂ ਇੰਜਨੀਅਰ ਹੈ ਤੇ ਸੇਵਾਮੁਕਤ ਡੀ ਐੱਸ ਪੀ ਦਾ ਪੁੱਤ ਹੈ। ਉਸ ਨੂੰ ਬੁੱਧਵਾਰ ਰਾਤ ਪੁਲਸ ਨੇ ਘਰੋਂ ਫੜਿਆ ਹੈ। ਜਗਲੀ ਬੇਂਗਲੁਰੂ 'ਚ ਬਹੁਕੌਮੀ ਕੰਪਨੀ 'ਚ ਕੰਮ ਕਰਦਾ ਹੈ ਅਤੇ ਮੈਸੂਰ ਵਾਸੀ ਮਨੋਰੰਜਨ ਡੀ ਦਾ ਦੋਸਤ ਹੈ। ਮਨੋਰੰਜਨ ਉਨ੍ਹਾਂ ਵਿਚ ਸ਼ਾਮਲ ਸੀ ਜਿਨ੍ਹਾਂ ਪਿਛਲੇ ਹਫਤੇ ਲੋਕ ਸਭਾ ਚੈਂਬਰ 'ਚ ਕਥਿਤ ਤੌਰ 'ਤੇ ਹਮਲਾ ਸੀ। ਕਾਲਜ ਦੇ ਦਿਨਾਂ ਦੌਰਾਨ ਜਗਲੀ ਤੇ ਮਨੋਰੰਜਨ ਹੋਸਟਲ ਦੇ ਇੱਕੋ ਕਮਰੇ 'ਚ ਰਹਿੰਦੇ ਸਨ। ਜਗਲੀ ਦੀ ਭੈਣ ਸੰਪਦਾ ਨੇ ਦੱਸਿਆ ਕਿ ਦਿੱਲੀ ਪੁਲਸ ਦੀ ਟੀਮ ਉਸ ਦੇ ਭਰਾ ਨੂੰ ਲੈ ਗਈ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਜਗਦੀਸ਼ ਰਾਏ ਮਾਛੀਵਾੜਾ 98552-08112 | ਸ਼ੈਂਕੀ ਸ਼ਰਮਾ ਮਾਛੀਵਾੜਾ 98557-76622 | ਹਰਸ਼ ਕੁਮਾਰ ਮਾਛੀਵਾੜਾ 95018-19055

ਸ਼ਹੀਦੀ ਜੋੜ ਮੇਲ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ 25 ਦਸੰਬਰ ਨੂੰ ਪ੍ਰਕਾਸ਼ਤ ਕੀਤੇ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

*-ਜਨਰਲ ਮੈਨੇਜਰ*

## ਭਰਾ ਨੂੰ ਗੁਰਦਾ ਦੇਣ 'ਤੇ ਪਤੀ ਵੱਲੋਂ ਤਲਾਕ

**ਗੋਂਡਾ (ਯੂ ਪੀ)** : ਇਕ ਵਿਅਕਤੀ ਨੇ ਆਪਣੀ ਪਤਨੀ ਨੂੰ ਵੱਟਸਐਪ ਰਾਹੀਂ ਤਿੰਨ ਤਲਾਕ ਦੇ ਦਿੱਤਾ, ਕਿਉਂਕਿ ਉਸ ਨੇ ਆਪਣੇ ਬਿਮਾਰ ਭਰਾ ਨੂੰ ਗੁਰਦਾ ਦਾਨ ਕੀਤਾ ਸੀ। ਵਿਅਕਤੀ ਸਾਊਦੀ ਅਰਬ 'ਚ ਕੰਮ ਕਰਦਾ ਹੈ, ਜਦਕਿ ਪਤਨੀ ਗੋਂਡਾ ਜ਼ਿਲ੍ਹੇ ਦੇ ਪਿੰਡ ਬੈਰਿਆਹੀ 'ਚ ਰਹਿੰਦੀ ਹੈ। ਪਤਨੀ ਨੇ ਅੰਦਾਜ਼ਾ ਨਹੀਂ ਲਗਾਇਆ ਸੀ ਕਿ ਨੇਕ ਕੰਮ ਉਸ ਦੇ ਵਿਆਹ ਨੂੰ ਖਤਮ ਕਰ ਦੇਵੇਗਾ। ਪਤੀ ਨੇ ਗੁਰਦਾ ਦਾਨ ਕਰਨ ਦੀ ਸੂਚਨਾ ਮਿਲਣ ਤੋਂ ਤੁਰੰਤ ਬਾਅਦ ਵੱਟਸਐਪ ਰਾਹੀਂ ਪਤਨੀ ਨੂੰ ਤਿੰਨ ਤਲਾਕ ਦੇ ਦਿੱਤਾ। ਮਹਿਲਾ ਦੀ ਸ਼ਿਕਾਇਤ 'ਤੇ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ।

## ਲਾਪਤਾ ਵਿਦਿਆਰਥਣ ਦੀ ਜਾਣਕਾਰੀ ਦੇਣ 'ਤੇ 10 ਹਜ਼ਾਰ ਡਾਲਰ ਦਾ ਇਨਾਮ

**ਨਿਊਯਾਰਕ** : ਅਮਰੀਕਾ ਦੀ ਸੰਘੀ ਜਾਂਚ ਏਜੰਸੀ (ਐੱਫ ਬੀ ਆਈ) ਨੇ ਚਾਰ ਸਾਲ ਪਹਿਲਾਂ ਨਿਊਜਰਸੀ ਤੋਂ ਲਾਪਤਾ ਹੋਈ 29 ਸਾਲਾ ਭਾਰਤੀ ਵਿਦਿਆਰਥਣ ਬਾਰੇ ਜਾਣਕਾਰੀ ਦੇਣ ਵਾਲੇ ਨੂੰ 10,000 ਅਮਰੀਕੀ ਡਾਲਰ ਇਨਾਮ ਵਜੋਂ ਦੇਣ ਦਾ ਐਲਾਨ ਕੀਤਾ ਹੈ। ਮਾਯੂਸੀ ਭਗਤ ਨੂੰ ਆਖਰੀ ਵਾਰ 29 ਅਪਰੈਲ, 2019 ਦੀ ਸ਼ਾਮ ਨੂੰ ਜਰਸੀ ਸਿਟੀ 'ਚ ਆਪਣਾ ਅਪਾਰਟਮੈਂਟ ਛੱਡਦੇ ਦੇਖਿਆ ਗਿਆ ਸੀ। ਮਾਯੂਸੀ ਦੇ ਪਰਵਾਰ ਨੇ 1 ਮਈ 2019 ਨੂੰ ਉਸ ਦੇ ਲਾਪਤਾ ਹੋਣ ਦੀ ਸੂਚਨਾ ਪੁਲਸ ਨੂੰ ਦਿੱਤੀ ਸੀ। ਜੁਲਾਈ 1994 'ਚ ਭਾਰਤ 'ਚ ਜਨਮੀ ਮਾਯੂਸੀ ਵਿਦਿਆਰਥੀ ਵੀਜ਼ੇ 'ਤੇ ਅਮਰੀਕਾ 'ਚ ਰਹਿ ਰਹੀ ਸੀ ਤੇ ਨਿਊਯਾਰਕ ਇੰਸਟੀਚਿਊਟ ਆਫ ਟੈਕਨਾਲੋਜੀ 'ਚ ਪੜ੍ਹ ਰਹੀ ਸੀ। ਐੱਫ ਬੀ ਆਈ ਦੇ ਬਿਆਨ ਅਨੁਸਾਰ ਮਾਯੂਸੀ ਅੰਗਰੇਜ਼ੀ, ਹਿੰਦੀ ਅਤੇ ਉਰਦੂ ਭਾਸ਼ਾਵਾਂ 'ਚ ਨਿਪੁੰਨ ਹੈ ਅਤੇ ਜਾਂਚ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਸ ਦੇ ਦੋਸਤ ਨਿਊਜਰਸੀ ਦੇ ਸਾਊਥ ਪਲੇਨਫੀਲਡ 'ਚ ਰਹਿੰਦੇ ਹਨ।

ਐੱਫ ਬੀ ਆਈ ਨੇ ਕਿਹਾ ਕਿ ਜੇ ਕਿਸੇ ਨੂੰ ਮਾਯੂਸੀ, ਉਸ ਦੇ ਟਿਕਾਣੇ ਜਾਂ ਉਸ ਦੇ ਲਾਪਤਾ ਹੋਣ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ ਐੱਫ ਬੀ ਆਈ ਨੇਵਾਰਕ ਜਾਂ ਜਰਸੀ ਸਿਟੀ ਪੁਲਸ ਵਿਭਾਗ ਨੂੰ ਕਾਲ ਕਰਕੇ ਇਸ ਦੀ ਰਿਪੋਰਟ ਕਰੇ।

## ਦੂਰਸੰਚਾਰ ਬਿੱਲ ਨੂੰ ਸੰਸਦ ਦੀ ਮਨਜ਼ੂਰੀ

**ਨਵੀਂ ਦਿੱਲੀ** : 138 ਸਾਲ ਪੁਰਾਣੇ ਟੈਲੀਗ੍ਰਾਫ ਐਕਟ ਨੂੰ ਰੱਦ ਕਰਕੇ ਨਵਾਂ ਕਾਨੂੰਨ ਬਣਾਉਣ ਲਈ ਲਿਆਂਦੇ ਦੂਰਸੰਚਾਰ ਬਿੱਲ-2023 ਨੂੰ ਸੰਸਦ ਨੇ ਵੀਰਵਾਰ ਮਨਜ਼ੂਰੀ ਦੇ ਦਿੱਤੀ।

ਰਾਜ ਸਭਾ ਨੇ ਚਰਚਾ ਤੋਂ ਬਾਅਦ ਇਸ ਬਿੱਲ ਨੂੰ ਜ਼ੁਬਾਨੀ ਵੋਟ ਨਾਲ ਪਾਸ ਕਰ ਦਿੱਤਾ। ਲੋਕ ਸਭਾ ਨੇ ਇਸ ਨੂੰ ਇਕ ਦਿਨ ਪਹਿਲਾਂ ਪਾਸ ਕਰ ਦਿੱਤਾ ਸੀ। ਬਿੱਲ 'ਤੇ ਚਰਚਾ ਦਾ ਜਵਾਬ ਦਿੰਦੇ ਹੋਏ ਦੂਰਸੰਚਾਰ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਭਾਰਤ ਦਾ ਟੈਲੀਕਾਮ ਸੈਕਟਰ ਬਹੁਤ ਮੁਸ਼ਕਲ ਦੌਰ 'ਚ ਸੀ, ਪਰ ਪਿਛਲੇ ਸਾਢੇ ਨੌਂ ਸਾਲਾਂ 'ਚ ਇਸ ਨੂੰ ਉਥੋਂ ਬਾਹਰ ਲਿਆਂਦਾ ਗਿਆ ਹੈ। ਉਨ੍ਹਾ ਕਿਹਾ ਕਿ ਪਹਿਲਾਂ ਇਹ ਖੇਤਰ ਘਪਲਿਆਂ ਨਾਲ ਦਾਗੀ ਸੀ, ਪਰ ਅੱਜ ਇਹ ਅੱਗੇ ਵਧ ਰਿਹਾ ਹੈ।

## ਨਵਜੰਮੇ ਨੂੰ ਧਰਮ ਸਥਾਨ 'ਤੇ ਛੱਡਿਆ



**ਮੁਕੇਰੀਆਂ** : ਅਣਪਛਾਤਾ ਵਿਅਕਤੀ ਬੁੱਧਵਾਰ ਰਾਤ ਇਥੋਂ ਦੇ ਬੱਸ ਸਟੈਂਡ ਵਿਚ ਬਣੇ ਧਾਰਮਿਕ ਸਥਾਨ ਉੱਤੇ ਨਵਜੰਮੇ ਬੱਚੇ ਨੂੰ ਛੱਡ ਗਿਆ। ਫਲਾਂ ਦੀ ਰੇਹੜੀ ਵਾਲਾ ਰੇਹੜੀ ਅੱਡੇ ਅੰਦਰ ਲਗਾਉਣ ਲਈ ਗਿਆ ਤਾਂ ਬੱਚੇ ਦੇ ਰੋਣ ਦੀ ਆਵਾਜ਼ ਸੁਣੀ। ਰੇਹੜੀ ਵਾਲੇ ਨੇ ਪੀਰ ਦੇ ਅਸਥਾਨ 'ਤੇ ਜਾ ਕੇ ਦੇਖਿਆ ਤਾਂ ਬੱਚਾ ਤੌਲੀਏ 'ਚ ਲਪੇਟਿਆ ਹੋਇਆ ਸੀ ਅਤੇ ਠੰਢ ਕਾਰਨ ਰੋ ਰਿਹਾ ਸੀ। ਉਸ ਨੇ ਪੁਲਸ ਨੂੰ ਸੂਚਿਤ ਕੀਤਾ ਤੇ ਪੁਲਸ ਨੇ ਬੱਚੇ ਨੂੰ ਸਿਵਲ ਹਸਪਤਾਲ ਪਹੁੰਚਾਇਆ। ਐੱਸ ਐੱਚ ਓ ਜੋਗਿੰਦਰ ਸਿੰਘ ਨੇ ਦੱਸਿਆ ਕਿ ਸੂਚਨਾ ਦੇਣ ਵਾਲੇ ਅਸ਼ਵਨੀ ਕੁਮਾਰ ਵਾਸੀ ਲੰਬੀ ਗਲੀ ਮੁਕੇਰੀਆਂ ਦੇ ਬਿਆਨਾਂ 'ਤੇ ਕੇਸ ਦਰਜ ਕਰ ਲਿਆ ਗਿਆ ਹੈ।

## ਅੱਜ-ਨਾਮਾ

ਪਾਰਲੀਮੈਂਟ ਦੇ ਮੈਂਬਰ ਕੁਝ ਬਾਹਰ ਬੈਠੇ,
ਹਾਲੇ ਦਿੰਦੇ ਨਾ ਅੰਦਰ ਉਹ ਵੜਨ ਬੇਲੀ।
ਮੁੱਦਾ ਚੁੱਕ ਲਿਆ ਜਿਹੜਾ ਸੁਰੱਖਿਆ ਦਾ,
ਉਸੇ ਬਹਿਸ ਲਈ ਅਜੇ ਵੀ ਅੜਨ ਬੇਲੀ।
ਹਾਕਮ ਪਾਰਟੀ ਦੀ ਅੰਦਰ ਮੌਜ ਵਾਹਵਾ,
ਜਿੱਦਾਂ ਚਾਹੁਣ ਕਾਨੂੰਨਾਂ ਨੂੰ ਘੜਨ ਬੇਲੀ।
ਲਾਉਂਦੇ ਉਨ੍ਹਾਂ 'ਤੇ ਦੋਸ਼ ਨੇ ਬਾਹਰ ਵਾਲੇ,
ਅੰਦਰ ਉਨ੍ਹਾਂ 'ਤੇ ਦੋਸ਼ ਉਹ ਜੜਨ ਬੇਲੀ।
ਅਸਲੋਂ ਨਵਾਂ ਇਹ ਵੇਖਿਆ ਲੋਕਤੰਤਰ,
ਜਿਹੜਾ ਕਦੇ ਨਾ ਕਿਸੇ ਨੇ ਤੱਕਿਆ ਈ।
ਹਾਸੋਹੀਣਾ ਜਿਹਾ ਨਾਟਕ ਹੈ ਪੇਸ਼ ਹੁੰਦਾ,
ਜਿਸ ਨੂੰ ਵੇਖ ਸਮਾਜ ਵੀ ਅੱਕਿਆ ਈ।

-ਤੀਸ ਮਾਰ ਖਾਂ

# ਮੋਦੀ ਜੁੰਡਲੀ ਦਾ ਤਾਨਾਸ਼ਾਹੀ ਰਵੱਈਆ ਹਿਟਲਰ ਰਾਜ ਦੀ ਸਥਾਪਤੀ ਵੱਲ ਸੰਕੇਤ : ਅਰਸ਼ੀ

### ਕਾਮਰੇਡ ਫੱਕਰ ਵਰਗੇ ਮਹਾਨ ਆਗੂਆਂ ਦੀ ਵਿਚਾਰਧਾਰਾ ਅਪਣਾਉਣੀ ਸਮੇਂ ਦੀ ਲੋੜ : ਰੁਲਦੂ ਸਿੰਘ ਮਾਨਸਾ



**ਮਾਨਸਾ (ਆਤਮਾ ਸਿੰਘ ਪਮਾਰ)**

ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਅਤੇ ਕਾਨੂੰਨਾਂ ਨੂੰ ਦਰਕਿਨਾਰ ਕਰ ਮੋਦੀ ਜੁੰਡਲੀ ਨੇ ਤਾਨਾਸ਼ਾਹੀ ਰਵੱਈਆ ਅਖਤਿਆਰ ਕਰਦਿਆਂ ਲੋਕਤੰਤਰੀ ਢਾਂਚੇ ਦਾ ਗਲਾ ਘੁੱਟ ਕੇ ਹਿਟਲਰ ਰਾਜ ਨੂੰ ਜਨਮ ਵਰਗਾ ਸੰਕੇਤ ਦੇ ਦਿੱਤਾ ਹੈ, ਜੋ ਦੇਸ ਦੀ ਏਕਤਾ ਤੇ ਅਖੰਡਤਾ ਲਈ ਗੰਭੀਰ ਸੰਕਟ ਪੈਦਾ ਕਰੇਗਾ। ਸਾਡੇ ਪਵਿੱਤਰ ਸੰਵਿਧਾਨਿਕ ਅਦਾਰੇ ਪਾਰਲੀਮੈਂਟ ਮੈਂਬਰਾਂ ਨੂੰ ਸੰਸਦ ਤੋਂ ਮੁਅੱਤਲ ਕਰਨਾ ਤੇ ਸੰਸਦ ਵਿੱਚ ਰੁਜ਼ਗਾਰ ਤੇ ਮੋਦੀ ਸਰਕਾਰ ਦੇ ਰਵੱਈਏ ਖਿਲਾਫ ਪ੍ਰਦਰਸ਼ਨ ਕਰਨ ਵਾਲੇ ਨੌਜਵਾਨਾਂ 'ਤੇ ਯੂ ਏ ਪੀ ਏ ਲਗਾਉਣਾ ਗੈਰ-ਕਾਨੂੰਨੀ ਅਤੇ ਗੈਰ-ਸੰਵਿਧਾਨਿਕ ਕਾਰਵਾਈ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਨੇੜਲੇ ਪਿੰਡ ਦਲੇਲ ਸਿੰਘ ਵਾਲਾ ਵਿਖੇ ਮੁਜ਼ਾਰਾ ਲਹਿਰ ਦੇ ਮੋਢੀ ਉੱਘੇ ਦੇਸ਼ ਭਗਤ, ਮਹਾਨ ਕਮਿਊਨਿਸਟ ਆਗੂ ਤੇ ਸਾਬਕਾ ਵਿਧਾਇਕ ਕਾਮਰੇਡ ਧਰਮ ਸਿੰਘ ਫੱਕਰ ਦੀ 50ਵੀਂ ਬਰਸੀ ਮੌਕੇ ਵਿਸ਼ਾਲ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾ ਕਿਹਾ ਕਿ ਮੋਦੀ ਸਰਕਾਰ ਦੀ ਧੱਕੇਸ਼ਾਹੀ ਖਿਲਾਫ ਪੀੜਤਾਂ ਨੂੰ ਨਿਆਂ ਦਿਵਾਉਣ, ਦੇਸ਼ ਵਿਰੋਧੀ ਤੇ ਸੰਵਿਧਾਨ ਵਿਰੋਧੀ ਤਾਕਤਾਂ ਨੂੰ ਸੱਤਾ ਤੋਂ ਲਾਂਭੇ ਕਰਨ ਲਈ 2024 ਦੀਆਂ ਆਮ ਚੋਣਾਂ ਮੌਕੇ ਵਿਸ਼ਾਲ ਏਕਤਾ ਕਰਨਾ ਵਿਰੋਧੀ ਧਿਰਾਂ ਦੀ ਅਣਸਰਦੀ ਲੋੜ ਹੈ।

ਕਮਿਊਨਿਸਟ ਆਗੂ ਨੇ ਹਾਜ਼ਰ ਇਕੱਠ ਨੂੰ ਖਬਰਦਾਰ ਕਰਦਿਆਂ ਕਿਹਾ ਕਿ ਅਗਰ ਮੋਦੀ ਜੁੰਡਲੀ ਖਿਲਾਫ ਲੋਕ ਲਹਿਰ ਉਸਾਰਨ ਵਿੱਚ ਕਿਸੇ ਤਰ੍ਹਾਂ ਦੀ ਕਮੀ-ਪੇਸ਼ੀ ਰਹੀ ਤਾਂ ਫਾਸ਼ੀਵਾਦੀ ਤਾਕਤਾਂ ਤੇ ਆਰ ਐੱਸ ਐੱਸ ਮਨੂੰਵਾਦ ਨੂੰ ਲਾਗੂ ਕਰਨ ਲਈ ਸੰਵਿਧਾਨ, ਧਰਮ ਅਤੇ ਭਾਈਚਾਰਕ ਸਾਂਝ ਨੂੰ ਤੋੜਨ ਤੋਂ ਵੀ ਸੰਕੋਚ ਨਹੀਂ ਕਰੇਗਾ।

ਕਾਨਫਰੰਸ ਨੂੰ ਸੰਯੁਕਤ ਮੋਰਚੇ ਦੇ ਉੱਘੇ ਆਗੂਆਂ ਰੁਲਦੂ ਸਿੰਘ ਮਾਨਸਾ, ਕੁਲਵੰਤ ਸਿੰਘ ਕਿਸ਼ਨਗੜ੍ਹ,

ਬਾਕੀ ਸਫ਼ਾ 2 'ਤੇ

# ਬੇਅਬਾਦ ਟੋਲ ਪਲਾਜ਼ਾ ਪੁੱਟਣ ਲਈ ਬੀ ਕੇ ਯੂ ਡਕੌਂਦਾ ਵੱਲੋਂ ਧਰਨਾ



ਧਰਨੇ 'ਤੇ ਬੈਠੇ ਕਿਸਾਨ ਅਤੇ ਟੋਲ ਪਲਾਜ਼ਾ ਢਾਹੁੰਦੇ ਕਿਸਾਨ ਯੂਨੀਅਨ ਦੇ ਵਰਕਰ।

**ਭੀਖੀ (ਧਰਮਵੀਰ ਸ਼ਰਮਾ)**

ਸਥਾਨਕ ਪਿੰਡ ਹਮੀਰਗੜ੍ਹ ਢੈਪਈ ਨੇੜੇ ਲੱਗੇ ਬੇਅਬਾਦ ਟੋਲ ਪਲਾਜ਼ੇ ਨੂੰ ਲੈ ਕੇ ਉਦੋਂ ਸਥਿਤੀ ਤਣਾਅਪੂਰਨ ਹੋ ਗਈ, ਜਦੋਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਪ੍ਰਸ਼ਾਸਨ ਸਾਹਮਣੇ ਹੀ ਉਸਾਰਿਆ ਟੋਲ ਪਲਾਜ਼ਾ ਪੁੱਟਣਾ ਸ਼ੁਰੂ ਕਰ ਦਿੱਤਾ। ਦੱਸਣਯੋਗ ਹੈ ਕਿ ਇਹ ਬੇਅਬਾਦ ਟੋਲ ਪਲਾਜ਼ਾ ਜਿੱਥੇ ਹਾਦਸਿਆਂ ਅਤੇ ਨਸ਼ੇੜੀਆਂ ਦੀ ਪਨਾਹਗਾਹ ਬਣਿਆ ਹੋਇਆ ਹੈ, ਜਿਸ ਨੂੰ ਚੁਕਾਉਣ ਲਈ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਕਈ ਵਾਰ ਪਹਿਲਾਂ ਵੀ ਧਰਨੇ ਲਗਾ ਚੁੱਕੀ ਹੈ, ਪ੍ਰੰਤੂ ਪ੍ਰਸ਼ਾਸਨ ਵੱਲੋਂ ਸਿਵਾਏ ਭਰੋਸੇ ਤੋਂ ਕੁਝ ਨਹੀਂ ਮਿਲਿਆ। ਆਪਣੇ ਦਿੱਤੇ ਪ੍ਰੋਗਰਾਮ ਅਨੁਸਾਰ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਧਰਨਾ ਲਗਾ ਕੇ ਉਕਤ ਟੋਲ ਪਲਾਜ਼ੇ ਨੂੰ ਹਟਾਉਣ ਲਈ ਸੰਘਰਸ਼ ਸ਼ੁਰੂ ਕੀਤਾ ਗਿਆ । ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਚਲਦੇ ਧਰਨੇ ਦੇ ਨਾਲ ਹੀ ਉਕਤ ਟੋਲ ਪਲਾਜ਼ੇ ਨੂੰ ਜੇ ਸੀ ਬੀ ਦੀ ਮਦਦ ਨਾਲ ਹਟਾਉਣਾ ਸ਼ੁਰੂ ਕਰ ਦਿੱਤਾ, ਜਿਸ ਨਾਲ ਪ੍ਰਸ਼ਾਸਨ ਨੂੰ ਹੱਥਾਂ-ਪੈਰਾਂ ਦੀ ਪੈ ਗਈ ਅਤੇ ਪੁਲਸ ਪ੍ਰਸ਼ਾਸਨ ਨੇ ਉਕਤ ਟੋਲ ਪਲਾਜ਼ਾ ਨੂੰ ਢਾਹੁਣ ਦਾ ਕੰਮ ਬੰਦ ਕਰਵਾਉਣਾ ਚਾਹਿਆ ਤਾਂ ਕਿਸਾਨ ਯੂਨੀਅਨ ਵੱਲੋਂ ਟੋਲ ਪਲਾਜ਼ੇ ਨੂੰ ਢਾਹੁਣ ਦਾ ਕੰਮ ਜਾਰੀ ਰਿਹਾ। ਪ੍ਰਸ਼ਾਸਨ ਵੱਲੋਂ ਡੀ ਐੱਸ ਪੀ ਪੁਸ਼ਪਿੰਦਰ ਸਿੰਘ, ਡੀ ਐੱਸ ਪੀ ਸਰਦੂਲਗੜ੍ਹ ਪ੍ਰਿਤਪਾਲ ਸਿੰਘ, ਐੱਸ ਐੱਚ ਓ ਭੀਖੀ ਕੇਵਲ ਸਿੰਘ ਅਤੇ ਡਿਊਟੀ ਅਫਸਰ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ ਭਾਰੀ ਪੁਲਸ ਬਲ ਨਾਲ ਮੌਕੇ 'ਤੇ ਪੁੱਜੇ ਹੋਏ ਸਨ। ਕਿਸਾਨ ਆਗੂ ਰਾਮ ਸਿੰਘ ਭੈਣੀਬਾਘਾ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਉਕਤ ਟੋਲ ਪਲਾਜ਼ੇ ਨੂੰ ਇਸ ਜਗ੍ਹਾ ਤੋਂ ਹਟਾਉਣ ਲਈ ਧਰਨੇ ਲਾ ਕੇ ਪ੍ਰਸ਼ਾਸਨ ਨੂੰ ਇਸ ਸੰਬੰਧੀ ਦੱਸਿਆ ਗਿਆ ਸੀ, ਪ੍ਰੰਤੂ ਪ੍ਰਸ਼ਾਸਨ ਵੱਲੋਂ ਇਸ ਨੂੰ ਹਟਾਉਣ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ। ਲਛਮਣ ਸਿੰਘ ਚੱਕ ਅਲੀਸ਼ੇਰ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦਾ ਸਬਰ ਪਰਖ ਰਹੀ ਹੈ ਅਤੇ ਸੰਘਰਸ਼ ਤੋਂ ਬਿਨਾਂ ਹੱਕ ਮਿਲਣੇ ਸੰਭਵ ਨਹੀਂ ਹਨ। ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਇਸ ਧਰਨੇ ਨੂੰ ਹਟਾ ਕੇ ਦਮ ਲਵੇਗੀ। ਇਸ ਮੌਕੇ ਰਾਜਪਾਲ ਸਿੰਘ ਚੱਕ ਅਲੀਸ਼ੇਰ, ਰਾਜ ਸਿੰਘ ਅਕਲੀਆ, ਦਰਸ਼ਨ ਸਿੰਘ ਢੈਪਈ, ਧਨਜੀਤ ਸਿੰਘ ਢੈਪਈ, ਜਗਜੀਤ ਸਿੰਘ ਧਲੇਵਾਂ, ਰਾਜ ਸਿੰਘ ਧਲੇਵਾਂ, ਸੁਖਦੇਵ ਸਿੰਘ ਭੀਖੀ, ਹਰਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਮੌਜੂਦ ਸਨ। ਭਾਰਤੀ ਕਿਸਾਨ ਯੂਨੀਅਨ ਡਕੌਂਦਾ ਨੇ ਉਕਤ ਧਰਨੇ ਨੂੰ ਟੋਲ ਪਲਾਜ਼ਾ ਹਟਾਉਣ ਤੱਕ ਅਣਮਿਥੇ ਸਮੇਂ ਲਈ ਧਰਨਾ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ।

## ਸਿਵਲ ਸਰਜਨ ਜਸਬੀਰ ਸਿੰਘ ਔਲਖ ਦਾ ਸਵਾਗਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀ.ਐੱਚ.ਸੀ. ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਵਲੋਂ ਲੁਧਿਆਣਾ ਦੇ ਨਵ-ਨਿਯੁਕਤ ਸਿਵਲ ਸਰਜਨ ਡਾ. ਜਸਬੀਰ ਸਿੰਘ ਔਲਖ ਦਾ ਅਹੁਦਾ ਸੰਭਾਲਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਐੱਸ.ਐੱਮ.ਓ. ਡਾ. ਜਸਦੇਵ ਸਿੰਘ ਨੇ ਸਿਵਲ ਸਰਜਨ ਡਾ. ਜਸਬੀਰ ਸਿੰਘ ਨੂੰ ਆਪਣੇ ਕੰਮ ਮਿਹਨਤ ਅਤੇ ਲਗਨ ਨਾਲ ਕਰਨ ਦਾ ਭਰੋਸਾ ਦਿਵਾਇਆ ਅਤੇ ਮਰੀਜ਼ਾਂ ਦੀ ਸੰਖਿਆ ਸਬੰਧੀ ਜਾਣਕਾਰੀ ਵੀ ਸਾਂਝੀ ਕੀਤੀ। ਡਾ. ਜਸਦੇਵ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਅਤੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਸਿਵਲ ਸਰਜਨ ਡਾ. ਜਸਬੀਰ ਸਿੰਘ ਔਲਖ ਨੂੰ ਐੱਸ.ਐੱਮ.ਓ. ਡਾ. ਜਸਦੇਵ ਸਿੰਘ ਨੇ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਧਰਤੀ ਆਉਣ ਦਾ ਸੱਦਾ ਦਿੱਤਾ।

## ਡਾ. ਸੁਨੀਲ ਮਲਹਾਨ ਡੈਂਟਲ ਕੌਂਸਲ ਆਫ ਇੰਡੀਆ ਦੇ ਮੈਂਬਰ ਬਣੇ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਾ: ਸੁਨੀਲ ਮਲਹਾਨ, ਪ੍ਰੋਫੈਸਰ ਤੇ ਮੁਖੀ, ਕੰਜ਼ਰਵੇਟਿਵ ਡੈਂਟਿਸਟਰੀਅਤੇ ਐਂਡੋਡੌਨਟਿਕਸ ਵਿਭਾਗ ਦੇਸ਼ ਭਗਤ ਯੂਨੀਵਰਸਿਟੀ ਨੂੰ ਸੈਕਸ਼ਨ 3 (ਡੀ) ਦੇ ਤਹਿਤ ਡੈਂਟਲ ਕੌਂਸਲ ਆਫ ਇੰਡੀਆ ਦੇ ਮੈਂਬਰ ਵਜੋਂ ਚੁਣਿਆ ਗਿਆ ਹੈ। ਇਹ ਮੀਟਿੰਗ ਨਵੰਬਰ ਵਿਚ ਨਵੀਂ ਦਿੱਲੀ ਵਿਖੇ ਹੋਈ ਸੀ, ਜਿਸ ਵਿੱਚ ਸਿਹਤ ਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਡਾ. ਸੁਨੀਲ ਮਲਹਾਨ ਦਾ ਨਾਂ ਗਜਟ ਆਫ ਇੰਡੀਆ ਵਿੱਚ ਪ੍ਰਕਾਸ਼ਤ ਕੀਤਾ ਗਿਆ ਸੀ। ਡਾ: ਸੁਨੀਲ ਮਲਹਾਨ ਕੋਲ ਦੰਦਾਂ ਦੇ ਵਿਗਿਆਨ ਤੇ ਅਕਾਦਮਿਕ ਦੇ ਖੇਤਰ ਵਿੱਚ 25 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਡਾ: ਸੁਨੀਲ ਮਲਹਾਨ ਨੇ ਵੱਖ-ਵੱਖ ਰਸਾਲਿਆਂ ਵਿੱਚ 50 ਰਾਸਟਰੀ ਤੇ ਅੰਤਰਰਾਸ਼ਟਰੀ ਪਬਲੀਕੇਸ਼ਨ ਪ੍ਰਕਾਸ਼ਤ ਕੀਤੇ ਹਨ। ਡਾ: ਮਲਹਾਨ ਪਿਛਲੇ 12 ਸਾਲਾਂ ਤੋਂ ਦੇਸ਼ ਭਗਤ ਯੂਨੀਵਰਸਿਟੀ ਵਿੱਚ ਕੰਮ ਕਰ ਰਹੇ ਹਨ। ਡਾ: ਮੱਲ੍ਹਣ ਨੇ ਡਾ: ਜੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਦਾ ਆਪਣੇ ਪੂਰੇ ਕੈਰੀਅਰ ਦੌਰਾਨ ਦਿੱਤੇ ਸਹਿਯੋਗ ਤੇ ਮਾਰਗਦਰਸ਼ਨ ਲਈ ਧੰਨਵਾਦ ਕੀਤਾ। ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਯੂਨੀਵਰਸਿਟੀ ਤੇ ਵਿਸਵ ਵਿੱਚ ਦੰਦ ਵਿਗਿਆਨ ਦੇ ਪੱਧਰ ਨੂੰ ਹੋਰ ਉਚਾਈਆਂ ਤੱਕ ਪਹੁੰਚਾਉਣ ਲਈ ਹੋਰ ਵੀ ਸਖਤ ਮਿਹਨਤ ਕਰਨਗੇ। ਡਾ: ਜੋਰਾ ਸਿੰਘ, ਮਾਨਯੋਗ ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ ਨੇ ਡਾ: ਸੁਨੀਲ ਮੱਲ੍ਹਣ ਨੂੰ ਉਨ੍ਹਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਡਾ: ਜੋਰਾ ਸਿੰਘ ਨੇ ਕਿਹਾ ਕਿ ਡਾ: ਮਲਹਾਨ ਇੱਕ ਮਿਹਨਤੀ ਤੇ ਪ੍ਰਤਿਭਾਸ਼ਾਲੀ ਫੈਕਲਟੀ ਮੈਂਬਰ ਹਨ ਅਤੇ ਉਨ੍ਹਾਂ ਨੂੰ ਖੁਸ਼ੀ ਹੈ ਕਿ ਉਹ ਉਨ੍ਹਾਂ ਦੀ ਸੰਸਥਾ ਦਾ ਮੁੱਲਵਾਨ ਹਿੱਸਾ ਹਨ। ਡਾ: ਤਜਿੰਦਰ ਕੌਰ ਪ੍ਰੋ-ਚਾਂਸਲਰ, ਡਾ: ਸੰਦੀਪ ਸਿੰਘ ਪ੍ਰਧਾਨ ਤੇ ਡਾ: ਹਰਸ਼ ਸਦਾਵਰਤੀ ਮੀਤ ਪ੍ਰਧਾਨ ਨੇ ਵੀ ਉਨ੍ਹਾਂ ਨੂੰ ਸ਼ਲਾਘਾਯੋਗ ਪ੍ਰਾਪਤੀ ਲਈ ਵਧਾਈ ਦਿੱਤੀ।

## ਸਕੂਲੀ ਵਿਦਿਆਰਥੀਆਂ ਵੱਲੋਂ ਪਿੰਗਲਵਾੜਾ ਸ਼ਾਖਾ ਦਾ ਦੌਰਾ



**ਸੰਗਰੂਰ (ਪ੍ਰਵੀਨ ਸਿੰਘ)**-ਧੂਰੀ ਰੋਡ ਸਥਿਤ ਪਿੰਗਲਵਾੜਾ ਸ਼ਾਖਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਵਿਦਿਆਰਥੀ ਇੱਕ ਦਿਨਾ ਫੇਰੀ ਦੌਰਾਨ ਪਹੁੰਚੇ। ਪ੍ਰਿੰਸੀਪਲ ਮਨਜੀਤ ਕੌਰ ਦੇ ਦਿਸ਼ਾ-ਨਿਰਦੇਸ਼ ਅਧੀਨ ਮੈਡਮ ਸ਼ਮੀਨ ਅਖ਼ਤਰ ਅਤੇ ਹੈਪੀ ਗੋਇਲ ਦੀ ਅਗਵਾਈ ਵਿੱਚ 90 ਵਿਦਿਆਰਥੀਆਂ ਦੇ ਗਰੁੱਪ ਨੇ ਸ਼ਾਖ਼ਾ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ।ਪਿੰਗਲਵਾੜਾ ਦੇ ਮਰੀਜ਼ਾਂ ਨਾਲ ਕੁਝ ਸਮਾਂ ਬਿਤਾਇਆ ਅਤੇ ਉਨ੍ਹਾਂ ਦੀ ਸੇਵਾ-ਸੰਭਾਲ ਤੋਂ ਬਹੁਤ ਪ੍ਰਭਾਵਤ ਹੋਏ।ਇਸ ਮੌਕੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ, ਹਰਜੀਤ ਸਿੰਘ ਅਰੋੜਾ ਦੀ ਦੇਖ-ਰੇਖ ਹੇਠ ਹੈੱਡ ਮਾਸਟਰ ਮੁਖਤਿਆਰ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਡਾ. ਗੁਰਮੇਲ ਸਿੰਘ ਨੇ ਬੱਚਿਆਂ ਨੂੰ ਭਗਤ ਪੂਰਨ ਸਿੰਘ ਦੁਆਰਾ ਸੰਸਥਾਪਕ ਤੇ ਡਾਕਟਰ ਇੰਦਰਜੀਤ ਕੌਰ ਪ੍ਰਧਾਨ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੀ ਅਗਵਾਈ ਵਿੱਚ ਪਿੰਗਲਵਾੜਾ ਵੱਲੋਂ ਕੀਤੀਆਂ ਜਾ ਵੱਖ-ਵੱਖ ਸਮਾਜਿਕ ਸੇਵਾਵਾਂ, ਲੋੜਵੰਦਾਂ ਦੀ ਮਦਦ, ਵਾਤਾਵਰਣ ਦੀ ਸੰਭਾਲ ਆਦਿ ਬਾਰੇ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਹੱਥੀਂ ਸੇਵਾ ਕਰਨ ਦੀ ਪ੍ਰੇਰਨਾ ਕੀਤੀ।ਸੰਗਰੂਰ ਸ਼ਾਖਾ ਦੇ ਪ੍ਰਬੰਧਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਇਸ ਸਮੇਂ ਸਕੂਲ ਵਿਦਿਆਰਥਣਾਂ ਰਾਧਿਕਾ, ਸਿਮਰਨਜੀਤ ਕੌਰ, ਲਵੀ, ਮਨਪ੍ਰੀਤ ਕੌਰ ਨੇ ਕਿਹਾ ਕਿ ਉਹ ਪਹਿਲੀ ਵਾਰ ਇਥੇ ਆਏ ਹਨ ਤੇ ਇਥੇ ਮਰੀਜ਼ਾਂ ਦੀ ਸੇਵਾ ਸੰਭਾਲ ਦੇਖ ਕੇ ਬਹੁਤ ਪ੍ਰਭਾਵਤ ਹੋਏ ਹਨ।ਉਨ੍ਹਾਂ ਅਧਿਆਪਕਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਮਹੀਨੇ ਵਿੱਚ ਇੱਕ ਵਾਰ ਜ਼ਰੂਰ ਇਥੇ ਭੇਜਿਆ ਜਾਵੇ ਤਾਂ ਕਿ ਉਹ ਵੀ ਹੱਥੀਂ ਸੇਵਾ ਕਰ ਸਕਣ।ਪ੍ਰਬੰਧਕਾਂ ਵੱਲੋਂ ਅਧਿਆਪਕ ਸਾਹਿਬਾਨ ਨੂੰ ਪਿੰਗਲਵਾੜਾ ਲਿਟਰੇਚਰ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਸ਼ਹੀਦੀ ਦਿਹਾੜਿਆਂ ਨੂੰ ਸਮਰਪਤ ਗੁਰਬਾਣੀ ਕੰਠ ਮੁਕਾਬਲੇ ਕਰਵਾਏ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਵਿਚਕਾਰ ਸ਼ਹੀਦੀ ਦਿਹਾੜਿਆਂ ਨੂੰ ਸਮਰਪਤ ਗੁਰਬਾਣੀ ਕੰਠ, ਦੁਮਾਲਾ ਸਜਾਉਣਾ, ਕਵੀਸਰੀ, ਵਾਰਾਂ ਤੇ ਸ਼ਬਦ ਗਾਇਣ ਮੁਕਾਬਲੇ ਕਰਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਬਾਣੀ ਤੇ ਬਾਣੇ ਦੇ ਧਾਰਨੀ ਪਰਿਵਾਰਾਂ ਵਿੱਚੋਂ ਆਏ ਵਿਦਿਆਰਥੀਆਂ ਦੀ ਝਲਕ ਖਾਸ ਤੌਰ 'ਤੇ ਦਿੱਖ ਰਹੀ ਸੀ। ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਨੂੰ ਸਮਰਪਤ ਇਹ ਦਿਨ ਯਾਦਗਾਰ ਹੋ ਨਿੱਬੜਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ ਨੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਵਾਂਗ ਆਪਣੇ ਜੀਵਨ ਵਿੱਚ ਜਜ਼ਬਾ ਤੇ ਦਲੇਰੀ ਭਰਨ ਲਈ ਕਿਹਾ ਤਾਂ ਜੋ ਸਿੱਖ ਧਰਮ ਦੀਆਂ ਨੀਹਾਂ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹਨਾਂ ਛੋਟੇ ਛੋਟੇ ਵਿਦਿਆਰਥੀਆਂ ਅੰਦਰ ਇੰਨੀ ਦ੍ਰਿੜ੍ਹਤਾ ਵੇਖ ਕੇ ਮਨ ਖੁਸ਼ ਹੋ ਗਿਆ ਕਿ ਸਿੱਖ ਕੌਮ ਇੱਕ ਦਲੇਰ ਕੌਮ ਹੈ ਜੋ ਅਣਖੀ ਯੋਧਿਆਂ ਨੂੰ ਜਨਮ ਦਿੰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਦਿਹਾੜਿਆਂ ਨੂੰ ਸਮਰਪਤ ਇਨ੍ਹਾਂ ਦਿਨਾਂ ਵਿੱਚ ਇੱਕ ਪ੍ਰਣ ਕਰਨ ਲਈ ਕਿਹਾ ਕਿ ਉਹ ਸਿੱਖੀ ਦੀ ਲਾਜ ਨੂੰ ਹਮੇਸ਼ਾ ਬਰਕਰਾਰ ਰੱਖਣਗੇ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ. ਮਨਪ੍ਰੀਤ ਸਿੰਘ ਬਰਾੜ ਨੇ ਵੀ ਸ਼ਹੀਦਾਂ ਨੂੰ ਪ੍ਰਣਾਮ ਕੀਤੀ ਤੇ ਕਿਹਾ ਕਿ ਸਿੱਖ ਕੌਮ ਬਹਾਦਰਾਂ ਦੀ ਕੌਮ ਹੈ।

## ਸ਼ਹੀਦੀ ਸਭਾ ਸੰਬੰਧੀ 'ਫੋਟੋ ਕਾਂਟੈਸਟ' ਦਾ ਪੋਸਟਰ ਰਿਲੀਜ਼



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼ਹੀਦੀ ਸਭਾ-2023 ਦੀਆਂ ਯਾਦਾਂ ਨੂੰ ਸਾਂਭਣ ਤੇ ਪ੍ਰਚਾਰ ਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹੀਦੀ ਸਭਾ ਸਬੰਧੀ 'ਫੋਟੋ ਕਾਂਟੈਸਟ' ਕਰਵਾਇਆ ਜਾ ਰਿਹਾ ਹੈ, ਜਿਸ ਸਬੰਧੀ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 24 ਦਸੰਬਰ 2023 ਹੈ ਤੇ ਜੇਤੂਆਂ ਦਾ ਐਲਾਨ 02 ਜਨਵਰੀ 2024 ਨੂੰ ਕੀਤਾ ਜਾਵੇਗਾ। ਜੇਤੂਆਂ ਨੂੰ 80 ਹਜ਼ਾਰ ਤੋਂ ਵੱਧ ਦੇ ਇਨਾਮ ਦਿੱਤੇ ਜਾਣਗੇ। ਇਸ ਮੁਕਾਬਲੇ ਸਬੰਧੀ ਵਿਧਾਇਕ ਲਖਬੀਰ ਸਿੰਘ ਰਾਏ ਤੇ ਡਵੀਜ਼ਨਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 'ਫੋਟੋ ਕਾਂਟੈਸਟ' ਦਾ ਪੋਸਟਰ ਜਾਰੀ ਕੀਤਾ ਗਿਆ। ਹਲਕਾ ਵਿਧਾਇਕ ਸ੍ਰੀ ਰਾਏ ਨੇ ਦੱਸਿਆ ਕਿ ਇਸ ਮੁਕਾਬਲੇ ਤਹਿਤ ਮੁਕਾਬਲੇ ਦੀਆਂ ਸ਼੍ਰੇਣੀਆਂ ਵਿੱਚ ਜਜ਼ਬਾਤਾਂ ਦਾ ਸਮੁੰਦਰ, ਸਵੱਛਤਾ ਹੀ ਸੇਵਾ, ਸੇਵਾ ਦਾ ਸਤਿਕਾਰ ਤੇ ਪਾਲਕੀ ਸਾਹਿਬ ਦਾ ਸਫਰ ਸ਼ਾਮਲ ਕੀਤਾ ਗਿਆ ਹੈ। ਇਸ ਮੌਕੇ ਡਵੀਜ਼ਨਲ ਕਮਿਸਨਰ ਸ੍ਰੀ ਦਲਜੀਤ ਸਿੰਘ ਮਾਂਗਟ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਇਹ ਉਪਰਾਲਾ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਨੇ ਨੌਜਵਾਨਾਂ ਨੂੰ ਇਸ ਮੁਕਾਬਲੇ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੇ ਅਪੀਲ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਸਿੰਗਲ, ਸਹਾਇਕ ਕਮਿਸ਼ਨਰ ਪ੍ਰੋਮਿਲਾ ਸ਼ਰਮਾ, ਸੀ ਐਮ ਐਫ ਓ ਅਭਿਸ਼ੇਕ ਸ਼ਰਮਾ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਸਰਵਾਈਕਲ ਬਿਮਾਰੀਆਂ ਸੰਬੰਧੀ ਮੁਫਤ ਚੈੱਕਅੱਪ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬਾਬਾ ਬੰਸੀ ਵਾਲਾ ਚੈਰੀਟੇਬਲ ਹਸਪਤਾਲ ਰਾਮਪੁਰਾ ਫੂਲ ਵਿਖੇ ਸਰਵਾਈਕਲ ਬਿਮਾਰੀਆਂ ਸਬੰਧੀ ਇਕ ਫਰੀ ਚੈਕਅੱਪ ਕੈਂਪ ਲਾਇਆ ਗਿਆ।ਇਸ ਸਬੰਧੀ ਡਾਕਟਰ ਏਪਰਾਪਰ ਸਿੰਘ ਐੱਮ. ਐੱਸ. (ਬੋਏਫਿਜੀ), ਐੱਮ.ਡੀ. (ਏ.ਐੱਮ.) ਨੁਟਰਾਕੁਈਟੀਕਲਜ ਤੇ ਸੈਲੂਲਰ ਥਰੈਪੀ ਚੰਡੀਗੜ੍ਹ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ, ਜਿਨ੍ਹਾਂ ਮਰੀਜ਼ਾਂ ਦਾ ਚੈੱਕਅਪ ਕੀਤਾ ਤੇ ਸਕਿਨ ਥਰੈਪੀ ਦਾ ਟ੍ਰੀਟਮੈਂਟ ਵੀ ਕੀਤਾ।ਇਸ ਮੌਕੇ ਸਮੂਹ ਕਮੇਟੀ ਮੈਂਬਰ ਹਾਜ਼ਰ ਸਨ।

## ਸੁੱਰਖਿਆ ਏਜੰਸੀਆਂ ਦੀ ਕਾਰਗੁਜ਼ਾਰੀ ਤੇ ਗੁਪਤ ਫੰਡਾਂ ਦਾ ਆਡਿਟ ਪਾਰਲੀਮੈਂਟ ਦੀ ਨਿਗਰਾਨੀ ਹੇਠ ਹੋਵੇ : ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੋ ਐੱਨ.ਐੱਸ.ਏ. ਤੇ ਆਈ. ਬੀ., ਰਾਅ ਦੇ ਮੁਖੀ ਅਤੇ ਇਹ ਏਜੰਸੀਆਂ ਆਪਣੇ ਕੰਮ ਲਈ, ਗੁਪਤ ਫੰਡਾਂ ਰਾਹੀਂ ਦੁਰਵਰਤੋਂ ਹੋਣ ਦਾ ਜੋ ਅਮਲ ਹੁੰਦਾ ਆ ਰਿਹਾ ਹੈ, ਇਨ੍ਹਾਂ ਦਾ ਪਾਰਲੀਮੈਂਟ ਨੂੰ ਜੁਆਬਦੇਹ ਨਾ ਹੋਣ ਦੀ ਬਦੌਲਤ ਹੀ ਕੈਨੇਡਾ, ਅਮਰੀਕਾ, ਬਰਤਾਨੀਆ ਤੇ ਪਾਕਿਸਤਾਨ ਵਿੱਚ ਸਿਰਕੱਢ ਸਿੱਖਾਂ ਨੂੰ ਨਿਸ਼ਾਨਾ ਬਣਾ ਕੇ ਕਤਲੇਆਮ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ, ਸੁਖਦੂਲ ਸਿੰਘ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ ਤੇ ਪੰਜਾਬ ਵਿੱਚ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਨਾਮ ਵਰਣਨਯੋਗ ਹਨ। ਇਹ ਏਜੰਸੀਆਂ ਤੇ ਸੁੱਰਖਿਆ ਸਲਾਹਕਾਰ ਮਿਲਣ ਵਾਲੇ ਕਰੋੜਾਂ-ਅਰਬਾਂ ਰੁਪਏ ਦੇ ਗੁਪਤ ਫੰਡਾਂ ਦੀ ਮਨੁੱਖਤਾ ਵਿਰੋਧੀ ਕਾਰਵਾਈਆਂ ਲਈ ਹੀ ਦੁਰਵਰਤੋਂ ਕਰਦੇ ਆ ਰਹੇ ਹਨ। ਵਿਸ਼ੇਸ਼ ਤੌਰ 'ਤੇ ਇਨ੍ਹਾਂ ਫੰਡਾਂ ਦੀ ਦੁਰਵਰਤੋਂ ਘੱਟ ਗਿਣਤੀ ਮੁਸਲਿਮ, ਸਿੱਖ, ਰੰਘਰੇਟਿਆਂ, ਆਦਿਵਾਸੀਆਂ ਦੀ ਮੁਲਕ ਵਿੱਚ ਬੋਲਣ ਦੀ ਆਜ਼ਾਦੀ, ਵਿਚਰਣ ਦੀ ਆਜ਼ਾਦੀ ਤੇ ਜ਼ਿੰਦਗੀ ਦੀ ਸੁੱਰਖਿਆ ਦੀ ਅਜ਼ਾਦੀ ਦੇ ਹੱਕਾਂ ਨੂੰ ਨਿਰੰਤਰ ਕੁਚਲਿਆ ਜਾਂਦਾ ਆ ਰਿਹਾ ਹੈ। ਇਹੀ ਵਜ੍ਹਾ ਹੈ ਕਿ ਹੁਕਮਰਾਨਾਂ ਦੇ ਗੈਰ-ਕਾਨੂੰਨੀ ਤੇ ਅਣਮਨੁੱਖੀ ਕਾਰਵਾਈਆਂ ਵਿੱਚ ਵਾਧਾ ਹੋ ਰਿਹਾ ਹੈ, ਜੋ ਗਹਿਰੀ ਚਿੰਤਾ ਦਾ ਵਿਸ਼ਾ ਹੈ। ਇਸ ਹੋ ਰਹੇ ਗੈਰ-ਕਾਨੂੰਨੀ ਤੇ ਅਣਮਨੁੱਖੀ ਹਕੂਮਤੀ ਅਮਲਾਂ 'ਤੇ ਰੋਕਥਾਮ ਕਰਨ ਲਈ ਜ਼ਰੂਰੀ ਹੈ ਕਿ ਸੁੱਰਖਿਆ ਸਲਾਹਕਾਰ ਇੰਡੀਆ, ਆਈ ਬੀ, ਰਾਅ ਆਦਿ ਏਜੰਸੀਆਂ ਪਾਰਲੀਮੈਂਟ ਨੂੰ ਜੁਆਬਦੇਹ ਹੋਣ ਅਤੇ ਇਨ੍ਹਾਂ ਦੇ ਗੁਪਤ ਫੰਡਾਂ ਦੀ ਹੋ ਰਹੀ ਦੁਰਵਰਤੋਂ ਨੂੰ ਖਤਮ ਕਰਨ ਲਈ ਇਨ੍ਹਾਂ ਫੰਡਾਂ ਦੇ ਆਡਿਟ ਨੂੰ ਵੀ ਯਕੀਨੀ ਬਣਾਇਆ ਜਾਵੇ।

## ਪੰਜਾਬ ਫੋਰੈਂਸਿਕ ਅਕੈਡਮੀ ਦੀ 21ਵੀਂ ਨੈਸ਼ਨਲ ਕਾਨਫਰੰਸ ਭਲਕੇ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਜੀਜੀਐਸ ਮੈਡੀਕਲ ਕਾਲਜ ਫਰੀਦਕੋਟ ਦੇ ਫੋਰੈਂਸਿਕ ਮੈਡੀਸਨ ਐਂਡ ਟੌਕਸੀਕੋਲੋਜੀ ਵਿਭਾਗ ਵੱਲੋਂ ਪੰਜਾਬ ਫੋਰੈਂਸਿਕ ਅਕੈਡਮੀ ਦੀ 21ਵੀਂ ਨੈਸ਼ਨਲ ਕਾਨਫਰੰਸ ਕਰਵਾਈ ਜਾ ਰਹੀ ਹੈ। ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ ਦੇ ਵਾਈਸ ਚਾਂਸਲਰ ਡਾ: ਪ੍ਰੋ. ਰਾਜੀਵ ਸੂਦ ਦੀ ਪਾਰਦਰਸ਼ੀ ਅਗਵਾਈ ਹੇਠ 23 ਦਸੰਬਰ ਨੂੰ ਸਮਾਗਮ ਕਰਵਾਇਆ ਜਾ ਰਿਹਾ ਹੈ।

ਡਾ.ਰਾਜੀਵ ਜੋਸ਼ੀ ਅਤੇ ਜਥੇਬੰਦਕ ਸਕੱਤਰ ਡਾ. ਰਵਦੀਪ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਤੀਸਰੀ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ 250 ਡੈਲੀਗੇਟ ਪੈਫਮੇਟ ਫਰੀਦਕੋਟ ਵਿਖੇ ਆ ਰਹੇ ਹਨ। ਦਿੱਲੀ, ਮੱਧ ਪ੍ਰਦੇਸ਼, ਤਾਮਿਲਨਾਡੂ, ਕੋਲਕਾਤਾ, ਤੇਲੰਗਾਨਾ, ਬੁੰਦੇਲਖੰਡ, ਹਿਮਾਚਲ ਪ੍ਰਦੇਸ਼ ਤੋਂ ਅੰਤਰਰਾਸ਼ਟਰੀ ਡੈਲੀਗੇਟ ਸ਼ਾਮਲ ਹੋਣਗੇ। ਇਸ ਕਾਨਫਰੰਸ ਦਾ ਵਿਸ਼ਾ ਹੈ ਫੋਰੈਂਸਿਕ ਦਵਾਈ ਲਈ ਇੱਕ ਬਹੁ-ਅਨੁਸ਼ਾਸਨੀ ਏਕੀਕ੍ਰਿਤ ਪਹੁੰਚ ਦੀ ਲੋੜ। ਇਸ ਪ੍ਰੋਗਰਾਮ ਵਿੱਚ ਮੈਡੀਕਲ ਕਾਲਜਾਂ ਦੇ ਸਾਰੇ ਵਿਭਾਗਾਂ ਜਿਵੇਂ ਕਿ ਡੈਂਟਲ, ਨਰਸਿੰਗ, ਈ.ਐਨ.ਟੀ., ਸਰਜਰੀ, ਆਰਥੋਪੈਡਿਕ ਮਾਹਿਰ ਹਿੱਸਾ ਲੈਣ ਜਾ ਰਹੇ ਹਨ।

## ਪ੍ਰਭੂ ਯਸੂ ਮਸੀਹ ਦੇ ਜਨਮ ਦਿਹਾੜੇ 'ਤੇ ਸ਼ਾਂਤੀ ਸ਼ੋਭਾ ਯਾਤਰਾ




ਕ੍ਰਿਸਮਸ ਸ਼ਾਂਤੀ ਸ਼ੋਭਾ ਯਾਤਰਾ ਦੌਰਾਨ ਵੱਖ-ਵੱਖ ਡਾਇਓਸਿਸ ਦੇ ਬਿਸ਼ਪ, ਮਿਸ਼ਨਾਂ ਦੇ ਫਾਦਰ ਸਾਹਿਬਾਨ ਅਤੇ ਹੋਰ ਮਸੀਹ ਆਗੂ।

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਸ਼ਹਿਰ ਧਾਰੀਵਾਲ ਵਿਖੇ ਫਾਦਰ ਜੋਸ਼ ਪਡਿਆਟੀ ਦੀ ਸਰਪ੍ਰਸਤੀ ਹੇਠ ਸਮੂਹ ਕਲੀਸੀਆਵਾਂ ਦੇ ਸਹਿਯੋਗ ਨਾਲ ਸੰਗਠਿਤ ਪ੍ਰਬੰਧਕੀ ਕਮੇਟੀ ਦੀ ਅਗਵਾਈ ਵਿੱਚ ਪ੍ਰਭੂ ਯਸੂ ਮਸੀਹ ਦੇ ਜਨਮ ਦਿਹਾੜੇ ਸੰਬੰਧੀ ਕੈਥੋਲਿਕ ਚਰਚ, ਚਰਚ ਆਫ ਨਾਰਥ ਇੰਡੀਆ, ਸਾਲਵੇਸ਼ਨ ਆਰਮੀ ਚਰਚ, ਸੈਵਨਥ ਡੇ ਐਡਵੈਂਟਿਸਟ ਚਰਚ, ਮੈਥੋਡਿਸਟ ਚਰਚ, ਬਲੀਵਰਜ਼ ਚਰਚ, ਪੈਂਤੀਕਾਸਤਲ ਚਰਚਜ਼ ਅਤੇ ਮਸੀਹੀ ਸੰਗਠਨਾਂ ਦੇ ਪਾਸਟਰ ਸਾਹਿਬਾਨਾਂ ਅਤੇ ਮਸੀਹੀ ਆਗੂਆਂ ਦੇ ਸਮੂਹਿਕ ਯਤਨਾਂ ਸਦਕਾ ਮਸੀਹੀ ਏਕਤਾ, ਆਪਸੀ ਭਾਈਚਾਰਕ ਸਾਂਝ, ਪਿਆਰ ਅਤੇ ਮੇਲ ਮਿਲਾਪ ਵਜੋਂ ਸ਼ਾਂਤੀ ਦੇ ਰਾਜਕੁਮਾਰ ਪ੍ਰਭੂ ਯਸੂ ਮਸੀਹ ਨੂੰ ਸਮਰਪਿਤ 'ਕ੍ਰਿਸਮਿਸ ਸ਼ਾਂਤੀ ਸ਼ੋਭਾ ਯਾਤਰਾ' ਆਯੋਜਿਤ ਕੀਤੀ ਗਈ। ਇਸ ਸ਼ੋਭਾ ਯਾਤਰਾ ਇਥੋਂ ਮੈਕ-ਰੋਬਰਟ ਸਾਲਵੇਸ਼ਨ ਆਰਮੀ ਹਸਪਤਾਲ (ਮਿਸ਼ਨ ਹਸਪਤਾਲ) ਧਾਰੀਵਾਲ ਤੋਂ ਸ਼ੁਰੂ ਹੋਈ। ਕ੍ਰਿਸਮਿਸ ਸ਼ਾਂਤੀ ਸ਼ੋਭਾ ਯਾਤਰਾ ਦੀ ਅਰੰਭਿਤਾ ਪ੍ਰਾਰਥਨਾ ਫਾਦਰ ਜੋਸ ਪਡਿਆਟੀ, ਫਾਦਰ ਕਿਰਨ ਕੁਮਾਰ, ਫਾ. ਡੋਮਨਿਕ ਬਟਾਲਾ, ਫਾ. ਸਕਾਈਲਾਰਕ ਪ੍ਰਿੰਸੀਪਲ ਬਟਾਲਾ, ਫਾ. ਪੌਲ ਪੁਰਾਣਾ ਸ਼ਾਲਾ, ਫਾ. ਸੁਰੇਸ਼ ਸਿੱਧਵਾਂ ਜਮੀਤਾਂ, ਫਾ. ਸੰਨੀ ਮੱਟੂ ਧਾਰੀਵਾਲ, ਫਾ. ਮਾਰਟਿਨ ਦਿਆਲਗੜ੍ਹ, ਰੈਵ. ਬਲਵੰਤ ਮਸੀਹ ਮੈਥੋਡਿਸਟ, ਫਾ. ਜੋਨ ਔਜਲਾ ਬੀਈਸੀ, ਪਾਸਟਰ ਸੇਤ ਰੰਧਾਵਾ ਵੱਲੋਂ ਕੀਤੀ ਗਈ। ਇਸ ਸ਼ਾਂਤੀ ਸ਼ੋਭਾ ਯਾਤਰਾ ਦੇ ਕੁਆਰਡੀਨੇਟਰ ਦੀ ਸੇਵਾ ਡਾ. ਰਾਕੇਸ਼ ਵਿਲੀਅਮ ਨੇ ਬਾਖੂਬੀ ਨਿਭਾਈ। ਇਸ ਸ਼ਾਂਤੀ ਯਾਤਰਾ ਵਿੱਚ ਸਭ ਤੋਂ ਅੱਗੇ ਪ੍ਰਭੂ ਯਸੂ ਮਸੀਹ ਦਾ ਪ੍ਰਤੀਕ ਕ੍ਰਿਸਮਸ ਦ੍ਰਿਸ਼ ਅਤੇ ਪਿਛੇ ਮਸੀਹੀ ਬੱਚਿਆਂ ਦਾ ਜੋਸਫ ਗੋਰਾ ਦੀ ਦੇਖ ਰੇਖ ਹੇਠ 'ਕੈਥੋਲਿਕ ਬੈਂਡ' ਅਤੇ ਡੇਵਿਸ ਜੋਸਫ ਜੋਏ ਦੀ ਦੇਖਰੇਖ ਹੇਠ 'ਸਾਲਵੇਸ਼ਨ ਆਰਮੀ ਚਰਚ ਬੈਂਡ' ਸੀ। ਕ੍ਰਮਵਾਰ 'ਸਾਂਤਾ ਕਲਾਜ' ਬੱਚੇ, ਸਭ ਕਲੀਸੀਆਵਾਂ ਦੇ ਪਾਸਟਰ ਸਾਹਿਬਾਨ, ਮਸੀਹੀ ਲੀਡਰ, ਕ੍ਰਿਸਮਸ ਗੀਤ ਭਜਨ ਮੰਡਲੀਆਂ ਅਤੇ ਕ੍ਰਿਸਮਸ ਝਾਕੀਆਂ ਸਮੇਤ ਇਲਾਕੇ ਦੀਆਂ ਸੰਗਤਾਂ ਸਾਮਲ ਸਨ। ਭਾਰੀ ਗਿਣਤੀ ਵਿੱਚ ਮਸੀਹੀ ਸੰਗਤਾਂ ਪ੍ਰਭੂ ਦਾ ਪਿਆਰ ਵੰਡਦੀਆਂ, ਸ਼ਾਂਤੀ ਪੂਰਵਕ ਚੱਲਦੀਆਂ ਹੋਈਆਂ ਪ੍ਰਭੂ ਦੀ ਮਹਿਮਾ ਦਾ ਗੁਣਗਾਨ ਕਰ ਰਹੀਆਂ ਸਨ। ਇਹ ਸ਼ੋਭਾ ਯਾਤਰਾ ਸਾਲਵੇਸ਼ਨ ਆਰਮੀ ਹਸਪਤਾਲ ਧਾਰੀਵਾਲ ਤੋਂ ਆਰੰਭ ਹੋ ਕੇ ਫੱਜੂਪੁਰ ਚੌਂਕ, ਪ੍ਰਭੂ ਯਸੂ ਰਾਜਾ ਗਿਰਜਾਘਰ ਫਤਿਹ ਨੰਗਲ, ਜੀ ਟੀ ਰੋਡ ਧਾਰੀਵਾਲ ਤੋਂ ਹੁੰਦੀ ਹੋਈ ਸੰਤਨੀ ਤਰੇਜ਼ਾ ਕੈਥੋਲਿਕ ਚਰਚ ਤਰੀਜਾ ਨਗਰ ਵਿਖੇ ਪਹੁੰਚੀ। ਇਥੇ ਪਹੁੰਚਣ 'ਤੇ ਸੰਗਤਾਂ ਦੇ ਬੈਠਣ ਲਈ ਪੰਡਾਲ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਜਲੰਧਰ ਡਾਇਓਸਿਸ ਦੇ ਬਿਸ਼ਪ ਸਤਿਕਾਰਯੋਗ ਡਾ. ਅਗਨੈਲੋ ਗ੍ਰੇਸੀਅਸ, ਟੈਰੀਟੋਰੀਅਲ ਕਮਾਂਡਰ ਸਲਾਵੇਸ਼ਨ ਆਰਮੀ ਵਨਲਾਲਫਿਲਾ ਚੌਂਗਹਲੁਤ ਅਤੇ ਖੁਪਚਾਂਗ ਰੌਪਾਰੀ, ਬਿਸ਼ਪ ਸਮੰਤਾ ਰਾਏ (ਅੰਮ੍ਰਿਤਸਰ ਡਾਇਓਸਿਸ), ਬਿਸ਼ਪ ਡੇਂਜਲ ਪੀਪਲ (ਚੰਡੀਗੜ੍ਹ ਸੀ ਐੱਨ ਆਈ), ਡੀਨ ਫਾਦਰ ਵਿਲੀਅਮ ਸਹੋਤਾ, ਮੇਜਰ ਰੋਬਨ ਮਸੀਹ ਡਵੀਜ਼ਨ ਕਮਾਂਡਰ ਗੁਰਦਾਸਪੁਰ, ਮੇਜਰ ਵਿਲੀਅਮ ਮਸੀਹ ਐਡਮਨਿਟ੍ਰੇਟਰ ਮੈਕ ਰੋਬਰਟ ਹਸਪਤਾਲ ਧਾਰੀਵਾਲ, ਰੈਵ. ਮਹਿੰਦਰ ਮਸੀਹ ਡੀ ਐੱਸ ਮੈਥੋਡਿਸਟ ਚਰਚ, ਪਾਸਟਰ ਪਿਆਰਾ ਮਸੀਹ ਸਵੈਨਥ ਡੇ ਐਡਵੈਂਟਿਸਟ, ਫਾ. ਵਿਲੀਅਮ ਡੈਨੀਅਲ ਬਲੀਵਰਜ਼ ਚਰਚ ਮੁੱਖ ਮਹਿਮਾਨ ਵਜੋਂ ਪਹੁੰਚੇ, ਜਿਹਨਾਂ ਸੰਗਤਾਂ ਨੂੰ ਪ੍ਰਭੂ ਯਸੂ ਦੇ ਸ਼ਾਂਤੀ, ਪਿਆਰ, ਮੇਲ-ਮਿਲਾਪ ਦੇ ਸੰਦੇਸ਼ ਪ੍ਰਤੀ ਪ੍ਰਵਚਨ ਦਿੱਤਾ। ਇਸ ਮੌਕੇ ਧਾਰਮਕ ਅਤੇ ਸਮਾਜਕ ਵੱਖ ਵੱਖ ਖੇਤਰਾਂ ਵਿੱਚ ਸੇਵਾ ਨਿਭਾ ਰਹੇ ਮਸੀਹੀ ਆਗੂਆਂ ਨੂੰ ਉਤਸ਼ਾਹਤ ਕਰਨ ਵਜੋਂ ਸਨਮਾਨਤ ਕੀਤਾ ਗਿਆ। ਸਾਰੇ ਪ੍ਰੋਗਰਾਮ ਦੀ ਸਮਾਪਤੀ ਪ੍ਰਾਰਥਨਾ ਅਤੇ ਬਰਕਤ ਦੇ ਕਲਮੇ ਨਾਲ ਹੋਈ ਅਤੇ ਉਪਰੰਤ ਸਮੂਹ ਸੰਗਤ ਨੇ ਪ੍ਰਭੂ ਦੇ ਪ੍ਰੀਤੀ ਭੋਜ (ਲੰਗਰ) ਦਾ ਆਨੰਦ ਮਾਣਿਆ।

ਇਸ ਮੌਕੇ ਉਪਰੋਕਤ ਸ਼ਖਸੀਅਤਾਂ ਤੋਂ ਇਲਾਵਾ ਮਾਨਯੋਗ ਮਦਰ ਮਰਸੀ, ਪ੍ਰਿੰਸੀਪਲ ਸਿਸਟਰ ਰਜ਼ੀਨਾ ਪੌਲ, ਫਰਾਂਸਿਸ ਫਤਿਹਗੜ੍ਹ ਚੂੜੀਆਂ, ਪਾਸਟਰ ਸੇਤ ਰੰਧਾਵਾ, ਪਤਰਸ ਮਸੀਹ, ਸਤਪਾਲ ਅਟਵਾਲ ਅਤੇ ਲਾਰੈਂਸ, ਕੁਲਦੀਪ ਮਸੀਹ ਅਤੇ ਕਸ਼ਮੀਰ ਮਸੀਹ ਟੀ ਪੀ ਐੱਮ, ਸਾਬਕਾ ਡਾਇਰੈਕਟਰ ਲੇਟੀ ਕਮਿਸ਼ਨਰ ਸ਼ਮਾਊਨ ਯੂਸਫ ਸੰਧੂ, ਬਾਬੂ ਅਨਿਲ, ਬਾਬੂ ਕਰਮਾ, ਬਾਬੂ ਵਾਰਿਸ, ਬਾਬੂ ਪਤਰਸ ਅਤੇ ਬਾਬੂ ਬੈਂਜਾਮੀਨ, ਐਡਵੋਕੇਟ ਪਾਲ ਆਗਸਟੀਨ ਅਤੇ ਐਡਵੋਕੇਟ ਪੌਲ ਕ੍ਰਿਸਟੋਫਰ, ਡੀ ਪੀ ਸੀ ਸਕੱਤਰ ਯੂਸਫ ਗੋਰਾ, ਡਾ. ਦੀਪਕ ਸਹੋਤਾ, ਸਰਪੰਚ ਵਿਲਸਨ ਦੀਨਪੁਰ, ਸਰਪੰਚ ਅਸ਼ੋਕ ਖੋਖਰ ਤਰੀਜਾਨਗਰ, ਸਰਪੰਚ ਨਿਆਮਤ ਮਸੀਹ, ਸਰਪੰਚ ਜੌਨ ਰਣੀਆ, ਇੰਦਰਆਸ ਐੱਮ ਸੀ ਧਾਰੀਵਾਲ, ਜੇਮਸ ਸਾਬਕਾ ਚੇਅਰਮੈਨ , ਜੌਨ ਪ੍ਰਧਾਨ, ਇਮਾਨੁਏਲ ਕੰਗ, ਲਾਭਾ ਮਸੀਹ ਪ੍ਰਧਾਨ, ਬੀਬੀ ਸ਼ਿੰਦੀ, ਆਸ਼ਾ, ਰਾਣੀ, ਰਾਖਲ, ਸਮਿੱਤਰੀ ਆਦਿ ਹਾਜ਼ਰ ਸਨ।

## ਕੇਂਦਰੀ ਟੀਮ ਨੇ ਕਿਸਾਨਾਂ ਨੂੰ ਫਸਲਾਂ ਦੀ ਸੁਰੱਖਿਆ ਸੰਬੰਧੀ ਦਿੱਤੀ ਜਾਣਕਾਰੀ



**ਸੰਗਰੂਰ (ਪ੍ਰਵੀਨ ਸਿੰਘ)**-ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ, ਜਲੰਧਰ, ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਭਾਰਤ ਸਰਕਾਰ ਦੀ ਟੀਮ, ਜਿਸ ਵਿੱਚ ਡਾ: ਅੰਕਿਤ ਕੁਮਾਰ ਸਹਾਇਕ ਪੌਦ ਸੁਰੱਖਿਆ ਅਫਸਰ, ਡਾ: ਚੰਦਰਭਾਨ ਸਹਾਇਕ ਪੌਦ ਸੁਰੱਖਿਆ ਅਫਸਰ ਤੇ ਸ੍ਰੀ ਰਾਜਬਰ ਸਿੰਘ ਵਿਗਿਆਨਕ ਸਹਾਇਕ ਸ਼ਾਮਲ ਸਨ। ਪੰਜਾਬ ਖੇਤੀਬਾੜੀ ਵਿਭਾਗ ਦੀ ਟੀਮ ਨਾਲ ਮਿਲ ਕੇ ਜ਼ਿਲ੍ਹਾ ਸੰਗਰੂਰ ਦਾ ਦੌਰਾ ਕੀਤਾ ਗਿਆ। ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਕਣਕ ਦੀ ਫਸਲ ਵਿੱਚ ਆ ਰਹੀ ਗੁਲਾਬੀ ਸਟੈਮ ਬੋਰਰ ਕੈਟਰਪਿਲਰ ਸੁੰਡੀ ਦਾ ਸਰਵੇਖਣ ਕੀਤਾ ਗਿਆ, ਜਿਸ ਦੌਰਾਨ ਬਲਾਕ ਸੁਨਾਮ ਦੇ ਪਿੰਡ ਮਹਿਲਾਂ ਚੌਂਕ ਦੇ ਕਿਸਾਨ ਸਿਕੰਦਰ ਸਿੰਘ ਤੇ ਕਿਸਾਨ ਬਲਵਿੰਦਰ ਸਿੰਘ ਦੇ ਖੇਤਾਂ ਵਿੱਚ ਘੱਟ ਤੇ ਬਲਾਕ ਲਹਿਰਾਗਾਗਾ ਦੇ ਪਿੰਡ ਸੰਗਤਪੁਰਾ ਦੇ ਕਿਸਾਨ ਗੋਬਿੰਦਰ ਸਿੰਘ ਦੇ ਖੇਤਾਂ ਵਿੱਚ ਜ਼ਿਆਦਾ ਨੁਕਸਾਨ ਦੇਖਣ ਨੂੰ ਮਿਲਿਆ। ਪੰਜਾਬ ਖੇਤੀਬਾੜੀ ਵਿਭਾਗ ਦੀ ਟੀਮ ਵਿੱਚ ਬਲਾਕ ਸੁਨਾਮ ਤੋਂ ਡਾ: ਦਮਨਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਤੇ ਸ੍ਰੀ ਮਨੋਹਰ ਸਿੰਘ ਖੇਤੀਬਾੜੀ ਸਬ ਇੰਸਪੈਕਟਰ ਆਦਿ ਸ਼ਾਮਲ ਸਨ। ਜਿਨ੍ਹਾਂ ਨੇ ਕਿਸਾਨਾਂ ਨੂੰ ਇਸ ਕੀਟ ਬਾਰੇ ਜਾਣਕਾਰੀ ਦਿੱਤੀ ਤੇ ਇਸ ਦੀ ਰੋਕਥਾਮ ਲਈ ਵੱਖ-ਵੱਖ ਪੀ. ਐੱਮ. ਤਕਨੀਕਾਂ ਬਾਰੇ ਜਾਗਰੂਕ ਕੀਤਾ। ਖੇਤਾਂ ਵਿੱਚ ਫੇਰੋਮੈਨ ਟਰੈਪ ਦੀ ਵਰਤੋਂ ਕਰਨ ਲਈ ਲੋੜੀਂਦੇ ਸੁਝਾਅ ਦਿੱਤੇ ਗਏ ਤੇ ਇਹ ਵੀ ਕਿਹਾ ਗਿਆ ਕਿ ਇਸ ਦੀ ਰੋਕਥਾਮ ਲਈ ਕੇਵਲ ਸੀ.ਆਈ.ਬੀ.ਆਰ.ਸੀ. ਫਰੀਦਾਬਾਦ ਦੁਆਰਾ ਸਿਫਾਰਸ਼ ਕੀਤੀਆਂ ਦਵਾਈਆਂ ਹੀ ਵਰਤੋਂ। ਟੀਮ ਨੇ ਕਿਸਾਨਾਂ ਨੂੰ ਭਵਿੱਖ ਲਈ ਸੁਝਾਅ ਦਿੱਤੇ ਕਿ ਉਹ ਖੇਤਰ ਵਿੱਚ ਸੂਬਾ ਸਰਕਾਰ ਵੱਲੋਂ ਸਿਫਾਰਸ਼ ਕੀਤੀਆਂ ਫਸਲਾਂ ਦੀਆਂ ਬਿਮਾਰੀ ਰੋਧਕ ਕਿਸਮਾਂ ਦੀ ਹੀ ਬਿਜਾਈ ਕਰੇ ਤੇ ਬਿਜਾਈ ਤੋਂ ਪਹਿਲਾਂ ਬੀਜ ਨੂੰ ਟ੍ਰੀਟਮੈਂਟ ਕਰਕੇ ਹੀ ਬੀਜਣ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਦੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਲੋਕਾਂ ਨੂੰ ਜਾਣਕਾਰੀ ਦੇਣ ਲਈ ਹਰ ਸਮੇਂ ਤਿਆਰ ਹਨ।

## 150 ਗ੍ਰਾਮ ਹੈਰੋਇਨ, ਛੋਟਾ ਕੰਪਿਊਟਰ ਕੰਡਾ ਤੇ 2 ਮੋਟਰਸਾਈਕਲਾਂ ਸਮੇਤ ਚਾਰ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਤੇ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚਾਰ ਵਿਅਕਤੀਆਂ ਨੂੰ 150 ਗ੍ਰਾਮ ਹੈਰੋਇਨ, 1 ਛੋਟਾ ਕੰਪਿਊਟਰ ਕੰਡਾ ਤੇ 2 ਮੋਟਰਸਾਈਕਲਾਂ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸੀਆਈਏ ਸਟਾਫ ਫਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਪਾਰਕ ਧਵਨ ਕਾਲੋਨੀ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਲਵਪ੍ਰੀਤ ਸਿੰਘ ਉਰਫ ਲੱਭੂ ਪੁੱਤਰ ਗੁਰਚਰਨ ਸਿੰਘ ਉਰਫ ਚੰਨਾ ਵਾਸੀ ਲੁੰਬੜੀ ਵਾਲਾ ਤੇ ਗੁਰਦੇਵ ਸਿੰਘ ਉਰਫ ਸੇਬੀ ਪੁੱਤਰ ਬਲਵਿੰਦਰ ਸਿੰਘ ਵਾਸੀ ਬਸਤੀ ਖਲੀਲ ਵਾਲੀ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ, ਜੋ ਹੁਣ ਵੀ ਕੀਰਤੀ ਨਗਰ ਦੇ ਪਿਛਲੇ ਪਾਸੇ ਪਈ ਖਾਲੀ ਜਗ੍ਹਾ ਵਿਖੇ ਖੜੇ ਗਾਹਕਾਂ ਦੀ ਉਡੀਕ ਕਰ ਰਹੇ ਹਨ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਦੋਸ਼ੀਆਨ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 50 ਗ੍ਰਾਮ ਹੈਰੋਇਨ ਤੇ 1 ਮੋਟਰਸਾਈਕਲ ਸਪਲੈਂਡਰ ਪਲੱਸ ਨੰਬਰ ਪੀਬੀ 05 ਏਐੱਮ 0959 ਬਰਾਮਦ ਹੋਇਆ।

ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਬ ਇੰਸਪੈਕਟਰ ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਗਰੇਂਡ ਵਿਲਾ ਪੈਲੇਸ ਪਾਸ ਪੁੱਜੇ ਤਾਂ ਦੋ ਨੌਜਵਾਨ ਕਪਿਲ ਪੁੱਤਰ ਪ੍ਰੇਮ, ਸਾਜਨ ਪੁੱਤਰ ਪ੍ਰਦੀਪ ਵਾਸੀਅਨ ਬਸਤੀ ਆਵਾ ਸਿਟੀ ਫਿਰੋਜ਼ਪੁਰ 1 ਮੋਟਰਸਾਈਕਲ ਹੀਰੋ ਸਪਲੈਂਡਰ ਨੰਬਰ ਪੀਬੀ 05 ਏਆਰ 3340 'ਤੇ ਆਉਂਦੇ ਵਿਖਾਈ ਦਿੱਤੇ, ਜੋ ਪੁਲਸ ਪਾਰਟੀ ਵੇਖ ਕੇ ਘਬਰਾ ਗਏ ਤੇ ਇਕ ਦਮ ਮੋਟਰਸਾਈਕਲ ਪਿੱਛੇ ਮੋੜ ਕੇ ਭੱਜਣ ਲੱਗੇ, ਜਿਨ੍ਹਾਂ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਦੌਰਾਨ 100 ਗ੍ਰਾਮ ਹੈਰੋਇਨ, 1 ਛੋਟਾ ਕੰਪਿਊਟਰ ਕੰਡਾ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਨੌਜਵਾਨ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਨ : ਬਲਤੇਜ ਪੰਨੂ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੇ ਮੀਡੀਆ ਸਲਾਹਕਾਰ ਸ੍. ਬਲਤੇਜ ਪੰਨੂ ਗੁਰਦੁਆਰਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ੍. ਪੰਨੂ ਨੇ ਕਿਹਾ ਕਿ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਹਰੇਕ ਸਾਲ ਆਯੋਜਤ ਕੀਤੀ ਜਾਂਦੀ ਸ਼ਹੀਦੀ ਸਭਾ ਦੌਰਾਨ ਦੇਸ਼ ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਪੂਰੀ ਧਾਰਮਿਕ ਰਹੁ-ਰੀਤਾਂ ਅਨੁਸਾਰ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸ਼ਹੀਦੀ ਸਭਾ ਦੁਨੀਆ ਭਰ ਵਿੱਚ ਇੱਕ ਅਜਿਹਾ ਮਹਾਨ ਵਿਰਤਾਂਤ ਹੈ, ਜਿੱਥੇ ਗੁਰੂ ਸਾਹਿਬ ਦੇ ਛੋਟੇ ਸਾਹਿਬਜ਼ਾਦਿਆਂ ਨੇ ਜ਼ਲਮ ਖਿਲਾਫ ਹੱਸਦੇ-ਹੱਸਦੇ ਸ਼ਹਾਦਤ ਦਿੱਤੀ ਹੈ।ਉਨ੍ਹਾ ਕਿਹਾ ਕਿ ਇਸ ਮਹਾਨ ਸ਼ਹਾਦਤ ਸਾਡੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹੈ ਤੇ ਇਸ ਮਹਾਨ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਸ੍. ਪੰਨੂ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸੀਸ ਝੁਕਾਉਣ ਲਈ ਆਏ ਹਨ ਤੇ ਇਸ ਮਹਾਨ ਸ਼ਹਾਦਤ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਕਿਧਰੇ ਨਹੀਂ ਮਿਲਦੀ।

## ..ਸ.ਫ਼ਾ 1 ਦੇ ਬਾਕੀ

### ਮੋਦੀ ਜੁੰਡਲੀ ਦਾ...

ਰਾਜ ਸਿੰਘ ਅਕਲੀਆਂ, ਛੱਜੂ ਰਾਮ ਰਿਸ਼ੀ, ਭਜਨ ਸਿੰਘ ਘੁੰਮਣ ਤੇ ਮਲਕੀਤ ਮੰਦਰਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਣੀ, ਪਾਣੀ, ਕਿਸਾਨ, ਮਜ਼ਦੂਰ ਤੇ ਨੌਜਵਾਨ ਵਰਗ ਨੂੰ ਲੋਕ ਦੋਖੀ ਸਰਕਾਰਾਂ ਤੋਂ ਨਿਜਾਤ ਪਾਉਣ ਲਈ ਕਾਮਰੇਡ ਫੱਕਰ ਵਰਗੇ ਮਹਾਨ ਆਗੂਆਂ ਦੀ ਸੋਚ 'ਤੇ ਪਹਿਰਾ ਦੇਣਾ ਸਮੇਂ ਦੀ ਮੁੱਖ ਲੋੜ ਦੱਸਿਆ ਅਤੇ ਕਿਹਾ ਕਿ ਤੀਹਰੀ ਗੁਲਾਮੀ ਰਜਵਾੜਾਸ਼ਾਹੀ, ਜਗੀਰਦਾਰੀ ਤੇ ਸਰਦਾਰਾਂ ਤੋਂ ਮੁਜ਼ਾਰਿਆਂ ਦੀ ਗੁਲਾਮੀ ਨੂੰ ਮੁਕਤ ਕਰਵਾ ਕੇ ਜ਼ਮੀਨਾਂ ਖੋਹ ਕੇ ਬੇ-ਜ਼ਮੀਨਿਆਂ ਵਿੱਚ ਵੰਡ ਕੇ ਮੁਜ਼ਾਰਿਆਂ ਨੂੰ ਜ਼ਮੀਨਾਂ ਦੇ ਮਾਲਕ ਬਣਾਇਆ। ਹੁਣ ਸਮੇਂ ਦੀ ਹਕੂਮਤ ਕਾਰਪੋਰੇਟ ਘਰਾਣਿਆਂ ਨੂੰ ਸਾਡੀਆਂ ਜ਼ਮੀਨਾਂ ਕੌਡੀਆਂ ਦੇ ਭਾਅ ਵੇਚਣ ਲਈ ਉਤਾਵਲੀ ਹੋ ਰਹੀ ਹੈ, ਜਿਸ ਖਿਲਾਫ ਲੋਕਾਂ ਨੂੰ ਵੱਡੇ ਅੰਦੋਲਨ ਲਈ ਤਿਆਰ ਰਹਿਣ ਦਾ ਸੱਦਾ ਵੀ ਦਿੱਤਾ।

ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ, ਕਿਸਾਨ ਆਗੂ ਮਲਕੀਤ ਸਿੰਘ ਮੰਦਰਾਂ ਨੇ ਸੂਬਾ ਸਰਕਾਰ 'ਤੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਭਗਤ ਸਿੰਘ ਤੇ ਡਾ. ਅੰਬੇਡਕਰ ਦੀ ਸੋਚ ਦੇ ਐਨ ਉਲਟ ਪ੍ਰੋਗਰਾਮਾਂ ਨੂੰ ਲਾਗੂ ਕੀਤਾ ਜਾ ਰਿਹਾ ਹੈ। ਉਹਨਾ ਔਰਤਾਂ ਲਈ ਇੱਕ ਹਜ਼ਾਰ ਰੁਪਏ ਭੱਤਾ ਜਾਰੀ ਕਰਨ ਸਮੇਤ ਚੋਣ ਵਾਅਦਿਆਂ ਨੂੰ ਪੂਰਾ ਕਰਨ ਦੀ ਮੰਗ ਬਰਸੀ ਸਮੇਂ ਬੋਲਦਿਆਂ ਕੀਤੀ।

ਕਾਨਫਰੰਸ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਰੂਪ ਸਿੰਘ ਢਿੱਲੋਂ ਅਤੇ ਏਟਕ ਆਗੂ ਕਰਨੈਲ ਭੀਖੀ ਦੀ ਅਗਵਾਈ ਤੇ ਗੁਰਦਿਆਲ ਸਿੰਘ, ਸੀਤਾਰਾਮ ਗੋਬਿੰਦਪੁਰਾ, ਦਲਜੀਤ ਮਾਨਸ਼ਾਹੀਆ, ਕਰਨੈਲ ਸਿੰਘ ਭੀਖੀ, ਗੁਰਪਿਆਰ ਫੱਤਾ, ਮਨਜੀਤ ਗਾਮੀਵਾਲਾ ਅਤੇ ਸੱਤਪਾਲ ਕੌਰ ਖੀਵਾ ਦੇ ਪ੍ਰਧਾਨਗੀ ਮੰਡਲ ਹੇਠ ਸਫਲਤਾਪੂਰਵਕ ਨੇਪਰੇ ਚੜ੍ਹੀ। ਇਸ ਮੌਕੇ ਨਾਟਕ ਟੀਮ ਵੱਲੋਂ ਲੋਕ-ਪੱਖੀ ਨਾਟਕ ਖੇਡੇ ਗਏ ਅਤੇ ਲੋਕ ਗਾਇਕਾਂ ਵੱਲੋਂ ਗੀਤ ਵੀ ਪੇਸ਼ ਕੀਤੇ ਗਏ। ਕਾਨਫਰੰਸ ਦੌਰਾਨ ਕਾਮਰੇਡ ਫੱਕਰ ਦੇ ਪਰਵਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਨ ਤੋਂ ਇਲਾਵਾ ਪੜ੍ਹਾਈ ਤੇ ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਸਨਮਾਨਾਂ ਨਾਲ ਨਿਵਾਜਿਆ ਗਿਆ। ਹੋਰਨਾਂ ਤੋਂ ਇਲਾਵਾ ਵੇਦ ਪ੍ਰਕਾਸ਼ ਬੁਢਲਾਡਾ, ਕੇਵਲ ਸਮਾਓ, ਜਗਰਾਜ ਹਰੀਕੇ, ਗੁਰਨਾਮ ਭੀਖੀ, ਅਮਰੀਕ ਫਫੜੇ, ਨਰੇਸ਼ ਬੁਰਜ ਹਰੀ, ਸੁਖਰਾਜ ਜੋਗਾ, ਸੁਖਦੇਵ ਮਾਨਸਾ, ਗੁਰਦੇਵ ਦਲੇਲ ਸਿੰਘ ਵਾਲਾ, ਰਤਨ ਭੋਲਾ, ਹਰਪਾਲ ਬੱਪੀਆਣਾ, ਕਪੂਰ ਸਿੰਘ ਕੋਟ ਲੱਲੂ, ਭੋਲਾ ਸਿੰਘ ਸਮਾਓ, ਰਜਿੰਦਰ ਹੀਰੇਵਾਲਾ, ਪੱਪੀ ਮੂਲਾ ਸਿੰਘ ਵਾਲਾ, ਹਰਮੀਤ ਬੋੜਾਵਾਲ, ਮਨਜੀਤ ਮੀਹਾਂ, ਭੁਪਿੰਦਰ ਗੁਰਨੇ, ਮੇਜਰ ਸਿੰਘ ਦਲੇਲ ਸਿੰਘ ਵਾਲਾ ਆਦਿ ਆਗੂਆਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ। ਸਟੇਜ ਸਕੱਤਰ ਦੀ ਭੂਮਿਕਾ ਐਡਵੋਕੇਟ ਕੁਲਵਿੰਦਰ ਉੱਡਤ ਵੱਲੋਂ ਨਿਭਾਈ ਗਈ।

## ਗਰੇਵਾਲ ਵੱਲੋਂ ਵਾਰਡ ਨੰਬਰ 6 ਦੇ ਸਰਕਾਰੀ ਸਕੂਲ ਤੇ ਕੰਮਾਂ ਦਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਪੂਰਵੀ ਦੇ ਵਾਰਡ ਨੰਬਰ 6 ਚ ਗਹਿਲੇਵਾਲ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਕੰਮਾਂ ਦਾ ਉਦਘਾਟਨ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਕੀਤਾ ਗਿਆ। ਇਸ ਮੌਕੇ ਤੇ ਹੋਰ ਜਾਣਕਾਰੀ ਦਿੰਦੇ ਹੋਏ ਵਿਧਾਇਕ ਗਰੇਵਾਲ ਨੇ ਦੱਸਿਆ ਕਿ ਹਲਕਾ ਪੂਰਵੀ ਦੇ ਅੰਦਰ ਆਉਂਦੇ ਸਾਰੇ ਹੀ ਸਰਕਾਰੀ ਸਕੂਲਾਂ ਨੂੰ ਨਵੀਂ ਦਿੱਖ ਦੇਣ ਲਈ ਸਕੂਲਾਂ ਅੰਦਰ ਕਮਰੇ , ਚਾਰ ਦੀਵਾਰੀਆਂ ਦੇ ਕੰਮ, ਨਵੇਂ ਵਾਸਰੂਮ ਤੇ ਹੋਰ ਜਰੂਰੀ ਕੰਮ ਕਰਵਾਏ ਜਾ ਰਹੇ ਹਨ, ਇਸੇ ਹੀ ਲੜੀ ਤਹਿਤ ਅੱਜ ਗਹਿਲੇਵਾਲ ਦੇ ਇਸ ਸਰਕਾਰੀ ਸਕੂਲ ਦੇ ਹੋਣ ਜਾ ਰਹੇ ਨਵੇਂ ਕੰਮਾਂ ਦਾ ਉਦਘਾਟਨ ਕੀਤਾ ਗਿਆ ਹੈ, ਜਿਸ ਤੇ ਕਰੀਬ 20 ਲੱਖ ਰੁਪਏ ਦੀ ਲਾਗਤ ਆਵੇਗੀ । ਉਹਨਾਂ ਕਿਹਾ ਕਿ ਇਸ ਸਰਕਾਰੀ ਸਕੂਲ ਅੰਦਰ ਵਾਸਰੂਮਾ ਦੇ ਨਾਲ - ਨਾਲ ਸਕੂਲ ਦੀ ਚਾਰ ਦਿਵਾਰੀ ਤੇ ਕਮਰਿਆਂ ਦੇ ਬਣਾਉਣ ਦੇ ਕੰਮਾਂ ਦੀ ਅੱਜ ਸੁਰੂਆਤ ਕੀਤੀ ਗਈ ਹੈ , ਜਿਸ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ। ਵਿਧਾਇਕ ਗਰੇਵਾਲ ਨੇ ਸੂਬੇ ਤੇ ਰਾਜ ਕਰ ਚੁੱਕੀਆਂ ਸਾਬਕਾ ਸਰਕਾਰਾਂ ਤੇ ਵਰਦਿਆਂ ਕਿਹਾ ਕਿ ਬੜੇ ਹੀ ਸਰਮ ਵਾਲੀ ਗੱਲ ਹੈ ਕੀ ਐਨਾਂ ਲੰਮਾ ਸਮਾਂ ਸੂਬੇ ਤੇ ਰਾਜ ਕਰਨ ਵਾਲੀਆਂ ਸਰਕਾਰਾਂ ਨੇ ਸਰਕਾਰੀ ਸਕੂਲਾਂ ਅੰਦਰ ਨਾ ਤਾਂ ਵਾਸਰੂਮ ਬਣਵਾਏ ਤੇ ਨਾ ਹੀ ਸਕੂਲਾਂ ਦੀ ਚਾਰ ਦਵਾਰੀ ਕਰਵਾਈ ਸਿਰਫ ਸੂਬੇ ਦੇ ਲੋਕਾਂ ਨੂੰ ਗੁਮਰਾਹ ਕੀਤਾ । ਉਹਨਾਂ ਕਿਹਾ ਕਿ 74 ਸਾਲ ਦੇ ਵਿਗੜੇ ਹੋਏ ਸਿਸਟਮ ਨੂੰ ਠੀਕ ਕਰਨ ਦੀ ਕੋਸ਼ਸ਼ਿ ਵਿੱਚ ਲੱਗੇ ਹਾਂ, ਪਰ ਅਸੀਂ ਇਸ ਕੋਸ਼ਸ਼ਿ ਵਿੱਚ ਤਾਂ ਹੀ ਕਾਮਯਾਬ ਹੋਵਾਂਗੇ ਜੇ ਤੁਹਾਡਾ ਸਭ ਦਾ ਭਰੋਸਾ ਤੇ ਸਾਥ ਸਾਨੂੰ ਮਿਲੇਗਾ । ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬਾ ਵਾਸੀਆਂ ਨੂੰ ਦਵਾਈ ਪੜ੍ਹਾਈ ਦੇ ਨਾਲ ਨਾਲ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ ਤੇ ਸਕੂਲ ਸਟਾਫ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਵੀ ਹਾਜਰ ਸਨ।

## ਭਾਕਿਯੂ ਕਾਦੀਆਂ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਇਥੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਜਥੇਬੰਦੀ ਦੇ ਬਲਾਕ ਸਕੱਤਰ ਜਨਰਲ ਨੰਬਰਦਾਰ ਪਰਮਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਹੋਈ।ਇਸ ਮੌਕੇ ਬੋਲਦਿਆਂ ਵੱਖ-ਵੱਖ ਆਗੂਆਂ ਨੇ ਜਥੇਬੰਦੀ ਦੇ ਸੂਬਾਈ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੂੰ ਲਗਾਤਾਰ ਤੀਜੀ ਵਾਰ ਸਰਬ ਸੰਮਤੀ ਨਾਲ ਸੂਬਾ ਪ੍ਰਧਾਨ ਚੁਣੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਜਥੇਬੰਦੀ ਹੋਰ ਵਧੇਰੇ ਮਜ਼ਬੂਤ ਹੋਵੇਗੀ ਤੇ ਕਿਸਾਨੀ ਘੋਲਾਂ 'ਚ ਫਤਹਿ ਹਾਸਲ ਕਰਕੇ ਜਥੇਬੰਦੀ ਦੇ ਹਰ ਇੱਕ ਆਗੂ, ਵਰਕਰ ਨੂੰ ਬਣਦਾ ਮਾਣ ਸਤਿਕਾਰ ਦੇਵੇਗੀ।ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਉਦੇ ਸਿੰਘ ਨੇ ਸਮੂਹ ਸੰਗਤਾਂ ਨੂੰ ਸ਼ਹੀਦੀ ਦਿਹਾੜਿਆਂ ਨੂੰ ਮੁੱਖ ਰੱਖਦਿਆਂ ਸਾਦੇ ਲੰਗਰ ਲਗਾਉਣ ਤੇ ਵਾਹਨਾਂ ਉਪਰ ਉੱਚੀ ਆਵਾਜ਼ 'ਚ ਡੈੱਕ ਨਾ ਲਗਉਣ ਦੀ ਅਪੀਲ ਕੀਤੀ।ਇਸ ਮੌਕੇ ਆਗੂ ਸਰਬਜੀਤ ਸਿੰਘ ਸਹੌਰ, ਜਸਵਿੰਦਰ ਸਿੰਘ ਛੀਨੀਵਾਲ, ਗੁਰਦੇਵ ਸਿੰਘ, ਗੁਰਬਚਨ ਸਿੰਘ, ਜਰਨੈਲ ਸਿੰਘ, ਅਵਤਾਰ ਸਿੰਘ, ਬਲਜੀਤ ਸਿੰਘ ਦਲਜੀਤ ਸਿੰਘ, ਗੁਰਪ੍ਰੀਤ ਸਿੰਘ, ਪਰਮਿੰਦਰ ਸਿੰਘ, ਸਰਬਜੀਤ ਸਿੰਘ ਗੰਗੋਹਰ ਆਦਿ ਤੋਂ ਇਲਾਵਾ ਬਲਾਕ ਦੇ ਸਮੂਹ ਆਗੂ, ਵਰਕਰ ਹਾਜ਼ਰ ਸਨ।

**AXIS BANK LTD.**

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫ਼ਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫ਼ਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅੱਸਿਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| 1. ਮੈਸ. ਤੇਜਬੀਰ ਟਰੇਡਿੰਗ ਕੰਪਨੀ (ਰਾਹੀਂ ਇਸ ਦੇ ਮਾਲਕ), ਦੁਕਾਨ ਨੰ. 06, ਨਵੀਂ ਦਾਣਾ ਮੰਡੀ, ਬਟਾਲਾ, ਗੁਰਦਾਸਪੁਰ-143505 2. ਸ੍ਰੀ ਜਸਵੰਤ ਸਿੰਘ ਪੁੱਤਰ ਸੇਵਾ ਸਿੰਘ (ਮਾਲਕ) ਪਿੰਡ ਕੋਟਲੀ ਸੂਰਤ ਮੱਲ੍ਹੀ, ਡੇਰਾ ਬਾਬਾ ਨਾਨਕ, ਗੁਰਦਾਸਪੁਰ (ਪੀ ਬੀ)-143605 | ਜਸਵੰਤ ਸਿੰਘ ਪੁੱਤਰ ਸੇਵਾ ਸਿੰਘ ਪਿੰਡ ਕੋਟਲੀ ਸੂਰਤ ਮੱਲ੍ਹੀ, ਜ਼ਿਲ੍ਹਾ ਗੁਰਦਾਸਪੁਰ ਦੇ ਨਾਂਅ ਜਾਇਦਾਦ/ਦੁਕਾਨ ਪਲਾਟ ਨੰ. 06, ਕੁੱਲ ਖੇਤਰ ਰਕਬਾ 06 ਮਰਲੇ ਅਤੇ 14.5 ਪੁਆਇੰਟ ਜਿਸ ਦੀਆਂ ਦਿਸ਼ਾਵਾਂ 20'-6"× 80", ਨਵੀਂ ਦਾਣਾ ਮੰਡੀ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁੱਝ। ਦਸਤਾਵੇਜ਼ ਨੰ. 2018-19/146/1/1277 ਮਿਤੀ 18.10.2018, ਹੱਦਾਂ : (ਸਾਈਟ ਅਨੁਸਾਰ) ਪੂਰਬ : ਦੁਕਾਨ ਨੰ. 5, ਪੱਛਮ : ਗਲੀ 20 ਫੁੱਟ, ਉੱਤਰ : ਮੰਡੀ 80, ਦੱਖਣ : ਸੜਕ 20 ਫੁੱਟ। | 27 ਸਤੰਬਰ 23 | 18 ਦਸੰਬਰ 23 | ਰੁਪਏ 58,04,231/- (ਅਠਵੰਜਾ ਲੱਖ ਚਾਰ ਹਜ਼ਾਰ ਦੋ ਸੌ ਇਕੱਤੀ ਰੁਪਏ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 22-12-2023, ਸਥਾਨ : ਅੰਮ੍ਰਿਤਸਰ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

22-Dec-PAGE-3.qxd 12/21/2023 10:55 PM Page 1



# ਪੰਡੋਰੀ ਰਣ ਸਿੰਘ ਦੇ ਵਿਕਾਸ ’ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਸੋਹਲ

**ਝਬਾਲ (ਮੱਖਣ ਮਨੋਜ)**

ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਪਿੰਡ ਪੰਡੋਰੀ ਰਣ ਸਿੰਘ ਵਿਖੇ ਆਪ ਆਗੂ ਡਾਕਟਰ ਕੁਲਦੀਪ ਸਿੰਘ ਰੰਧਾਵਾ, ਆਲਮਬੀਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਇਸਤਰੀ ਵਿੰਗ ਪਰਮਜੀਤ ਕੌਰ ਦੀ ਅਗਵਾਈ ਹੇਠ ਪਿੰਡ ਦੇ ਮੋਹਤਬਰ ਵਿਅਕਤੀਆਂ ਤੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਹਲਕਾ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਜਲਦ ਹੱਲ ਕਰਵਾਉਣ ਦਾ ਭਰੋਸਾ ਵੀ ਦਿਵਾਇਆ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਿੱਸਾ ਲਿਆ।



ਪਿੰਡ ਵਾਸੀਆਂ ਦੀਆਂ ਮੁੱਖ ਮੁਸ਼ਕਲਾਂ ਵਿੱਚੋਂ ਖੇਡ ਮੈਦਾਨ ਨੂੰ ਸੁੰਦਰ ਬਣਾਉਣਾ, ਪਾਣੀ ਦੀ ਨਿਕਾਸੀ, ਕੱਚੀਆਂ ਗਲੀਆਂ ਨਾਲੀਆਂ, ਛੱਪੜ ਦੀ ਸਫਾਈ ਆਦਿ ਸ਼ਾਮਿਲ ਹਨ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਜੋ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਸੀ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਨੌਜਵਾਨਾਂ ਅੰਦਰ ਵਿਦੇਸ਼ ਜਾਣ ਦਾ ਕਰੇਜ ਘਟਦਾ ਜਾ ਰਿਹਾ ਹੈ ਤੇ ਲੋਕ ਪੰਜਾਬ ਵਿੱਚ ਰਹਿਣਾ ਹੀ ਪਸੰਦ ਕਰ ਰਹੇ ਹਨ। ਵਿਧਾਇਕ ਨੇ ਕਿਹਾ ਕਿ ਪੰਡੋਰੀ ਰਣ ਸਿੰਘ ਨੂੰ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਹਲਕੇ ਦੇ ਪਿੰਡਾਂ ਵਿੱਚ ਵਿਕਾਸ ਦੀ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਹਲਕੇ ਵਿੱਚ ਸਿਹਤ ਤੇ ਸਿੱਖਿਆ ਦੀ ਮਿਆਰ ਨੂੰ ਉੱਚਾ ਚੁੱਕਣ ਵਿੱਚ ਯਤਨ ਕੀਤੇ ਜਾ ਰਹੇ ਹਨ। ਪਿੰਡਾਂ ਵਿੱਚ ਆਮ ਆਦਮੀ ਕਲੀਨਿਕ, ਲਾਇਬ੍ਰੇਰੀਆਂ ਅਤੇ ਸਕੂਲ ਆਫ ਐਮੀਨੈਂਸ ਖੋਲ੍ਹੇ ਜਾ ਰਹੇ ਹਨ। ਪਿੰਡ ਵਾਸੀ ਆਲਮਵੀਰ ਸਿੰਘ ਰੰਧਾਵਾ, ਡਾਕਟਰ ਕੁਲਦੀਪ ਸਿੰਘ ਰੰਧਾਵਾ, ਪਰਮਜੀਤ ਕੌਰ, ਹਰਜੀਤ ਸਿੰਘ, ਗੁਰਮੁਖ ਸਿੰਘ, ਰਾਜਵਿੰਦਰ ਕੌਰ ਅਤੇ ਦਵਿੰਦਰ ਸਿੰਘ ਆਦਿ ਨੇ ਵਿਧਾਇਕ ਸੋਹਲ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਵੀ ਕੀਤਾ।

# ਸਰਕਾਰੀ ਕਰਮਚਾਰੀਆਂ ਦਾ ਸਿਰਫ ਚਾਰ ਫੀਸਦੀ ਡੀ ਏ ਵਧਾਉਣ ਦੀ ਅਕਾਲੀ ਦਲ ਵੱਲੋਂ ਨਿਖੇਧੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਸਿਰਫ 4% ਡੀ ਏ ਵਧਾਉਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਸੋਹਾਣਾ ਨੇ ਕਿਹਾ ਕਿ ਇਹ ਡੀ ਏ 1/7/2022 ਤੋਂ ਡਿਊ ਸੀ ਪਰ ਇਸ ਨੂੰ 1/12/2023 ਤੋਂ ਲਾਗੂ ਕੀਤਾ ਗਿਆ ਹੈ ਜੋ ਕਿ ਕਰਮਚਾਰੀਆਂ ਨਾਲ ਸਰਾਸਰ ਧੱਕਾ ਹੈ। ਉਨ੍ਹਾਂ ਕਿਹਾ ਕਿ ਕਈ ਸੂਬਾ ਸਰਕਾਰਾਂ ਵੱਲੋਂ, (ਜਿਨ੍ਹਾਂ ਵਿੱਚ ਕੇਂਦਰ ਸਰਕਾਰ ਅਤੇ ਚੰਡੀਗੜ੍ਹ ਯੂਟੀ ਤੋਂ ਇਲਾਵਾ ਹਰਿਆਣਾ ਅਤੇ ਹਿਮਾਚਲ ਅਤੇ ਹੋਰ ਸੂਬਾ ਸਰਕਾਰਾਂ ਵੀ ਸ਼ਾਮਲ ਹਨ), ਕਰਮਚਾਰੀਆਂ ਨੂੰ 46 ਫੀਸਦੀ ਡੀ ਏ ਦਿੱਤਾ ਜਾ ਰਿਹਾ ਹੈ ਜਦੋਂ ਕਿ ਪੰਜਾਬ ਵੱਲੋਂ ਚਾਰ ਫੀਸਦੀ ਡੀ ਏ ਦੇ ਵਾਧੇ ਤੋਂ ਬਾਵਜੂਦ ਪੰਜਾਬ ਦੇ ਕਰਮਚਾਰੀਆਂ ਨੂੰ 38 ਫੀਸਦੀ ਡੀ ਏ ਹੀ ਮਿਲ ਰਿਹਾ ਹੈ ਜੋ ਕਿ ਇਨ੍ਹਾਂ ਸੂਬਿਆਂ ਨਾਲੋਂ ਕਿਤੇ ਘੱਟ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਸਰਕਾਰੀ ਕਰਮਚਾਰੀਆਂ ਤੋਂ 200 ਟੈਕਸ ਦੇ ਕੱਟ ਰਹੀ ਹੈ ਜੋ ਕਿ ਗੈਰ ਕਾਨੂੰਨੀ ਹੈ। ਮੁੱਖ ਸੇਵਾਦਾਰ ਸੋਹਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਫਜ਼ੂਲ ਦੀ ਇਸ਼ਤਿਹਾਰਬਾਜ਼ੀ ਉੱਤੇ ਕਰੋੜਾਂ ਰੁਪਏ ਖਰਚ ਕਰ ਰਹੀ ਹੈ ਅਤੇ ਸਾਰੀਆਂ ਸੜਕਾਂ ਪੰਜਾਬ ਦੇ ਇਸ਼ਤਿਹਾਰੀ ਬੋਰਡਾਂ ਨਾਲ ਭਰੀਆਂ ਪਈਆਂ ਹਨ। ਉਨ੍ਹਾਂ ਕਿਹਾ ਕਿ ਇਸ ਫਜ਼ੂਲ ਖਰਚੀ ਨੂੰ ਬੰਦ ਕੀਤਾ ਜਾਵੇ ਅਤੇ ਇਹ ਪੈਸਾ ਕਰਮਚਾਰੀਆਂ ਅਤੇ ਪੰਜਾਬ ਦੇ ਲੋਕਾਂ ਦੀ ਖੁਸ਼ਹਾਲੀ ਵਾਸਤੇ ਵਰਤਿਆ ਜਾਵੇ। ਸੋਹਾਣਾ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਨੇ ਹਮੇਸ਼ਾ ਕਰਮਚਾਰੀਆਂ ਦੇ ਹਿੱਤਾਂ ਲਈ ਕੰਮ ਕੀਤਾ ਅਤੇ ਅੱਜ ਵੀ ਕਰਮਚਾਰੀ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀਆਂ ਕਰਮਚਾਰੀਆਂ ਪ੍ਰਤੀ ਨੇਕ ਨੀਤੀਆਂ ਨੂੰ ਯਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਿਹਨਤਕਸ਼ ਲੋਕ ਆਮ ਆਦਮੀ ਪਾਰਟੀ ਦੀ ਇਸ ਫਜ਼ੂਲ ਖਰਚੀ ਦਾ ਬਦਲਾ ਲੋਕ ਸਭਾ ਚੋਣਾਂ ਵਿੱਚ ਲੈਣਗੇ।

# ਖੇਤੀਬਾੜੀ ਮੰਤਰੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਹੋਏ ਨਤਮਸਤਕ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**

ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਮੰਤਰੀ ਪੰਜਾਬ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਨਤਮਸਤਕ ਹੋਏ ਜਿੱਥੇ ਉਨ੍ਹਾਂ ਨੇ ਕੀਰਤਨ ਸਰਵਣ ਕੀਤਾ। ਉਨ੍ਹਾਂ ਨੇ ਗੁਰਦੁਆਰਾ ਭੌਰਾ ਸਾਹਿਬ, ਗੁਰੂ ਕੇ ਮਹਿਲ, ਗੁਰਦੁਆਰਾ ਸੀਸ ਗੰਜ ਸਾਹਿਬ, ਕਿਲ੍ਹਾ ਅਨੰਦਗੜ੍ਹ ਸਾਹਿਬ ਵੀ ਮੱਥਾ ਟੇਕਿਆ। ਇਸ ਮੌਕੇ ਗੱਲਬਾਤ ਕਰਦੇ ਹੋਏ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਵਰਸੋਈ ਨਗਰੀ ਵਿਚਲੇ ਗੁਰਧਾਮਾਂ ਵਿੱਚ ਨਤਮਸਤਕ ਹੋਣ ਆਏ ਹਾਂ। ਇਹ ਦਿਨ ਸਾਡੇ ਲਈ ਮਾਣ ਵਾਲੇ ਵੀ ਹਨ ਤੇ ਵੈਰਾਗਮਈ ਵੀ ਹਨ ਕਿਉਂਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਪੰਦਰਵਾੜੇ ਦੌਰਾਨ ਆਪਣਾ ਸਰਬੰਸ ਵਾਰ ਦਿੱਤਾ ਸੀ। ਅੱਜ ਜੋ ਆਜ਼ਾਦੀ ਦੀ ਇਹ ਫਿਜ਼ਾ ਵਿੱਚ ਅਸੀਂ ਅਨੰਦ ਮਾਣ ਰਹੇ ਹਾਂ ਇਹ ਸਾਡੇ ਗੁਰੂ ਸਾਹਿਬਾਨ ਨੇ ਦਿੱਤੀ ਹੈ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਇਨ੍ਹਾਂ ਦਿਨਾਂ ਦੌਰਾਨ ਕੋਈ ਜਸ਼ਨ ਨਹੀਂ ਮਨਾਏ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਧਾਰਮਿਕ ਤੇ ਇਤਿਹਾਸਿਕ ਨਗਰਾਂ ਦਾ ਸਰਬ ਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕੈਬਨਿਟ ਮੰਤਰੀ ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲਾ ਅਨੰਦਗੜ੍ਹ ਸਾਹਿਬ, ਗੁਰਦੁਆਰਾ ਭੌਰਾ ਸਾਹਿਬ ਗੁਰੂ ਕੇ ਮਹਿਲ ਅਤੇ ਗੁਰਦੁਆਰਾ ਸੀਸ ਗੰਜ ਸਾਹਿਬ ਨਤਮਸਤਕ ਹੋਏ। ਇਸ ਮੌਕੇ ਹਰਤੇਗਵੀਰ ਸਿੰਘ ਤੇਗੀ, ਸ਼ਮਸ਼ੇਰ ਸਿੰਘ ਆਦਿ ਵੱਲੋਂ ਕੈਬਨਿਟ ਮੰਤਰੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਐੱਸ.ਡੀ.ਐਮ ਮਨਦੀਪ ਸਿੰਘ ਢਿੱਲੋਂ, ਡੀ.ਐਸ.ਪੀ ਅਜੇ ਸਿੰਘ, ਐਸ.ਐਚ.ਓ ਹਰਕੀਰਤ ਸਿੰਘ ਵੀ ਮੌਜੂਦ ਸਨ।



# ਦਹੇਜ ਸਾਡੇ ਸਮਾਜ ’ਤੇ ਇਕ ਵੱਡਾ ਕਲੰਕ : ਡਾ. ਸੰਧੂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਕਾਫੀ ਸਮੇਂ ਤੋਂ ਦੇਖਿਆ ਜਾ ਰਿਹਾ ਹੈ ਕਿ ਕਈ ਅਜਿਹੇ ਪਰਵਾਰਾਂ ਵਿਚ ਦਹੇਜ ਪ੍ਰਥਾ, ਜਿਸ ਨੂੰ ਦਾਜ ਦੀ ਮੰਗ ਵੀ ਕਿਹਾ ਜਾਵੇ ਤਾਂ ਕੋਈ ਸੰਕੋਚ ਨਹੀਂ ਹੈ, ਜਿਸ ਕਾਰਨ ਅਣਗਿਣਤ ਵਿਆਹੀਆਂ ਲੜਕੀਆਂ ਮੌਤ ਦਾ ਸ਼ਿਕਾਰ ਹੋ ਚੁੱਕੀਆਂ ਹਨ, ਅੱਜ ਲੋੜ ਹੈ ਹਰ ਘਰ ਵਿੱਚ ਆਉਣ ਵਾਲੀ ਨੂੰਹ ਨੂੰ ਧੀ ਦਾ ਸਤਿਕਾਰ ਦਿੰਦੇ ਹੋਏ ਉਸ ਨੂੰ ਧੀ ਵਰਗਾ ਪਿਆਰ ਮਿਲੇ, ਜਿਸ ਪਿਆਰ ਦੀ ਆਸ ਨਾਲ ਉਹ ਆਪਣੇ ਮਾਪਿਆਂ ਦਾ ਘਰ ਛੱਡ ਕੇ ਸਹੁਰੇ ਘਰ ਆਉਂਦੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਸਿੱਧ ਸਮਾਜ ਸੇਵੀ ਲਾਇਨ ਡਾ. ਤੇਜਪਾਲ ਸਿੰਘ ਸੰਧੂ ਨੇ ਅੱਡਾ ਡੱਡੂਆਣਾ ਸੰਧੂ ਹਸਪਤਾਲ ਵਿਖੇ ਪੱਤਰਕਾਰਾਂ ਨੂੰ ਦੱਸਿਆ ਕਿ ਸਮਾਜ ਵਿੱਚ ਦਾਜ ਪ੍ਰਥਾ ਦੀ ਵਧ ਰਹੀ ਸਮੱਸਿਆ ਅਤੇ ਦਾਜ ਦੀ ਮੰਗ ਲਈ ਬਲੀ ਚੜ੍ਹਦੀ ਲੜਕੀ ਇੱਕ ਅਜਿਹਾ ਅਪਰਾਧ ਬਣ ਚੁੱਕਾ ਹੈ ਜਿਸ ਅਪਰਾਧ ਨੂੰ ਖਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਸਹਿਯੋਗ ਦੇਣਾ ਹੋਵੇਗਾ ਤਾਂ ਜੋ ਸਮਾਜ ਵਿੱਚੋਂ ਇਸ ਬੁਰਾਈ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ ਅਤੇ ਦਾਜ ਨਾਂ ਦੇ ਸ਼ਬਦ ਨੂੰ ਵੀ ਖਤਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਦਹੇਜ ਸਾਡੇ ਸਮਾਜ ’ਤੇ ਇਕ ਵੱਡਾ ਕਲੰਕ ਹੈ ਤੇ ਇਸ ਕਲੰਕ ਨੂੰ ਖਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਡਾਕਟਰ ਦਲੇਰ ਸਿੰਘ ਵਡਾਲਾ ਜੌਹਲ, ਪੀ ਆਰ ਓ ਅਵਤਾਰ ਸਿੰਘ, ਨਾਨਕ ਸਿੰਘ ਨਵਾਂ ਪਿੰਡ, ਐਮ ਡੀ ਜਗਦੀਸ਼ ਸਿੰਘ, ਇੰਜੀ. ਬਲਜੀਤ ਸਿੰਘ ਜੰਮੂ, ਅਮਰਬੀਰ ਸਿੰਘ ਸ਼ੇਰਾ, ਸਰਪੰਚ ਸਰਪ੍ਰੀਤ ਸਿੰਘ ਸਰਕਾਰੀਆ ਆਦਿ ਹਾਜ਼ਰ ਸਨ।



# ਨਾਮਧਾਰੀ ਮੁਖੀ ਨੇ ਕ੍ਰਿਸਮਿਸ ਮਨਾਉਣ ਦੀ ਬਜਾਏ ਸ਼ਹੀਦੀ ਦਿਵਸ ਮਨਾਉਣ ਦਾ ਦਿੱਤਾ ਸੁਨੇਹਾ

**ਜਲੰਧਰ (ਨ ਜ਼ ਸ)**

ਨਾਮਧਾਰੀ ਮੁਖੀ ਠਾਕੁਰ ਦਲੀਪ ਸਿੰਘ ਨੇ ਕਿਹਾ ਕਿ ਕ੍ਰਿਸਮਿਸ ਦੌਰਾਨ ਸਾਰੇ ਹਿੰਦੂ ਸਿੱਖਾਂ ਨੂੰ ਸੋਗ ਮਨਾਉਣਾ ਚਾਹੀਦਾ ਹੈ ਕਿਉਂਕਿ ਕ੍ਰਿਸਮਿਸ ਦਾ ਤਿਉਹਾਰ ਸਾਡੇ ਭਾਰਤੀਆਂ ਲਈ ਨਹੀਂ ਹੈ। ਕ੍ਰਿਸਮਸ ਵਾਲੇ ਦਿਨ ਧਰਮ ਦੀ ਰਾਖੀ ਕਰਦੇ ਹੋਏ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਕੁਰਬਾਨ ਕੀਤਾ ਗਿਆ ਅਤੇ ਹਜ਼ਾਰਾਂ ਸਿੱਖ ਸ਼ਹੀਦ ਹੋਏ ਸਨ। ਇਸ ਕੁਰਬਾਨੀ ਨੂੰ ਯਾਦ ਕਰਦੇ ਹੋਏ ਸਾਨੂੰ ਆਪਣੇ ਬੱਚਿਆਂ ਅਤੇ ਆਪਣੇ ਪਰਵਾਰਾਂ ਵਿੱਚ ਅਜਿਹਾ ਤੱਤ ਪੈਦਾ ਕਰਨਾ ਚਾਹੀਦਾ ਹੈ ਕਿ ਅਸੀਂ ਧਰਮ ਅਤੇ ਕੌਮ ਦੀ ਰੱਖਿਆ ਕਰ ਸਕੀਏ। ਜੇ ਲੋੜ ਪਈ ਤਾਂ ਅਸੀਂ ਆਪਣੇ ਧਰਮ ਦੀ ਰਾਖੀ ਲਈ ਆਪਣੀਆਂ ਜਾਨਾਂ ਵੀ ਕੁਰਬਾਨ ਕਰ ਸਕਦੇ ਹਾਂ। ਗੁਲਾਮੀ ਕਰਕੇ, ਵਿਦੇਸ਼ੀ ਅਮੀਰਾਂ ਦੀ ਸਭਿਅਤਾ ਦੀ ਨਕਲ ਕਰਕੇ ਭਾਰਤੀ ਵੀ ਕ੍ਰਿਸਮਿਸ ਦਾ ਤਿਉਹਾਰ ਮਨਾਉਣ ਲੱਗ ਪਏ ਹਨ। ਉਨ੍ਹਾਂ ਕਿਹਾ ਕਿ ਅਸੀਂ ਭਾਰਤੀ, ਖਾਸ ਕਰਕੇ ਸਿੱਖ ਇਹ ਭੁੱਲ ਗਏ ਹਨ ਕਿ ਕ੍ਰਿਸਮਿਸ ਉਸੇ ਈਸਾਈ ਅੰਗਰੇਜ਼ਾਂ ਦਾ ਤਿਉਹਾਰ ਹੈ ਜਿਨ੍ਹਾਂ ਨੇ ਸਾਡੇ ਦੇਸ਼ ਨੂੰ ਗੁਲਾਮ ਬਣਾ ਕੇ ਮਹਾਰਾਜਾ ਰਣਜੀਤ ਸਿੰਘ ਦੇ ਪੁੱਤਰ ਮਹਾਰਾਜਾ ਦਲੀਪ ਸਿੰਘ ਨੂੰ ਇੰਗਲੈਂਡ ਲੈ ਕੇ ਗਏ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਨਿਲਾਮ ਕਰਨ ਦੀ ਕੋਸ਼ਿਸ਼ ਕਰਕੇ ਚਰਚ ਬਣਾਉਣੀ ਚਾਹੀ ਸੀ। 1873 ਵਿੱਚ ‘ਸਿੰਘ ਸਭਾ’ ਲਹਿਰ ਰਾਹੀਂ ਸਿੱਖ ਦੇਸ਼ ਭਗਤਾਂ ਤੋਂ ਅੰਗਰੇਜ਼ਾਂ ਦੇ ਸ਼ਰਧਾਲੂਆਂ ਵਿੱਚ ਬਦਲੇ। ਉਨ੍ਹਾਂ ਨੂੰ ਅੰਗਰੇਜ਼ਾਂ ਦਾ ਚੇਲਾ ਬਣਾ ਕੇ ਸਿੱਖਾਂ ਨੂੰ ਅੰਗਰੇਜ਼ਾਂ ਦੀ ਫੌਜ ਵਿੱਚ ਭਰਤੀ ਕਰਕੇ, ਉਨ੍ਹਾਂ ਨੂੰ ਦੋਵੇਂ ਵੱਡੀਆਂ ਸੰਸਾਰ ਜੰਗਾਂ ਵਿੱਚ ਇੰਗਲੈਂਡ ਦੀ ਤਰਫੋਂ ਲੜਨ ਲਈ ਬਣਾਇਆ। ਜਿਸ ਵਿੱਚ ਇੱਕ ਲੱਖ ਕੇਸਧਾਰੀ ਸਿੱਖ ਮਾਰੇ ਗਏ ਅਤੇ ਇੱਕ ਲੱਖ ਕੇਸਧਾਰੀ ਸਿੱਖ ਅਪੰਗ ਹੋ ਗਏ। ਹਜ਼ਾਰਾਂ ਦੇਸ਼ ਭਗਤ ਨਿਹੰਗ ਸਿੰਘਾਂ ਅਤੇ ਨਾਮਧਾਰੀ ਸਿੰਘਾਂ ਦਾ ਕਤਲੇਆਮ ਕੀਤਾ ਗਿਆ। ਜਲ੍ਹਿਆਂਵਾਲਾ ਬਾਗ ਵਿੱਚ ਹਜ਼ਾਰਾਂ ਨਿਹੱਥੇ ਲੋਕਾਂ ’ਤੇ ਗੋਲੀਆਂ ਚਲਾਈਆਂ ਗਈਆਂ, ਹਿੰਦੂ-ਸਿੱਖਾਂ ਨੂੰ ਵੰਡ ਕੇ ਆਪਸ ਵਿੱਚ ਲੜਾਇਆ ਗਿਆ, ਸਾਡੇ ਭਾਰਤੀ ਸੱਭਿਆਚਾਰ ਨੂੰ ਤਬਾਹ ਕਰ ਦਿੱਤਾ ਗਿਆ। ਅਸੀਂ ਆਪਣੇ ਤਿਉਹਾਰਾਂ ਨੂੰ ਭੁੱਲਦੇ ਜਾ ਰਹੇ ਹਾਂ ਅਤੇ ਵਿਦੇਸੀ ਧਨਾਢਾਂ ਦੀ ਨਕਲ ਕਰਕੇ ਉਨ੍ਹਾਂ ਦੇ ਤਿਉਹਾਰ ਮਨਾਉਣੇ ਸ਼ੁਰੂ ਕਰ ਦਿੱਤੇ ਹਨ ਜੋ ਕਿ ਸਾਡੀ ਭਾਰਤੀ ਸੰਸਕ੍ਰਿਤੀ ਲਈ ਬਹੁਤ ਨੁਕਸਾਨਦੇਹ ਹੈ। ਉਨ੍ਹਾਂ ਕਿਹਾ ਕਿ ਕਿਹਾ ਕਿ ਕ੍ਰਿਸਮਿਸ ਦੌਰਾਨ ਸਾਹਿਬਜ਼ਾਦਿਆਂ ਦੀ ਸ਼ਹਾਦਤ ਕਾਰਨ ਸਿੱਖਾਂ ਨੂੰ ਕੋਈ ਤਿਉਹਾਰ ਜਾਂ ਖੁਸ਼ੀ ਨਹੀਂ ਮਨਾਉਣੀ ਚਾਹੀਦੀ। ਉਨ੍ਹਾਂ ਨਾਮਧਾਰੀ ਸਿੱਖਾਂ ਨੂੰ ਬੇਨਤੀ ਹੈ ਕਿਰਪਾ ਕਰਕੇ ਕ੍ਰਿਸਮਿਸ ਦੇ ਤਿਉਹਾਰ ਦੀ ਬਜਾਏ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਵਸ ਮਨਾ ਕੇ ਗੁਰੂ ਗੋਬਿੰਦ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਨ।


**SBI** | **ਰਿਟੇਲ ਐੱਸਟਸ ਸੈਂਟਰ ਪ੍ਰੋਸੈਸਿੰਗ ਸੈਂਟਰ (05296) ਪਹਿਲੀ ਮੰਜ਼ਲ, ਸਿਵਲ ਲਾਈਨਜ਼, ਫਾਊਂਟੇਸ਼ਨ ਚੌਕ, ਲੁਧਿਆਣਾ**

**ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠ ਦਰਸਾਏ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਬੈਂਕ ਤੋਂ ਪ੍ਰਾਪਤ ਕਰਜ਼ਾ ਸਹੂਲਤਾਂ ਦੇ ਮੂਲ ਅਤੇ ਵਿਆਜ ਦੀ ਮੁੜ ਵਾਪਸ ਅਦਾਇਗੀ ’ਚ ਭੁੱਲ੍ਹ ਕੀਤੀ ਹੈ ਅਤੇ ਉਕਤ ਸਹੂਲਤਾਂ ਨੂੰ ਨਾਨ ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤਾ ਗਿਆ ਹੈ। ਬੈਂਕ ਦੇ ਅਧਿਕਾਰਤ ਅਫਸਰ ਨੇ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ ’ਤੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰਨੈੱਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਜਾਰੀ ਕੀਤੇ ਸਨ। ਬੇਸ਼ੱਕ, ਕੁੱਝ ਮਾਮਲਿਆਂ ’ਚ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਅਤੇ ਹੋਰ ਮਾਮਲਿਆਂ ’ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਜਨਤਕ ਨੋਟਿਸ ਰਾਹੀਂ ਉਸ ਸੰਬੰਧੀ ਸੂਚਿਤ ਕੀਤਾ ਜਾਂਦਾ ਹੈ।

| ਬਰਾਂਚ ਦਾ ਨਾਂਅ ਕਰਜ਼ਦਾਰ/ਗਰੰਟਰ/ ਭਾਈਵਾਲ/ਰਹਿਣਕਾਰ | ਜਾਇਦਾਦਾਂ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟ (ਐੱਨ ਪੀ ਏ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| ਫਿਰੋਜ਼ਪੁਰ ਗਾਂਧੀ ਮਾਰਕਿਟ, ਲੁਧਿਆਣਾ<br>(ਕਰਜ਼ਦਾਰ) ਸ਼੍ਰੀਮਤੀ ਦਰਸ਼ਨਾ ਪਤਨੀ ਸ਼੍ਰੀ ਰਾਮ ਵੀਰ, ਸ਼੍ਰੀ ਰਾਮਵੀਰ ਪੁੱਤਰ ਸ਼੍ਰੀ ਨੱਥੂ ਰਾਮ, ਮਕਾਨ ਨੰ. 402-ਡੀ, ਜੱਸਲ ਕਾਲੋਨੀ, ਦੁੱਗਰੀ-ਧਾਂਦਰਾ ਰੋਡ, ਗਿੱਲ ਨੰ. 2, ਲੁਧਿਆਣਾ | ਪਾਰਟ-1 ਕ੍ਰਿਪਾ ਕਰਕੇ ਦਸਤਾਵੇਜ਼ਾਂ ’ਚ ਦਰਸਾਈਆਂ ਸਾਰੀਆਂ ਹਾਈਪੋਥੀਕੇਟਿਡ ਜਾਇਦਾਦਾਂ ਜਿਵੇਂ ਕਿ ਚਾਲੂ ਐੱਸਟਸ ਸਮੇਤ ਭੰਡਾਰ, ਕਰਜ਼ਾ ਵਹੀਆਂ, ਵਸੂਲੀਆਂ, ਖਪਤਯੋਗ ਭੰਡਾਰ ਅਤੇ ਸਪੇਅਰਜ਼ ਅਤੇ ਹਾਈਪੋਥੀਕੇਟਿਡ ਚੱਲ ਪਲਾਂਟ ਅਤੇ ਮਸ਼ੀਨਰੀ ਆਦਿ। ਪਾਰਟ-2 ਮਕਾਨ ਨੰ. 402-ਡੀ, ਰਕਬਾ 70 ਵਰਗ ਗਜ਼, ਖਸਰਾ ਨੰ. 1641-1642, 1631-1632-1639-1633, ਖੱਤਾ ਨੰ. 52/54, 60/62, 62/64, 65, ਜਮ੍ਹਾਂਬੰਦੀ ਸਾਲ 2010-11 ਪਿੰਡ ਗਿੱਲ-2, ਜੱਸਲ ਕਾਲੋਨੀ, ਹਦਬਸਤ ਨੰ. 263, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗੁਆਂਢ ਸ੍ਰੀ ਪੱਪੂ ਮਕਾਨ ਨੰ. 403-ਡੀ-33’-4”, ਪੱਛਮ : ਗੁਆਂਢ ਸ੍ਰੀਮਤੀ ਗੀਤਾ ਦੇਵੀ ਮਕਾਨ ਨੰ. 401-ਡੀ, 33’-4”, ਉੱਤਰ : ਗੁਆਂਢ ਸ੍ਰੀ ਹਰੀ -19’-0”, ਦੱਖਣ : ਗਲੀ 8’ ਚੌੜੀ-19’-0”-ਬੈਨਾਮਾ ਵਸੀਕਾ ਨੰ.-2447 ਮਿਤੀ 03/06/2016 ਅਨੁਸਾਰ ਸ੍ਰੀਮਤੀ ਦਰਸ਼ਨਾ ਪਤਨੀ ਰਣਵੀਰ ਦੇ ਨਾਂਅ ’ਤੇ ਰਜਿਸਟਰਡ | 09-12.2023 | 11-12-2023 | ਬਕਾਇਆ ਰਕਮ : ਰੁ. 2,12,933.- (ਦੋ ਲੱਖ ਬਾਰਾਂ ਹਜ਼ਾਰ ਨੌਂ ਸੌ ਤੇਤੀ ਰੁਪਏ ਕੇਵਲ) 10/12/2023 ਤੋਂ ਵਿਆਜ ਸਮੇਤ ਇਸ ਉੱਪਰ ਭਵਿੱਖੀ ਵਿਆਜ ਅਤੇ ਅਚਨਚੇਤ ਖਰਚੇ, ਲਾਗਤਾਂ। |

ਨੋਟਿਸ ਦੀ ਤਾਮੀਲ ਵਾਸਤੇ ਬਦਲਵੇਂ ਕਦਮ ਉਠਾਏ ਜਾ ਰਹੇ ਹਨ, ਉਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦੀ ਅਦਾਇਗੀ ਦਾ ਸੱਦਾ ਦਿੱਤਾ ਜਾਂਦਾ ਹੈ, ਅਸਫਲ ਰਹਿਣ ’ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ ’ਤੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13), ਇਸ ਨੋਟਿਸ ਦੀ ਪ੍ਰਾਪਤੀ ’ਤੇ ਤੁਹਾਡੇ ’ਤੇ ਉਪਰੋਕਤ ਸਕਿਊਰਟੀਜ਼ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ’ਤੇ ਸਿਵਾਏ ਬਿਜ਼ਨੈੱਸ ਦੀ ਆਮ ਕਾਰਜ ਪ੍ਰਣਾਲੀ ’ਚ ਬੈਂਕ ਦੀ ਆਗਿਆ ਤੋਂ ਬਿਨਾਂ ਪਾਬੰਦੀ ਹੈ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਉਲੰਘਣਾ ’ਤੇ ਗੰਭੀਰ ਨਤੀਜੇ ਮਿਲ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਕਾਪੀ ਸੰਬੰਧਤ ਬ੍ਰਾਂਚ ਤੋਂ ਹਾਸਲ ਕਰਨ ਦੀ ਹਦਾਇਤ ਦਿੱਤੀ ਜਾਂਦੀ ਹੈ।

ਮਿਤੀ 22.12.2023 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


# ਮੋਦੀ ਦੀਆਂ ਗਰੰਟੀਆਂ ਜਨ ਜਨ ਤੱਕ ਪਹੁੰਚਾਈਆਂ : ਯਸ਼ਪਾਲ ਕੁੰਡਲ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਹਮਾਰਾ ਸੰਕਲਪ ਵਿਕਸਿਤ ਭਾਰਤ ਤਹਿਤ ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਯੋਜਨਾਵਾਂ ਗਰੰਟੀਆਂ ਜਨ ਜਨ ਤਹਿਤ ਪਹਿਚਾਉਣ ਲਈ ਅੱਜ ਲੋਹਗੜ੍ਹ ਕੋਠੇ ਵਿਖੇ ਵੱਖ ਵੱਖ ਵਿਭਾਗਾਂ ਵਲੋਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਮੰਡਲ ਪ੍ਰਧਾਨ ਭਾਜਪਾ ਸਾਹੋਵਾਲ ਹੈਪੀ ਸੋਹਲ ਵੀ ਜ਼ਿਲ੍ਹਾ ਪ੍ਰਧਾਨ ਭਾਜਪਾ ਸ਼ਿਵਬੀਰ ਸਿੰਘ ਰਾਜਨ ਦੀਆਂ ਹਦਾਇਤਾਂ ਅਨੁਸਾਰ ਹਾਜ਼ਰ ਰਹੇ। ਕੁੰਡਲ ਨੇ ਆਮ ਲੋਕਾਂ ਨੂੰ ਬੇਨਤੀ ਕੀਤੀ ਕਿ ਉਹ ਇਨ੍ਹਾਂ ਯੋਜਨਾਵਾਂ ਦਾ ਲਾਭ ਲੈਣ ਜਿਵੇਂ ਉਜਵਲ ਯੋਜਨਾ, ਪ੍ਰਧਾਨ ਮੰਤਰੀ ਮੁਦਰਾ ਯੋਜਨਾ, ਸੁਕੰਨਿਆ ਸਮਰਿਧੀ ਯੋਜਨਾ, ਆਯੁਸ਼ਮਾਨ ਯੋਜਨਾ, ਮੁਫਤ ਸਿਹਤ ਸੇਵਾਵਾਂ ਬੀਮਾ ਯੋਜਨਾ, ਅਟਲ ਪੈਨਸ਼ਨ ਸਕੀਮ, ਪੀ ਐਮ ਕਿਸਾਨ ਨਿਧੀ ਯੋਜਨਾ ਅਤੇ ਹੋਰ ਬਹੁਤ ਸਾਰੀਆਂ ਯੋਜਨਾ ਦਾ ਲਾਭ ਲੈਣਾ ਚਾਹੀਦਾ ਹੈ। ਇਹ ਵੀ ਬੇਨਤੀ ਕੀਤੀ ਕਿ ਸਾਰੇ ਵਿਭਾਗ ’ਚ ਹਾਜ਼ਰੀ ਨੂੰ ਯਕੀਨੀ ਬਣਾਇਆ ਜਾਵੇ ਪਰ ਇਥੇ ਨਾ ਤਾਂ ਸਿਹਤ ਵਿਭਾਗ ਦਾ ਕੋਈ ਅਧਿਕਾਰੀ ਕਰਮਚਾਰੀ, ਨਾ ਹੀ ਫੂਡ ਸਪਲਾਈ ਦਾ ਕੋਈ ਅਧਿਕਾਰੀ ਹਾਜ਼ਰ ਆਇਆ। ਹਾਜ਼ਰ ਆਇਆਂ ਲੋਕਾਂ ਨੇ ਸਕੀਮਾਂ ਦਾ ਧੰਨਵਾਦ ਕੀਤਾ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਦਾ ਵੀ ਧੰਨਵਾਦ ਕੀਤਾ।

# ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਵਿਸਥਾਰੀ ਮੀਟਿੰਗ

**ਗੁਰਦਾਸਪੁਰ, (ਜਨਕ ਮਹਾਜਨ)**

ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਵਿਸਥਾਰੀ ਮੀਟਿੰਗ ਸ਼ਹੀਦ ਕਾਮਰੇਡ ਅਮਰੀਕ ਸਿੰਘ ਯਾਦਗਾਰ ਹਾਲ ਗੁਰਦਾਸਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਤਰਲੋਕ ਸਿੰਘ ਬਹਿਰਾਮਪੁਰ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 27 ਦਸੰਬਰ ਨੂੰ ਸਾਹਿਬਜ਼ਾਦਿਆਂ ਦੀ ਯਾਦ ਵਿੱਚ ਘੋੜੇਵਾਹ ਵਿਖੇ ਸਮਾਗਮ ਕੀਤਾ ਜਾਵੇਗਾ। ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਸਤਬੀਰ ਸਿੰਘ ਸੁਲਤਾਨੀ ਨੇ ਕਿਹਾ ਕਿ ਦਸੰਬਰ ਮਹੀਨਾ ਸਮੂਹ ਪੰਜਾਬੀਆਂ ਦੇ ਮਨਾਂ ਅੰਦਰ ਵਿਸ਼ੇਸ਼ ਸਥਾਨ ਰੱਖਦਾ ਹੈ। ਇਸ ਮਹੀਨੇ 21 ਦਸੰਬਰ ਅਤੇ 26 ਦਸੰਬਰ 1705 ਨੂੰ ਗੁਰੂ ਜੀ ਦੇ ਦੋ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ (17 ਸਾਲ) ਅਤੇ ਬਾਬਾ ਜੁਝਾਰ ਸਿੰਘ (13 ਸਾਲ) ਸਾਕਾ ਚਮਕੌਰ ਸਾਹਿਬ ਵਿੱਚ ਲੜਦੇ ਹੋਏ ਸ਼ਹੀਦ ਹੋ ਗਏ ਸਨ। ਦੋ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ (9 ਸਾਲ) ਅਤੇ ਬਾਬਾ ਫ਼ਤਹਿ ਸਿੰਘ (7 ਸਾਲ) ਸੂਬਾ ਸਰਹਿੰਦ ਦੀ ਕੈਦ ਵਿੱਚ ਸ਼ਹੀਦ ਕਰ ਦਿੱਤੇ ਗਏ। ਇਨ੍ਹਾਂ ਦਿਨਾਂ ਵਿੱਚ ਪੰਜਾਬ ਅੰਦਰ ਵੱਖ-ਵੱਖ ਥਾਵਾਂ ਉਪਰ ਨਗਰ ਕੀਰਤਨ, ਅਖੰਡ ਪਾਠ ਅਤੇ ਸਰਹੰਦ ਵਿਖੇ ਜੋੜ ਮੇਲੇ ਦਾ ਆਯੋਜਨ ਕੀਤਾ ਜਾਂਦਾ ਹੈ ਜਿੱਥੇ ਸਮੂਹ ਪੰਜਾਬੀ ਸੰਗਤ ਸਿੱਖ ਇਤਿਹਾਸ ਦੀਆਂ ਲਾਮਿਸਾਲ ਕੁਰਬਾਨੀਆਂ ਨੂੰ ਯਾਦ ਕਰਦੀ ਹੈ। ਉਨ੍ਹਾਂ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਵਲੋਂ ਇਨ੍ਹਾਂ ਕੁਰਬਾਨੀਆਂ ਨੂੰ ਸਮਰਪਿਤ ਸਮਾਗਮ ਕਰਵਾਉਣ ਦਾ ਉਪਰਾਲਾ ਕੀਤਾ ਗਿਆ ਹੈ ਤਾਂ ਜੋ ਸਿੱਖ ਇਤਿਹਾਸ ਦੀਆਂ ਲਾਮਿਸਾਲ ਕੁਰਬਾਨੀਆਂ ਨੂੰ ਲੋਕਾਂ ਵਿੱਚ ਪ੍ਰਚਾਰਿਆ ਜਾ ਸਕੇ ਅਤੇ ਉਨ੍ਹਾਂ ਕੁਰਬਾਨੀਆਂ ਤੋਂ ਪ੍ਰੇਰਨਾ ਲੈ ਕੇ ਸਰਕਾਰਾਂ ਦੁਆਰਾ ਕੀਤੇ ਜਾ ਰਹੇ ਜ਼ੁਲਮਾਂ ਖਿਲਾਫ ਡਟ ਕੇ ਲੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਗਾਤਾਰ ਇਤਿਹਾਸ ਦਾ ਭਗਵਾਂਕਰਨ ਕਰਕੇ ਇਤਿਹਾਸ ਨੂੰ ਆਪਣੀ ਮਰਜ਼ੀ ਮੁਤਾਬਿਕ ਲਿਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਅਜਿਹੇ ਸਮੇਂ ਵਿੱਚ ਕਿਰਤੀ ਕਿਸਾਨ ਯੂਨੀਅਨ ਵਲੋਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਗੁਰੂਆਂ ਦੀ ਵਿਰਾਸਤ ਅਤੇ ਉਨ੍ਹਾਂ ਦੀ ਕੁਰਬਾਨੀ ਤੋਂ ਜਾਣੂ ਕਰਵਾਉਣਾ ਬੇਹੱਦ ਜ਼ਰੂਰੀ ਕਾਰਜ ਹੈ। ਕਿਰਤੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਅਨੋਖ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਸਾਰੇ ਦਾ ਸਾਰਾ ਲੋਟੂਆਂ ਖਿਲਾਫ ਲੜੀ ਗਈ ਲੜਾਈ ਹੈ। ਫਿਰ ਚਾਹੇ ਉਹ ਲੋਟੂ ਮੁਗਲ ਹਕੂਮਤ ਦੇ ਰੂਪ ਵਿੱਚ ਸਨ ਜਾਂ ਅਜੋਕੇ ਦੌਰ ਦੇ ਫਾਸ਼ੀਵਾਦੀ ਹੁਕਮਰਾਨ ਹਨ। ਉਨ੍ਹਾਂ ਦੱਸਿਆ ਕਿ ਜਦੋਂ ਦਿੱਲੀ ਵਿਖੇ ਕਿਸਾਨ ਅੰਦੋਲਨ ਚੱਲ ਰਿਹਾ ਸੀ ਤਾਂ ਅੱਤ ਦੀ ਠੰਢ ਵਿੱਚ ਡਟੇ ਹੋਏ ਕਿਸਾਨਾਂ ਨੇ ਠੰਢੇ ਬੁਰਜ ਨੂੰ ਯਾਦ ਕਰਕੇ ਮੋਦੀ ਹਕੂਮਤ ਖਿਲਾਫ ਡਟ ਕੇ ਲੜਾਈ ਲੜੀ ਸੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਿਸ ਕਿਸਮ ਦੇ ਫੈਸਲੇ ਕੇਂਦਰ ਸਰਕਾਰ ਕਰ ਰਹੀ ਹੈ ਉਨ੍ਹਾਂ ਖਿਲਾਫ ਲੜਨ ਦੀ ਪ੍ਰੇਰਨਾ ਸਿੱਖ ਇਤਿਹਾਸ ਤੋਂ ਮਿਲਦੀ ਹੈ।


**AXIS BANK** ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਰਿਟੇਲ ਐੱਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਤੀਜੀ ਮੰਜ਼ਲ, ਐੱਸ ਸੀ ਓ 367-368, ਅਕਾਸ਼ ਇੰਸਟੀਚਿਊਟ ਦੇ ਉਪਰ, ਸੈਕਟਰ 34 ਏ, ਚੰਡੀਗੜ੍ਹ-160022 ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : ‘ਤ੍ਰਿਸ਼ੂਲ’, ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ ’ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ ’ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ’ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ’ਚ ਦਰਸਾਈ ਰਕਮ ਸਮੇਤ ਇਸ ਉੱਪਰ ਅਦਾਇਗੀ ਮਿਤੀ ਤੱਕ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ ’ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿੱਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਦਾ ਨਾਂਅ/ ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਨੂੰਨੀ ਵਾਰਸ/ਪਤਾ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|---|
| 1. | ਸ੍ਰੀ ਸਾਜਨ ਪੁੱਤਰ ਸ੍ਰੀ ਪੂਰਨ ਚੰਦ ਨਾਹਰ ਇਡਸਟ੍ਰੀਅਲ ਇੰਟਰਪ੍ਰਾਇਜ਼ਜ਼ ਲਿਮਿਡਿਡ, ਪਿੰਡ ਜਲਾਲਪੁਰ, ਪੀ ਓ, ਢੱਪਰ ਲਾਲੜੂ ਸਪਿਨਿੰਗ ਯੂਨਿਟ 3, ਮੋਹਾਲੀ, ਪੰਜਾਬ 140604-ਭਾਰਤ | ਸ੍ਰੀਮਤੀ ਅਮਨਪ੍ਰੀਤ ਕੌਰ ਪਤਨੀ ਸਾਜਨ #306, ਬਲਾਕ 1, ਤੀਜੀ ਮੰਜ਼ਲ, ਮੋਨਾ ਗ੍ਰੀਨ-2, ਗਾਜ਼ੀਪੁਰ ਰੋਡ, ਜ਼ੀਰਕਪੁਰ, ਐਸ ਏ ਐਸ ਨਗਰ, ਮੋਹਾਲੀ-140603 | 2 ਅਕਤੂਬਰ 2023 | 27 ਅਕਤੂਬਰ 2023 | ਰੁਪਏ 1,822,240/- (ਅਠਾਰਾਂ ਲੱਖ ਬਾਈ ਹਜ਼ਾਰ ਦੋ ਸੌ ਚਾਲੀ ਰੁਪਏ ਕੇਵਲ) | ਰੁਪਏ 1,926,074/- (ਉਨੀ ਲੱਖ ਛੱਬੀ ਹਜ਼ਾਰ ਅਤੇ ਚੁਹੱਤਰ ਰੁਪਏ ਕੇਵਲ) | ਬੈਨਾਮਾ ਨੰ. 2018-19/13/1/1948 ਮਿਤੀ 18 ਸਤੰਬਰ 2018 ਅਨੁਸਾਰ ਰਿਹਾਇਸ਼ੀ ਫਲੈਟ ਨੰ. 306, ਬਲਾਕ-1, 3 ਬੀ ਐੱਚ ਕੇ, ਤੀਜੀ ਮੰਜ਼ਲ, ਮੋਨਾ ਗ੍ਰੀਨਜ਼-2, ਮੋਨਾ ਟਾਊਨਸ਼ਿਪ, ਗਾਜ਼ੀਪੁਰ, ਐੱਮ ਸੀ ਜ਼ੀਰਕਪੁਰ, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ, ਸਥਾਨਕ ਸਰਕਾਰ ਵਿਭਾਗ ਪੰਜਾਬ ਦੇ ਪੱਤਰ ਨੰ. 909, ਸੈਲਫ ਸਰਟੀਫਿਕੇਸ਼ਨ ਸਕੀਮ ਮਿਤੀ 31-03-2015 ਤਹਿਤ ਮਨਜ਼ੂਰ, ਪ੍ਰੋਜੈਕਟ ਜ਼ਮੀਨ 12 ਵਿਘਾ 0 ਵਿਸਵਾ ’ਤੇ ਨਿਰਮਤ, ਜਿਸ ਵਿੱਚ ਉਪਰੋਕਤ ਜ਼ਮੀਨ ਦਾ ਹਿੱਸਾ 0 ਵਿਘਾ 0 ਵਿਸਵਾ 9 ਵਿਸਵਾਸੀ (22 ਵਰਗ ਗਜ਼) ਖੇਵਟ/ਖਤੌਨੀ ਨੰ. 18/35, ਕਲਾਸਰਾ ਨੰ. 41//5 (4-0), 4(4-0), 15(4-0), ਕਿੱਤੇ 3 ਜ਼ਮੀਨ 12 ਵਿਘਾ 0 ਬਿਸਵਾ ਦਾ 9/4800 ਹਿੱਸਾ 0 ਵਿਘਾ 0 ਡਿਸਮ 9 ਬਿਸਮਤ, ਪਿੰਡ ਗਾਜ਼ੀਪੁਰ ਐੱਮ ਸੀ ਜ਼ੀਰਕਪੁਰ ਸਬ- ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐਸ ਏ ਐੱਸ ਨਗਰ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ ਉੱਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ ਐੱਨ ਏ। |
| 2. | ਸ੍ਰੀ ਸੰਦੀਪ ਕੁਮਾਰ ਪੁੱਤਰ ਰਾਮ ਕਰਨ #86, ਵੀ ਪੀ ਓ ਮੀਰਪੁਰ (90), ਅੰਬਾਲਾ, ਹਰਿਆਣਾ | ਸ੍ਰੀਮਤੀ ਸੀਮਾ ਰਾਣੀ ਪਤਨੀ ਸੰਦੀਪ ਕੁਮਾਰ #86, ਵੀ ਪੀ ਓ ਮੀਰਪੁਰ (90) ਅੰਬਾਲਾ, ਹਰਿਆਣਾ | 3 ਅਕਤੂਬਰ 2023 | 12 ਅਕਤੂਬਰ 2023 | ਰੁਪਏ 18,39,067/- (ਅਠਾਰਾਂ ਲੱਖ ਉਨਤਾਲੀ ਹਜ਼ਾਰ ਅਤੇ ਸਤਾਹਠ ਰੁਪਏ ਕੇਵਲ) | ਰੁਪਏ 19,20,000/- (ਉਨੀ ਲੱਖ ਵੀਹ ਹਜ਼ਾਰ ਰੁਪਏ ਕੇਵਲ) | ਜਾਇਦਾਦ ਖੇਵਟ 23/1, ਖਤੌਨੀ 29 ਮਿਨ, ਖਸਰਾ 57/3 (0-15)1/2 ਹਿੱਸਾ, ਜੋ ਕਿ 00-07,1/2 ਮਰਲਾ, ਪਿੰਡ ਮੀਰਪੁਰ, ਤਹਿਸੀਲ ਨਰਾਇਣਗੜ੍ਹ, ਜ਼ਿਲ੍ਹਾ ਅੰਬਾਲਾ ਨਾਲ ਸੰਬੰਧਤ ਸਭ ਕੁਝ। ਹੱਦਾਂ ਪੂਰਬ : 41’ ਕਵਿਤਾ ਦਾ ਪਲਾਟ, ਪੱਛਮ : 36’ ਸੜਕ, ਉਤਰ : 55’ ਰਾਮ ਪਾਲ ਦਾ ਮਕਾਨ, ਦੱਖਣ : 53’ ਹੁਕਮ ਸਿੰਘ ਦਾ ਪਲਾਟ |

ਉਪਰੋਕਤ ਦਰਸਾਏ ਹਾਲਤਾਂ ’ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ ’ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ ’ਚ ਹਵਾਲੇ ਵਾਲੇ ਕੋਈ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 22.12.2023, ਸਥਾਨ : ਪੰਜਾਬ ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ


# ਵਿਧਾਇਕ ਕੁਲਵੰਤ ਸਿੰਘ ਨੇ ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਤੇ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਮੋਹਾਲੀ, (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਕਾਬਲ ਤੇ ਯੋਗ ਲੋਕਾਂ ਨੂੰ ਮੈਰਿਟ ਅਧਾਰ ’ਤੇ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਉਪਰਾਲਿਆਂ ਦੀ ਲਗਾਤਾਰਤਾ ਵਿੱਚ ਅੱਜ ਐਮ ਐਲ ਏ ਮੋਹਾਲੀ ਕੁਲਵੰਤ ਸਿੰਘ ਵੱਲੋਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਨਵ-ਨਿਯੁਕਤ 7 ਆਂਗਣਵਾੜੀ ਵਰਕਰਾਂ ਅਤੇ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਆਪਣੇ ਮੋਹਾਲੀ ਦਫਤਰ ਵਿਖੇ ਨਿਯੁਕਤੀ ਪੱਤਰਾਂ ਦੀ ਵੰਡ ਉਪਰੰਤ ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਨਿਰੋਲ ਮੈਰਿਟ ਅਤੇ ਪਾਰਦਰਸ਼ੀ ਤਰੀਕੇ ਨਾਲ ਰਾਜ ਅੰਦਰ ਭਰਤੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨਾਲ ਸਿਰਫ ਕਾਬਲ, ਹੱਕਦਾਰ ਤੇ ਲੋੜਵੰਦ ਉਮੀਦਵਾਰਾਂ ਨੂੰ ਹੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵਿੱਚ ਹੁਣ ਤੱਕ 38 ਹਜ਼ਾਰ ਤੋਂ ਵਧੇਰੇ ਨੌਜਵਾਨਾਂ ਨੂੰ ਵੱਖ ਵੱਖ ਮਹਿਕਮਿਆਂ ਵਿੱਚ ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ ਵੰਡੇ ਜਾ ਚੁੱਕੇ ਹਨ, ਜੋ ਪਹਿਲੀ ਵਾਰ ਕਿਸੇ ਵੀ ਸਰਕਾਰ ਦੇ ਆਪਣੇ ਸ਼ੁਰੂਆਤੀ ਕਾਰਜਕਾਲ ਦੀ ਸਭ ਤੋਂ ਵੱਡੀ ਪ੍ਰਾਪਤੀ ਹੈ। ਐਮ.ਐਲ.ਏ. ਨੇ ਨਵੇਂ ਨਿਯੁਕਤ ਹੋਏ ਹੈਲਪਰਾਂ ਤੇ ਆਂਗਣਵਾੜੀ ਵਰਕਰਾਂ ਨੂੰ ਵਧਾਈ ਦਿੰਦਿਆਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੇ ਯੋਗ ਲਾਭਪਾਤਰੀਆਂ ਤੱਕ ਪੁੱਜਦਾ ਕਰਨ ਦੀ ਹਦਾਇਤ ਵੀ ਕੀਤੀ। ਇਸ ਮੌਕੇ ਗਗਨਦੀਪ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫਸਰ, ਐਸ.ਏ. ਐਸ. ਨਗਰ ਗੁਰਸਿਮਰਨ ਕੌਰ ਸੀ ਡੀ ਪੀ ਓ ਬਲਾਕ ਖਰੜ-2 ਅਤੇ ਸਮੂਹ ਬਲਾਕ ਸੁਪਰਵਾਈਜ਼ਰਾਂ ਹਾਜ਼ਰ ਸਨ।



# ਡਿਪਟੀ ਕਮਿਸ਼ਨਰ ਵੱਲੋਂ ਕ੍ਰਿਸਮਿਸ ’ਤੇ ਜ਼ਿਲ੍ਹੇ ’ਚ ਸੁਰੱਖਿਆ ਪ੍ਰਬੰਧ ਪੁਖਤਾ ਕਰਨ ਤੇ ਚੌਕਸੀ ਵਧਾਉਣ ਦੇ ਹੁਕਮ

**ਗੁਰਦਾਸਪੁਰ, (ਜਨਕ ਮਹਜਨ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਨਾਏ ਜਾਣ ਵਾਲੇ ਕ੍ਰਿਸਮਿਸ ਦੇ ਤਿਉਹਾਰ ਮੌਕੇ ਈਸਾਈ ਭਾਈਚਾਰੇ ਨਾਲ ਸਬੰਧਤ ਵੱਖ-ਵੱਖ ਧਾਰਮਿਕ ਸੰਗਠਨਾਂ ਵੱਲੋਂ ਕ੍ਰਿਸਮਿਸ ਦੇ ਤਿਉਹਾਰ ਤੋਂ ਪਹਿਲਾਂ ਸ਼ੋਭਾ ਯਾਤਰਾ ਅਤੇ ਹੋਰ ਸਮਾਗਮ ਕੀਤੇ ਜਾਣੇ ਹਨ ਅਤੇ ਕ੍ਰਿਸਮਿਸ ਵਾਲੇ ਦਿਨ 24-25 ਦਸੰਬਰ ਨੂੰ ਵੱਖ-ਵੱਖ ਗਿਰਜਾ ਘਰਾਂ ਵਿੱਚ ਸਮਾਗਮ ਕਰਵਾਏ ਜਾਣੇ ਹਨ। ਕ੍ਰਿਸਮਿਸ ਦੇ ਤਿਉਹਾਰ ਨੂੰ ਮੱਦੇਨਜ਼ਰ ਰੱਖਦੇ ਹੋਏ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਮੂਹ ਉੱਪ ਮੰਡਲ ਮੈਜਿਸਟਰੇਟਸ ਸਮੇਤ ਸਿਵਲ ਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਸੁਰੱਖਿਆ ਇੰਤਜ਼ਾਮ ਪੁਖਤਾ ਕਰਨ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਚੌਕਸੀ ਵਧਾਉਣ ਦੇ ਹੁਕਮ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਸ ਵੀ ਜਗ੍ਹਾ ’ਤੇ ਕ੍ਰਿਸਮਿਸ ਦੇ ਸਮਾਗਮ ਹੋ ਰਹੇ ਹਨ, ਉਸ ਜਗ੍ਹਾ ’ਤੇ ਸੁਰੱਖਿਆ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਉੱਪ ਮੰਡਲ ਮੈਜਿਸਟਰੇਟਸ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੀ-ਆਪਣੀ ਸਬ-ਡਵੀਜ਼ਨ ਵਿੱਚ ਆਪਣੇ ਪੱਧਰ ’ਤੇ ਡਿਊਟੀ ਮੈਜਿਸਟਰੇਟ ਤਾਇਨਾਤ ਕਰਨਗੇ।

## 7500 ਐਮ ਐਲ ਨਜਾਇਜ਼ ਸ਼ਰਾਬ ਸਮੇਤ ਇੱਕ ਵਿਅਕਤੀ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਘੁੰਮਣ ਕਲਾਂ ਪੁਲਸ ਦੇ ਏ.ਐਸ.ਆਈ. ਗੁਰਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੇ ਸੰਬੰਧ ਵਿੱਚ ਸਤਨਾਮ ਸਿੰਘ ਮੰਗਾ ਪੁੱਤਰ ਗੋਪਾਲ ਸਿੰਘ ਵਾਸੀ ਮੁਸਤਫਾਪੁਰ ਦੇ ਘਰ ਰੇਡ ਕਰਕੇ ਦੋਸ਼ੀ ਨੂੰ 7500 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।


**AXIS BANK** ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਰਿਟੇਲ ਐੱਸਟਸ ਸੈਂਟਰ : ਐਕਸਿਸ ਬੈਂਕ ਲਿਮਟਿਡ, ਤੀਜੀ ਮੰਜ਼ਲ, ਐੱਸ ਸੀ ਓ 367-368, ਅਕਾਸ਼ ਇੰਸਟੀਚਿਊਟ ਦੇ ਉਪਰ, ਸੈਕਟਰ 34 ਏ, ਚੰਡੀਗੜ੍ਹ-160022 ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : ‘ਤ੍ਰਿਸ਼ੂਲ’, ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ ’ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ ’ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ’ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ’ਚ ਦਰਸਾਈ ਰਕਮ ਸਮੇਤ ਇਸ ਉੱਪਰ ਅਦਾਇਗੀ ਮਿਤੀ ਤੱਕ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ ’ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿੱਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਦਾ ਨਾਂਅ/ ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਨੂੰਨੀ ਵਾਰਸ/ਪਤਾ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|---|
| 1. | ਕਾਨੂੰਨੀ ਵਾਰਸ ਬਲਰਾਜ ਸਿੰਘ ਪੁੱਤਰ ਬਲਵੰਤ ਸਿੰਘ ਕੋਠੀ ਨੰ.-166, ਫੇਜ਼-2, ਸੈਕਟਰ-54, ਤਹਿਸੀਲ ਅਤੇ ਜ਼ਿਲ੍ਹਾ ਐਸ ਏ ਐਸ ਨਗਰ (ਮੋਹਾਲੀ)-166055 | ਸ੍ਰੀਮਤੀ ਬਲਜੀਤ ਕੌਰ ਪਤਨੀ ਬਲਰਾਜ ਸਿੰਘ ਕੋਠੀ ਨੰ. 166, ਫੇਜ਼-2 ਸੈਕਟਰ 54, ਤਹਿਸੀਲ ਅਤੇ ਜ਼ਿਲ੍ਹਾ ਐਸ ਏ ਐਸ ਨਗਰ (ਮੋਹਾਲੀ)-166055 | 3 ਜੂਨ 2023 | 23 ਨਵੰਬਰ 2023 | ਰੁ. 35,36,766/- (ਪੈਂਤੀ ਲੱਖ ਛੱਤੀ ਹਜ਼ਾਰ ਸੱਤ ਸੌ ਛਿਆਹਠ ਰੁਪਏ ਕੇਵਲ) | ਰੁ. 58,20,000/-<br>ਰੁ. 12,00,000/- | ਬੈਨਾਮਾ ਵਸੀਕਾ ਨੰ. 3278 ਮਿਤੀ 11/12/2012 ਰਾਹੀਂ ਸ੍ਰੀਮਤੀ ਬਲਜੀਤ ਕੌਰ ਪਤਨੀ ਸ੍ਰੀ ਬਲਰਾਜ ਸਿੰਘ ਦੇ ਨਾਂਅ ’ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਕੋਠੀ ਨੰ. 166, ਰਕਬਾ 262.5 ਵਰਗ ਗਜ਼, ਫੇਜ਼-2, ਸੈਕਟਰ-54, ਸ਼ਹਿਰੀ ਮਿਲਖ, ਐੱਸ ਏ ਐੱਸ ਨਗਰ (ਮੋਹਾਲੀ) ਤਹਿਸੀਲ ਤੇ ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ) ਨਾਲ ਸੰਬੰਧਤ ਸਭ ਕੁਝ। ਹੱਦਾਂ : ਉਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ : ਐੱਨ ਏ |
| 2. | ਸ੍ਰੀ ਸਤਰੋਹਨ ਕੁਮਾਰ ਪੁੱਤਰ ਬਰਿਜ ਕਿਸ਼ੋਰ, ਹਾਊਸ ਨੰ. 153, ਵਾਰਡ ਨੰ 6, ਗਾਰਡਨ ਕਾਲੋਨੀ, ਮੋਰਿੰਡਾ, ਰੂਪਨਗਰ, ਪੰਜਾਬ-140101 | ਸ੍ਰੀਮਤੀ ਸੁਨੀਤਾ ਸੋਨੀ ਪਤਨੀ ਸਤਰੋਹਨ ਕੁਮਾਰ, ਹਾਊਸ ਨੰ. 153, ਵਾਰਡ ਨੰ. 6, ਗਾਰਡਨ ਕਾਲੋਨੀ, ਮੋਰਿੰਡਾ ਰੂਪਨਗਰ, ਪੰਜਾਬ-140101 | 3 ਸਤੰਬਰ 2023 | 29 ਨਵੰਬਰ 2023 | ਰੁ. 15,12,596 /- (ਪੰਦਰਾਂ ਲੱਖ ਬਾਰਾਂ ਹਜ਼ਾਰ ਪੰਜ ਸੌ ਛਿਆਨਵੇ ਰੁਪਏ ਕੇਵਲ) | ਰੁ. 18,00,000/- (ਅਠਾਰਾਂ ਲੱਖ ਰੁਪਏ ਕੇਵਲ) | ਬੈਨਾਮਾ ਨੰ. 540 ਮਿਤੀ 5/7/21 ਅਨੁਸਾਰ ਮਕਾਨ ਰਕਬਾ 0 ਵਿਘਾ-2 ਵਿਸਵਾ-09 ਬਿਸਵਾਸੀ, ਖੇਵਟ ਨੰ. 121, ਖਤੌਨੀ ਨੰ. 46, ਖਸਰਾ ਨੰ. 3489(0-9), 3467(2-4), 3468(1-10), 3469(5-5),3476(5-8), 3471(1-3), 3472(3-1), 3473(3-19), 3474(0-8), 3475(2-16), 3477(0-6), 3478(0-11), 3479 (0-6), 3480(1-6), 3481(4-10), 3482(4-11), 3483(3-10), 3484(2-1), 3485(0-13) ਗ੍ਰੀਨ ਇਨਕਲੇਵ, ਵਾਰਡ ਨੰ. 2, ਪੀ ਟੀ-2004-10371734, ਮੋਰਿੰਡਾ, ਜ਼ਿਲ੍ਹਾ ਰੂਪ ਨਗਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ ਮਕਾਨ ਨੰ. 16, ਗ੍ਰੀਨ ਇਨਕਲੇਵ, ਪੱਛਮ : ਮਕਾਨ ਨੰ. 15/2 ਗ੍ਰੀਨ ਇਨਕਲੇਵ, ਉਤਰ : ਖਾਲੀ ਸੜਕ 24 ਫੁੱਟ, ਦੱਖਣ : ਸਤਪਾਲ ਸਿੰਘ |
| 3. | ਸ੍ਰੀ ਦੇਵਸ਼ ਸੁਰਿੰਦਰ ਬੱਗਾ ਪੁੱਤਰ ਸੁਰਿੰਦਰ ਕੁਮਾਰ ਨਾਂਗੀਆ, ਹਾਊਸ ਨੰ 2218, ਸੈਕਟਰ 22ਸੀ, ਚੰਡੀਗੜ੍ਹ-160022 | ਸ੍ਰੀਮਤੀ ਅਲਕਾ ਨਾਂਗੀਆ ਪਤਨੀ ਦੇਵਸ਼ ਨਾਂਗੀਆ, ਹਾਊਸ ਨੰ. 2218, ਸੈਕਟਰ 22ਸੀ, ਚੰਡੀਗੜ੍ਹ-166002 | 11 ਮਈ 2023 | 16 ਨਵੰਬਰ 2023 | ਰੁ. 31,95,934/- (ਇਕੱਤੀ ਲੱਖ ਪਚਾਨਵੇਂ ਹਜ਼ਾਰ ਨੌ ਸੌ ਚੌਤੀ ਰੁਪਏ ਕੇਵਲ) | ਰੁ. 38,46,337/- (ਅਠੱਤੀ ਲੱਖ ਛਿਆਲੀ ਹਜ਼ਾਰ ਤਿੰਨ ਸੌ ਸੈਂਤੀ ਰੁਪਏ ਕੇਵਲ) | ਬੈਨਾਮਾ ਨੰ.4184 ਮਿਤੀ 10 ਅਕਤੂਬਰ 2018 ਅਨੁਸਾਰ ਰਿਹਾਇਸ਼ੀ ਮਕਾਨ, ਮਕਾਨ ਨੰ., 2218 (ਪੁਰਾਣਾ ਪਲਾਟ ਨੰ. 223) ਦਾ 50% ਹਿੱਸਾ, ਸੈਕਟਰ-22 ਸੀ, ਚੰਡੀਗੜ੍ਹ, ਰਕਬਾ 124.58 ਵਰਗ ਗਜ਼ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉਤਰ : ਐੱਨ ਏ, ਦੱਖਣ : ਐੱਨ ਏ |
| 4. | ਸ੍ਰੀ ਅਸ਼ੋਕ ਕੁਮਾਰ ਪੁੱਤਰ ਰਣਜੀਤ ਸਿੰਘ ਹਾਊਸ ਨੰ. 18 ਸੈਕਟਰ 41ਡੀ, ਪਿੰਡ ਬਢੇਰੀ, ਚੰਡੀਗੜ੍ਹ | ਵਿਜੇ ਕੁਮਾਰ ਪੁੱਤਰ ਦੇਵ ਰਾਜ ਹਾਊਸ ਨੰ. 18, ਸੈਕਟਰ 41ਡੀ ਪਿੰਡ ਬਢੇਰੀ, ਚੰਡੀਗੜ੍ਹ | 9 ਜੁਲਾਈ 2023 | 27 ਨਵੰਬਰ 2023 | ਰੁ. 5,38,000/- (ਪੰਜ ਲੱਖ ਅਠੱਤੀ ਹਜ਼ਾਰ ਰੁਪਏ ਕੇਵਲ) | ਰੁ. 24,63,911/- (ਚੌਵੀ ਲੱਖ ਤਰੇਹਠ ਹਜ਼ਾਰ ਨੌ ਸੌ ਗਿਆਰਾਂ ਰੁਪਏ ਕੇਵਲ) | ਜਾਇਦਾਦ ਟੈਕਸ ਨੰ. ਬੀ 006/1034 ਰਕਬਾ 00 ਕਨਾਲ 05 ਮਰਲਾ, ਖੇਵਟ/ਖਤੌਨੀ ਨੰ. 1822/1948, ਖਸਰਾ ਨੰ. 22//10/2(1-12), ਕਿੱਤੇ, 1, ਜ਼ਮੀਨ ਰਕਬਾ 1 ਕਨਾਲ 12 ਮਰਲੇ-12/384 ਤੱਕ ਦਾ ਹਿੱਸਾ ਜੋ ਕਿ 00 ਕਨਾਲ 01 ਮਰਲਾ ਹੈ, ਖੇਵਟ/ਖਤੌਨੀ ਨੰ. 1823/1949, ਖਸਰਾ ਨੰ. 221/1/1(5-4), ਕਿੱਤੇ 1, ਜ਼ਮੀਨ ਰਕਬਾ 5 ਕਨਾਲ 4 ਮਰਲੇ 48/1248 ਤੱਕ ਦਾ ਹਿੱਸਾ ਜੋ ਕਿ 00 ਕਨਾਲ 04 ਮਰਲਾ ਹੈ, ਕੁਲ ਜ਼ਮੀਨ ਰਕਬਾ 00 ਕਨਾਲ 05 ਮਰਲਾ, ਸ੍ਰੀ ਗੁਰੂ ਤੇਗ ਬਹਾਦਰ ਨਗਰ, ਪਿੰਡ ਖਰੜ, ਹਦਬਸਤ ਨੰ. 184, ਤਹਿਸੀਲ ਖਰੜ ਅਤੇ ਜ਼ਿਲ੍ਹਾ ਐਸ ਏ ਐਸ ਨਗਰ ਮੋਹਾਲੀ, ਪੰਜਾਬ (ਇਸ ਤੋਂ ਬਾਅਦ “ਪ੍ਰਸ਼ਨ ’ਚ ਜਾਇਦਾਦ”) ਹੱਦਾਂ : ਉਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ: ਐੱਨ ਏ |
| 5. | ਜਗਕਰਨਜੀਤ ਪੁੱਤਰ ਰਣਜੀਤ ਸਿੰਘ ਸੇਹਜੂ ਵਾੜਾ ਪੱਤੀ ਮੁਹੱਲਾ ਨੇੜੇ ਨਾਜਰ ਸੋਹਾਣਵੀ ਚੌਕ, ਸੋਹਾਣਾ, ਐਸ ਏ ਐਸ ਨਗਰ, ਮੋਹਾਲੀ, ਪੰਜਾਬ | ਸ੍ਰੀਮਤੀ ਪਰਮਜੀਤ ਕੌਰ ਕੇਅਰ ਆਫ ਰਣਜੀਤ ਸਿੰਘ ਸੇਹਜੂ ਵਾੜਾ ਪੱਤੀ ਮੁਹੱਲਾ ਨੇੜੇ ਨਾਜਰ ਸੋਹਾਣਵੀ ਚੌਕ, ਸੋਹਾਣਾ ਐਸ ਏ ਐਸ ਨਗਰ, ਮੋਹਾਲੀ, ਪੰਜਾਬ | 4 ਜੁਲਾਈ 2023 | 27 ਨਵੰਬਰ 2023 | ਰੁ. 19,66,801/- (ਉਨੀ ਲੱਖ ਛਿਆਹਠ ਅੱਠ ਹਜ਼ਾਰ ਸੌ ਇੱਕ ਰੁਪਏ ਕੇਵਲ) | ਰੁ. 18,43,250/- (ਅਠਾਰਾਂ ਲੱਖ ਤਰਤਾਲੀ ਹਜ਼ਾਰ ਦੋ ਸੌ ਪੰਜਾਹ ਰੁਪਏ ਕੇਵਲ) | ਜਾਇਦਾਦ ਫਲੈਟ ਨੰ. 29-ਡੀ, ਤੀਜੀ ਮੰਜ਼ਲ, ਜਾਇਦਾਦ ਆਈ ਡੀ ਨੰ. ਪੀ ਟੀ 15041476-713, ਗਰਾਊਂਡ ਫਲੋਰ, ਰਕਬਾ 504.5 ਵਰਗ ਫੁੱਟ, ਖੇਵਟ/ਖਤੌਨੀ ਨੰ. 78/81, ਖਸਰਾ ਨੰ. 796/1(2-9), 797(1-8), 798(2-0), 799 (0-10), 799/1(4-3), 800(2-0) ਕਿੱਤੇ 6 ਜ਼ਮੀਨ 12 ਵਿਘਾ 10 ਵਿਸਵਾ, ਹਾਲੀਵੁੱਡ ਹਾਈਟਸ-1, ਪਿੰਡ ਪੜਿਆਲਾ, ਹਦਬਸਤ ਨੰ.379, ਤਹਿਸੀਲ ਖਰੜ, ਜ਼ਿਲ੍ਹਾ ਐਸ ਏ ਐਸ ਨਗਰ, ਮੋਹਾਲੀ, ਪੰਜਾਬ ਹੱਦਾਂ : ਉਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ : ਐੱਨ ਏ |
| 6. | ਸ੍ਰੀ ਪੰਕਜ ਕੁਮਾਰ ਪੁੱਤਰ ਰਕੇਸ਼ ਕੁਮਾਰ ਵਾਰਡ ਨੰ 8 ਬੈਂਤਾ ਬਾਦ ਗਿੱਦੜਬਾਹਾ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152101 | ਸ੍ਰੀਮਤੀ ਰਿਤੂ ਪਤਨੀ ਪੰਕਜ ਕੁਮਾਰ, ਵਾਰਡ ਨੰ 8 ਬੈਂਤਾ ਬਾਦ ਗਿੱਦੜਬਾਹਾ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152101 | 18 ਜਨਵਰੀ 2023 | 9 ਜੂਨ 2023 | ਰੁ. 23,60,365/- (ਤੇਈ ਲੱਖ ਸੱਠ ਹਜ਼ਾਰ ਤਿੰਨ ਸੌ ਪੈਂਹਠ ਰੁਪਏ ਕੇਵਲ) | ਰੁ. 26,65,217/- (ਛੱਬੀ ਹਜ਼ਾਰ ਪੈਂਹਠ ਹਜ਼ਾਰ ਦੋ ਸੌ ਸਤਾਰਾਂ ਰੁਪਏ ਕੇਵਲ) | ਦਸਤਾਵੇਜ਼ ਨੰ. 2020-21/49/1/1998 ਮਿਤੀ 19-01-2021 ਅਨੁਸਾਰ ਪੰਕਜ ਕੁਮਾਰ ਪੁੱਤਰ ਰਕੇਸ਼ ਕੁਮਾਰ ਦੇ ਨਾਂਅ ’ਤੇ ਰਜਿਸਟਰਡ ਪ੍ਰਾਈਵੇਟ ਜਾਇਦਾਦੀ ਪਲਾਟ ਨੰ. ਬੀ-11/0142 ਬਲਾਕ ਨੰਬਰ 11-ਬੀ-14-ਏ2, ਰਕਬਾ 4 ਮਰਲੇ 01-1/2 ਸਰਸਾਈ ਜੋ ਕਿ ਜ਼ਮੀਨ ਰਕਬਾ 08 ਕਨਾਲ 04 ਮਰਲੇ ਦਾ 75/2952 ਹਿੱਸਾ ਹੈ, ਖਸਰਾ ਨੰ. 84//6/1(8-4), ਖੇਵਟ/ਖਤੌਨੀ ਨੰ. 1049/1711, ਬਾਦਲ ਰੋਡ, ਬਿਜਲੀ ਦਫ਼ਤਰ ਦੇ ਪਿਛਲੇ ਪਾਸੇ, ਤਹਿਸੀਲ ਗਿੱਦੜਬਾਹਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ, ਪੱਛਮ : ਰਕੇਸ਼ ਕੁਮਾਰ, ਉਤਰ : ਰਣਜੀਤ ਕੁਮਾਰ, ਦੱਖਣ : ਬਿਜਲੀ ਦਫ਼ਤਰ |
| 7. | ਸ੍ਰੀ ਅਸ਼ੋਕ ਕੁਮਾਰ ਪੁੱਤਰ ਰਣਜੀਤ ਸਿੰਘ ਹਾਊਸ ਨੰ. 18 ਸੈਕਟਰ 41ਡੀ, ਪਿੰਡ ਬਢੇਰੀ, ਚੰਡੀਗੜ੍ਹ | ਸ੍ਰੀ ਵਿਜੇ ਕੁਮਾਰ ਪੁੱਤਰ ਦੇਵ ਰਾਜ ਹਾਊਸ ਨੰ. 18, ਸੈਕਟਰ 41ਡੀ, ਪਿੰਡ ਬਢੇਰੀ, ਚੰਡੀਗੜ੍ਹ | 27 ਸਤੰਬਰ 2023 | 27 ਸਤੰਬਰ 2023 | ਰੁ. 538,110/- (ਪੰਜ ਲੱਖ ਅਠੱਤੀ ਹਜ਼ਾਰ ਇੱਕ ਸੌ ਦਸ ਰੁਪਏ ਕੇਵਲ) | ਰੁ. 24,63,911/- (ਚੌਵੀ ਲੱਖ ਤਰੇਹਠ ਹਜ਼ਾਰ ਨੌ ਸੌ ਗਿਆਰਾਂ ਰੁਪਏ ਕੇਵਲ) | ਜਾਇਦਾਦ ਟੈਕਸ ਨੰ. ਬੀ 006/1034 ਰਕਬਾ 00 ਕਨਾਲ 05 ਮਰਲਾ, ਖੇਵਟ/ਖਤੌਨੀ ਨੰ. 1822/1948, ਖਸਰਾ ਨੰ. 22//10/2(1-2), ਕਿੱਤੇ, 1, ਜ਼ਮੀਨ ਰਕਬਾ 1 ਕਨਾਲ 12 ਮਰਲੇ-12/384 ਤੱਕ ਦਾ ਹਿੱਸਾ ਜੋ ਕਿ 00 ਕਨਾਲ 01 ਮਰਲਾ ਹੈ, ਖੇਵਟ/ਖਤੌਨੀ ਨੰ. 1823/1949, ਖਸਰਾ ਨੰ. 221/1/1/1(5-4), ਕਿੱਤੇ 1, ਜ਼ਮੀਨ ਰਕਬਾ 5 ਕਨਾਲ 4 ਮਰਲੇ 48/1248 ਤੱਕ ਦਾ ਹਿੱਸਾ ਜੋ ਕਿ 00 ਕਨਾਲ 04 ਮਰਲਾ ਹੈ, ਕੁਲ ਜ਼ਮੀਨ ਰਕਬਾ 00 ਕਨਾਲ 05 ਮਰਲਾ, ਸ੍ਰੀ ਗੁਰੂ ਤੇਗ ਬਹਾਦਰ ਨਗਰ, ਪਿੰਡ ਖਰੜ, ਹਦਬਸਤ ਨੰ. 184, ਤਹਿਸੀਲ ਖਰੜ ਅਤੇ ਜ਼ਿਲ੍ਹਾ ਐੱਸ ਏ ਐੱਸ ਨਗਰ ਮੋਹਾਲੀ, ਪੰਜਾਬ (ਇਸ ਤੋਂ ਬਾਅਦ “ਪ੍ਰਸ਼ਨ ’ਚ ਜਾਇਦਾਦ”) ਹੱਦਾਂ : ਉਤਰ : ਐੱਨ ਏ, ਦੱਖਣ : ਐੱਨ ਏ, ਪੂਰਬ : ਐੱਨ ਏ, ਪੱਛਮ: ਐੱਨ ਏ |
| 8. | ਸ੍ਰੀ ਪੰਕਜ ਕੁਮਾਰ ਪੁੱਤਰ ਰਕੇਸ਼ ਕੁਮਾਰ ਵਾਰਡ ਨੰ 8 ਬੈਂਤਾ ਬਾਦ ਗਿੱਦੜਬਾਹਾ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152101 | ਸ੍ਰੀਮਤੀ ਰਿਤੂ ਪਤਨੀ ਪੰਕਜ ਕੁਮਾਰ, ਵਾਰਡ ਨੰ 8 ਬੈਂਤਾ ਬਾਦ ਗਿੱਦੜਬਾਹਾ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, ਸ੍ਰੀ ਮੁਕਤਸਰ ਸਾਹਿਬ, ਪੰਜਾਬ-152101 | 18 ਜਨਵਰੀ 2023 | 13 ਅਕਤੂਬਰ 2023 | ਰੁ. 23,97,371/- (ਤੇਈ ਲੱਖ ਸਤਾਨਵੇਂ ਹਜ਼ਾਰ ਤਿੰਨ ਸੌ ਇਕੱਤਰ ਰੁਪਏ ਕੇਵਲ) | ਰੁ. 22,65,217/- (ਬਾਈ ਲੱਖ ਪੈਂਹਠ ਹਜ਼ਾਰ ਦੋ ਸੌ ਸਤਾਰਾਂ ਰੁਪਏ ਕੇਵਲ) | ਰਿਹਾਇਸ਼ੀ ਜਾਇਦਾਦ ਮਕਾਨ ਰਕਬਾ 04 ਮਰਲੇ 1/2 ਸਰਸਾਈ, ਜ਼ਮੀਨ ਰਕਬਾ 08 ਕਨਾਲ 04 ਮਰਲੇ ਦਾ 75/2952 ਹਿੱਸਾ, ਖਸਰਾ ਨੰ. 84//6/1(8-4), ਖੇਵਟ ਖਤੌਨੀ ਨੰ. 1049/1711, ਗਿੱਦੜਬਾਹਾ-1 ਦੀ ਮਾਲੀਆ ਹਦੂਦ ਅੰਦਰ, ਤਹਿਸੀਲ ਗਿੱਦੜਬਾਹਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਾਦਲ ਰੋਡ, ਬਿਜਲੀ ਦਫ਼ਤਰ ਦੇ ਪਿਛਲੇ ਪਾਸੇ, ਗਿੱਦੜਬਾਹਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਜਾਇਦਾਦ ਨੰ. ਬੀ-11/0412, ਬਲਾਕ ਨੰ. 11-ਬੀ-14-2 ਏ, ਬੈਨਾਮਾ ਨੰ. 2020-21/49/1/1998 ਮਿਤੀ 19 ਜਨਵਰੀ 2021 ਹੱਦਾਂ : ਪੂਰਬ : 35’ ਗਲੀ, ਪੱਛਮ : 18’ 3” ਰਕੇਸ਼ ਕੁਮਾਰ, ਉਤਰ : 43’ 10“ ਰਣਜੀਤ ਕੁਮਾਰ, ਦੱਖਣ : 46’ 6“ ਬਿਜਲੀ ਦਫ਼ਤਰ |

ਉਪਰੋਕਤ ਦਰਸਾਏ ਹਾਲਤਾਂ ’ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ ’ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ ’ਚ ਹਵਾਲੇ ਵਾਲੇ ਕੋਈ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 22.12.2023, ਸਥਾਨ : ਪੰਜਾਬ ਅਧਿਕਾਰਤ ਅਫਸਰ ਐਕਸਿਸ ਬੈਂਕ ਲਿਮਟਿਡ


# ਅਜਮੇਰ ਸਿੰਘ ਨਾਮਧਾਰੀ ਨੇ ਲੋੜਵੰਦਾਂ ਨੂੰ ਕੰਬਲ ਵੰਡੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸਰਦੀਆਂ ਦੇ ਮੌਸਮ ’ਚ ਪੈ ਰਹੀ ਕੜਾਕੇਦਾਰ ਨੂੰ ਮੱਦੇਨਜ਼ਰ ਰੱਖਦਿਆਂ ਹੋਇਆਂ ਤੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਾਮਧਾਰੀ ਡੇਰਹੀ ਵਡਾਲਾ ਜੌਹਲ ਵਿਖੇ ਇਸੇ ਹੀ ਪਿੰਡ ਦੇ ਵਸਨੀਕ ਤੇ ਉੱਘੇ ਸਮਾਜ ਸੇਵਕ ਜਥੇਦਾਰ ਅਜਮੇਰ ਸਿੰਘ ਨਾਮਧਾਰੀ, ਰਾਜਬੀਰ ਸਿੰਘ ਨਾਮਧਾਰੀ ਵਡਾਲਾ ਜੌਹਲ ਵੱਲੋਂ ਲੋੜਵੰਦਾਂ ਨੂੰ 200 ਦੇ ਕਰੀਬ ਕੰਬਲ ਵੰਡੇ ਗਏ। ਇਸ ਮੌਕੇ, ਮਨਜਿੰਦਰ ਸਿੰਘ ਮੰਨਾ, ਹਰਜਾਪ ਸਿੰਘ ਵਡਾਲਾ ਜੌਹਲ, ਨੰਬਰਦਾਰ ਲਖਵਿੰਦਰ ਸਿੰਘ, ਪੰਜਾਬ ਸਿੰਘ ਜੌਹਲ, ਗੁਰਜੰਟ ਸਿੰਘ ਲਾਲੀ, ਸੁਖਦੇਵ ਸਿੰਘ ਜੱਜ ਜੰਡਾਂ ਵਾਲੇ, ਦਲੇਰ ਸਿੰਘ ਜੌਹਲ, ਪ੍ਰੇਮ ਸਿੰਘ, ਕੰਵਲਦੀਪ ਸਿੰਘ ਜੰਡ ਤੇ ਪਿੰਡ ਦੀਆਂ ਕਈ ਹੋਰ ਕਈ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਅਜਮੇਰ ਸਿੰਘ ਨੇ ਕਿਹਾ ਕਿ ਉਹ ਅੱਗੇ ਤੋਂ ਵੀ ਲੋੜਵੰਦਾਂ ਤੇ ਗਰੀਬ ਲੋਕਾਂ ਦੀ ਸਹਾਇਤਾ ਕਰਦੇ ਰਹਿਣਗੇ ਤਾਂ ਕਿ ਠੰਢ ਦੇ ਮੌਸਮ ਵਿੱਚ ਲੋਕਾਂ ਨੂੰ ਬਚਾਉਣ ਦਾ ਇੱਕ ਤੁੱਛ ਜਾ ਉਪਰਾਲਾ ਕੀਤਾ ਜਾ ਸਕੇ।

# ਡਿਪਟੀ ਕਮਿਸ਼ਨਰ ਨੇ ਪਿੰਡ ਘੁੱਲਾ ’ਚ ਵੇਅਰਹਾਊਸ ਦਾ ਰੱਖਿਆ ਨੀਂਹ ਪੱਥਰ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਤਹਿਸੀਲ ਦੀਨਾਨਗਰ ਦੇ ਪਿੰਡ ਘੁੱਲਾ ਦੀ ਪੰਚਾਇਤੀ ਜ਼ਮੀਨ ’ਤੇ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ.) ਅਤੇ ਵੀਵੀਪੈਟ ਦੀ ਜ਼ਿਲ੍ਹਾ ਪੱਧਰ ’ਤੇ ਸਟੋਰੇਜ ਲਈ ਨਵੇਂ ਉਸਾਰੇ ਜਾਣ ਵਾਲੇ ਵੇਅਰਹਾਊਸ (ਗੁਦਾਮ) ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਮਨਜਿੰਦਰ ਸਿੰਘ ਬਾਜਵਾ ਤਹਿਸੀਲਦਾਰ (ਚੋਣਾਂ), ਤਰਸੇਮ ਲਾਲ ਤਹਿਸੀਲਦਾਰ ਦੀਨਾਨਗਰ, ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਹਰਜੋਤ ਸਿੰਘ, ਐੱਸ.ਡੀ.ਓ. ਲਵਜੀਤ ਸਿੰਘ, ਸ੍ਰੀ ਸੁਨੀਲ ਚੋਣ-ਕਾਨੂੰਗੋ ਵੀ ਹਾਜ਼ਰ ਸਨ। ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ.) ਅਤੇ ਵੀਵੀਪੈਟ ਦੀ ਜ਼ਿਲ੍ਹਾ ਪੱਧਰ ’ਤੇ ਸਟੋਰੇਜ ਲਈ ਨਵੇਂ ਉਸਾਰੇ ਜਾਣ ਵਾਲੇ ਵੇਅਰਹਾਊਸ ਦਾ ਨੀਂਹ ਪੱਥਰ ਰੱਖਣ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਇਸ ਵੇਅਰਹਾਊਸ ਦੀ ਬਹੁਤ ਜ਼ਰੂਰਤ ਸੀ। ਉਨ੍ਹਾਂ ਕਿਹਾ ਕਿ ਇਸ ਵੇਅਰਹਾਊਸ ਦੀ ਸ਼ੁਰੂਆਤ ਅੱਜ ਕਰ ਦਿੱਤੀ ਗਈ ਹੈ ਅਤੇ ਅਗਲੇ 6 ਮਹੀਨੇ ਦੇ ਅੰਦਰ-ਅੰਦਰ ਇਸ ਦੀ ਉਸਾਰੀ ਮੁਕੰਮਲ ਹੋ ਜਾਵੇਗੀ।



ਉਨ੍ਹਾਂ ਲੋਕ ਨਿਰਮਾਣ ਦੇ ਅਧਿਕਾਰੀਆਂ ਅਤੇ ਵੇਅਰਹਾਊਸ ਦੀ ਉਸਾਰੀ ਕਰਨ ਵਾਲੇ ਠੇਕੇਦਾਰ ਨੂੰ ਹਦਾਇਤ ਕੀਤੀ ਕਿ ਇਸ ਪ੍ਰੋਜੈਕਟ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਦੇ ਨਾਲ ਕੰਮ ਦੀ ਗੁਣਵੱਤਾ ਦਾ ਪੂਰਾ ਖਿਆਲ ਰੱਖਿਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਨਿੱਜੀ ਤੌਰ ’ਤੇ ਦਿਲਚਸਪੀ ਲੈ ਕੇ ਇਸ ਪ੍ਰੋਜੈਕਟ ਨੂੰ ਮੁਕੰਮਲ ਕਰਨ।

22-Dec-PAGE-4-23.qxd 12/21/2023 11:05 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 22 ਦਸੰਬਰ 2023

# ਡਰੀ ਭਾਜਪਾ ਦਾ ਡਰਾਮਾ

ਭਾਰਤ ਦਾ ਸੰਸਦੀ ਲੋਕਤੰਤਰ ਇਸ ਵੇਲੇ ਸਭ ਤੋਂ ਬੁਰੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਅਨੁਸ਼ਾਸਨ ਦੇ ਨਾਂਅ 'ਤੇ ਜਿਸ ਤਰ੍ਹਾਂ ਵਿਰੋਧੀ ਧਿਰ ਦੇ ਲੱਗਭੱਗ ਸਾਰੇ ਸਾਂਸਦਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ, ਉਹ ਹੈਰਾਨ ਕਰਨ ਵਾਲਾ ਹੈ। ਜਾਪਦਾ ਹੈ ਕਿ ਭਾਜਪਾ ਜਦੋਂ ਦੇਸ਼ ਨੂੰ ਕਾਂਗਰਸ-ਮੁਕਤ ਬਣਾ ਦੇਣ ਦੇ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਅਸਫ਼ਲ ਹੋ ਗਈ ਤਾਂ ਉਸ ਨੇ ਸੰਸਦ ਨੂੰ ਵਿਰੋਧੀ ਧਿਰ ਮੁਕਤ ਕਰ ਦੇਣ ਦਾ ਹੀ ਸੰਕਲਪ ਲੈ ਲਿਆ ਹੈ, ਤਾਂ ਜੋ ਉਹ ਕਿਸੇ ਅੜਚਨ ਤੇ ਵਿਰੋਧ ਦੇ ਬਗੈਰ ਆਪਣੇ ਮਨਚਾਹੇ ਬਿੱਲ ਪਾਸ ਕਰ ਸਕੇ।

ਵਿਰੋਧੀ ਧਿਰ ਚਾਹੁੰਦੀ ਕੀ ਸੀ, ਇਹੋ ਹੀ ਕਿ ਸੰਸਦ ਦੀ ਸੁਰੱਖਿਆ ਵਿੱਚ ਕੁਝ ਨੌਜਵਾਨਾਂ ਵੱਲੋਂ ਲਾਈ ਸੰਨ੍ਹ ਬਾਰੇ ਗ੍ਰਹਿ ਮੰਤਰੀ ਸੰਸਦ ਵਿੱਚ ਆ ਕੇ ਬਿਆਨ ਦੇ ਦੇਵੇ। ਗ੍ਰਹਿ ਮੰਤਰੀ ਦੋ ਫਿਕਰੇ ਹੀ ਬੋਲ ਸਕਦਾ ਸੀ ਕਿ ਹਾਂ, ਮਸਲਾ ਗੰਭੀਰ ਹੈ, ਇਸ ਦੀ ਜਾਂਚ ਕਰਾਈ ਜਾ ਰਹੀ ਹੈ। ਇਹ ਉਹੋ ਫਿਕਰਾ ਹੈ, ਜੋ ਗ੍ਰਹਿ ਮੰਤਰੀ ਤੇ ਪ੍ਰਧਾਨ ਮੰਤਰੀ ਸੰਸਦ ਦੇ ਬਾਹਰ ਬੋਲ ਚੁੱਕੇ ਹਨ।

ਅਸਲ ਵਿੱਚ ਗੱਲ ਉਨ੍ਹਾਂ ਨੌਜਵਾਨਾਂ ਦੀ ਨਹੀਂ, ਜਿਨ੍ਹਾਂ ਸੁਰੱਖਿਆ ਉਲੰਘੀ ਸੀ, ਉਹ ਤਾਂ ਗ੍ਰਿਫ਼ਤਾਰ ਹੋ ਚੁੱਕੇ ਹਨ ਤੇ ਧਾਰਾਵਾਂ ਵੀ ਸਖ਼ਤ ਲੱਗੀਆਂ ਹਨ, ਸਜ਼ਾਵਾਂ ਵੀ ਹੋਣਗੀਆਂ, ਪਰ ਸਚਾਈ ਇਹ ਹੈ ਕਿ ਵੱਡਾ ਦੋਸ਼ੀ ਹੋਰ ਹੈ, ਜਿਸ ਨੂੰ ਬਚਾਉਣ ਲਈ ਸੱਤਾਧਾਰੀ ਸਾਰਾ ਨਾਟਕ ਕਰ ਰਹੇ ਹਨ। ਉਹ ਹੈ ਭਾਜਪਾ ਦਾ ਮੈਸੂਰ ਤੋਂ ਸਾਂਸਦ ਪ੍ਰਤਾਪ ਸਿਮਹਾ, ਜਿਸ ਦੇ ਦਸਤਖਤਾਂ ਨਾਲ ਨੌਜਵਾਨਾਂ ਨੇ ਸੰਸਦ ਵਿੱਚ ਘੁਸਪੈਠ ਕੀਤੀ ਸੀ।

ਜਦੋਂ ਸੰਸਦ ਦੀ ਸੁਰੱਖਿਆ ਵਿੱਚ ਲੱਗੀ ਸੰਨ੍ਹ ਬਾਰੇ ਗੱਲ ਚੱਲੇਗੀ ਤਾਂ ਇਹ ਸਾਹਮਣੇ ਆਵੇਗਾ ਹੀ ਕਿ ਉਹ ਨੌਜਵਾਨ ਅੰਦਰ ਪਹੁੰਚੇ ਕਿਵੇਂ। ਫਿਰ ਪ੍ਰਤਾਪ ਸਿਮਹਾ ਨੂੰ ਉਹ ਬਿਆਨ, ਜੋ ਉਹ ਸੰਸਦ ਦੇ ਬਾਹਰ ਦੇ ਰਿਹਾ ਹੈ ਕਿ ਉਹ ਇਨ੍ਹਾਂ ਨੌਜਵਾਨਾਂ ਨੂੰ ਨਹੀਂ ਜਾਣਦਾ, ਸੰਸਦ ਦੇ ਅੰਦਰ ਦੇਣਾ ਪਵੇਗਾ। ਸੰਸਦ ਦੀ ਸੁਰੱਖਿਆ ਦੀ ਸਭ ਤੋਂ ਪਹਿਲੀ ਜ਼ਿੰਮੇਵਾਰੀ ਸਾਂਸਦਾਂ ਦੀ ਹੁੰਦੀ ਹੈ। ਜੇਕਰ ਕੋਈ ਸਾਂਸਦ ਉਸ ਵਿਅਕਤੀ ਨੂੰ ਪਾਸ ਦੇ ਦਿੰਦਾ ਹੈ, ਜਿਸ ਨੂੰ ਉਹ ਜਾਣਦਾ ਨਹੀਂ ਤਾਂ ਉਹ ਸੰਸਦ ਦੀ ਸੁਰੱਖਿਆ ਨਾਲ ਖਿਲਵਾੜ ਕਰ ਰਿਹਾ ਹੁੰਦਾ ਹੈ। ਇਸ ਲਈ ਪ੍ਰਤਾਪ ਸਿਮਹਾ, ਵਿਰੁੱਧ ਉਹੀ ਕਾਰਵਾਈ ਹੋਣੀ ਚਾਹੀਦੀ ਹੈ, ਜੋ ਪਾਸਵਰਡ ਸਾਂਝਾ ਕਰਨ ਲਈ ਮਹੂਆ ਵਿਰੁੱਧ ਹੋਈ ਸੀ। ਪ੍ਰਤਾਪ ਸਿਮਹਾ ਕਿਉਂਕਿ ਸੱਤਾਧਾਰੀ ਧਿਰ ਦਾ ਹੈ, ਇਸ ਲਈ ਬੇਫਿਕਰ ਸੰਸਦ ਦੀ ਕਾਰਵਾਈ ਵਿੱਚ ਭਾਗ ਲੈ ਰਿਹਾ ਹੈ।

ਸੋਚੋ, ਜੇਕਰ ਪਾਸ ਜਾਰੀ ਕਰਨ ਵਾਲਾ ਸਾਂਸਦ ਕਾਂਗਰਸ, ਸਮਾਜਵਾਦੀ ਪਾਰਟੀ ਜਾਂ ਟੀ ਐਮ ਸੀ ਦਾ ਹੁੰਦਾ ਤਾਂ ਹੁਣ ਤੱਕ ਉਸ ਦੀ ਸਾਂਸਦੀ ਖ਼ਤਮ ਹੋ ਚੁੱਕੀ ਹੁੰਦੀ। ਇਸ ਤੋਂ ਵੀ ਅੱਗੇ ਜੇਕਰ ਉਹ ਸਾਂਸਦ ਮੁਸਲਿਮ ਹੁੰਦਾ ਤਾਂ ਹੁਣ ਤੱਕ ਉਸ ਉਤੇ ਅੱਤਵਾਦੀ ਤੇ ਦੇਸ਼ ਤੋੜਨ ਦੀ ਸਾਜ਼ਿਸ਼ ਵਿੱਚ ਸ਼ਾਮਲ ਹੋਣ ਦੀ ਤੁਹਮਤ ਲੱਗ ਚੁੱਕੀ ਹੁੰਦੀ। ਅਜਿਹੀ ਸਥਿਤੀ ਵਿੱਚ ਖੁਦ ਭਾਜਪਾ ਨੇ ਬਹਿਸ ਦੀ ਮੰਗ ਕਰਨੀ ਸੀ, ਪਰ ਹੁਣ ਕਸੂਰਵਾਰ ਉਸ ਦਾ ਆਪਣਾ ਸਾਂਸਦ ਹੈ, ਇਸ ਲਈ ਉਸ ਨੂੰ ਬਚਾਉਣ ਲਈ ਉਸ ਨੇ ਆਪਣਾ ਮੂੰਹ ਬੰਦ ਕਰ ਲਿਆ ਹੈ, ਤੇ ਵਿਰੋਧੀ ਧਿਰ ਦੇ ਸਾਂਸਦਾਂ ਦਾ ਵੀ ਮੂੰਹ ਬੰਦ ਕਰ ਦਿੱਤਾ ਹੈ।

ਭਾਜਪਾ ਨੇ ਹੁਣ ਮੁੱਦੇ ਨੂੰ ਨਵਾਂ ਮੋੜ ਦੇਣਾ ਸ਼ੁਰੂ ਕਰ ਦਿੱਤਾ ਹੈ। ਸੰਸਦ ਵਿੱਚੋਂ ਮੁਅੱਤਲ ਕੀਤੇ ਸਾਂਸਦਾਂ ਨੇ ਬਾਹਰ ਆ ਕੇ ਹਲਕੇ ਮੂਡ ਵਿੱਚ ਉਪ ਰਾਸ਼ਟਰਪਤੀ ਜਗਦੀਪ ਧਨਖੜ ਵੱਲੋਂ ਮੁਅੱਤਲੀ ਸਮੇਂ ਪ੍ਰਗਟ ਕੀਤੀਆਂ ਅਦਾਵਾਂ ਦੀ ਨਕਲ ਲਾ ਦਿੱਤੀ ਸੀ। ਹਮੇਸ਼ਾ ਚੋਣ ਮੂਡ ਵਿੱਚ ਰਹਿਣ ਵਾਲੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਦਾ ਚੋਣਾਂ ਵਿੱਚ ਲਾਹਾ ਲੈਣ ਲਈ ਇਸ ਨੂੰ ਜਾਤੀਵਾਦੀ ਰੰਗ ਦੇ ਦਿੱਤਾ। ਜਗਦੀਪ ਧਨਖੜ ਨੇ ਵੀ ਕਹਿ ਦਿੱਤਾ ਕਿ ਉਹ ਆਪਣੇ ਜੱਟ ਭਾਈਚਾਰੇ ਦੀ ਬੇਇੱਜ਼ਤੀ ਸਹਿਣ ਨਹੀਂ ਕਰਨਗੇ।

ਅਸਲ ਵਿੱਚ ਕਿਸਾਨੀ ਅੰਦੋਲਨ ਤੋਂ ਬਾਅਦ ਭਾਜਪਾ ਜੱਟ ਜਾਂ ਜਾਟ ਭਾਈਚਾਰੇ ਵਿੱਚੋਂ ਆਪਣਾ ਪ੍ਰਭਾਵ ਗੁਆ ਚੁੱਕੀ ਹੈ। ਰਾਜਸਥਾਨ ਵਿੱਚ ਹਾਰ ਜਾਣ ਦੇ ਬਾਵਜੂਦ ਕਾਂਗਰਸ ਨੇ ਜਾਟ ਭਾਈਚਾਰੇ ਵਾਲੇ ਸ਼ੇਖਾਵਟੀ ਖੇਤਰ ਦੀਆਂ 15 ਵਿੱਚੋਂ 10 ਸੀਟਾਂ ਜਿੱਤੀਆਂ ਹਨ। ਧਨਖੜ ਦੇ ਝੁਨਝੁਨੂੰ ਜ਼ਿਲ੍ਹੇ ਦੀਆਂ ਤਾਂ ਕਾਂਗਰਸ 7 ਵਿੱਚ 5 ਸੀਟਾਂ ਜਿੱਤ ਗਈ ਸੀ। ਇਸ ਲਈ ਭਾਜਪਾ ਧਨਖੜ ਦੀ ਨਕਲ ਨੂੰ ਮੁੱਦਾ ਬਣਾ ਕੇ ਇੱਕ ਪਾਸੇ ਆਪਣੇ ਦੋਸ਼ੀ ਸਾਂਸਦ ਨੂੰ ਬਚਾਉਣਾ ਚਾਹੁੰਦੀ ਹੈ ਤੇ ਦੂਜੇ ਪਾਸੇ ਜੱਟਾਂ ਵਿੱਚ ਪੈਰ ਲਾਉਣਾ ਚਾਹੁੰਦੀ ਹੈ। ਇਹ ਦਾਅ ਭਾਜਪਾ ਦਾ ਚੱਲਣ ਵਾਲਾ ਨਹੀਂ, ਕਿਉਂਕਿ ਪ੍ਰਧਾਨ ਮੰਤਰੀ ਤਾਂ ਖੁਦ ਸਾਂਸਦ ਵਿੱਚ ਵਿਰੋਧੀ ਧਿਰ ਦੇ ਮੈਂਬਰਾਂ ਦੀਆਂ ਨਕਲਾਂ ਲਾਉਂਦੇ ਰਹੇ ਹਨ, ਜਿਨ੍ਹਾਂ ਦਾ ਹੁਣ ਸੋਸ਼ਲ ਮੀਡੀਆ ਉੱਤੇ ਹੜ੍ਹ ਆਇਆ ਹੋਇਆ ਹੈ। ਇਹ ਸਾਰਾ ਘਟਨਾਕ੍ਰਮ ਦੱਸਦਾ ਹੈ ਕਿ ਭਾਜਪਾ 'ਇੰਡੀਆ' ਗੱਠਜੋੜ ਦੀ ਮਜ਼ਬੂਤੀ ਤੋਂ ਬੁਰੀ ਤਰ੍ਹਾਂ ਡਰੀ ਹੋਈ ਹੈ।

**-ਚੰਦ ਫਤਿਹਪੁਰੀ**

## ...ਵਾਸਤਾ ਨਹੀਂ

ਬੱਕਰ ਵਾਨ ਕਬੀਲਿਆਂ ਨਾਲ ਮਿਲਦੇ,
ਸਾਡਾ ਫਾਈਟਰਾਂ ਦੇ ਨਾਲ ਵਾਸਤਾ ਨਹੀਂ।
ਗਿੱਝੇ ਅਸੀਂ ਹਨੇਰੇ ਦੇ ਵਿੱਚ ਰਹਿਣਾ,
ਸਾਡਾ ਲਾਈਟਰਾਂ ਦੇ ਨਾਲ ਵਾਸਤਾ ਨਹੀਂ।
ਨੀਵੇਂ ਰਹਿਣ ਦਾ ਮਿਲਿਆ ਹੈ ਵਰ ਸਾਨੂੰ,
ਸਾਡਾ ਹਾਈਟਰਾਂ ਦੇ ਨਾਲ ਵਾਸਤਾ ਨਹੀਂ।
ਅਸੀਂ ਸਿੱਖੀ ਹੈ ਮਹਿਜ਼ ਪਤੰਗਬਾਜ਼ੀ,
ਸਾਡਾ ਕਾਈਟਰਾਂ ਦੇ ਨਾਲ ਵਾਸਤਾ ਨਹੀਂ।
ਦਿਨ ਚੜ੍ਹਨ ਦੀ ਸਦਾ ਉਡੀਕ ਕਰੀਏ,
ਸਾਡਾ ਨਾਈਟਰਾਂ ਦੇ ਨਾਲ ਵਾਸਤਾ ਨਹੀਂ।
ਕਿੱਸੇ ਗੋਈਆਂ ਦਾ ਸਿੱਖਿਆ ਪਾਠ ਪੜ੍ਹਨਾ,
ਸਾਡਾ ਰਾਈਟਰਾਂ ਦੇ ਨਾਲ ਵਾਸਤਾ ਨਹੀਂ!

**-ਗੁਲਪੁਰ**

# ਛੋਟੀ ਕਿਸਾਨੀ ਦੇ ਸੰਕਟ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ

**ਕਰਮ ਬਰਸਟ**

ਇਸ ਵੇਲੇ ਹਰ ਬੰਦਾ ਇਸ ਗੱਲ ਨਾਲ ਸਹਿਮਤ ਹੈ ਕਿ ਭਾਰਤ ਖਾਸ ਕਰਕੇ ਪੰਜਾਬ ਦਾ ਕਿਸਾਨ ਡੂੰਘੇ ਸੰਕਟ ਵਿਚ ਫਸ ਚੁੱਕਿਆ ਹੈ। ਸਵਾਲ ਤਾਂ ਦੇਸ਼ ਦੇ ਅੰਨ-ਦਾਤੇ ਨੂੰ ਮੁੜ ਪੈਰਾਂ ਸਿਰ ਖੜੇ ਕਰਨ ਦਾ ਹੈ। ਕੇਂਦਰੀ ਤੇ ਵੱਖ-ਵੱਖ ਸੂਬਾ ਸਰਕਾਰਾਂ, ਖੇਤੀ ਵਿਗਿਆਨੀਆਂ ਅਤੇ ਉਘੇ ਅਰਥ ਸ਼ਾਸਤਰੀ, ਇਸ ਸਮੱਸਿਆ ਦਾ ਹੱਲ ਲੱਭਣ ਵਿਚ ਲੱਗੇ ਹੋਏ ਹਨ ਅਤੇ ਨਵੇਂ ਨਵੇਂ ਨੁਸਖ਼ੇ ਪ੍ਰੋਸ ਰਹੇ ਹਨ। ਮੋਟੇ ਤੌਰ 'ਤੇ ਇਹ ਦਲੀਲ ਸਾਹਮਣੇ ਆ ਰਹੀ ਹੈ ਕਿ ਖੇਤੀ ਧੰਦਾ ਛੋਟੀ ਕਿਸਾਨੀ ਦੇ ਵਸ ਦੀ ਗੱਲ ਨਹੀਂ ਰਹੀ। ਦੇਸ਼ ਦੇ ਨੀਤੀ ਘਾੜੇ ਅਨੇਕਾਂ ਵਾਰ ਸੁਝਾਅ ਦੇ ਚੁੱਕੇ ਹਨ ਕਿ ਛੋਟੀ ਕਿਸਾਨੀ ਨੂੰ ਖੇਤੀ ਵਿਚੋਂ ਬੇਦਖ਼ਲ ਕਰਕੇ ਜ਼ਮੀਨ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦੇਣੀ ਚਾਹੀਦੀ ਹੈ। ਸਨਅਤੀ ਸੈਕਟਰ ਵਾਂਗ ਉਹ ਖੇਤੀ ਖੇਤਰ ਨੂੰ ਵੀ ਉਹ ਕੁਝ ਹੱਥਾਂ ਵਿਚ ਕੇਂਦਰਤ ਕਰਕੇ ਵਿਸ਼ਾਲ ਪੈਮਾਨੇ ਵਾਲੀ ਮਸ਼ੀਨੀਕ੍ਰਿਤ ਵਾਹੀ ਵਿਚ ਬਦਲਣਾ ਲੋਚਦੇ ਹਨ। ਇਕ ਤਰਕ ਵਾਰ-ਵਾਰ ਦਿੱਤਾ ਜਾ ਰਿਹਾ ਹੈ ਕਿ ਜਦੋਂ ਕਾਰਪੋਰੇਟ ਸੈਕਟਰ ਭਾਵ ਵੱਡੀ ਦਲਾਲ ਸਰਮਾਏਦਾਰੀ ਅਤੇ ਸਾਮਰਾਜੀ ਕੰਪਨੀਆਂ ਦੇ ਝੋਲੇ ਨੱਕੋ-ਨੱਕ ਭਰ ਜਾਣਗੇ, ਤਾਂ ਉਹਨਾਂ ਵਿਚੋਂ ਬਾਹਰ ਡੁੱਲ੍ਹੇ ਚੂਰਭੋਰ ਨਾਲ ਹੀ ਦੇਸ਼ ਦੀ ਗਰੀਬੀ ਚੁੱਕੀ ਜਾਵੇਗੀ। ਅੰਗਰੇਜ਼ੀ ਵਾਲੇ ਭਾਈ ਇਸ ਸਾਮਰਾਜੀ ਫੰਦੇ ਨੂੰ 'ਟ੍ਰਿਕਲ ਡਾਊਨ' (ਅਰਥਾਤ ਕੁਝ ਬੂੰਦਾਂ ਦੇ ਰਿਸਣ ਨਾਲ ਗਰੀਬਾਂ ਦੇ ਠੂਠੇ ਦਾ ਦੌਲਤ ਨਾਲ ਭਰ ਜਾਣਾ) ਸਿਧਾਂਤ ਦਾ ਕੁਨਾਂ ਦਿੰਦੇ ਹਨ।

ਪੰਜਾਬ ਰਾਜ ਕਿਸਾਨ ਕਮਿਸ਼ਨ ਵੱਲੋਂ ਪੰਜਾਬ ਦੇ ਕਿਸਾਨਾਂ ਦੀ ਹਾਲਤ ਬਾਰੇ ਪਿਛਲੇ ਸਾਲ ਪ੍ਰਕਾਸ਼ਤ ਕੀਤੀ ਰਿਪੋਰਟ ਨੂੰ ਵੀ ਇਸੇ ਸਿਧਾਂਤਕ 'ਚੌਖਟੇ' ਵਿਚ ਰੱਖ ਕੇ ਵਾਚਣ ਦੀ ਲੋੜ ਹੈ। ਸਭ ਤੋਂ ਪਹਿਲੀ ਗੱਲ ਤਾਂ ਅਜਿਹੀਆਂ ਰਿਪੋਰਟਾਂ ਵਿਚ ਦਿੱਤੇ ਜਾ ਰਹੇ ਅੰਕੜਿਆਂ ਦੀ ਭਰੋਸੇਯੋਗਤਾ ਦਾ ਸਵਾਲ ਹੈ। ਮਿਸਾਲ ਵਜੋਂ ਸੰਨ 1981 ਦੀਆਂ ਸਮੁੱਚੀਆਂ ਕਾਸ਼ਤਕਾਰੀ ਜੋਤਾਂ ਦੀ ਸੰਖਿਆ 1027127 ਦਿੱਤੀ ਗਈ ਹੈ, ਜੋ 1991 ਵਿਚ ਵਧ ਕੇ 1116951 ਹੋ ਗਈ ਅਤੇ 2001 ਵਿਚ ਇਕਦਮ ਘਟ ਕੇ 997372 ਰਹਿ ਗਈ। 1981 ਅਤੇ 1991 ਦੇ ਦਹਾਕੇ ਵਿਚ ਪੰਜਾਬ ਅੰਦਰ ਕਿਹੜੀਆਂ ਇਹੋ ਜਿਹੀਆਂ ਸਮਾਜਕ ਅਤੇ ਆਰਥਕ ਤਬਦੀਲੀਆਂ ਵਾਪਰੀਆਂ ਸਨ ਕਿ ਜੋਤਾਂ ਦੀ ਗਿਣਤੀ ਵਿਚ ਇਕਦਮ 89824 ਦਾ ਵਾਧਾ ਹੋ ਗਿਆ ਅਤੇ ਇਵੇਂ ਹੀ 1991 ਅਤੇ 2001 ਵਿਚਕਾਰ ਕਿਹੜਾ ਭਾਣਾ ਵਾਪਰਿਆ, ਜਿਸ ਨੇ ਜੋਤਾਂ ਵਿਚ 119579 ਦੀ ਕਮੀ ਲੈ ਆਂਦੀ? ਇਹਨਾਂ ਹੀ ਸਮਿਆਂ ਵਿਚ ਨਾਮਮਾਤਰ (ਸੀਮਾਂਤ) ਅਤੇ ਛੋਟੀਆਂ ਜੋਤਾਂ ਦੀ ਗਿਣਤੀ ਪਹਿਲੇ ਦਹਾਕੇ ਵਿਚ 102819 ਵਧ ਗਈ ਅਤੇ ਅਗਲੇ ਦਹਾਕੇ ਵਿਚ 203679 ਘਟ ਗਈ।

ਸੀਮਾਂਤ ਅਤੇ ਛੋਟੀਆਂ ਜੋਤਾਂ ਦੇ ਆਕਾਰ ਵਿਚ ਵਾਧੇ ਜਾਂ ਘਾਟੇ ਦਾ ਰੁਝਾਨ ਆਮ ਤੌਰ 'ਤੇ ਦਰਮਿਆਨੀਆਂ ਅਤੇ ਕਿਸੇ ਹੱਦ ਤੱਕ ਧਨੀ ਕਿਸਾਨੀ ਦੀਆਂ ਜੋਤਾਂ ਦੇ ਟੁੱਟਣ ਜਾਂ ਉਹਨਾਂ ਦੇ ਕੇਂਦਰੀਕਰਨ ਨਾਲ ਜੁੜਿਆ ਹੁੰਦਾ ਹੈ, ਪਰ ਪਹਿਲੇ ਦਹਾਕੇ ਵਿਚ 10 ਏਕੜ ਤੋਂ ਉਪਰ ਵਾਲੀਆਂ ਜੋਤਾਂ ਵਿਚ 14360 ਦੀ ਕਮੀ ਦਿਖਾਈ ਗਈ ਹੈ। ਫੇਰ ਅਗਲੇ ਦਹਾਕੇ ਵਿਚ ਇਕਦਮ ਹੀ 44657 ਦਾ ਵਾਧਾ ਹੋ ਜਾਂਦਾ ਹੈ। ਕੀ ਇਸ ਤੋਂ ਇਹ ਸਿੱਟਾ ਕੱਢ ਲਿਆ ਜਾਣਾ ਚਾਹੀਦਾ ਹੈ ਕਿ 80ਵਿਆਂ ਦੇ ਦਹਾਕੇ ਵਿਚ ਖੇਤੀ ਅੰਦਰਲਾ ਪੂੰਜੀਵਾਦ ਮੁਰਝਾਉਣ ਲੱਗ ਪਿਆ ਸੀ, ਜਿਸ ਸਦਕਾ ਵੱਡੀਆਂ ਜੋਤਾਂ ਟੁੱਟ-ਟੁੱਟ ਕੇ ਹੇਠਲੀ ਕਿਸਾਨੀ ਵਿਚ ਮਿਲ ਰਹੀਆਂ ਸਨ।

ਪੰਜਾਬ ਦੀ ਕਿਸਾਨੀ ਮੂਲ ਰੂਪ ਵਿਚ ਜ਼ਮੀਨ ਮਾਲਕ ਕਿਸਾਨੀ ਹੈ, ਜਿਸ ਕਰਕੇ ਮਲਕੀਅਤੀ ਅਤੇ ਕਾਸ਼ਤਕਾਰੀ ਜੋਤਾਂ ਵਿਚ ਕੋਈ ਬਹੁਤਾ ਅੰਤਰ ਨਹੀਂ ਹੋਣਾ ਚਾਹੀਦਾ। ਬੇਜ਼ਮੀਨੀ ਕਿਸਾਨੀ ਤਾਂ ਅਖੌਤੀ ਹਰੇ ਇਨਕਲਾਬ ਦੇ ਮੁੱਢਲੇ ਵਰ੍ਹਿਆਂ ਵਿਚ ਹੀ ਧੋਤੀ ਗਈ ਸੀ। ਪੰਜਾਬ ਦੀ ਖੇਤੀ ਆਰਥਿਕਤਾ ਵਿਚ ਬੇਜ਼ਮੀਨੀ ਕਿਸਾਨੀ ਦੀ ਗਿਣਨਯੋਗ ਭੂਮਿਕਾ ਚਿਰੋਕਣੀ ਖਤਮ ਹੋ ਗਈ ਹੈ। ਇਹਨਾਂ ਹੀ ਅੰਕੜਿਆਂ ਮੁਤਾਬਕ ਦਰਮਿਆਨੀਆਂ ਅਤੇ ਧਨੀ ਕਿਸਾਨੀ ਦੇ ਹੇਠਲੇ ਹਿੱਸੇ ਦੀਆਂ ਜੋਤਾਂ ਵਿਚ ਕੋਈ ਵਿਸ਼ੇਸ਼ ਤਬਦੀਲੀ ਦਿਖਾਈ ਨਹੀਂ ਦਿੰਦੀ। ਇਸ ਦੇ ਬਿਲਕੁਲ ਉਲਟ ਧਨਾਢ ਕਿਸਾਨੀ ਵਿਚ 7591 (2.82) ਫੀਸਦੀ ਜੋਤਾਂ ਦੀ ਕਮੀ ਦਿਖਾਈ ਗਈ ਹੈ, ਜੋ ਕਿ ਵੱਡਾ ਫੇਰਬਦਲ ਨਹੀਂ ਕਰ ਸਕਦੀ। ਕੀ ਫੇਰ ਇਹ ਮੰਨ ਲਿਆ ਜਾਵੇ ਕਿ ਸੀਮਾਂਤ ਅਤੇ ਛੋਟੇ ਕਿਸਾਨਾਂ ਦੇ ਸਾਂਝੇ ਪਰਵਾਰਾਂ ਵਿਚ ਹੀ ਵੱਡੀ ਟੁੱਟਭੱਜ ਹੋਣ ਨਾਲ ਜੋਤਾਂ ਦੀ ਗਿਣਤੀ ਵਿਚ ਏਨਾ ਜ਼ਿਆਦਾ ਫ਼ਰਕ ਆ ਗਿਆ ਸੀ? ਉਸ ਦਹਾਕੇ ਦਾ ਪੰਜਾਬ ਦਾ ਬਾਹਰਮੁਖੀ ਮਹੌਲ ਇਸ ਗੱਲ ਦੀ ਪ੍ਰੋੜ੍ਹਤਾ ਨਹੀਂ ਕਰਦਾ। ਪੰਜਾਬ ਵਿਚ ਚੱਲੀ ਹਕੂਮਤੀ ਅਤੇ ਖਾਲਿਸਤਾਨੀ ਦਹਿਸ਼ਤਗਰਦੀ ਦੇ ਸਨਮੁਖ ਸਾਂਝੇ ਪਰਵਾਰਾਂ ਦੇ ਏਨੀ ਵੱਡੀ ਪੱਧਰ 'ਤੇ ਖਿੰਡ-ਖੱਪਰ ਜਾਣ ਦੀ ਬਜਾਏ ਸਗੋਂ ਇਕੱਠਿਆਂ ਰਹਿਣ ਦੇ ਆਸਾਰ ਕਿਤੇ ਵੱਧ ਬਲਵਾਨ ਸਨ। ਮੰਨ ਲਈਏ, ਜੇਕਰ ਇਹ ਵਰਤਾਰਾ ਵਾਪਰ ਵੀ ਗਿਆ ਹੋਵੇ, ਤਦ ਸਾਮਰਾਜ ਦੀ ਛਤਰਛਾਇਆ ਵਿਚ ਹੋ ਰਹੇ ਪੂੰਜੀਵਾਦੀ ਵਿਕਾਸ ਸਦਕਾ ਇਹ ਰੁਝਾਨ ਬਾਅਦ ਵਿਚ ਕਿਤੇ ਵੱਧ ਤਿਖੇਰਾ ਹੋ ਜਾਣਾ ਚਾਹੀਦਾ ਸੀ, ਪਰ ਜ਼ਮੀਨੀ ਹਕੀਕਤ ਵਿਚ ਅਜਿਹਾ ਕੁਝ ਵੀ ਨਹੀਂ ਵਾਪਰ ਰਿਹਾ।

ਪੰਜਾਬ ਦੀ ਖੇਤੀ ਵਿਚ ਟੁੱਟਭੱਜ ਦਾ ਅਮਲ ਬਹੁਤ ਹੀ ਧੀਮਾ ਹੈ, ਕਿਉਂਕਿ ਜ਼ਮੀਨ ਦੀ ਮਾਲਕੀ ਮੂਲ ਰੂਪ ਵਿਚ ਸ਼ੂਦਰਾਂ ਤੋਂ 'ਸਵਰਨਾਂ' ਵਿਚ ਵਟੀਆਂ ਜਾਤਾਂ ਦੇ ਹੱਥਾਂ ਵਿਚ ਕੇਂਦਰਤ ਹੈ। ਜ਼ਮੀਨ ਸਿਰਫ਼ ਗੁਜ਼ਾਰੇ ਦਾ ਸਾਧਨ ਹੀ ਨਹੀਂ, ਸਗੋਂ ਇਹ ਸਮਾਜਕ ਰੁਤਬੇ ਨੂੰ ਵੀ ਨਿਰਧਾਰਤ ਕਰਦੀ ਹੈ। ਵੈਸੇ ਤਾਂ ਸਾਰੇ ਦੇਸ਼ਾਂ ਦੇ ਕਿਸਾਨ ਹੀ ਲੱਗਦੀ ਵਾਹ ਜ਼ਮੀਨ ਨਾਲ ਚਿੰਬੜੇ ਰਹਿਣ ਦੀ 'ਬੀਮਾਰੀ' ਦਾ ਸ਼ਿਕਾਰ ਹੁੰਦੇ ਹਨ, ਪਰੰਤੂ ਭਾਰਤ ਵਰਗੇ ਜਾਤਪਾਤੀ ਸਮਾਜ ਵਿਚ ਇਹ ਬੀਮਾਰੀ ਮੜ੍ਹੀਆਂ ਵਿਚ ਪੁੱਜ ਕੇ ਵੀ ਖਹਿੜਾ ਨਹੀਂ ਛੱਡਦੀ। ਜਾਤਪਾਤੀ ਸਮਾਜ ਵਿਚ ਇਕ ਦਹਾਕੇ ਦੇ ਥੋੜ੍ਹੇ ਜਿਹੇ ਸਮੇਂ ਵਿਚ ਹੀ 203679 ਕਿਸਾਨਾਂ ਵੱਲੋਂ ਖੇਤੀ ਨੂੰ ਅਲਵਿਦਾ ਕਹਿ ਦੇਣਾ ਕਿਸੇ ਕੁਰਸੀਵਾਦੀ ਬੁੱਧੀਜੀਵੀ ਦੀ ਕਲਪਨਾ ਤਾਂ ਹੋ ਸਕਦੀ ਹੈ, ਲੇਕਿਨ ਪੰਜਾਬੀ ਸਮਾਜ ਦੀਆਂ ਬਾਹਰਮੁਖੀ ਤਬਦੀਲੀਆਂ ਕਿਸਾਨਾਂ ਦੇ ਉਜਾੜੇ ਦੀ ਪ੍ਰੋੜ੍ਹਤਾ ਨਹੀਂ ਕਰਦੀਆਂ। ਕਾਰਨ ਇਹ ਹੈ ਕਿ ਪੰਜਾਬ ਵਿਚ ਵੱਡੀ ਪੱਧਰ 'ਤੇ ਬਦਲਵੇਂ ਬਾਇੱਜ਼ਤ ਰੁਜ਼ਗਾਰ ਦੇ ਮੌਕਿਆਂ ਦੀ ਹਾਸਲਤਾ ਅਤੇ ਲੋਕਾਂ ਦੀ ਸੋਚ ਵਿਚ ਵਿਗਿਆਨਕ ਤਬਦੀਲੀ ਵਿਚ ਵਾਧੇ ਦੀ ਰਫ਼ਤਾਰ ਬੇਹੱਦ ਧੀਮੀ ਹੈ। ਸਰਕਾਰੀ ਅੰਕੜਿਆਂ ਮੁਤਾਬਕ ਹੀ ਕੁੱਲ ਕਾਮਿਆਂ ਵਿਚੋਂ ਖੇਤੀ ਸੈਕਟਰ ਵਿਚ ਕੰਮ ਕਰਦੇ ਖੇਤ ਕਾਮਿਆਂ ਦੀ ਗਿਣਤੀ ਕੇਵਲ 40 ਫ਼ੀਸਦੀ ਦੇ ਕਰੀਬ ਹੈ, ਜਦੋਂਕਿ ਰੁਜ਼ਗਾਰ ਲਈ ਖੇਤੀ ਉਪਰ 65 ਫ਼ੀਸਦੀ ਲੋਕ ਨਿਰਭਰ ਕਰ ਰਹੇ ਹਨ। ਇਸ ਕੁਜੋੜ ਵਰਤਾਰੇ ਦਾ ਕਿਸੇ ਕੋਲ ਵੀ ਜਵਾਬ ਨਹੀਂ।

ਅਸਲ ਵਿਚ ਇਸ ਲੇਖਕ ਨੇ ਕੁਝ ਦੋਸਤਾਂ ਨਾਲ ਮਿਲ ਕੇ ਆਪਣੇ ਤੌਰ 'ਤੇ ਕਿਸਾਨੀ ਸਮਾਜ ਵਿਚ ਹੋ ਰਹੀ ਉਥਲ-ਪੁਥਲ ਨੂੰ ਸਮਝਣ ਲਈ ਅਜੇ ਪਿਛੇ ਜਿਹੇ ਹੀ ਮਾਲਵੇ, ਦੁਆਬੇ ਅਤੇ ਮਾਝੇ ਦੇ ਅਨੇਕਾਂ ਪਿੰਡਾਂ ਦਾ ਫੀਲਡ ਸਰਵੇਖਣ ਕੀਤਾ ਹੈ। ਪੂਰੀ ਸੰਜੀਦਗੀ ਅਤੇ ਤਨਦੇਹੀ ਨਾਲ ਕੀਤੀ ਮਗ਼ਜ-ਖਪਾਈ ਮਗਰੋਂ ਵੀ ਅਸੀਂ ਇਸ ਸਿੱਟੇ 'ਤੇ ਪਹੁੰਚੇ ਹਾਂ ਕਿ ਖੇਤੀ ਵਿਚ ਪੂੰਜੀਵਾਦੀ ਰਿਸ਼ਤਿਆਂ ਦੇ ਇਕ ਸੀਮਾ ਤੱਕ ਪ੍ਰਫੁੱਲਤ ਹੋਣ ਦੇ ਬਾਵਜੂਦ ਕਿਸਾਨੀ ਦੀਆਂ ਅਤਿ ਛੋਟੀਆਂ ਪਰਤਾਂ ਦੇ ਜ਼ਮੀਨ ਨਾਲੋਂ ਵਿਯੋਗੇ ਜਾਣ ਦਾ ਅਮਲ ਇਕ ਤਾਂ ਬੇਹੱਦ ਧੀਮਾ ਹੈ ਅਤੇ ਲੁਕਵੀਂ ਜ਼ਮੀਨ ਦਖਲੀ ਬਾਰੇ ਠੋਸ ਅੰਕੜੇ ਹਾਸਲ ਕਰਨਾ ਇਕ ਵੱਡੀ ਸਮੱਸਿਆ ਬਣੀ ਹੋਈ ਹੈ।

ਅਸਲ ਵਿਚ ਰਿਪੋਰਟਾਂ ਤਿਆਰ ਕਰਵਾਉਣ ਲਈ ਪੈਸੇ ਖਰਚਣ ਵਾਲਿਆਂ ਦੀ ਕੋਈ ਨਾ ਕੋਈ ਮਨਸ਼ਾ ਅਤੇ ਲੰਮੇ ਸਮੇਂ ਦੀ ਦ੍ਰਿਸ਼ਟੀ ਹੁੰਦੀ ਹੈ। ਛੋਟੀ ਕਿਸਾਨੀ ਲਈ ਖੇਤੀ ਧੰਦੇ ਨੂੰ ਘਾਟਵੰਦਾ ਸਾਬਤ ਕਰਨ ਅਤੇ ਇਸ ਦੇ ਬਦਲ ਵਜੋਂ ਕਾਰਪੋਰੇਟੀ ਮਾਡਲ ਦੀ ਵਕਾਲਤ ਕਰਨ ਪਿੱਛੇ ਵੀ ਵਿਸ਼ੇਸ਼ ਦ੍ਰਿਸ਼ਟੀ ਕਾਰਜਸ਼ੀਲ ਹੈ। ਇਸ ਲਈ ਆਮ ਕਿਸਾਨਾਂ ਨੂੰ ਖੇਤੀ ਛੱਡਣ ਲਈ ਪ੍ਰੇਰਨ ਵਾਸਤੇ ਅੰਕੜੇ ਇਸ ਤਰਾਂ ਤਿਆਰ ਕੀਤੇ ਜਾਂਦੇ ਹਨ, ਜਿਨ੍ਹਾਂ ਤੋਂ ਇਹ ਜਾਪੇ ਕਿ ਲੋਕਾਂ ਦਾ ਖੇਤੀ ਨਾਲੋਂ ਵੱਡੀ ਪੱਧਰ 'ਤੇ ਮੋਹ ਭੰਗ ਹੋ ਰਿਹਾ ਹੈ। ਉਹਨਾਂ ਲੋਕਾਂ ਨੂੰ ਵੀ ਖੇਤੀ ਛੱਡਣ ਵਾਲੇ ਮੰਨ ਲਿਆ ਜਾਂਦਾ ਹੈ, ਜਿਹੜੇ ਸਰਕਾਰੀ ਜਾਂ ਅਰਧ ਸਰਕਾਰੀ ਨੌਕਰੀਆਂ ਵਿਚ ਚਲੇ ਗਏ ਹਨ। ਇਹ ਤਬਕਾ ਨਾ ਕੇਵਲ ਆਪਣੇ ਸਕੇ-ਸੰਬੰਧੀਆਂ ਕੋਲੋਂ ਆਪਣੇ ਹਿੱਸੇ ਦੀ ਜ਼ਮੀਨ ਦਾ ਲਗਾਨ ਵਸੂਲ ਕਰਦਾ ਹੈ, ਸਗੋਂ ਖੇਤੀ ਸੈਕਟਰ ਨੂੰ ਮਿਲਣ ਵਾਲੀਆਂ ਮੁਫ਼ਤ ਬਿਜਲੀ ਆਦਿ ਵਰਗੀਆਂ ਰਿਆਇਤਾਂ ਉਪਰ ਵੀ ਹੱਥ ਫੇਰ ਜਾਂਦਾ ਹੈ। ਇਸ ਦੀ ਮਲਾਈਦਾਰ ਪਰਤ ਤਾਂ 'ਉਪਰਲੀ ਕਮਾਈ' ਨੂੰ ਖੇਤੀ ਸੈਕਟਰ ਵਿਚੋਂ ਹੋਈ ਆਮਦਨ ਦਿਖਾਕੇ ਕਾਲਾ ਧਨ ਵੀ ਇਕੱਤਰ ਕਰਦੀ ਹੈ।

ਇਹ ਸੱਚ ਹੈ ਕਿ ਪੰਜਾਬ ਦੀ ਕਿਸਾਨੀ ਸੰਕਟ ਵਿਚ ਫਸੀ ਹੋਈ ਹੈ, ਪਰ ਨੀਤੀਘਾੜੇ ਇਸ ਸੰਕਟ ਦੇ ਕਾਰਨਾਂ ਉਪਰ ਉਂਗਲ ਰੱਖਣ ਦੀ ਬਜਾਏ ਲੀਪਾਪੋਚੀ ਕਰਨ ਅਤੇ ਨਵੀਆਂ ਆਰਥਕ ਨੀਤੀਆਂ ਦੇ ਅਨੁਕੂਲ ਹਾਕਮਾਂ ਨੂੰ ਰਾਸ ਆਉਂਦੇ ਸਿੱਟੇ ਕੱਢਣ ਨੂੰ ਵੱਧ ਤਰਜ਼ੀਹ ਦਿੰਦੇ ਹਨ। ਪੰਜਾਬ ਦੀ ਖੇਤੀ ਦੇ ਸੰਕਟ ਦਾ ਮੂਲ ਕਾਰਨ ਸਾਮਰਾਜ ਦੀ ਨਿਰਦੇਸ਼ਨਾ ਤਹਿਤ ਲਾਗੂ ਕੀਤੀਆਂ ਗਈਆਂ ਅਖੌਤੀ ਹਰੇ ਇਨਕਲਾਬ ਦੀਆਂ ਨੀਤੀਆਂ ਰਹੀਆਂ ਹਨ। ਪੰਜਾਬ ਦੇ ਕਿਸਾਨਾਂ ਦੀ ਭਾਰੂ ਬਹੁਗਿਣਤੀ ਛੋਟੇ ਪੈਮਾਨੇ ਦੀ ਵਾਹੀ ਕਰਦੀ ਹੈ। ਵੱਡੀਆਂ ਕੰਪਨੀਆਂ ਅਤੇ ਪੂੰਜੀਵਾਦੀ ਫਾਰਮਰਾਂ ਦੀ ਮਸ਼ੀਨੀਕ੍ਰਿਤ ਵਾਹੀ ਅੱਗੇ ਇਹ ਕਿਸਾਨੀ ਟਿਕ ਨਹੀਂ ਸਕੇਗੀ, ਪਰ ਅਬਾਦੀ ਦੀ ਏਨੀ ਵੱਡੀ ਬਹੁਗਿਣਤੀ ਦਾ ਰੁਜ਼ਗਾਰ ਖੋਹ ਲੈਣ ਦੀਆਂ ਤਜਵੀਜ਼ਾਂ, ਅਮਰੀਕਾ ਵਰਗੇ ਕਿਸੇ ਵਿਸ਼ਾਲ ਅਤੇ ਘੱਟ ਅਬਾਦੀ ਵਾਲੀ ਦੇਸ਼ ਵਿਚ ਤਾਂ ਪੁੱਗ ਸਕਦੀਆਂ ਹਨ, ਭਾਰਤ ਜਾਂ ਪੰਜਾਬ ਵਿਚ ਨਹੀਂ।

ਪੰਜਾਬ ਵਿਚ ਨਾ ਸਿਰਫ਼ ਛੋਟੀ ਕਿਸਾਨੀ ਨੂੰ ਬਚਾ ਕੇ ਰੱਖਣਾ ਹੋਵੇਗਾ, ਸਗੋਂ ਇਸ ਦੇ ਲਈ ਤਰਜੀਹੀ ਅਧਾਰ 'ਤੇ ਬਿਜਲੀ ਦੇ ਕੁਨੈਕਸ਼ਨ, ਰਿਆਇਤੀ ਦਰਾਂ 'ਤੇ ਲੰਮੇ ਸਮੇਂ ਦੇ ਸਹਿਕਾਰੀ ਕਰਜ਼ੇ, ਸੂਦਖੋਰਾਂ ਦੀ ਜਕੜ ਤੋੜਣਾ, ਕੋਆਪ੍ਰੇਟਿਵਾਂ ਰਾਹੀਂ ਮਸ਼ੀਨਰੀ ਦਾ ਪ੍ਰਬੰਧ ਕਰਨਾ, ਕਿਸਾਨ ਮੰਡੀਆਂ ਦਾ ਜਾਲ ਵਿਛਾ ਕੇ ਉਹਨਾਂ ਨੂੰ ਹਰ ਤਰਾਂ ਦੀ ਖੱਜਲਖੁਆਰੀ ਤੋਂ ਮੁਕਤੀ ਦਿਵਾਉਣੀ, ਛੇਤੀ ਖ਼ਰਾਬ ਹੋਣ ਵਾਲੀਆਂ ਸਬਜ਼ੀਆਂ ਅਤੇ ਫ਼ਲਾਂ ਦੇ ਮੰਡੀਕਰਨ ਦਾ ਪ੍ਰਬੰਧ ਕਰਨਾ ਆਦਿ ਜ਼ਰੂਰੀ ਮੁੱਦੇ ਹਨ।

ਛੋਟੀ ਕਿਸਾਨੀ ਨੂੰ ਜ਼ਮੀਨ 'ਚੋਂ ਬੇਦਖ਼ਲ ਕਰਨ ਦੀ ਬਜਾਏ ਦਲਾਲ ਅਤੇ ਵਿੱਤੀ ਸਰਮਾਏ ਦੀ ਜਕੜ ਨੂੰ ਤੋੜਨ ਦੀ ਗੱਲ ਕਰਨੀ ਚਾਹੀਦੀ ਹੈ। ਛੋਟੀ ਕਿਸਾਨੀ ਪ੍ਰਤੀ ਹਮਦਰਦ ਪਹੁੰਚ ਅਤੇ ਟਿਕਾਊ ਨੀਤੀ ਅਪਨਾ ਕੇ ਹੀ ਉਸ ਨੂੰ ਪੂੰਜੀ ਦੇ ਹਮਲਾਵਰ ਪੰਜੇ 'ਚੋਂ ਬਾਹਰ ਕੱਢਿਆ ਜਾ ਸਕਦਾ ਹੈ। ਇਹ ਸਾਰਾ ਕੁਝ ਵੀ ਆਪਣੇ ਆਪ ਹੋਣ ਵਾਲਾ ਨਹੀਂ, ਬਲਕਿ ਇਹਦੇ ਵਾਸਤੇ ਸਿਆਸੀ ਤੌਰ 'ਤੇ ਚੇਤੰਨ ਅਤੇ ਖ਼ੁਦਗਰਜ਼ੀ ਤੋਂ ਮੁਕਤ ਆਗੂਆਂ ਦੀ ਅਗਵਾਈ ਹੇਠਲੀ ਵਿਸ਼ਾਲ ਅਧਾਰ ਵਾਲੀ ਕਿਸਾਨ ਜਥੇਬੰਦੀ ਦਾ ਹੋਣਾ ਬਹੁਤ ਜ਼ਰੂਰੀ ਹੈ।

***# ਸੰਪਰਕ : 94170-73831***

# ਸਰਕਾਰ ਅਵਾਰਾ ਪਸ਼ੂਆਂ ਨੂੰ ਵੀ ਦੇਵੇ ਰਹਿਣ-ਬਸੇਰਾ



ਗੌਰਵ ਧੀਮਾਨ

ਸਮੇਂ ਦਾ ਤੇਜ਼ੀ ਨਾਲ ਚੱਲਣਾ ਤੇ ਵਾਹਨਾਂ ਦਾ ਕਾਹਲ ਨਾਲ ਭੱਜਣਾ ਦੋਵੇਂ ਹੀ ਖ਼ਤਰੇ ਦਾ ਚਿੰਨ੍ਹ ਹਨ। ਰੋਜ਼ ਸੜਕ ਹਾਦਸੇ ਹੁੰਦੇ ਦਿਖਾਈ ਦਿੰਦੇ ਹਨ।ਆਵਾਰਾ ਕੁੱਤਿਆਂ ਦਾ ਸੜਕ ਕਿਨਾਰੇ ਆਮ ਤੁਰਨਾ ਦਿਖਾਈ ਦਿੰਦਾ ਹੈ, ਜਿਹਨਾਂ ਨੂੰ ਕੋਈ ਵੇਖਣ ਵਾਲਾ ਵੀ ਨਹੀਂ ਹੈ। ਬੇਜ਼ੁਬਾਨ ਜਾਨਵਰ ਆਪਣੇ ਮੂੰਹੋਂ ਕੀ ਆਖੇ...ਉਸ ਦਾ ਜੀਵਨ ਤਾਂ ਸੜਕਾਂ 'ਤੇ ਭਟਕਣ ਵਾਲਾ ਹੀ ਨਜ਼ਰ ਆਉਂਦਾ ਹੈ। ਉਸ ਦੀ ਕੋਈ ਸੁਣਵਾਈ ਨਹੀਂ ਕਰਦਾ ਤੇ ਨਾ ਕੋਈ ਉਸ ਦੀ ਜ਼ਿੰਮੇਵਾਰੀ ਚੁੱਕਦਾ ਹੈ।ਅੱਜ-ਕੱਲ੍ਹ ਮਿਊਂਸਪਲ ਕਮੇਟੀ ਵਾਲੇ ਵੀ ਇੱਧਰ ਧਿਆਨ ਬਿਲਕੁੱਲ ਨਹੀਂ ਦਿੰਦੇ ਹਨ। ਜਦੋਂ ਉਹਨਾਂ ਕੋਲ਼ ਸ਼ਿਕਾਇਤ ਕੀਤੀ ਜਾਂਦੀ ਹੈ ਤਾਂ ਉਹ ਕੁਝ ਹੱਦ ਤੱਕ ਹੀ ਆਪਣਾ ਕੰਮ ਕੀਤਾ ਨਜ਼ਰ ਵਿੱਚ ਲਿਆਉਂਦੇ ਹਨ।

ਉਹਨਾਂ ਨੂੰ ਵੀ ਆਵਾਰਾ ਪਸ਼ੂਆਂ ਵੱਲ ਧਿਆਨ ਦੇਣ ਦੀ ਸਖ਼ਤ ਲੋੜ ਹੈ। ਸਾਨੂੰ ਭੁੱਖ ਲੱਗਦੀ ਹੈ ਤਾਂ ਪਸ਼ੂਆਂ ਨੂੰ ਵੀ ਲੱਗਦੀ ਹੋਵੇਗੀ, ਜਿਸ ਦਾ ਇਸ ਧਰਤ 'ਤੇ ਹੋਣਾ ਬਹੁਤ ਜ਼ਰੂਰੀ ਹੈ। ਜਿੰਦਗੀ ਜਿਉਣ ਦਾ ਸਭ ਨੂੰ ਪੂਰਾ ਹੱਕ ਹੈ। ਸੜਕਾਂ ਕਿਨਾਰੇ ਬਹੁਤ ਸਾਰੇ ਗਰੀਬਾਂ ਦਾ ਰਹਿਣ ਬਸੇਰਾ ਬਣਿਆ ਹੈ, ਹਾਲਾਂਕਿ ਸਰਕਾਰ ਸਭ ਨੂੰ ਇਹ ਦੱਸਦੀ ਹੈ ਕਿ ਫਲਾਣੇ ਦੇ ਘਰ ਦੀ ਛੱਤ ਅਸੀ ਬਣਾ ਦਿੱਤੀ ਹੈ, ਫਲਾਣੇ ਦੀ ਜ਼ਮੀਨ ਦਾ ਕਬਜ਼ਾ ਅਸੀਂ ਛੁਡਾਇਆ ਹੈ, ਫਲਾਣੇ ਦੇ ਘਰ ਬਜ਼ੁਰਗ ਔਰਤ ਦਾ ਇਲਾਜ ਅਸੀ ਕਰਵਾਇਆ। ਸੁਣਨ ਵਿੱਚ ਤਾਂ ਬਹੁਤ ਚੰਗਾ ਲੱਗਦਾ ਹੈ, ਲੇਕਿਨ ਉਸ ਥਾਂ ਕਿਉਂ ਨਹੀਂ, ਜਿੱਥੇ ਗਰੀਬਾਂ ਦਾ ਠੰਢ ਵਿੱਚ ਸੜਕ ਕਿਨਾਰੇ ਰਹਿਣ-ਬਸੇਰਾ ਬਣਾ ਰਹਿਣਾ ਤੇ ਆਵਾਰਾ ਪਸ਼ੂਆਂ ਦਾ ਸੜਕ ਕਿਨਾਰੇ ਦਮ ਤੋੜਨਾ। ਕਿਉਂ ਨਜ਼ਰ ਨਹੀਂ ਆਉਂਦਾ ਸਰਕਾਰ ਨੂੰ, ਆਪਣੇ ਆਪ ਨੂੰ ਉਚ ਅਧਿਕਾਰੀ ਹੋਣ ਦਾ ਪੱਖ ਤਾਂ ਦੱਸਦੇ ਹੋ ਲੇਕਿਨ ਜਿੱਥੇ ਮਦਦ ਹੋਣੀ ਚਾਹੀਦੀ ਹੈ, ਉੱਥੇ ਨਹੀਂ।ਚਾਰ ਦਿਨ ਪਹਿਲਾਂ ਦੀ ਗੱਲ ਹੈ। ਮੈਂ ਰੋਜ਼ ਉਸ ਥਾਂ ਤੋਂ ਜਾਣਾ ਜਿੱਥੇ ਮੇਰਾ ਦਫ਼ਤਰ ਆਉਂਦਾ ਹੈ। ਪੁਲਾਂ ਦੇ ਥੱਲੇ ਬਹੁਤ ਸਾਰੇ ਗ਼ਰੀਬ ਵੱਸਦੇ ਹਨ, ਜਿਹਨਾਂ ਦਾ ਕੋਈ ਪੱਕਾ ਰਹਿਣ ਵਸੇਰਾ ਨਹੀਂ ਹੈ। ਇੱਕ ਜਾਨਵਰ ਰੋਜ਼ ਮੇਰੇ ਕੋਲ਼ ਦੀ ਹੋ ਲੰਘਦਾ ਸੀ। ਦੋ ਦਿਨ ਪਹਿਲਾਂ ਉਸ ਦੀ ਮੌਤ ਹੋ ਗਈ। ਕਿਉਂਕਿ ਉਸ ਨੂੰ ਜਿਉਣ ਦਾ ਹੱਕ ਨਹੀਂ ਸੀ। ਲਾਪਰਵਾਹੀ ਸਿਰਫ਼ ਇੱਕ ਥਾਂ ਨਹੀਂ ਹੋਈ...ਲਾਪਰਵਾਹੀ ਸਭ ਪਾਸੋਂ ਹੋਈ ਹੈ। ਸੜਕ ਕਿਨਾਰੇ ਤੋਂ ਦੂਜੇ ਕਿਨਾਰੇ ਜਾਣਾ ਕੋਈ ਗ਼ੁਨਾਹ ਨਹੀਂ ਹੈ, ਪਰ ਤੇਜ਼ ਰਫ਼ਤਾਰ ਨਾਲ ਜਾਣਾ ਬਹੁਤ ਗ਼ਲਤ ਹੈ। ਜੋ ਕਿ ਗ਼ਲਤੀ ਕੀਤੀ ਹੈ, ਪਰ ਉਸ ਨੂੰ ਸਜ਼ਾ ਨਹੀਂ ਮਿਲਣੀ, ਕਿਉਕਿ ਉਸ ਨੇ ਤਾਂ ਆਵਾਰਾ ਜਾਨਵਰ ਨੂੰ ਮਾਰਿਆ। ਆਵਾਰਾ ਜਾਨਵਰ ਦਾ ਕੀ ਕਸੂਰ ਸੀ, ਜੋ ਉਸ ਨੂੰ ਟੱਕਰ ਮਾਰ ਕੇ ਮਾਰ ਹੀ ਦਿੱਤਾ। ਅੰਨ੍ਹੇਵਾਹ ਵਾਹਨਾਂ ਨੂੰ ਚਲਾਉਣ ਵਾਲੇ ਦਾ ਡਰਾਈਵਿੰਗ ਲਾਇਸੈਂਸ ਰੱਦ ਕਰ ਦੇਣਾ ਚਾਹੀਦਾ ਹੈ।

ਇਸ ਵਿੱਚ ਮਿਊਂਸਪਲ ਕਮੇਟੀ ਵੀ ਜ਼ਿੰਮੇਵਾਰ ਹੈ। ਉਹਨਾਂ ਵੱਲੋਂ ਵੀ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ। ਆਵਾਰਾ ਪਸ਼ੂਆਂ ਦਾ ਵੀ ਰਹਿਣ-ਬਸੇਰਾ ਹੋਣਾ ਚਾਹੀਦਾ ਹੈ, ਜਿਸ ਨਾਲ ਇਹਨਾਂ ਦੀ ਜਾਨ ਬਚਾਈ ਜਾ ਸਕੇ। ਇੱਕ ਚਾਲਕ ਕਦੇ ਵੀ ਧੀਮੀ ਚਾਲ ਨਾਲ ਵਾਹਨ ਨਹੀਂ ਚਲਾਉਂਦਾ। ਉਸ ਨੂੰ ਹਮੇਸ਼ਾ ਹੀ ਕਾਹਲ਼ ਰਹਿੰਦੀ ਹੈ, ਜਿਸ ਨਾਲ ਕੁਝ ਹਾਦਸਾ ਭਿਆਨਕ ਹੁੰਦਾ ਹੈ ਤੇ ਕੁਝ ਬੇਜ਼ੁਬਾਨ ਜਾਨਵਰਾਂ ਦਾ ਅੰਤ। ਸੜਕ ਕਿਨਾਰੇ ਰੋਜ਼ ਨਵੇਂ-ਨਵੇਂ ਗ਼ਰੀਬ ਲੋਕ ਆ ਵੱਸਦੇ ਹਨ, ਜਿਹਨਾਂ ਨਾਲ ਕੁਝ ਪਾਲਤੂ ਕੁੱਤੇ ਵੀ ਹੁੰਦੇ ਹਨ, ਪਰ ਉਹ ਵੀ ਲਾਪ੍ਰਵਾਹ ਹੀ ਨਜ਼ਰ ਆਉਂਦੇ ਹਨ। ਉਹ ਉਸ ਨੂੰ ਖੋਲ੍ਹ ਕੇ ਰੱਖਦੇ ਹਨ ਤਾਂਕਿ ਉਹਨਾਂ ਦੀ ਰਾਖੀ ਹੋ ਸਕੇ। ਉਹ ਇਹ ਸਭ ਭੁੱਲ ਜਾਂਦੇ ਹਨ ਕਿ ਰਾਖੀ ਤੇ ਅੰਤ ਦੋਵੇਂ ਹੀ ਨਿਸ਼ਚਿਤ ਹਨ। ਜਦੋਂ ਉਸ ਜਾਨਵਰ ਦੀ ਅਚਾਨਕ ਮੌਤ ਦੇਖੀ ਤਾਂ ਦਿਲ ਖੁੱਲ੍ਹਾ ਹੀ ਰਹਿ ਗਿਆ ਤੇ ਮਨ ਪਰੇਸ਼ਾਨ..ਕੀ ਹੈ ਸਮਾਜ ਜਿਹੜਾ ਏਨਾ ਜ਼ਿਆਦਾ ਲਾਪ੍ਰਵਾਹ ਹੈ।

ਜੋ ਵੀ ਭਲਾ ਕਰਨ ਦਾ ਦਿਖਾਵਾ ਕਰਦਾ ਹੈ, ਉਹ ਸਿਰਫ਼ ਆਪਣਾ ਨਾਂਅ ਕਮਾਉਣ ਲਈ ਕਰਦਾ ਹੈ। ਜਿਸ ਥਾਂ ਪੋਸਟਰ ਤੱਕ ਨਹੀਂ ਲੱਗਣੇ ਚਾਹੀਦੇ, ਉਸ ਥਾਂ 'ਤੇ ਸਰਕਾਰਾਂ ਦੇ ਪੋਸਟਰ ਬੜੀ ਰੀਝ ਨਾਲ ਲਗਾਏ ਹੁੰਦੇ ਹਨ। ਸਮਾਜ ਵਿੱਚ ਅਸਲ ਗੰਦਗੀ ਤਾਂ ਸਰਕਾਰ ਹੈ, ਜਿਸ ਨੂੰ ਸਮਾਜ ਦਾ ਨਜ਼ਰੀਆ ਨਜ਼ਰ ਹੀ ਨਹੀਂ ਆਉਂਦਾ। ਬਸ ਉਹਨਾਂ ਲੋਕਾਂ ਦੀਆਂ ਸਿਫ਼ਤਾਂ ਕੀਤੀਆਂ ਜਾਂਦੀਆਂ ਹਨ, ਜੋ ਉਸ ਨਾਲ ਹੋਣ। ਸੜਕ ਕਿਨਾਰੇ ਹਾਦਸੇ ਅੱਜ-ਕੱਲ੍ਹ ਆਮ ਹੋ ਗਏ ਹਨ। ਰੋਜ਼ ਨਵੀਂ ਮੌਤ ਹੁੰਦੀ ਜਾਪਦੀ ਹੈ।ਤੁਹਾਡੇ ਹੱਥ ਦੀਆਂ ਲਿਖੀਆਂ ਲਕੀਰਾਂ ਦੇ ਬਿਆਨ ਵੀ ਸਭ ਝੂਠੇ ਹਨ। ਜਿੱਥੇ ਰਾਹ ਨਹੀਂ, ਉੱਥੇ ਥਾਂ ਵੀ ਨਹੀਂ। ਇਸ ਬਾਰੇ ਸਰਕਾਰਾਂ ਚੰਗੀ ਤਰ੍ਹਾਂ ਜਾਣ ਲੈਣ। ਇੱਕ ਚੰਗਾ ਅਧਿਕਾਰੀ ਉਹ ਹੈ, ਜੋ ਸੜਕਾਂ 'ਤੇ ਗਿਰੇ ਲੋਕਾਂ ਨੂੰ ਬਸੇਰਾ ਦੇਵੇ।

***# ਸੰਪਰਕ : 76268-18016***

# ਕਾਮਰੇਡਾਂ ਦੇ ਨਾਅਰੇ, ਜੋ ਲੋਕ ਸੰਘਰਸ਼ਾਂ 'ਚ ਮਕਬੂਲ ਹੋਏ



ਸੁਰਜੀਤ ਸਿੰਘ

ਦੇਸ਼ ਦੀ ਮਜ਼ਦੂਰ ਜਮਾਤ ਕੋਲ ਆਪਣੇ ਹੱਕ ਲੈਣ ਲਈ ਸਰਮਾਏਦਾਰੀ ਨਿਜਾਮ ਦੇ ਖਿਲਾਫ ਮਜ਼ਬੂਤ ਏਕਾ ਉਸਾਰ ਕੇ ਸੰਘਰਸ਼ ਕਰਨਾ ਇੱਕ ਵੱਡਾ ਹਥਿਆਰ ਹੈ। ਇਹਨਾਂ ਸੰਘਰਸ਼ਾਂ ਨੂੰ ਜੇਕਰ ਕਿਸੇ ਸੁਚੱਜੇ ਸੂਝਵਾਨ ਆਗੂ ਦੀ ਅਗਵਾਈ ਮਿਲ ਜਾਵੇ ਤਾਂ ਸੰਘਰਸ਼ ਸਿਰੇ ਚੜ੍ਹ ਜਾਂਦਾ ਹੈ, ਪਰ ਜੇਕਰ ਆਗੂ ਕਿਸੇ ਲਾਲਚਵੱਸ ਹੋ ਕੇ ਵਿਕ ਜਾਵੇ ਤਾਂ ਉਹ ਸੰਘਰਸ਼ ਦਾ ਭੱਠਾ ਬਿਠਾ ਕਿ ਸੰਘਰਸ਼ੀ ਲੋਕਾਂ ਦਾ ਨੁਕਸਾਨ ਵੀ ਕਰਾ ਦਿੰਦਾ ਹੈ। ਇਹ ਗੱਲ ਸਪੱਸ਼ਟ ਹੈ ਕਿ ਅਜਿਹੇ ਲੀਡਰਾਂ ਦੀ ਹਾਂਡੀ ਸਿਰਫ ਇੱਕੋ ਵਾਰ ਹੀ ਚੜ੍ਹਦੀ ਹੈ। ਇਸ ਧੋਖੇਬਾਜ਼ੀ ਤੋਂ ਬਾਅਦ ਉਹ ਲੋਕਧਾਰਾ ਵਿੱਚੋਂ ਮਨਫੀ ਹੋ ਜਾਂਦਾ ਹੈ। ਕੋਈ ਸੰਘਰਸ਼ ਭਾਵੇਂ ਉਹ ਛੋਟਾ ਹੋਵੇ ਜਾਂ ਵੱਡਾ, ਬਿਨਾਂ ਮਜ਼ਬੂਤ ਏਕੇ ਤੋਂ ਲੜਿਆ ਨਹੀਂ ਜਾ ਸਕਦਾ। ਬੀਤੇ ਸਮੇਂ ਦੌਰਾਨ ਜਥੇਬੰਦਕ ਘੋਲ ਸਿੱਖਿਆ, ਬਿਜਲੀ ਅਤੇ ਰੋਡਵੇਜ਼ ਵਰਗੇ ਮਹਿਕਮਿਆਂ ਵਿਚ ਬੜੀ ਮਜ਼ਬੂਤੀ ਨਾਲ ਲੜੇ ਗਏ ਅਤੇ ਇਹਨਾਂ ਘੋਲਾਂ ਵਿਚੋਂ ਮਜ਼ਦੂਰ ਅਤੇ ਮੁਲਾਜ਼ਮ ਜਮਾਤ ਲਈ ਇਤਿਹਾਸਕ ਜਿੱਤਾਂ ਵੀ ਪ੍ਰਾਪਤ ਹੋਈਆਂ। ਇਹਨਾਂ ਜਿੱਤਾਂ ਨੇ ਮਜ਼ਦੂਰ ਅਤੇ ਮੁਲਾਜ਼ਮ ਜਮਾਤ ਦੀ ਕਾਇਆ-ਕਲਪ ਕਰਨ ਵਿਚ ਵੱਡਾ ਰੋਲ ਅਦਾ ਕੀਤਾ। ਤਨਖਾਹ ਕਮਿਸ਼ਨਾਂ ਲਈ ਸਰਕਾਰ ਦੇ ਖਿਲਾਫ ਮੁਲਾਜ਼ਮ ਜਥੇਬੰਦੀਆਂ ਦੇ ਏਕੇ ਦੇ ਘੋਲਾਂ ਨੇ ਅੱਜ ਮੁਲਾਜ਼ਮ ਜਮਾਤ ਨੂੰ ਮੁਫਲਿਸੀ ਵਿੱਚੋਂ ਬਾਹਰ ਕੱਢ ਲਿਆਂਦਾ ਹੈ। ਇਸੇ ਤਰ੍ਹਾਂ ਮਜ਼ਦੂਰਾਂ ਦੀਆਂ ਦਿਹਾੜੀਆਂ ਵਧਾਉਣ ਲਈ ਕੀਤੇ ਗਏ ਘੋਲਾਂ ਵਿਚ ਅੱਜ ਮਜ਼ਦੂਰ ਜਮਾਤ ਦੀ ਖੁਸ਼ਹਾਲੀ ਬੋਲਦੀ ਹੈ। ਬੇਸ਼ੱਕ ਮਜ਼ਦੂਰ ਜਮਾਤ ਲਈ ਅਜੇ ਬਹੁਤ ਕੁੱਝ ਪ੍ਰਾਪਤ ਕਰਨਾ ਬਾਕੀ ਹੈ। ਪ੍ਰਬੰਧਕਾਂ ਦੇ ਖਿਲਾਫ ਹੜਤਾਲਾਂ, ਧਰਨੇ ਅਤੇ ਮੁਜ਼ਾਹਰੇ ਮਜ਼ਦੂਰ ਅਤੇ ਮੁਲਾਜ਼ਮ ਜਮਾਤ ਦੇ ਹਥਿਆਰ ਰਹੇ ਹਨ। ਇਹਨਾਂ ਸੰਘਰਸ਼ਾਂ ਵਿਚ ਜੋ ਕਾਮਰੇਡੀ ਨਾਅਰੇਬਾਜ਼ੀ ਹੁੰਦੀ ਹੈ, ਉਹ ਹਰ ਸੰਘਰਸ਼ੀ ਯੋਧੇ ਦਾ ਖੂਨ ਖੌਲਣ ਲਾ ਦਿੰਦੀ ਹੈ। ਜਦੋਂ ਪੰਜਾਬ ਵਿਚ ਅੱਤਵਾਦ ਸਿਖਰਾਂ 'ਤੇ ਸੀ ਅਤੇ ਅੱਤਵਾਦੀ ਪੰਜਾਬ ਵਿਚ ਲੋਕਾਂ ਦੇ ਖੂਨ ਦੀ ਹੋਲੀ ਖੇਡ ਰਹੇ ਸਨ ਅਤੇ ਪੰਜਾਬ ਦੀਆਂ ਤਮਾਮ ਸਿਆਸੀ ਪਾਰਟੀਆਂ ਹਾਸ਼ੀਏ 'ਤੇ ਆ ਗਈਆਂ ਸਨ। ਪਾਰਟੀਆਂ ਦੇ ਆਗੂ ਅੱਤਵਾਦੀਆਂ ਤੋਂ ਡਰ ਕੇ ਘੋਰਨਿਆਂ ਵਿਚ ਜਾ ਵੜੇ ਸਨ ਤਾਂ ਉਸ ਵੇਲੇ ਕਾਮਰੇਡਾਂ ਨੇ ਪੰਜਾਬ ਦੀ ਟੁੱਟਦੀ ਭਾਈਚਾਰਕ ਸਾਂਝ ਨੂੰ ਬਚਾਉਣ ਲਈ ਇੱਕ ਅਜਿਹਾ ਨਾਅਰਾ ਦਿੱਤਾ, ਜੋ ਲੋਕਾਂ ਵਿਚ ਮਕਬੂਲ ਹੋਇਆ। ਉਹ ਸੀ 'ਅੱਤਵਾਦ-ਵੱਖਵਾਦ ਮੁਰਦਾਬਾਦ' ਅਤੇ 'ਹਿੰਦੂ-ਸਿੱਖ ਨੂੰ ਲੜਨ ਨ੍ਹੀਂ ਦੇਣਾ, ਸੰਨ ਸੰਤਾਲੀ ਬਣਨ ਨ੍ਹੀਂ ਦੇਣਾ', 'ਖਾਲਿਸਤਾਨ ਮੁਰਦਾਬਾਦ, ਜੁੱਗ ਜੁੱਗ ਜੀਵੇ ਹਿੰਦੋਸਤਾਨ' ਇਹਨਾਂ ਨਾਅਰਿਆਂ ਨੇ ਉਸ ਵੇਲੇ ਦੇ ਸਹੀ ਸੋਚ ਵਾਲੇ ਲੋਕਾਂ ਨੂੰ ਇਹ ਸੋਚਣ ਲਈ ਮਜਬੂਰ ਕੀਤਾ ਕਿ ਹਿੰਦ-ਪਾਕਿ ਬਟਵਾਰੇ ਸਮੇਂ ਪੰਜਾਬ ਨੇ ਹੀ ਸਭ ਤੋਂ ਵੱਧ ਸੰਤਾਪ ਹੰਢਾਇਆ ਹੈ, ਲਿਹਾਜਾ ਹੋਰ ਸੰਤਾਪ ਦੀ ਗੁੰਜਾਇਸ਼ ਨਹੀਂ ਹੈ। ਇਸੇ ਤਰ੍ਹਾਂ ਜਦੋਂ ਸਰਕਾਰਾਂ ਹੱਕ ਮੰਗਦੇ ਸੰਘਰਸ਼ੀ ਲੋਕਾਂ 'ਤੇ ਜਬਰ ਦਾ ਕੁਹਾੜਾ ਚਲਾਉਂਦੀ ਹੈ ਅਤੇ ਹੱਕ ਮੰਗਦੇ ਲੋਕਾਂ ਨੂੰ ਜੇਲ੍ਹਾਂ ਵਿਚ ਸੁੱਟਦੀ ਹੈ ਤਾਂ ਉਦੋਂ ਇੱਕ ਮਕਬੂਲ ਕਾਮਰੇਡਾਂ ਦਾ ਨਾਅਰਾ ਨਿਕਲ ਕੇ ਆਉਂਦਾ ਹੈ ਕਿ 'ਕੀ ਕਰਨਗੇ ਜੇਲ੍ਹਾਂ-ਠਾਣੇ, ਲੋਕਾਂ ਦੇ ਹੜ੍ਹ ਵਧਦੇ ਜਾਣੇ' ਅਜਿਹੇ ਨਾਅਰਿਆਂ ਦੀ ਬੁਲੰਦੀ ਸੰਘਰਸ਼ੀ ਲੋਕਾਂ ਦੇ ਵਿਚ ਸੰਘਰਸ਼ ਕਰਨ ਦੇ ਜਜ਼ਬੇ ਨੂੰ ਹੋਰ ਮਜ਼ਬੂਤ ਕਰਦੀ ਹੈ। ਸੰਘਰਸ਼ੀ ਲੋਕਾਂ ਦੇ ਜਜ਼ਬੇ ਨੂੰ ਹੋਰ ਮਜ਼ਬੂਤ ਕਰਨ ਅਤੇ ਉਹਨਾਂ ਦੇ ਹੌਸਲੇ ਬੁਲੰਦ ਕਰਨ ਲਈ ਆਪਣੇ ਹੱਕ ਮੰਗ ਕੇ ਨਹੀਂ, ਬਲਕਿ ਠੋਕ-ਬਜਾ ਕੇ ਲੈਣ ਦੀ ਗੱਲ ਕੀਤੀ ਜਾਂਦੀ ਹੈ। ਜਿਸ ਵਿਚ ਕਿਹਾ ਜਾਂਦਾ ਹੈ ਕਿ 'ਹੱਕ ਲਵਾਂਗੇ ਜੁੱਤੀ ਨਾਲ' ਜਦੋਂ ਸਿੰਘਾਸਨ 'ਤੇ ਬੈਠਾ ਕੋਈ ਅਧਿਕਾਰੀ ਦਫਤਰ ਸਾਹਮਣੇ ਧਰਨੇ 'ਤੇ ਬੈਠੇ ਲੋਕਾਂ ਨੂੰ ਡਰਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਇਹ ਨਾਅਰਾ ਨਿਕਲ ਕੇ ਆਉਂਦਾ ਹੈ ਕਿ 'ਨਹੀਂ ਡਰਦੇ ਤੇਰੀ ਘੁਰਕੀ ਤੋਂ, ਚੱਕ ਲਵਾਂਗੇ ਕੁਰਸੀ ਤੋਂ' ਅਜਿਹੇ ਜੋਸ਼ੀਲੇ ਨਾਅਰੇ ਮਜ਼ਦੂਰ-ਮੁਲਾਜ਼ਮ ਏਕੇ ਵਿਚ ਜਾਨ ਪਾ ਦਿੰਦੇ ਹਨ। ਇਸੇ ਤਰ੍ਹਾਂ ਤਾਨਾਸ਼ਾਹੀ ਪ੍ਰਵਿਰਤੀ ਵਾਲੇ ਅਧਿਕਾਰੀ ਦੇ ਗਰੂਰ ਨੂੰ ਤੋੜਨ ਲਈ 'ਖੱਬਾ ਪੈਰ ਜੁੱਤੀ ਦਾ, ..... ਪੁੱਤ ਕੁੱਤੀ ਦਾ', ਕੌਲੀ ਚੱਟ, ਚਮਚਾ, ਟੁੱਕੜ ਬੋਚ, ਸਾਡੇ ਹੱਕ, ਇੱਥੇ ਰੱਖ, ਲਾਲ ਝੰਡੇ ਨੂੰ ਲਾਲ ਸਲਾਮ ਵਰਗੇ ਨਾਅਰੇ ਵੀ ਸਾਹਮਣੇ ਆਉਂਦੇ ਹਨ, ਪਰ ਗਾਲੀ-ਗਲੋਚ ਵਾਲੇ ਨਾਅਰੇ ਅਨੈਤਿਕ ਅਤੇ ਨਿੰਦਣਯੋਗ ਹੀ ਹੁੰਦੇ ਹਨ। ਜਦੋਂ ਹੜਤਾਲੀ ਮਜ਼ਦੂਰਾਂ ਜਾਂ ਕਰਮਚਾਰੀਆਂ ਵਿੱਚੋਂ ਕੁੱਝ ਕੁ ਲੋਕ ਸੰਘਰਸ਼ੀ ਲੋਕਾਂ ਦਾ ਸਾਥ ਛੱਡ ਕੇ ਪ੍ਰਬੰਧਕਾਂ ਦੀ ਝੋਲੀ ਵਿਚ ਜਾ ਪੈਂਦੇ ਹਨ ਤਾਂ ਸੰਘਰਸ਼ੀ ਲੋਕ ਉਹਨਾਂ ਨਾਲ ਸਮਾਜਿਕ ਬਾਈਕਾਟ ਕਰਨ ਤੱਕ ਜਾਂਦੇ ਹਨ। ਉਹਨਾਂ ਨੂੰ 'ਜੂਝਦੇ ਜੁਝਾਰ ਲੋਕ, ਫਿੱਟੇ ਮੂੰਹ ਗੱਦਾਰ ਲੋਕ' ਕਹਿ ਕੇ ਛੁਟਿਆਉਂਦੇ ਹਨ। ਇਹਨਾਂ ਸੰਘਰਸ਼ਾਂ ਦੀਆਂ ਥਾਵਾਂ 'ਤੇ ਲਾਲ ਫਰੇਰੇ ਜ਼ਰੂਰ ਝੂਲਦੇ ਹਨ। ਰਾਜਗੁਰੂ, ਸੁਖਦੇਵ ਅਤੇ ਭਗਤ ਸਿੰਘ ਵਰਗੇ ਕੌਮ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਬਹੁਤ ਸਾਰੇ ਸੰਘਰਸ਼ ਅਤੇ ਨਾਅਰੇ ਨਿਕਲ ਕੇ ਆਏ, ਜਿਹਨਾਂ ਵਿੱਚੋਂ 'ਜਿੱਥੇ ਖੂਨ ਸ਼ਹੀਦਾਂ ਦਾ ਡੁੱਲ੍ਹੂ, ਉਥੇ ਲਾਲ ਹਨੇਰੀ ਝੁੱਲੂ' ਇਸੇ ਤਰ੍ਹਾਂ ਇਹਨਾਂ ਦੇਸ਼ ਅਤੇ ਕੌਮ ਦੇ ਸ਼ਹੀਦਾਂ ਨੇ ਉਹਨਾਂ ਦੇ ਨਕਸ਼ੇ-ਕਦਮ 'ਤੇ ਚੱਲਣ ਲਈ ਇੱਕ ਬੜਾ ਹੀ ਮਕਬੂਲ ਨਾਅਰਾ 'ਸਹੀਦੋ ਥੌਡੀ ਸੋਚ ਤੇ, ਪਹਿਰਾ ਦਿਆਂਗੇ ਠੋਕ ਕੇ' ਸਾਹਮਣੇ ਆਇਆ। ਸਮੇਂ ਦੇ ਗੁਜ਼ਰਨ ਨਾਲ ਇਹ ਨਾਅਰਾ ਦੂਜੀਆਂ ਸਿਆਸੀ ਪਾਰਟੀਆਂ ਨੇ ਵੀ ਅਪਣਾ ਲਿਆ। ਨਾਅਰਾ ਤਾਂ ਕਿਸੇ ਦੇਸ਼ ਭਗਤ ਦੀ ਸ਼ਹੀਦੀ ਸਮੇਂ ਉਸ ਦੇ ਅਸੂਲਾਂ 'ਤੇ ਚੱਲਣ ਲਈ ਦਿੱਤਾ ਗਿਆ ਸੀ, ਪਰ ਸਿਆਸੀ ਪਾਰਟੀਆਂ ਦੇ ਕਾਰਕੁੰਨ ਜਦੋਂ ਕਿਸੇ ਭ੍ਰਿਸ਼ਟਾਚਾਰ ਜਾਂ ਡਰੱਗ ਆਦਿ ਦੇ ਕੇਸ ਵਿਚ ਅਦਾਲਤਾਂ ਵਿਚ ਪੇਸ਼ੀ ਭੁਗਤਣ ਆਉਂਦੇ ਹਨ ਤਾਂ ਉਹਨਾਂ ਦੇ ਸਿਆਸੀ ਚਮਚੇ ਵੀ ਬੜੇ ਜੋਸ਼ ਨਾਲ ਇਹ ਨਾਅਰਾ ਲਾਉਂਦੇ ਹਨ। ਹੈਰਾਨੀ ਉਦੋਂ ਹੁੰਦੀ ਹੈ ਕਿ ਉਹ ਲੀਡਰ ਨਾ ਤਾਂ ਦੇਸ਼ ਅਤੇ ਕੌਮ ਖਾਤਰ ਸ਼ਹੀਦ ਹੋਇਆ ਹੁੰਦਾ ਹੈ ਅਤੇ ਨਾ ਉਸ ਨੇ ਕੋਈ ਕੁਰਬਾਨੀ ਦੇਸ਼ ਲਈ ਕੀਤੀ ਹੁੰਦੀ ਹੈ। ਕੀ ਉਸ ਦੇ ਚਮਚੇ ਆਪਣੇ ਲੀਡਰ ਦੀ ਭ੍ਰਿਸ਼ਟਾਚਾਰੀ ਪਰਵਿਰਤੀ ਲਈ ਜਾਂ ਡਰੱਗ ਕੇਸਾਂ ਵਿਚ ਸਮਾਜ ਨੂੰ ਤਬਾਹ ਕਰਨ ਦੀ ਸੋਚ 'ਤੇ ਪਹਿਰਾ ਦੇਣਗੇ? ਇਸੇ ਤਰ੍ਹਾਂ ਕੁੱਝ ਹੋਰ ਨਾਅਰੇ ਜੋ ਅੱਜ-ਕੱਲ੍ਹ ਮਕਬੂਲ ਹੋ ਰਹੇ ਹਨ-ਉਹ ਹਨ 'ਆਪਣੇ ਦੇਸ਼ ਦੇ ਮਾਲ ਖਜ਼ਾਨੇ, ਚੂੰਡੀ ਜਾਂਦੇ ਦੇਸ਼ ਬੇਗਾਨੇ', 'ਸਾਮਰਾਜ ਦੇ ਕੌਲੀ ਚੱਟ, ਨਿੱਜੀਕਰਨ ਦੀ ਲਾਉਂਦੇ ਰੱਟ', 'ਰਾਜ ਭਾਗ ਦਾ ਆਵਾ ਊਤ, ਇਨਕਲਾਬ ਨੇ ਕਰਨਾ ਸੂਤ', 'ਇਹ ਦੇਸ਼ ਅਜੇ ਨ੍ਹੀ ਲੋਕਾਂ ਦਾ, ਹੈ ਖੂਨ ਪੀਣੀਆਂ ਜੋਕਾਂ ਦਾ', 'ਸਾਮਰਾਜ ਦਿਨ ਪੁੱਗੇ ਤੇਰੇ, ਝੂਲਣਗੇ ਹੁਣ ਲਾਲ ਫਰੇਰੇ', 'ਜੰਗਬਾਜ਼ ਤੇ ਦੰਗੇਬਾਜ਼-ਧੂਹ ਲਓ! ਇਹਨਾਂ ਨੇ ਨਹੀਂ ਆਉਣਾ ਬਾਜ਼', 'ਤੇਰਾ ਕੀ ਖੁਸਜੂ ਮਜ਼ਦੂਰਾ, ਜਿੱਤਣ ਲਈ ਸੰਸਾਰ ਹੈ ਪੂਰਾ' ਅਤੇ 'ਫਿਰਕਾਪ੍ਰਸਤਾਂ ਨੂੰ ਦੁਰਕਾਰੋ, ਜਮਾਤੀ ਏਕੇ ਦਾ ਕਿਲ੍ਹਾ ਉਸਾਰੋ' ਆਦਿ। ਉਹ ਵੱਖਰੀ ਗੱਲ ਹੈ ਕਿ ਅੱਜ ਮਸ਼ੀਨੀਕਰਨ ਦੇ ਯੁੱਗ ਵਿਚ ਜਮਾਤੀ ਸੰਘਰਸ਼ ਮੱਠੇ ਪੈ ਗਏ ਹਨ। ਕੇਂਦਰ ਵਿਚ ਬੈਠੀ ਭਾਜਪਾ ਦੀ ਸਰਕਾਰ ਮਜ਼ਦੂਰ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਲੈ ਕੇ ਆ ਗਈ ਹੈ।

ਸ਼ਹੀਦੀਆਂ ਦੇ ਕੇ ਪ੍ਰਾਪਤ ਕੀਤੇ ਕੰਮ ਦੇ ਅੱਠ ਘੰਟਿਆਂ ਦੀ ਸੀਮਾ ਹੁਣ ਖਤਮ ਹੁੰਦੀ ਜਾ ਰਹੀ ਹੈ। ਸਰਕਾਰੀ ਨੌਕਰੀਆਂ 'ਤੇ ਬ੍ਰੇਕਾਂ ਲੱਗ ਗਈਆਂ ਹਨ। ਕਾਰਪੋਰੇਟੀ ਨਿਜਾਮ ਵਿਚ ਨੌਕਰੀਆਂ ਦਾ ਨਿੱਜੀਕਰਨ ਹੋ ਗਿਆ ਹੈ। ਵਿਧਾਨ ਸਭਾਵਾਂ ਅਤੇ ਦੇਸ਼ ਦੀ ਸੰਸਦ ਵਿਚ ਹੁਣ ਮਜ਼ਦੂਰਾਂ ਦੇ ਹੱਕਾਂ ਦੀ ਬਜਾਏ ਅੰਬਾਨੀ ਅਤੇ ਅਡਾਨੀ ਵਰਗੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿਚ ਆਵਾਜ਼ ਗੂੰਜਦੀ ਹੈ।

***# ਸੰਪਰਕ : 98154-61301***

# 108 ਐਂਬੂਲੈਂਸ ਇੰਪਲਾਈਜ਼ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਭੁੱਖ ਹੜਤਾਲ ਤੇ ਰੋਸ ਪ੍ਰਦਰਸ਼ਨ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

108 ਐਂਬੂਲੈਂਸ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਅਮਨਦੀਪ ਸਿੰਘ ਨੇ ਦੱਸਿਆ ਕਿ ਨਵੰਬਰ ਮਹੀਨੇ ਤੋਂ ਸਮੂਹ ਮੁਲਾਜ਼ਮ ਪਾਇਲਟ ਤੇ ਈ.ਐਮ.ਟੀ. ਆਪਣੀਆਂ ਜਾਇਜ਼ ਮੰਗਾਂ ਜਿਵੇਂ ਤਨਖਾਹ 'ਚ ਸਾਲਾਨਾ ਵਾਧਾ, ਐਂਬੂਲੈਂਸਾਂ ਦਾ ਸਹੀ ਰੱਖ ਰਖਾਅ ਤੇ ਮਰੀਜ਼ਾਂ ਲਈ ਐਂਬੂਲੈਂਸ ਵਿੱਚ ਵਰਤੀ ਜਾਂਦੀ ਜੀਵਨ ਰੱਖਿਆ ਪ੍ਰਣਾਲੀ ਦੇ ਸਹੀ ਸਾਜ਼ੋ ਸਾਮਾਨ ਦੀ ਮੰਗ ਕਰਦੇ ਹੋਏ ਸਮੂਹਕ ਭੁੱਖ ਹੜਤਾਲ 'ਤੇ ਹਨ ਅਤੇ ਭੁੱਖ ਹੜਤਾਲ ਦੌਰਾਨ ਐਂਬੂਲੈਂਸ ਚਲਾ ਕੇ ਆਪਣਾ ਰੋਸ ਜ਼ਾਹਰ ਕਰ ਰਹੇ ਹਨ, ਪਰ ਐਂਬੂਲੈਂਸਾਂ ਦਾ ਰੱਖ ਰਖਾਅ ਕਰਨ ਵਾਲੀ ਜਕਿਤਜ਼ਾ ਹੈਲਥ ਕੇਅਰ ਕੰਪਨੀ ਵੱਲੋਂ ਮੁਲਾਜ਼ਮ ਮੰਗਾਂ ਦਾ ਨਿਪਟਾਰਾ ਤਾਂ ਕੀ ਕਰਨਾ, ਸਗੋਂ ਘਰ ਬੈਠੇ ਜਾਂ ਹੋਰ ਗੱਡੀ 'ਤੇ ਤਾਇਨਾਤ ਸਟਾਫ ਦੀਆਂ ਫਰਜ਼ੀ ਹਾਜ਼ਰੀਆਂ ਲਗਾ ਕੇ ਸਰਕਾਰ ਤੋਂ ਖੜੀਆਂ ਗੱਡੀਆਂ ਦੇ ਕਲੇਮ ਹਾਸਲ ਕਰਨੇ ਸ਼ੁਰੂ ਕਰ ਦਿੱਤੇ ਹਨ ਅਤੇ ਅਜਿਹੇ ਵਰਤਾਰੇ ਦਾ ਵਿਰੋਧ ਕਰਨ ਵਾਲੇ ਕਰਮਚਾਰੀਆਂ ਦਾ ਮਨੋਬਲ ਤੋੜਨ ਲਈ ਕਰਮਚਾਰੀਆਂ ਨੂੰ ਬਰਖਾਸਤ ਕਰਕੇ ਸੱਚ ਦੀ ਅਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਅਫਸੋਸ ਦੀ ਗੱਲ ਹੈ ਕਿ ਕਈ ਜ਼ਿਲ੍ਹਿਆਂ ਦੇ ਡਿਪਟੀ ਮੈਡੀਕਲ ਕਮਿਸ਼ਨਰ ਇਨ੍ਹਾਂ ਕੰਪਨੀ ਦੇ ਕਲਸਟਰ ਜ਼ਿਲ੍ਹਾ ਮੈਨੇਜਰ ਤੇ ਐਚ ਆਰ ਵਿਭਾਗ ਦੇ ਅਧਿਕਾਰੀਆਂ ਦਾ ਬਚਾਅ ਕਰ ਰਹੇ ਹਨ। ਸੂਬਾ ਪ੍ਰਧਾਨ ਨੇ ਕੰਪਨੀ ਦੇ ਜ਼ਿਲ੍ਹਾ ਮੈਨੇਜਰਾਂ ਤੇ ਐਚ ਆਰ ਵਿਭਾਗ 'ਤੇ ਦੋਸ਼ ਲਾਉਂਦੇ ਹੋਏ ਦੱਸਿਆ ਕਿ ਐਚ ਆਰ ਲੋਕਲ ਆਪਣੀ ਜਾਨ ਪਹਿਚਾਣ ਦੇ ਮਿਸਤਰੀਆਂ ਕੋਲੋਂ ਗੱਡੀਆਂ ਦਾ ਕੰਮ ਕਰਵਾਉਂਦੇ ਹਨ ਤੇ ਸਹੀ ਸਮੇਂ ਏਜੰਸੀ ਤੋਂ ਸਰਵਿਸ ਨਹੀਂ ਕਰਵਾਈ ਜਾਂਦੀ, ਜਿਸ ਦੇ ਫਲਸਰੂਪ ਗੱਡੀਆਂ ਦੀ ਵਰੰਟੀ ਸਮੇਂ ਤੋਂ ਪਹਿਲਾਂ ਖਤਮ ਹੋ ਰਹੀ ਹੈ ਅਤੇ ਸਮੇ ਸਰਵਿਸ ਨਾ ਹੋਣ 'ਤੇ ਇੰਜਣ ਦਾ ਤੇਲ ਬਹੁਤ ਗਾੜ੍ਹਾ ਹੋਣ ਕਾਰਨ ਸਮੇਂ ਤੋਂ ਪਹਿਲਾਂ ਇੰਜਣ ਕੰਡਮ ਹੋ ਰਹੇ ਹਨ। ਸੂਬਾ ਪ੍ਰਧਾਨ ਨੇ ਜੀਵਨ ਰੱਖਿਆ ਪ੍ਰਣਾਲੀ 'ਚ ਵਰਤੇ ਜਾਨ ਵਾਲੇ ਸਾਮਾਨ ਦੇ ਖਰਾਬ ਹੋਣ ਦੇ ਵੀ ਦੋਸ਼ ਲਗਾਏ। ਉਨ੍ਹਾ ਕਿਹਾ ਕੇ ਸਾਮਾਨ ਖਰਾਬ ਹੋਣ ਕਾਰਨ ਸਾਨੂੰ ਲੋਕਾਂ ਦੇ ਰੋਸ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਬੰਧੀ ਪੰਜਾਬ ਸਿਹਤ ਸਿਸਟਮ ਕਾਰਪੋਰੇਸ਼ਨ ਨੂੰ ਜ਼ਿਲ੍ਹਾ ਪੱਧਰੀ ਡਿਪਟੀ ਮੈਡੀਕਲ ਕਮਿਸ਼ਨਰਾਂ ਤੇ ਰਾਜ ਪੱਧਰ 'ਤੇ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਰਾਹੀਂ ਪੱਤਰ ਭੇਜ ਕੇ ਜਾਣੂ ਕਰਵਾਇਆ ਜਾ ਚੁੱਕਾ ਹੈ ਅਤੇ ਸੀਨੀਅਰ ਕਪਤਾਨ ਪੁਲਸ ਨੂੰ ਵੀ ਮਾਮਲੇ ਦੀ ਗੰਭੀਰਤਾਂ ਨੂੰ ਦੇਖਦੇ ਹੋਏ ਇਸ ਧੋਖਾਧੜੀ ਦੇ ਮੱਦੇਨਜ਼ਰ ਸਖਤ ਕਨੂੰਨੀ ਕਾਰਵਾਈ ਲਈ ਯੂਨੀਅਨ ਵੱਲੋਂ ਪੱਤਰ ਭੇਜਿਆ ਗਿਆ ਹੈ, ਜਿਸ ਦੀ ਪੜਤਾਲ ਐਸ ਪੀ ਰੂਰਲ ਸ੍ਰੀ ਮਨਪ੍ਰੀਤ ਸਿੰਘ ਪਾਸ ਪੈਂਡਿੰਗ ਹੈ। ਯੂਨੀਅਨ ਪ੍ਰਧਾਨ ਤੇ ਸੂਬਾ ਕਮੇਟੀ ਵੱਲੋਂ ਦੱਸਿਆ ਗਿਆ ਕੇ ਉਨ੍ਹਾਂ ਦੇ ਪੰਜ ਸਾਥੀ ਗੁਰਜੀਤ ਸਿੰਘ, ਬਲਜਿੰਦਰ ਸਿੰਘ, ਹਰਮੀਤ ਸਿੰਘ, ਬਲਵਿੰਦਰ ਗੁਰੂ ਤੇ ਸਰਨਜੀਤ ਕੌਰ ਮਿਤੀ 20-12-2023 ਤੋਂ ਮੋਹਾਲੀ ਐਂਬੂਲੈਂਸ ਬੇਸ 'ਤੇ ਭੁੱਖ ਹੜਤਾਲ ਨੂੰ ਮਰਨ ਵਰਤ ਵਿੱਚ ਤਬਦੀਲ ਕਰ ਚੁੱਕੇ ਹਨ, ਜੇਕਰ ਸਾਰੇ ਸਬੂਤ ਮੁਹੱਈਆ ਕਰਵਾਉਣ ਤੋਂ ਬਾਅਦ ਵੀ ਤੇ ਮਰਨ ਵਰਤ 'ਤੇ ਭੁੱਖਣ ਭਾਣੇ ਬੈਠੇ ਸਾਥੀਆਂ ਦਾ ਮਨੋਬਲ ਤੋੜਨ ਦੇ ਮਨਸ਼ੇ ਨਾਲ ਨੋਡਲ ਅਫਸਰ ਪੀ.ਐਚ.ਐਸ.ਸੀ. ਪੰਜਾਬ ਤੇ ਕੰਪਨੀ ਨੇ ਮਿਲੀ ਭੁਗਤ ਕਰਕੇ ਹੋਰ ਕਰਮਚਾਰੀ ਬਰਖਾਸਤ ਕਰਨ ਦਾ ਸਿਲਸਿਲਾ ਐਵੇਂ ਹੀ ਜਾਰੀ ਰੱਖਿਆ ਤੇ ਪ੍ਰਸ਼ਾਸਨ ਨੇ ਕੰਪਨੀ ਖਿਲਾਫ ਧੋਖਾ ਧੜੀ ਦੇ ਚਲਦੇ ਸਖਤ ਧਾਰਾਵਾਂ ਤਹਿਤ ਮਾਮਲਾ ਦਰਜ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ 1500 ਸਾਥੀ ਆਪਣੇ ਪਰਿਵਾਰਾਂ ਸਮੇਤ ਆ ਕੇ ਮੁੱਖ ਮੰਤਰੀ ਨੂੰ ਚਾਬੀਆਂ ਸੌਂਪ ਦੇਣਗੇ ਅਤੇ ਸੂਬਾ ਪੱਧਰੀ ਇਕੱਠ ਕਰਕੇ ਸੰਘਰਸ਼ ਹੋਰ ਤੇਜ਼ ਕਰਨ ਦੇ ਨਾਲ ਮਾਨਯੋਗ ਹਾਈ ਕੋਰਟ ਅਤੇ ਸੀ.ਬੀ.ਆਈ. ਦਾ ਦਰਵਾਜ਼ਾ ਵੀ ਖੜਕਾਇਆ ਜਾਵੇਗਾ। ਇਸ ਮੌਕੇ ਸੂਬਾ ਪ੍ਰਧਾਨ ਅਮਨਦੀਪ ਸਿੰਘ ਸਾਰੇ ਜ਼ਿਲ੍ਹਾ ਪ੍ਰਧਾਨ ਤੇ ਮਰਨ ਵਰਤ 'ਤੇ ਬੈਠੇ ਸਾਥੀ ਮੌਜੂਦ ਰਹੇ।

# ਸੀ ਪੀ ਆਈ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸੰਗਰੂਰ ਦੀ ਕਾਰਜਕਾਰਨੀ ਮੀਟਿੰਗ ਸਾਥੀ ਨਵਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਸਕੱਤਰ ਸੁਖਦੇਵ ਸ਼ਰਮਾ ਨੇ ਰਿਪੋਰਟਿੰਗ ਕਰਦਿਆਂ ਦੱਸਿਆ ਕਿ ਭਾਰਤ ਦੀ ਮੋਦੀ ਸਰਕਾਰ ਨੇ ਗੈਰ-ਜਮਹੂਰੀ ਤੇ ਤਾਨਾਸ਼ਾਹੀ ਤੌਰ ਤਰੀਕੇ ਵਰਤਦਿਆਂ 140 ਦੇ ਕਰੀਬ ਮੈਂਬਰ ਪਾਰਲੀਮੈਂਟ ਨੂੰ ਸੈਸ਼ਨ ਦੇ ਰਹਿੰਦੇ ਸਮੇਂ ਲਈ ਮੁਅੱਤਲ ਕਰ ਦਿੱਤਾ। ਸਾਰੇ ਬਿੱਲ ਬਿਨਾਂ ਬਹਿਸ ਗੈਰ-ਲੋਕਤਾਂਤਰਿਕ ਤਰੀਕੇ ਨਾਲ ਪਾਸ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਨਫਰਤ ਫੈਲਾਈ ਜਾ ਰਹੀ ਹੈ। ਸਦੀਆਂ ਤੋਂ ਰਲ ਮਿਲ ਕੇ ਰਹਿ ਰਹੇ ਲੋਕਾਂ ਵਿੱਚ ਨਫਰਤ ਦੀ ਫੁੱਟ ਦੇ ਬੀਜ ਬੀਜੇ ਜਾ ਰਹੇ ਹਨ। ਪੰਜਾਬ ਸਰਕਾਰ ਕੀਤੇ ਵਾਅਦਿਆਂ ਤੋਂ ਮੁੱਕਰ ਰਹੀ ਹੈ ਅਤੇ ਔਰਤਾਂ ਨੂੰ ਕੀਤੇ ਵਾਅਦੇ ਮੁਤਾਬਿਕ 1 ਹਜ਼ਾਰ ਰੁਪਏ ਮਹੀਨਾ ਦੇਣ ਤੋਂ ਟਾਲ ਮਟੋਲ ਕਰ ਰਹੀ ਹੈ। ਨਵੀਂ ਪੈਨਸ਼ਨ ਬੰਦ ਕਰਕੇ ਪੁਰਾਣੀ ਪੈਨਸਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ। ਕਿਸਾਨਾਂ ਦੀਆਂ ਇੱਕ ਫਸਲੇ ਦੇ ਖਰਾਬੇ ਦਾ ਮੁਆਵਜ਼ਾ ਨਹੀਂ ਦਿੱਤਾ ਜਾ ਰਿਹਾ ਇਸ ਤੋਂ ਬਾਅਦ 26 ਦਸੰਬਰ ਨੂੰ ਪਾਰਟੀ ਦਾ ਸਥਾਪਨਾ ਦਿਵਸ ਸਕੂਲਿੰਗ ਕਰਾਉਣ ਦਾ ਫੈਸਲਾ ਕੀਤਾ, ਜਿਸ ਤਹਿਤ ਜ਼ਿਲ੍ਹਾ ਪਾਰਟੀ ਦੀ ਵਧਾਈ ਜ਼ਿਲ੍ਹਾ ਕੌਂਸਲ ਤੇ ਸਰਗਰਮ ਵਰਕਰਾਂ ਨੂੰ ਸੱਦਿਆ ਜਾਵੇਗਾ। 3 ਜਨਵਰੀ ਨੂੰ ਸਾਥੀ ਭਾਨ ਸਿੰਘ ਭੌਰਾ ਦੀ ਬਰਸੀ ਸੰਗਰੂਰ ਵਿਖੇ ਮਨਾਈ ਜਾਵੇਗੀ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਹਰਦੇਵ ਸਿੰਘ ਅਰਸ਼ੀ, ਡਾਕਟਰ ਮਨਿੰਦਰ ਸਿੰਘ ਧਾਲੀਵਾਲ, ਬ੍ਰਿਜ ਲਾਲ, ਲੀਲੇ ਖਾਨ ਗੁਰਦਿਆਲ ਨਿਰਮਾਣ, ਭਰਪੂਰ ਸਿੰਘ ਬੁਲਾਂਪੁਰ, ਨਿਰਮਲ ਸਿੰਘ ਬਟੜਿਆਣਾ, ਸੰਪੂਰਨ ਸਿੰਘ ਛਾਜਲੀ, ਦਰਸ਼ਨ ਸਿੰਘ ਦੁੱਗਾ ਆਦਿ ਸਾਥੀ ਸ਼ਾਮਲ ਸਨ। ਅੰਤ ਵਿੱਚ ਸਾਥੀ ਨਵਜੀਤ ਸਿੰਘ ਨੇ ਮੀਟਿੰਗ ਵਿੱਚ ਆਏ ਸਾਥੀਆਂ ਦਾ ਧੰਨਵਾਦ ਕੀਤਾ।

# ਕਾਤਲ ਕੁਝ ਹੀ ਘੰਟਿਆਂ 'ਚ ਗ੍ਰਿਫਤਾਰ, ਵਾਰਦਾਤ ਸਮੇਂ ਵਰਤਿਆ ਪਿਸਟਲ ਤੇ ਗੱਡੀ ਬਰਾਮਦ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਪੁਲਸ ਮੁਖੀ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਦੇ ਯੋਗ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀ ਸਤਨਾਮ ਸਿੰਘ ਡੀ.ਐਸ.ਪੀ. ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਸ੍ਰੀ ਜਸਬੀਰ ਸਿੰਘ ਡੀ.ਐਸ.ਪੀ. ਸਬ ਡਵੀਜ਼ਨ ਗਿੱਦੜਬਾਹਾ, ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ., ਸ੍ਰੀ ਮੁਕਤਸਰ ਸਾਹਿਬ ਤੇ ਮੁੱਖ ਅਫਸਰ ਥਾਣਾ ਸਿਟੀ ਤੇ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਵੱਲੋਂ ਕੁਝ ਹੀ ਘੰਟਿਆਂ ਵਿੱਚ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਜ਼ਿਲ੍ਹਾ ਪੁਲਸ ਮੁਖੀ ਵੱਲੋਂ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੇ ਏਰੀਆ ਵਿੱਚ ਪੈਂਦੇ ਸਨੈਕਰ ਰੈਸਟੋਰੈਂਟ ਦੇ ਸਾਹਮਣੇ ਰਾਤ ਨੂੰ ਨੌਜਵਾਨਾਂ ਵੱਲੋਂ ਆਪਸੀ ਰੰਜਿਸ਼ ਦੇ ਚੱਲਦਿਆਂ ਗੋਲੀਆਂ ਚਲਾਈਆਂ ਗਈਆਂ, ਜਿਸ ਵਿੱਚ ਇੱਕ ਨੌਜਵਾਨ ਸੁਮਿਤ ਸਿੰਘ ਬਰਾੜ ਪੁੱਤਰ ਸੁਖਚੈਨ ਸਿੰਘ ਦੀ ਮੌਤ ਹੋ ਗਈ ਤੇ ਦੂਸਰਾ ਨੌਜਵਾਨ ਰਿਪਨਜੋਤ ਸਿੰਘ ਪੁੱਤਰ ਸਰਬਜੀਤ ਸਿੰਘ ਵਾਸੀ ਜਵਾਹਰੇਵਾਲਾ ਜ਼ਖ਼ਮੀ ਹੋ ਗਿਆ, ਜੋ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ। ਇਸ ਘਟਨਾ ਨੂੰ ਅੰਜਾਮ ਦੇਣ ਉਪਰੰਤ ਦੋਸੀ ਆਪਣੇ ਹਥਿਆਰਾਂ ਸਮੇਤ ਸਕਾਰਪੀਓ ਗੱਡੀ 'ਤੇ ਸਵਾਰ ਹੋ ਕੇ ਮੌਕਾ ਤੋਂ ਫਰਾਰ ਹੋ ਗਏ ਸਨ। ਇਸ ਸਬੰਧੀ ਪੁਲਸ ਨੂੰ ਸੂਚਨਾ ਮਿਲਣ 'ਤੇ ਪੁਲਸ ਵਿਭਾਗ ਵੱਲੋਂ ਤੁਰੰਤ ਹਰਕਤ ਵਿੱਚ ਆਉਂਦਿਆਂ ਦੋਸ਼ੀਆਂ ਖਿਲਾਫ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਸ ਸਬੰਧੀ ਜਗਜੀਤ ਸਿੰਘ ਪੁੱਤਰ ਗੁਰਟੇਕ ਸਿੰਘ ਵਾਸੀ ਪਿੰਡ ਰਣਜੀਤਗੜ੍ਹ ਦੇ ਬਿਆਨ 'ਤੇ ਮੁਕੱਦਮਾ ਨੰਬਰ 206 ਮਿਤੀ 21/12/2023 ਅ/ਧ 302,307,148,149 ਹਿੰ.ਦੰ. 25,27-54-59 ਅਸਲਾ ਐਕਟ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਬਰਖਿਲਾਫ ਲਵਪ੍ਰੀਤ ਸਿੰਘ ਚਹਿਲ ਪੁੱਤਰ ਹਰਜੀਤ ਸਿੰਘ ਵਾਸੀ ਆਦੇਸ ਨਗਰ, ਸ੍ਰੀ ਮੁਕਤਸਰ ਸਾਹਿਬ ਅਤੇ ਜੈਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਵਾਰਡ ਨੰਬਰ 10, ਸ੍ਰੀ ਮੁਕਤਸਰ ਸਾਹਿਬ ਵਗੈਰਾ ਦਰਜ ਕੀਤਾ ਗਿਆ।

ਜ਼ਿਲ੍ਹਾ ਪੁਲਸ ਮੁਖੀ ਵੱਲੋਂ ਇਸ ਸਬੰਧੀ ਤੁਰੰਤ ਐਕਸ਼ਨ ਲੈਂਦਿਆਂ ਵੱਖ-ਵੱਖ ਟੀਮਾਂ ਬਣਾ ਕੇ, ਦੋਸ਼ੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਤੇ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਮੁੱਖ ਦੋਸ਼ੀ ਲਵਪ੍ਰੀਤ ਸਿੰਘ ਚਹਿਲ ਪੁੱਤਰ ਹਰਜੀਤ ਸਿੰਘ ਵਾਸੀ ਆਦੇਸ਼ ਨਗਰ, ਸ੍ਰੀ ਮੁਕਤਸਰ ਸਾਹਿਬ ਨੂੰ ਗ੍ਰਿਫਤਾਰ ਕਰਕੇ, ਉਸ ਪਾਸੋਂ ਵਕੂਆ ਸਮੇਂ ਵਰਤਿਆ ਗਿਆ ਵਰਤਿਆ .32 ਬੋਰ ਪਿਸਟਲ ਸਮੇਤ 02 ਮੈਗਜ਼ੀਨ ਤੇ 07 ਜ਼ਿੰਦਾ ਰੌਂਦ, 01 ਖੋਲ੍ਹ ਕਾਰਤੂਸ ਬਰਾਮਦ ਕਰਨ ਅਤੇ ਵਾਰਦਾਤ ਸਮੇਂ ਵਰਤੀ ਗਈ ਸਕਾਰਪੀਓ ਗੱਡੀ ਨੰਬਰ ਪੀ.ਬੀ. 30-ਢ0058 ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਹੁਣ ਤੱਕ ਦੀ ਮੁੱਢਲੀ ਤਫਤੀਸ਼ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਵਾਰਦਾਤ ਸਮੇਂ ਵਰਤਿਆ ਗਿਆ ਪਿਸਟਲ ਲਾਇਸੰਸੀ ਹੈ, ਜੋ ਕਿ ਲਵਪ੍ਰੀਤ ਸਿੰਘ ਦੇ ਕਜ਼ਨ ਹਰਪ੍ਰੀਤ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਕੋਠੇ ਹਿੰਮਤਪੁਰਾ ਦਾ ਹੈ। ਪੁਲਸ ਵਿਭਾਗ ਵੱਲੋਂ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਪਾਸੋਂ ਉਕਤ ਵਿਅਕਤੀ ਦਾ ਲਾਇਸੰਸ ਕੈਂਸਲ ਕਰਵਾਇਆ ਜਾ ਰਿਹਾ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਹੋਰ ਵੀ ਬਾਰੀਕੀ ਤੇ ਸਖਤੀ ਨਾਲ ਪੁੱਛ-ਗਿੱਛ ਕੀਤੀ ਜਾਵੇਗੀ।

## ਕਾਤਰਾਂ

### ਸਰਪੰਚ ਪਵਨ ਦੁੱਗਲ ਨੂੰ ਸਦਮਾ, ਮਾਤਾ ਦਾ ਦੇਹਾਂਤ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਇਲਾਕੇ ਦੀ ਮੰਨੀ ਪ੍ਰਮੰਨੀ ਹਸਤੀ ਤੇ ਪਿੰਡ ਖੁੰਦਰ ਉਤਾੜ ਦੇ ਸਰਪੰਚ ਵਜੋਂ ਜਾਣੇ ਜਾਂਦੇ ਸੀਨੀਅਰ ਅਕਾਲੀ ਆਗੂ ਪਵਨ ਕੁਮਾਰ ਦੁੱਗਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦ ਉਨ੍ਹਾਂ ਦੇ ਮਾਤਾ ਸਵਰਨਾ ਰਾਣੀ ਪਤਨੀ ਸਵਰਗ ਵਾਸੀ ਗਿਆਨ ਚੰਦ ਦੁੱਗਲ ਅਚਾਨਕ ਅਕਾਲ ਚਲਾਣਾ ਕਰ ਗਏ। ਮਾਤਾ ਸਵਰਨਾ ਰਾਣੀ ਦੇ ਅੰਤਮ ਸੰਸਕਾਰ ਮੌਕੇ ਜੋਗਿੰਦਰ ਸਿੰਘ ਜਿੰਦੂ ਸਾਬਕਾ ਐਮ ਐਲ ਏ ਹਲਕਾ ਫਿਰੋਜ਼ਪੁਰ ਦਿਹਾਤੀ, ਹਰਚਰਨ ਸਿੰਘ ਵੈਰੜ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਗੁਰਬਚਨ ਸਿੰਘ ਖਾਰਾ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਮਮਦੋਟ, ਜੋਗਾ ਸਿੰਘ ਮੁਰਕ ਵਾਲਾ ਸਾਬਕਾ ਉੱਪ ਚੇਅਰਮੈਨ ਬਲਾਕ ਸੰਮਤੀ ਮਮਦੋਟ, ਸ਼੍ਰੀ ਅਮੀਰ ਚੰਦ ਬਿੰਦਰਾ, ਪ੍ਰਦੀਪ ਕੁਮਾਰ ਬਿੰਦਰਾ, ਰਕੇਸ਼ ਕੁਮਾਰ ਬਿੰਦਰਾ (ਬਿੰਦਰਾ ਕਮਿਸ਼ਨ ਏਜੰਟ), ਅਸ਼ੋਕ ਕੁਮਾਰ ਨਾਰੰਗ ਮਮਦੋਟ, ਵਿਜੇ ਕੁਮਾਰ ਬਿੰਦਰਾ (ਕਾਂਟਰੈਕਟਰ), ਬੌਬੀ ਬਿੰਦਰਾ, ਕੁਲਦੀਪ ਸਿੰਘ ਲਹੌਰੀਆ ਸਰਪੰਚ ਕੋਟ ਲਹੌਰੀਆ, ਸੀਨੀਅਰ ਆਗੂ ਨੱਥਾ ਸਿੰਘ ਗੱਟੀ, ਗੁਰਪ੍ਰੀਤ ਸਿੰਘ ਸੰਧੂ ਪ੍ਰਧਾਨ ਪ੍ਰੈਸ ਕਲੱਬ ਮਮਦੋਟ, ਜਸਬੀਰ ਸਿੰਘ ਕੰਬੋਜ ਜਨਰਲ ਸਕੱਤਰ ਸਮੇਤ ਵੱਡੀ ਗਿਣਤੀ ਵਿੱਚ ਵੱਖ ਵੱਖ ਆਗੂਆਂ ਤੇ ਸਥਾਨਕ ਲੋਕਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

### ਪੈਰਾ-ਮਿਲਟਰੀ ਫੋਰਸਿਸ ਲਈ ਮੁਫਤ ਟ੍ਰੇਨਿੰਗ ਕੈਂਪ

**ਬਰਨਾਲਾ (ਰਾਜਿੰਦਰ ਬਰਾੜ, ਰਿਸ਼ੀ ਗੋਇਲ)**-ਪੰਜਾਬ ਸਰਕਾਰ ਦੇ ਰੋਜ਼ਗਾਰ ਉੱਤਪਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਬੋੜਾਵਾਲ ਜ਼ਿਲ੍ਹਾ ਮਾਨਸਾ (ਭਿੱਖੀ-ਬੁਢਲਾਡਾ ਰੋਡ) ਵੱਲੋਂ ਜ਼ਿਲ੍ਹਾ ਮਾਨਸਾ, ਬਰਨਾਲਾ ਤੇ ਸੰਗਰੂਰ ਦੇ ਯੁਵਕਾਂ ਲਈ ਭਾਰਤ ਸਰਕਾਰ ਵੱਲੋਂ ਵੱਖ-ਵੱਖ ਫੋਰਸਾਂ ਲਈ ਕੱਢੀਆਂ 75768 ਪੋਸਟਾਂ, ਜਿਨ੍ਹਾਂ 'ਚ ਬੀ.ਐਸ.ਐਫ, ਸੀ.ਆਈ.ਐਸ.ਐਫ., ਸੀ.ਆਰ.ਪੀ.ਐਫ. ਆਈ.ਟੀ.ਬੀ.ਪੀ., ਅਸਾਮ ਰਾਈਫਲਜ਼ (ਏ.ਆਰ.) ਆਦਿ ਸ਼ਾਮਲ ਹਨ ਅਤੇ ਪੰਜਾਬ ਪੁਲਸ ਦੇ ਲਿਖਤੀ ਪੇਪਰ ਤੇ ਫਿਜ਼ੀਕਲ ਟ੍ਰੇਨਿੰਗ ਦੀ ਤਿਆਰੀ ਲਈ ਮੁਫਤ ਸਿਖਲਾਈ ਕੈਂਪ ਸ਼ੁਰੂ ਕੀਤਾ ਜਾ ਚੁੱਕਾ ਹੈ। ਇਨ੍ਹਾਂ ਪੋਸਟਾਂ ਲਈ ਆਨਲਾਈਨ ਅਪਲਾਈ 28 ਦਸੰਬਰ 2023 ਤੱਕ ਕੀਤਾ ਜਾ ਸਕਦਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ 90563-35220, 97792-50214 'ਤੇ ਸੰਪਰਕ ਕੀਤਾ ਜਾ ਸਕਦਾ ਹੈ।

### ਸ਼ਹਿਰ 'ਚ ਸਫਾਈ ਕਰਵਾਈ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)**-ਨਗਰ ਕੌਂਸਲ ਮਾਛੀਵਾੜਾ ਸਾਹਿਬ ਵੱਲੋਂ ਖੰਨਾ ਤੋਂ ਸਵੀਪਿੰਗ ਮਸ਼ੀਨ ਮੰਗਵਾ ਕੇ ਮਾਛੀਵਾੜਾ ਸ਼ਹਿਰ ਦੀ ਸਫਾਈ ਕਰਵਾਈ। ਸਾਲਾਨਾ ਸਭਾ ਤੋਂ ਪਹਿਲਾਂ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਪਾਲ ਸਿੰਘ ਦੀ ਅਗਵਾਈ ਹੇਠ ਖੰਨਾ, ਦੋਰਾਹਾ ਤੇ ਸਾਹਨੇਵਾਲ ਤੋਂ ਟੀਮਾਂ ਅਤੇ ਸਵੀਪਿੰਗ ਮਸ਼ੀਨ ਮੰਗਵਾ ਕੇ ਪੂਰੇ ਸ਼ਹਿਰ ਦੀ ਸਫਾਈ ਕਰਵਾਈ ਗਈ। ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸ਼ਹੀਦੀ ਜੋੜ ਮੇਲ ਦੇ ਦਿਨਾਂ ਵਿੱਚ ਨਿਮਰਤਾ ਸਹਿਤ ਬੇਨਤੀ ਕਰਦਿਆਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਬੀੜੀ ਸਿਗਰੇਟ, ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖੀਆਂ ਜਾਣ। ਇਸ ਮੌਕੇ ਪ੍ਰਾਈਵੇਟ ਪੀ ਏ ਸੁਖਵਿੰਦਰ ਸਿੰਘ ਗਿੱਲ, ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਪ੍ਰਵੀਨ ਮੱਕੜ ਤੇ ਹੋਰ ਸ਼ਾਮਲ ਸਨ।

# ਵਾਟਰ ਸਪਲਾਈ ਤੇ ਸੀਵਰੇਜ ਦੇ ਪ੍ਰਬੰਧਾਂ ਨੂੰ ਲੈ ਕੇ ਵਫ਼ਦ ਅਧਿਕਾਰੀਆਂ ਨੂੰ ਮਿਲਿਆ



**ਧੂਰੀ (ਬਿੰਨੀ ਗਰਗ, ਸੁਖਦੇਵ ਧੂਰੀ)**-ਸ਼ਹਿਰ ਵਿੱਚ ਪੀਣ ਵਾਲੇ ਸਾਫ਼ ਪਾਣੀ ਦੀ ਵੱਡੀ ਘਾਟ ਨੂੰ ਲੈ ਕੇ ਸੀਨੀਅਰ ਸਿਟੀਜਨ ਵੈੱਲਫ਼ੇਅਰ ਐਸੋਸੀਏਸ਼ਨ ਧੂਰੀ ਦਾ ਵਫ਼ਦ ਜਗਦੀਸ਼ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਅੰਮ੍ਰਿਤ ਸਿੰਘ ਬਰਾੜ ਤੇ ਕਾਰਜ ਸਾਧਕ ਅਫਸਰ, ਨਗਰ ਕੌਂਸਲ ਧੂਰੀ ਨੂੰ ਮਿਲਿਆ। ਵਫ਼ਦ ਦੇ ਆਗੂਆਂ ਨੇ ਦੋਵਾਂ ਅਧਿਕਾਰੀਆਂ ਨੂੰ ਸ਼ਹਿਰ ਵਿਚਲੇ ਟਿਊਬਵੈਲਾਂ ਬਾਰੇ ਸਥਿਤੀ ਸਪੱਸ਼ਟ ਕਰਦਿਆਂ ਦੱਸਿਆ ਕਿ ਰਾਮ ਲੀਲਾ ਗਰਾਉਂਡ ਵਾਲਾ ਟਿਊਬਵੈਲ ਪਿਛਲੇ ਲੰਮੇ ਸਮੇਂ ਤੋਂ ਬੰਦ ਪਿਆ ਹੈ, ਬੱਸ ਅੱਡਾ, ਏ.ਪੀ. ਇੰਨਕਲੇਵ, ਦਸਮੇਸ਼ ਨਗਰ, ਗੋਲ ਪਾਰਕ, ਬਾਗੜੀਆਂ ਚੌਂਕ ਵਾਲੇ ਟਿਊਬਵੈਲਾਂ ਦੀ ਪਾਣੀ ਦੀ ਮਾਤਰਾ ਬਹੁਤ ਥੋੜ੍ਹੀ ਹੋਣ ਕਾਰਨ ਸਾਰਾ ਬਰਨਾਲਾ ਰੋਡ, ਗੁਰੂ ਤੇਗ ਬਹਾਦਰ ਨਗਰ, ਪ੍ਰੀਤ ਵਿਹਾਰ, ਗਰੀਨ ਸਿਟੀ, ਮਨਸਾ ਦੇਵੀ ਮੰਦਿਰ ਰੋਡ, ਤੋਤਾਪੁਰੀ ਰੋਡ ਦਾ ਬਾਹਰੀ ਤੇ ਅੰਦਰੂਨੀ ਹਿੱਸਾ, ਦੌਲਤਪੁਰ ਰੋਡ, ਸੰਗਤ ਨਗਰ, ਮਾਲ ਗੁਦਾਮ ਰੋਡ ਇਲਾਕੇ ਵਿੱਚ ਦਸੰਬਰ ਮਹੀਨੇ ਵਿੱਚ ਵੀ ਪਾਣੀ ਦੀ ਕਮੀ ਮਹਿਸੂਸ ਹੋ ਰਹੀ ਹੈ, ਜਿਸ ਨੂੰ ਮਹਿਸੂਸ ਕਰਦਿਆਂ ਦੋਵਾਂ ਅਧਿਕਾਰੀਆਂ ਨੇ ਦੱਸਿਆ ਕਿ ਆਉਣ ਵਾਲੇ ਦਿਨ ਵਿੱਚ ਸ਼ਹਿਰ ਵਿੱਚ ਸੱਤ ਨਵੇਂ ਟਿਊਬਵੈਲ ਲਗਾਏ ਜਾ ਰਹੇ ਹਨ, ਜਿਸ ਨਾਲ ਪਾਣੀ ਦੀ ਕਮੀ ਦੂਰ ਹੋ ਜਾਵੇਗੀ, ਜਿਨ੍ਹਾਂ ਇਲਾਕਿਆਂ ਵਿੱਚ ਵਾਟਰ ਸਪਲਾਈ ਲਾਇਨਾਂ ਨਹੀਂ ਹਨ, ਉਨ੍ਹਾਂ ਵਿੱਚ ਨਵੀਆਂ 13 ਕਿਲੋਮੀਟਰ ਲਾਇਨਾਂ ਵਿਛਾਈਆਂ ਜਾ ਰਹੀਆਂ ਹਨ। ਆਗੂਆਂ ਨੇ ਜ਼ੋਰ ਦੇ ਕੇ ਆਖਿਆ ਕਿ ਟਿਊਬਵੈਲਾਂ ਦੇ ਕੰਮ ਨੂੰ ਸਮਾਂਬੱਧ ਕੀਤਾ ਜਾਵੇ ਤਾਂ ਜੋ ਇਹ ਗਰਮੀ ਦੇ ਸੀਜ਼ਨ ਤੋਂ ਪਹਿਲਾਂ ਚੱਲ ਸਕਣ। ਇਸ ਤੋਂ ਇਲਾਵਾ ਰੇਲਵੇ ਲਾਇਨ ਤੋਂ ਪਾਰ ਵਾਲੇ ਇਲਾਕਿਆਂ ਜਨਤਾ ਨਗਰ, ਧਰਮਪੁਰਾ, ਮਾਰਕਫੈੱਡ ਦੇ ਸੀਵਰੇਜ ਦੀ ਸਹੀ ਨਿਕਾਸੀ ਲਈ ਡਿਸਪੋਜ਼ਲਾਂ 'ਤੇ ਵੱਡੀਆਂ ਮੋਟਰਾਂ ਲਗਾਉਣ ਦੀ ਮੰਗ ਵੀ ਕੀਤੀ। ਇਸ ਮੌਕੇ ਸੀਵਰੇਜ ਬੋਰਡ ਦੇ ਐਸ.ਡੀ.ਓ. ਪਰਮਿੰਦਰ ਸਿੰਘ, ਤੇਜਿੰਦਰ ਸਿੰਗਲਾ, ਅਮਿਤ ਕੁਮਾਰ ਹਾਜ਼ਰ ਸਨ। ਵਫ਼ਦ ਦੇ ਆਗੂਆਂ ਵਿੱਚ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਢੀਂਡਸਾ, ਗੁਰਦੀਪ ਸਿੰਘ ਸਾਰੋਂ, ਸੁਰਜੀਤ ਸਿੰਘ ਵੜੈਚ, ਗੁਰਦਾਸ ਬਾਂਸਲ, ਸੋਮ ਨਾਥ ਅੱਤਰੀ, ਜਨਰਲ ਸਕੱਤਰ ਸਰਬਜੀਤ ਸਿੰਘ ਰਾਜੋਮਾਜਰਾ ਤੋਂ ਇਲਾਵਾ ਜਸਪਾਲ ਸਿੰਘ ਭੱਟੀ ਆਦਿ ਵੀ ਹਾਜ਼ਰ ਸਨ।

# ਵਿਧਾਇਕ, ਡਵੀਜ਼ਨਲ ਕਮਿਸ਼ਨਰ ਤੇ ਡਿਪਟੀ ਕਮਿਸ਼ਨਰ ਨੇ ਸ਼ੁਰੂ ਕਰਵਾਈ ਸਫਾਈ ਮੁਹਿੰਮ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ 26 ਤੋਂ 28 ਦਸੰਬਰ ਤੱਕ ਹੋਣ ਵਾਲੀ ਸ਼ਹੀਦੀ ਸਭਾ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਨਤਮਸਤਕ ਹੋਣ ਵਾਸਤੇ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਸੰਤ ਬਾਬਾ ਕਸ਼ਮੀਰਾ ਸਿੰਘ ਕਾਰ ਸੇਵਾ ਭੂਰੀ ਵਾਲਿਆਂ, ਬਾਬਾ ਫਕੀਰ ਸਿੰਘ ਤੇ ਬਾਬਾ ਸੁਖਵਿੰਦਰ ਸਿੰਘ ਵੱਲੋਂ ਭੇਜੀਆਂ ਗਈਆਂ ਮਸ਼ੀਨਾਂ ਤੇ ਸਫਾਈ ਸੇਵਾਦਾਰਾਂ ਦੇ ਜਥੇ ਦੇ ਸਹਿਯੋਗ ਨਾਲ ਵਿਸ਼ੇਸ਼ ਸਫਾਈ ਮੁਹਿੰਮ ਦੀ ਸ਼ੁਰੂਆਤ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਡਵੀਜ਼ਨਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਤੇ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਵੱਲੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਕੀਤੀ ਗਈ। ਇਸ ਮੌਕੇ ਅਰਦਾਸ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਸ. ਹਰਪਾਲ ਸਿੰਘ ਵੱਲੋਂ ਕੀਤੀ ਗਈ। ਇਸ ਦੌਰਾਨ ਸਫਾਈ ਸੇਵਾਦਾਰ ਭਾਈ ਅਮਰਜੀਤ ਸਿੰਘ, ਹਰਦੀਪ ਸਿੰਘ, ਮੁਖਤਾਰ ਸਿੰਘ, ਬਾਬਾ ਆਤਮਾ ਸਿੰਘ ਤੇ ਬਾਬਾ ਅਵਤਾਰ ਸਿੰਘ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਹਲਕਾ ਵਿਧਾਇਕ ਐਡਵੋਕੇਟ ਰਾਏ ਨੇ ਕਿਹਾ ਕਿ ਦੁਨੀਆਂ ਦੇ ਇਤਿਹਾਸ ਦੀ ਮਹਾਨ ਗਾਥਾ, ਜਿਸ ਨੂੰ ਨਿੱਕੀਆਂ ਜਿੰਦਾਂ ਵੱਡੇ ਸਾਕੇ ਵਜੋਂ ਵੀ ਯਾਦ ਕੀਤਾ ਜਾਂਦਾ ਹੈ, ਸਾਡੇ ਲਈ ਮਾਣ ਦੀ ਪ੍ਰਤੀਕ ਹੈ। ਜਿਸ ਤਰ੍ਹਾਂ ਛੋਟੇ ਸਾਹਿਬਜ਼ਾਦਿਆਂ ਨੇ 07 ਤੇ 09 ਸਾਲ ਦੀ ਉਮਰ ਵਿੱਚ ਮਨੁੱਖਤਾ ਦੀ ਰਾਖੀ ਤੇ ਹੱਕ ਸੱਚ ਲਈ ਸ਼ਹਾਦਤ ਦਿੱਤੀ, ਉਸ ਦੀ ਮਿਸਾਲ ਦੁਨੀਆ ਵਿੱਚ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਸੰਤ ਭੂਰੀ ਵਾਲਿਆਂ ਦੇ ਸਹਿਯੋਗ ਨਾਲ ਸ਼ਹਿਰ ਦੀ ਸਫਾਈ ਲਈ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾ ਦੱਸਿਆ ਕਿ ਪਹਿਲਾਂ ਪਿੰਡਾਂ ਦੀ ਸਫਾਈ ਦਾ ਕੰਮ ਵੱਡੀ ਪੱਧਰ 'ਤੇ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਆਲਾ ਦੁਆਲਾ ਹੋਰ ਵੀ ਨਿੱਖਰ ਕੇ ਸਾਹਮਣੇ ਆ ਰਿਹਾ ਹੈ। ਹੁਣ ਸ਼ਹਿਰ ਦੀ ਸਫਾਈ ਤੋਂ ਬਾਅਦ ਸ਼ਰਧਾਲੂਆਂ ਨੂੰ ਹੋਰ ਵੀ ਸਾਫ ਸੁਥਰਾ ਤੇ ਸਵੱਛ ਵਾਤਾਵਰਣ ਵੇਖਣ ਨੂੰ ਮਿਲੇਗਾ। ਉਨ੍ਹਾਂ ਸੰਤ ਭੂਰੀ ਵਾਲਿਆਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਦੀ ਸ਼ਲਾਘਾ ਕੀਤੀ।

ਡਵੀਜ਼ਨਲ ਕਮਿਸ਼ਨਰ ਦਲਜੀਤ ਸਿੰਘ ਮਾਂਗਟ ਨੇ ਕਿਹਾ ਕਿ ਦੇਸ਼ ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਲਈ ਪ੍ਰਸ਼ਾਸਨ ਵੱਲੋਂ ਪੁਖਤਾ ਇੰਤਜ਼ਾਮ ਕੀਤੇ ਜਾ ਰਹੇ ਹਨ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਬਾਬਾ ਕਸ਼ਮੀਰਾ ਸਿੰਘ ਭੂਰੀ ਵਾਲਿਆਂ ਵੱਲੋਂ ਸਫਾਈ ਵਾਸਤੇ ਮਸ਼ੀਨਾਂ ਦੇਣ ਲਈ ਧੰਨਵਾਦ ਕੀਤਾ। ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਸੰਗਤ ਦੀ ਸਹੂਲਤ ਲਈ ਵੱਡੀ ਗਿਣਤੀ ਪਖਾਨੇ ਤਿਆਰ ਕੀਤੇ ਗਏ ਹਨ ਤੇ ਆਰਜ਼ੀ ਪਖਾਨਿਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੀਣ ਵਾਲੇ ਸਾਫ ਸੁਥਰੇ ਪਾਣੀ ਦੇ ਕੁਨੈਕਸ਼ਨ ਵੀ ਲੰਗਰਾਂ ਵਿੱਚ ਦਿੱਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਦੇ ਕਰਮਚਾਰੀ ਵੀ ਦਿਨ-ਰਾਤ ਇੱਕ ਕਰ ਕੇ ਸਫਾਈ ਕਾਰਜਾਂ ਵਿੱਚ ਲੱਗੇ ਹੋਏ ਹਨ।

ਇਸ ਮੌਕੇ ਸਫਾਈ ਸੇਵਾਦਾਰ ਭਾਈ ਅਮਰਜੀਤ ਸਿੰਘ ਨੇ ਕਿਹਾ ਕਿ ਸ਼ਹੀਦੀ ਸਭਾ ਨੂੰ ਮੁੱਖ ਰੱਖਦੇ ਹੋਏ ਸ਼ੁਰੂ ਕੀਤੀ ਗਈ ਇਸ ਸਫਾਈ ਮੁਹਿੰਮ ਵਿੱਚ ਵੱਡੀ ਗਿਣਤੀ ਵਲੰਟੀਅਰਾਂ ਵੱਲੋਂ 24 ਘੰਟੇ ਡਿਊਟੀ ਨਿਭਾਈ ਜਾਵੇਗੀ ਤਾਂ ਜੋ ਸੰਗਤ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਸਿੰਗਲ, ਐਸ.ਜੀ.ਪੀ.ਸੀ. ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਸੰਗਤ ਹਾਜ਼ਰ ਸੀ।

# ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਗੱਟੀ ਰਾਜੋ ਕੇ ਸਕੂਲ 'ਚ ਸਮਾਗਮ




**ਫਿਰੋਜ਼ਪੁਰ (ਗੁਰਬਚਨ ਸਿੰਘ ਸੋਨੂੰ, ਅਸ਼ੋਕ ਸ਼ਰਮਾ)**

ਸਰਹੱਦੀ ਖੇਤਰ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਬੀ.ਐਸ.ਐਫ. ਬਟਾਲੀਅਨ 116 ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਵਿਸ਼ਾਲ ਜਾਗਰੂਕਤਾ ਸਮਾਗਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਵਿੱਚ ਕਰਵਾਇਆ ਗਿਆ, ਜਿਸ ਵਿੱਚ ਬਟਾਲੀਅਨ ਦੇ ਕਾਰਜਕਾਰੀ ਕਮਾਂਡੈਂਟ ਸ੍ਰੀ ਦੀਪਕ ਕੁਮਾਰ ਠਾਕੁਰ ਬਤੌਰ ਮੁੱਖ ਮਹਿਮਾਨ ਪਹੁੰਚੇ। ਇਸ ਮੌਕੇ ਸ੍ਰੀ ਏ ਲਿਉ ਕੰਪਨੀ ਕਮਾਂਡੈਂਟ, ਡਾ. ਗਗਨਦੀਪ ਕੌਰ ਕੌਂਸਲਰ ਨਸ਼ਾ ਮੁਕਤ ਕੇਂਦਰ ਅਤੇ ਇੰਸਪੈਕਟਰ ਅਜੀਤ ਕੁਮਾਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਪ੍ਰਿੰਸੀਪਲ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਸਰਹੱਦੀ ਖੇਤਰ ਦੇ ਨੌਜਵਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਵੱਡੀ ਜ਼ਰੂਰਤ ਹੈ, ਇਸ ਲਈ ਸਕੂਲ ਵਿੱਚ ਲਗਾਤਾਰ ਅਜਿਹੇ ਜਾਗਰੂਕਤਾ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਖਿਲਾਫ ਮੁਹਿੰਮ ਵਿੱਚ ਸਹਿਯੋਗ ਕਰਨ ਦੀ ਬੇਨਤੀ ਕਰਦਿਆਂ, ਇਲਾਕੇ 'ਚ ਨਸ਼ਿਆਂ ਕਾਰਨ ਪਰਿਵਾਰਾਂ ਦੀ ਤਰਸਯੋਗ ਹਾਲਤ ਦਾ ਜ਼ਿਕਰ ਵੀ ਕੀਤਾ। ਦੀਪਕ ਕੁਮਾਰ ਠਾਕੁਰ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਬੀ ਐਸ ਐਫ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇਸ ਇਲਾਕੇ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਯਤਨਸ਼ੀਲ ਹੈ। ਉਨ੍ਹਾ ਨਸ਼ਿਆਂ ਦੇ ਸੇਵਨ ਕਰਨ ਨਾਲ ਨੌਜਵਾਨ ਪੀੜ੍ਹੀ ਕਿਸ ਤਰੀਕੇ ਨਾਲ ਬਰਬਾਦ ਹੋ ਰਹੀ ਹੈ, ਇਸ ਦੇ ਪਰਿਵਾਰਾਂ ਤੇ ਸਮਾਜ 'ਤੇ ਕਿਹੜੇ ਮਾਰੂ ਪ੍ਰਭਾਵ ਪੈ ਰਹੇ ਹਨ, ਉਨ੍ਹਾਂ ਸਬੰਧੀ ਉਦਾਹਰਣਾਂ ਦੇ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰਭਾਵਸ਼ਾਲੀ ਢੰਗ ਨਾਲ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਕੂਲੀ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਕੇ ਜ਼ਿੰਦਗੀ ਦੀ ਸਫਲਤਾ ਲਈ ਉੱਚੇ ਸੁਪਨੇ ਲੈਣ ਦੀ ਪ੍ਰੇਰਣਾ ਵੀ ਦਿੱਤੀ। ਉਨ੍ਹਾਂ ਨੇ ਸਕੂਲ ਦੇ ਵਿਕਾਸ ਲਈ ਬੀ ਐਸ ਐਫ ਵੱਲੋਂ ਹਰ ਸੰਭਵ ਮਦਦ ਕਰਨ ਦਾ ਵਿਸ਼ਵਾਸ ਦਿੱਤਾ। ਇਸ ਮੌਕੇ ਨਸ਼ਾ ਛੁਡਾਊ ਕੇਂਦਰ ਸਿਵਲ ਹਸਪਤਾਲ ਫਿਰੋਜ਼ਪੁਰ ਦੇ ਕੌਂਸਲਰ ਡਾ. ਗਗਨਦੀਪ ਕੌਰ ਨੇ ਨਸ਼ਿਆਂ ਨੂੰ ਸਮਾਜਿਕ ਬੁਰਾਈ ਦੱਸਦਿਆਂ ਇਸ ਦੇ ਕਾਰਨਾਂ ਤੇ ਨੁਕਸਾਨ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾਂ ਨੇ ਨਸ਼ੇ ਛੱਡਣ ਲਈ ਵੀ ਸੁਚੱਜੇ ਢੰਗ ਨਾਲ ਪ੍ਰੇਰਿਤ ਕੀਤਾ ਤੇ ਸਰਕਾਰੀ ਸਕੀਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਸਕੂਲ ਅਧਿਆਪਕਾ ਕੰਚਨ ਬਾਲਾ ਦੀ ਅਗਵਾਈ ਵਿੱਚ ਨਸ਼ਿਆਂ ਖਿਲਾਫ ਜਾਗਰੂਕ ਕਰਦੇ ਨਾਟਕ ਰਾਹੀਂ ਸਕੂਲ ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ। ਸਕੂਲ ਦੇ ਐਨ.ਸੀ.ਸੀ. ਵਿੰਗ ਦੇ ਚਾਰ ਵਲੰਟੀਅਰ ਨੂੰ ਸ਼ਲਾਘਾਯੋਗ ਭੂਮਿਕਾ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਅਧਿਆਪਕ ਵਿਸ਼ਾਲ ਗੁਪਤਾ ਨੇ ਬਾਖੂਬੀ ਨਿਭਾਈ।

# ਲੁਟੇਰਾ ਗਰੋਹ ਦੇ ਪੰਜ ਮੈਂਬਰ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਲੁਟੇਰਾ ਗਰੋਹ ਦੇ 5 ਮੈਂਬਰਾਂ ਨੂੰ 2 ਕਾਪੇ, 1 ਬੈਸ ਬੈਟ, 3 ਮੋਬਾਈਲ ਫੋਨ ਤੇ 2 ਮੋਟਰਸਾਈਕਲਾਂ ਨੂੰ ਬਰਾਮਦ ਕੀਤੇ ਗਏ ਹਨ। ਇਸ ਸਬੰਧੀ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਚੋਰੀ ਤੇ ਹੋਰ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਦੇ ਸਹਾਇਕ ਇੰਸਪੈਕਟਰ ਜੰਗ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਤੇ ਚੈਕਿੰਗ ਲਈ ਜ਼ੀਰਾ ਫਾਟਕ ਦੇ ਕੋਲ ਮੌਜੂਦ ਸੀ ਤਾਂ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਦੋਸ਼ੀ ਵੀਰ ਸਿੰਘ ਉਰਫ ਵੀਰੂ ਪੁੱਤਰ ਕਸ਼ਮੀਰ ਸਿੰਘ ਵਾਸੀ ਗੋਲਬਾਗ ਸੋਕੜ ਨਹਿਰ, ਆਕਾਸ਼ ਉਰਫ਼ ਵਿਕਾਸ ਪੁੱਤਰ ਜੇਮਸ ਵਾਸੀ ਸਦਾ ਨੰਦ ਵਾਲੀ ਗਲੀ ਬਸਤੀ ਆਵਾ, ਕਿਰਨ ਪੁੱਤਰ ਬਿੱਟੂ ਵਾਸੀ ਬਸਤੀ ਆਵਾ, ਹਰਬੰਸ ਸਿੰਘ ਉਰਫ਼ ਬੰਸਾ ਪੁੱਤਰ ਮੁਖਤਿਆਰ ਸਿੰਘ ਤੇ ਕਮਲਜੀਤ ਸਿੰਘ ਉਰਫ਼ ਕਮਲ ਪੁੱਤਰ ਕੇਵਲ ਸਿੰਘ ਵਾਸੀ ਕਮਲਾ ਵਾਲਾ ਨੂੰ ਕਾਬੂ ਕਰ ਕੇ ਨਕਦੀ, ਬੰਦੂਕ ਦੀ ਨੋਕ 'ਤੇ ਰਾਹਗੀਰਾਂ ਤੋਂ ਗਹਿਣੇ, ਮੋਬਾਈਲ ਫੋਨ ਖੋਹੇ ਤੇ ਮੋਟਰਸਾਈਕਲ ਆਦਿ ਲੁੱਟਣ ਦੇ ਆਦੀ ਹਨ ਅਤੇ ਅੱਜ ਵੀ ਉਹ ਦਫ਼ਤਰ ਨੇੜੇ ਮਾਰਕੀਟ ਕਮੇਟੀ ਦਾਣਾ ਮੰਡੀ ਫ਼ਿਰੋਜ਼ਪੁਰ ਸ਼ਹਿਰ ਵਿਖੇ ਕੋਈ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਤਿਆਰੀ 'ਚ ਹਨ, ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਛਾਪਾ ਮਾਰ ਕੇ ਸਾਰੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 2 ਕਾਪੇ, 1 ਬੈਸ ਬੈਟ, 3 ਮੋਬਾਈਲ ਫ਼ੋਨ ਤੇ 2 ਮੋਟਰਸਾਈਕਲ ਬਿਨਾਂ ਨੰਬਰ ਦੇ ਬਰਾਮਦ ਕੀਤੇ। ਮਾਮਲੇ ਦੀ ਜਾਂਚ ਕਰ ਰਹੇ ਪੁਲਸ ਅਧਿਕਾਰੀ ਜੰਗ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨੌਜਵਾਨ ਭਾਰਤ ਸਭਾ ਵੱਲੋਂ 15 ਮੈਂਬਰੀ ਐਡਹਾਕ ਇਕਾਈ ਬੁੱਘੀਪੁਰਾ ਦਾ ਗਠਨ

## ਸ਼ਹੀਦਾਂ ਦੀਆਂ ਇਤਿਹਾਸਕ ਵਿਰਾਸਤਾਂ ਨੂੰ ਸਾਂਭਣ ਲਈ ਸੰਘਰਸ਼ ਸੰਬੰਧੀ ਚਰਚਾ



**ਮੋਗਾ (ਅਮਰਜੀਤ ਬੱਬਰੀ)**-ਨੌਜਵਾਨ ਭਾਰਤ ਸਭਾ ਵੱਲੋਂ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਤੂੜੀ ਬਾਜ਼ਾਰ ਫਿਰੋਜ਼ਪੁਰ ਸਥਿਤ ਇਤਿਹਾਸਕ ਗੁਪਤ ਟਿਕਾਣੇ ਨੂੰ ਸਾਂਭਣ ਲਈ ਚੱਲ ਰਹੇ ਸੰਘਰਸ਼ ਸਬੰਧੀ ਅੱਜ ਪਿੰਡ ਬੁੱਘੀਪੁਰਾ ਵਿਖੇ ਨੌਜਵਾਨ ਭਾਰਤ ਸਭਾ ਨੇ ਨੌਜਵਾਨਾਂ ਦੀ ਮੀਟਿੰਗ ਕੀਤੀ।ਇਸ ਮੌਕੇ ਨੌਜਵਾਨ ਭਾਰਤ ਸਭਾ ਦੀ 15 ਮੈਂਬਰੀ ਪਿੰਡ ਐਡਹਾਕ ਇਕਾਈ ਦਾ ਗਠਨ ਕੀਤਾ ਗਿਆ। ਕਮਲ ਸਿੰਘ ਨੂੰ ਕਮੇਟੀ ਦਾ ਕਨਵੀਨਰ, ਦੀਪ ਤੇ ਜੱਸਾ ਸਿੰਘ ਨੂੰ ਕੋ ਕਨਵੀਨਰ ਨਿਯੁਕਤ ਕੀਤਾ ਗਿਆ।ਇਸ ਮੌਕੇ ਪ੍ਰਭਜੋਤ ਸਿੰਘ, ਗੁਰਸ਼ਾਨ ਸਿੰਘ, ਸ਼ਵਨਜੀਤ ਸਿੰਘ, ਸੁਖਦੀਪ ਸਿੰਘ, ਸੁਖਪਾਲ ਸਿੰਘ, ਪ੍ਰਦੀਪ ਸਿੰਘ, ਸੁਖਪਾਲ ਸਿੰਘਾ, ਮਾਇਆਦੀਪ ਸਿੰਘ, ਨਰਿੰਦਰ ਸਿੰਘ, ਗੁਰਪ੍ਰੀਤ ਸਿੰਘ, ਗਗਨ, ਬੂਟਾ ਸਿੰਘ, ਪਰਮ, ਦਵਿੰਦਰ ਸਿੰਘ, ਗੁਰਪਿੰਦਰ ਸਿੰਘ, ਪ੍ਰਭ, ਜਗਮੋਹਨ ਸਿੰਘ, ਗੁਰਮੀਤ ਸਿੰਘ, ਸ਼ਰਨਜੀਤ ਸਿੰਘ, ਪ੍ਰਿੰਸ, ਰਾਜਵੀਰ ਸਿੰਘ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਨੌਜਵਾਨਾਂ ਦੀ ਮੈਂਬਰਸ਼ਿਪ ਕਰਕੇ ਜਲਦ ਪੱਕੀ ਕਮੇਟੀ ਦੀ ਚੋਣ ਕੀਤੀ ਜਾਵੇਗੀ।ਮੀਟਿੰਗ ਵਿੱਚ ਸ਼ਾਮਲ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਵੀ ਸ਼ਹੀਦਾਂ ਨਾਲ ਜੁੜੀਆਂ ਇਤਿਹਾਸਕ ਯਾਦਗਾਰਾਂ ਰੁਲ ਰਹੀਆਂ ਹਨ। ਇਸ ਸਰਕਾਰ ਨੇ ਸ਼ਹੀਦ ਭਗਤ ਸਿੰਘ ਦੀ ਬਸੰਤੀ ਪੱਗ ਵਰਤੀ, ਪਰ ਸ਼ਹੀਦ ਭਗਤ ਸਿੰਘ ਦੀ ਪਾਰਟੀ ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਦਾ ਫਿਰੋਜ਼ਪੁਰ ਵਿਚਲੇ ਇਤਿਹਾਸਿਕ ਗੁਪਤ ਟਿਕਾਣਾ ਰੁਲ ਰਿਹਾ ਹੈ, ਉਥੇ ਕੁਝ ਵਿਅਕਤੀਆਂ ਵੱਲੋਂ ਲੰਮੇ ਸਮੇਂ ਤੋਂ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਜਲ੍ਹਿਆਂ ਵਾਲੇ ਬਾਗ ਦੀ ਇਤਿਹਾਸਕ ਦਿਖ ਖਤਮ ਕਰਕੇ ਉਸ ਨੂੰ ਇੱਕ ਪਿਕਨਿਕ ਸਪਾਟ ਬਣਾ ਦਿੱਤਾ ਗਿਆ ਹੈ।ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਸੁਖਦੇਵ ਤੇ ਬਾਕੀ ਇਤਿਹਾਸਿਕ ਯਾਦਗਾਰਾਂ ਦੀ ਅਣਦੇਖੀ ਹੋ ਰਹੀ ਹੈ।ਉਨ੍ਹਾ ਕਿਹਾ ਕਿ ਸ਼ਹੀਦਾਂ ਦੀਆਂ ਯਾਦਗਾਰਾਂ ਉਨ੍ਹਾਂ ਵੱਲੋਂ ਸਾਮਰਾਜਵਾਦ ਤੇ ਲੁਟੇਰਾ ਪ੍ਰਬੰਧ ਦੇ ਖਿਲਾਫ ਕੀਤੀ ਜੱਦੋ ਜਹਿਦ ਦੀ ਵਿਰਾਸਤ ਸਾਂਭ ਕੇ ਬੈਠੀਆਂ ਹਨ।ਸਰਕਾਰਾਂ ਸ਼ਹੀਦਾਂ ਦੀ ਸੰਘਰਸ਼ਸ਼ੀਲ ਵਿਰਾਸਤ ਨੂੰ ਖਤਮ ਕਰਨ ਲਈ ਹੀ ਇਹ ਅਣਦੇਖੀ ਕਰ ਰਹੀਆਂ ਹਨ। ਇਸ ਕਰਕੇ ਨੌਜਵਾਨ ਭਾਰਤ ਸਭਾ ਫਿਰੋਜ਼ਪੁਰ ਵਿਖੇ ਗੁਪਤ ਟਿਕਾਣੇ 'ਤੇ 23 ਮਾਰਚ ਨੂੰ ਪੱਕਾ ਮੋਰਚਾ ਲਾਵੇਗੀ।

# ਭਾਰਤੀਆ ਮਾਡਲ ਸਕੂਲ ਵੱਲੋਂ 43ਵਾਂ ਸਾਲਾਨਾ ਇਨਾਮ ਵੰਡ ਸਮਾਰੋਹ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਭਾਰਤੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਫੂਲ ਵਿਖੇ 43ਵਾਂ ਸਾਲਾਨਾ ਇਨਾਮ ਵੰਡ ਸਮਾਰੋਹ 'ਉਡਾਣ ਛੂਹਣਾ ਹੈ ਅਸਮਾਨ' ਅਯੋਜਤ ਕੀਤਾ ਗਿਆ। ਇਸ ਸਮਰੋਹ ਵਿੱਚ ਇਲਾਕੇ ਦੇ ਐਮ.ਐਲ.ਏ. ਸ੍ਰ. ਬਲਕਾਰ ਸਿੰਘ ਸਿੱਧੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਇਸ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਸਕੂਲ ਪ੍ਰਧਾਨ ਸ਼ਸ਼ੀ ਸਿੰਗਲਾ, ਵਾਇਸ ਪ੍ਰਧਾਨ ਸਤੀਸ਼ ਗੁਪਤਾ ਤੇ ਹੇਮ ਰਾਜ ਮਿੱਤਲ, ਐਡਵਾਈਜ਼ ਰਜਿੰਦਰ ਜਿੰਦਲ ਤੇ ਰਕੇਸ਼ ਸਹਾਰਾ, ਜਨਰਲ ਸਕੱਤਰ ਡਾਕਟਰ ਨਰਿੰਦਰ ਬਾਂਸਲ, ਜੁਆਇੰਟ ਸੈਕਟਰੀ ਵਿਕਰਮ ਸਿੰਗਲਾ, ਸੈਕਟਰੀ ਫਾਇਨਾਂਸ ਕੈਲਾਸ਼ ਚੰਦ ਕੌਸ਼ਿਕ, ਪ੍ਰਿੰਸੀਪਲ ਉਪਮਾ ਸਿੰਗਲਾ ਵੱਲੋਂ ਸਕੂਲ ਬੈਂਡ ਦੇ ਨਾਲ ਫੁੱਲਾਂ ਦੇ ਗੁਲਦਸਤੇ ਭੇਟ ਕਰਦੇ ਹੋਏ ਸਵਾਗਤ ਕੀਤਾ ਗਿਆ।ਇਸ ਪ੍ਰੋਗਰਾਮ ਦੀ ਸ਼ੁਰੂਆਤ ਪਤਵੰਤੇ ਸੱਜਣਾਂ ਵੱਲੋਂ ਸ਼ਮ੍ਹਾਂ ਰੋਸ਼ਨ ਕਰਕੇ ਕੀਤੀ ਗਈ।

ਇਸ ਉਪਰੰਤ ਬੱਚਿਆਂ ਵੱਲੋਂ ਸ਼ਬਦ ਗਾਇਣ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਨ੍ਹਾਂ ਰਾਹੀਂ ਬੱਚਿਆਂ ਵੱਲੋਂ ਸੱਭਿਆਚਾਰਕ ਵਿਰਸੇ ਦੀ ਸੰਭਾਲ ਅਤੇ ਦੇਸ਼ ਭਗਤੀ ਦਾ ਸੰਦੇਸ਼ ਦਿੱਤਾ ਗਿਆ।ਫੰਕਸ਼ਨ ਥੀਮ 'ਤੇ ਅਧਾਰਤ ਪੇਸ਼ਕਸ਼ ਚੰਦਰਯਾਨ-3 ਪੇਸ਼ ਕੀਤੀ ਗਈ, ਜਿਸ ਦੇ ਮੰਤਵ ਸਦਕਾ ਬੱਚਿਆਂ ਦੀ ਮਿਹਨਤ ਤੇ ਲਗਨ ਨਾਲ ਬੁਲੰਦੀਆਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ ਗਿਆ।ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵੱਖ ਵੱਖ ਪੇਸ਼ਕਾਰੀਆਂ ਨੇ ਆਏ ਹੋਏ ਮਹਿਮਾਨਾਂ ਦਾ ਮੰਨ ਮੋਹ ਲਿਆ।ਅਪਣੀ ਕਲਾਂ ਨੂੰ ਪੇਸ਼ ਕਰਦੇ ਹੋਏ ਬੱਚਿਆਂ ਵੱਲੋਂ ਸਾਇੰਸ ਤੇ ਡਰਾਇੰਗ ਦੀ ਪ੍ਰਦਰਸ਼ਨੀ ਲਗਾਈ ਗਈ।ਇਸ ਸਮੇਂ ਮੁੱਖ ਮਹਿਮਾਨ ਨੇ ਅਪਣੇ ਭਾਸ਼ਣ ਰਾਹੀਂ ਬੱਚਿਆਂ ਨੂੰ ਅਪਣੇ ਅਧਿਆਪਕਾਂ ਤੇ ਵੱਡਿਆਂ ਦੀ ਕਦਰ ਕਰਨ ਤੇ ਅਪਣੀ ਪੜ੍ਹਾਈ ਵੱਲ ਧਿਆਨ ਦੇਣ ਲਈ ਕਿਹਾ।ਖੇਡਾਂ ਤੇ ਪੜ੍ਹਾਈ ਦੇ ਵੱਖ ਵੱਖ ਖੇਤਰਾਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ 9 ਵਿਦਿਆਰਥੀਆਂ ਨੂੰ ਰਾਜ ਪੱਧਰ ਦੀਆਂ ਖੇਡਾਂ ਲਈ ਚੁਣਿਆ ਗਿਆ ਹੈ।ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਬੱਚਿਆਂ ਵੱਲੋਂ ਗਿੱਧਾ ਪੇਸ਼ ਕੀਤਾ ਗਿਆ।ਮਹਾਨ ਹਸਤੀਆਂ ਨੇ ਇਸ ਵਿਸ਼ੇਸ਼ ਮੌਕੇ 'ਤੇ ਪਹੁੰਚ ਕੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ ਦੇ ਆਗੂਆਂ ਵੱਲੋਂ ਮੈਨੇਜਮੈਂਟ ਨਾਲ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**

ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ ਦੇ ਆਗੂ ਸੁਰੇਸ਼ ਸੈਣੀ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਜਮਾਲਪੁਰ, ਲੁਧਿਆਣਾ ਸੈਂਟਰ ਵਿਖੇ ਮੁਲਾਜ਼ਮਾਂ ਦੇ ਲਟਕਦੇ ਮਸਲਿਆਂ ਸਬੰਧੀ ਸੁਪਰਡੈਂਟ ਇੰਜਨੀਅਰ ਜਮਾਲਪੁਰ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਜਮਾਲਪੁਰ, ਸੰਗਰੂਰ, ਬਰਨਾਲਾ, ਧੂਲਕੋਟ, ਜਗਾਧਰੀ ਸਮੇਤ ਸਰਕਲ ਨਾਲ ਸਬੰਧਤ ਸਾਰੇ ਕੇਂਦਰਾਂ ਦੀਆਂ ਸਮੱਸਿਆਵਾਂ/ਮੰਗਾਂ ਉਠਾਈਆਂ ਗਈਆਂ।ਮੀਟਿੰਗ ਵਿੱਚ ਯੂਨੀਅਨ ਦੀ ਕੇਂਦਰੀ ਕਮੇਟੀ ਦੇ ਪ੍ਰਧਾਨ ਮਨੋਜ ਦੇਸਵਾਲ, ਰਮੇਸ਼ ਕੁਮਾਰ ਤੇ ਸੂਬਾ ਜਨਰਲ ਸਕੱਤਰ ਹਰੀ ਸਿੰਘ ਸੀਨੀਅਰ ਡਿਪਟੀ ਪ੍ਰਧਾਨ, ਲਖਮੀਚੰਦ ਵਿੱਤ ਸਕੱਤਰ, ਸੁਰੇਸ਼ ਕੁਮਾਰ ਉੱਪ-ਪ੍ਰਧਾਨ, ਸਰਬਜੀਤ ਸਿੰਘ ਪ੍ਰਧਾਨ ਸੰਗਰੂਰ ਯੂਨਿਟ, ਅਸ਼ੋਕ ਕੁਮਾਰ ਸਕੱਤਰ ਜਮਾਲਪੁਰ, ਬਿੰਦਯਾ ਪ੍ਰਸਾਦ ਸੀਨੀਅਰ ਉੱਪ-ਪ੍ਰਧਾਨ, ਮਨੋਹਰ ਲਾਲ ਉਪ ਪ੍ਰਧਾਨ ਕੁਰੂਕਸ਼ੇਤਰ ਯੂਨਿਟ, ਹਰਪ੍ਰੀਤ ਸਿੰਘ ਸਕੱਤਰ ਜਲੰਧਰ ਯੂਨਿਟ, ਰਾਮਨਾਥ ਸਿੰਘ ਪ੍ਰਧਾਨ, ਜਗਧੀਰ ਯੂਨਿਟ, ਮੈਨੇਜਮੈਂਟ ਵੱਲੋਂ ਸੁਪਰਡੈਂਟ ਇੰਜੀਨੀਅਰ ਤੋਂ ਇਲਾਵਾ ਵਧੀਕ ਸੁਪਰਡੈਂਟ ਇੰਜੀਨੀਅਰ ਧੂਲਕੋਟ, ਸੀਨੀਅਰ ਕਾਰਜਕਾਰੀ ਇੰਜੀਨੀਅਰ ਜਮਾਲਪੁਰ, ਸੀਨੀਅਰ ਕਾਰਜਕਾਰੀ ਇੰਜੀਨੀਅਰ ਜਗਧੀਰ ਕੇਂਦਰ, ਉਪ ਮੰਡਲ ਅਫ਼ਸਰ ਟੀ. ਐਲ., ਸੀਨੀਅਰ ਸਬ ਸੈਂਟਰ ਇੰਜੀਨੀਅਰ ਜਮਾਲਪੁਰ ਆਦਿ ਹਾਜ਼ਰ ਸਨ।ਸਰਕਲ ਤੋਂ ਮੀਟਿੰਗ ਵਿੱਚ ਸੀਨੀਅਰ ਕਰਮਚਾਰੀ ਹਾਜ਼ਰ ਸਨ।

# ਟੰਡਨ ਇੰਟਰਨੈਸ਼ਨਲ ਸਕੂਲ 'ਚ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਦੱਸਿਆ

## ਪੂਰਾ ਹਫਤਾ ਸਾਹਿਬਜ਼ਾਦਿਆਂ ਨੂੰ ਸਮਰਪਤ ਰਹੇਗਾ : ਸ਼ਾਲਿਨੀ ਕੌਸ਼ਲ



**ਬਰਨਾਲਾ (ਰਾਜਿੰਦਰ ਬਰਾੜ)**

ਇਲਾਕੇ ਦੀ ਮਸ਼ਹੂਰ ਵਿੱਦਿਅਕ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ ਵਿੱਚ ਇੱਕ ਵਿਸ਼ੇਸ ਮੌਰਨਿੰਗ ਐਸੰਬਲੀ ਕਰਵਾਈ ਗਈ, ਜਿਸ ਵਿੱਚ ਚਾਰ ਸਾਹਿਬਜ਼ਾਦਿਆਂ ਦੇ ਸਫ਼ਰ-ਏ- ਸ਼ਹਾਦਤ ਬਾਰੇ ਦੱਸਿਆ ਗਿਆ। ਇਸ ਮੌਕੇ ਸਕੂਲ ਦੀ ਅਧਿਆਪਿਕਾ ਰਮਨਦੀਪ ਕੌਰ ਨੇ ਬੱਚਿਆਂ ਨੂੰ ਦੱਸਿਆ ਕਿ 21 ਤੋਂ 28 ਦਸੰਬਰ ਤੱਕ ਦੇ ਦਿਨ ਦੁਨੀਆ ਭਰ ਦੇ ਸਿੱਖਾਂ ਲਈ ਬਹੁਤ ਦਰਦ ਭਰੀਆਂ ਯਾਦਾਂ ਰੱਖਦਾ ਹੈ, ਕਿਉਂਕ ਇਨ੍ਹਾਂ ਦਿਨਾਂ ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਕੌਮ ਦੀ ਖਾਤਰ ਅਪਣੇ ਚਾਰ ਪੁੱਤਰ ਸਾਹਿਬਜ਼ਾਦਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਜੁਝਾਰ ਸਿੰਘ ਜੀ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ, ਸਾਹਿਬਜ਼ਾਦਾ ਫਤਹਿ ਸਿੰਘ ਜੀ ਤੇ ਮਾਤਾ ਗੁਜਰ ਕੌਰ ਜੀ ਵਾਰ ਦਿੱਤੇ ਸੀ। ਪੂਰੀ ਦੁਨੀਆ ਵਿੱਚ ਸਭ ਤੋਂ ਦਿਲ ਕੰਬਾਊ ਘਟਨਾ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਤੇ ਫਤਹਿ ਸਿੰਘ ਦੀ ਹੈ। ਉਸ ਵਕਤ ਛੋਟੇ ਸਾਹਿਬਜ਼ਾਦੇ 7 ਤੇ 9 ਸਾਲ ਦੀ ਛੋਟੀ ਉਮਰ ਵਿੱਚ ਸਰਹਿੰਦ 'ਚ ਮੁਗਲਾਂ ਦੁਆਰਾ ਇਕੱਠੇ ਸ਼ਹੀਦ ਕਰ ਦਿੱਤਾ ਗਿਆ ਸੀ। ਵੱਡੇ ਸਾਹਿਬਜ਼ਾਦੇ ਚਮਕੌਰ ਸਾਹਿਬ ਦੀ ਲੜਾਈ ਵਿੱਚ 17 ਤੇ 15 ਸਾਲ ਦੀ ਛੋਟੀ ਉਮਰ ਵਿੱਚ ਹਜ਼ਾਰਾਂ ਹੀ ਦੁਸ਼ਮਣਾਂ ਨਾਲ ਲੜਦਿਆਂ ਸ਼ਹੀਦ ਹੋ ਗਏ ਸਨ। ਸਾਹਿਬਜ਼ਾਦੇ ਕਦੇ ਵੀ ਮੁਗਲਾਂ ਦੇ ਅੱਗੇ ਝੁਕੇ ਨਹੀਂ ਤੇ ਛੋਟੀ ਉਮਰ ਵਿੱਚ ਹੀ ਸ਼ਹੀਦੀ ਪਾਈ। ਇਸ ਮੌਕੇ ਸਕੂਲ ਦੀ ਵਾਈਸ ਪ੍ਰਿੰਸੀਪਲ ਮੈਡਮ ਸ਼ਾਲਿਨੀ ਕੌਸ਼ਲ ਨੇ ਬੱਚਿਆਂ ਨੂੰ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਜੀ ਦੇ ਸਫ਼ਰ-ਏ-ਸ਼ਹਾਦਤ ਨੂੰ ਪੂਰਾ ਹਫਤਾ ਸਮਰਪਿਤ ਰਹੇਗਾ, ਜਿਸ ਵਿੱਚ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਸਕੂਲ ਦੇ ਐਮ ਡੀ ਸ਼੍ਰੀ ਸ਼ਿਵ ਸਿੰਗਲਾ ਨੇ ਸਾਹਿਬਜ਼ਾਦਿਆਂ ਬਾਰੇ ਦੱਸਦੇ ਹੋਏ ਕਿਹਾ ਕਿ ਸਾਨੂੰ ਇਨ੍ਹਾਂ ਬੱਚਿਆਂ ਦੀ ਸ਼ਹਾਦਤ ਨੂੰ ਭੁਲਾਉਣਾ ਨਹੀਂ ਚਾਹੀਦਾ ਹੈ, ਜਿਨ੍ਹਾਂ ਨੇ ਖੇਡਣ ਦੀ ਉਮਰ ਵਿੱਚ ਸ਼ਹੀਦੀ ਪਾਈ। ਉਨ੍ਹਾਂ ਦੱਸਿਆ ਕਿ ਜ਼ੁਲਮ ਤੇ ਜ਼ਾਲਮ ਦੇ ਅੱਗੇ ਝੁਕਣਾ ਨਹੀਂ ਚਾਹੀਦਾ, ਸਗੋਂ ਵੀਰ ਸਾਹਿਬਜ਼ਾਦਿਆਂ ਵਾਂਗ ਡੱਟ ਕੇ ਸਾਮਣਾ ਕਰਨਾ ਚਾਹੀਦਾ ਹੈ। ਇਨ੍ਹਾਂ ਵੀਰ ਸਪੁੱਤਰਾਂ ਦੀ ਸ਼ਹਾਦਤ ਨੂੰ ਸਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਤੇ ਇਨ੍ਹਾਂ ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ ਹੈ। ਇਸ ਗਤੀਵਿਧੀ ਰਾਹੀਂ ਬੱਚਿਆਂ ਨੂੰ ਅਪਣੇ ਇਤਿਹਾਸ ਨਾਲ ਜੋੜੀ ਰੱਖਣਾ ਤੇ ਸਾਰੇ ਧਰਮਾਂ ਦਾ ਇਕ ਸਾਮਾਨ ਆਦਰ ਕਰਨਾ ਸਭ ਨੂੰ ਆਪਸੀ ਭਾਈਚਾਰੇ ਵਿੱਚ ਜੋੜਨਾ ਤੇ ਏਕਤਾ ਦਾ ਸੰਦੇਸ਼ ਦੇਣਾ ਸਾਡਾ ਮੁੱਖ ਮਕਸਦ ਹੈ।

### ਮਾਮਲਾ ਪ੍ਰਵਾਸੀ ਭਾਰਤੀ ਨਾਲ ਠੱਗੀ ਦਾ

# ਜ਼ਮੀਨ ਹੜੱਪਣ ਖਿਲਾਫ ਵਫਦ ਪੁਲਸ ਤੇ ਸਿਵਲ ਅਧਿਕਾਰੀਆਂ ਨੂੰ ਮਿਲਿਆ

**ਮੁਲਜ਼ਮਾਂ ਖਿਲਾਫ ਕੀਤੀ ਸਖਤ ਕਾਰਵਾਈ ਦੀ ਮੰਗ**



**ਜਗਰਾਉਂ (ਅਮਿਤ ਖੰਨਾ)**-ਜਨਤਕ ਜਮਹੂਰੀ ਜਥੇਬੰਦੀਆਂ ਦਾ ਸਾਂਝਾ ਵਫਦ ਦਿਹਾਤੀ ਪੁਲਸ ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪੁਲਸ ਮੁਖੀ ਨਵਨੀਤ ਸਿੰਘ ਬੈਂਸ ਨੂੰ ਮਿਲਿਆ। ਵਫਦ ਨੇ ਲਿਖਤੀ ਬਿਨੈਪੱਤਰ ਰਾਹੀਂ ਦੱਸਿਆ ਕਿ ਅਪ੍ਰੈਲ 2023 'ਚ ਪਿੰਡ ਕਿਸ਼ਨਪੁਰਾ ਦੇ ਜਰਨੈਲ ਸਿੰਘ ਗੋਗਲਾ ਪੁੱਤਰ ਕਾਲਾ ਸਿੰਘ ਨੇ ਜਾਲ੍ਹੀ ਮੁਖਤਿਆਰਨਾਮੇ ਬਣਾ ਕੇ ਪਿੰਡ ਤਰਫ ਕੋਟਲੀ ਦੀ 15 ਏਕੜ ਜ਼ਮੀਨ ਵੇਚ ਦਿੱਤੀ ਹੈ, ਜਿਸ ਵਿੱਚ 9 ਏਕੜ ਜ਼ਮੀਨ ਤੇਜਿੰਦਰ ਸਿੰਘ ਪੁੱਤਰ ਭਰਪੂਰ ਸਿੰਘ ਪਿੰਡ ਸੱਵਦੀ ਕਲਾਂ ਤੇ 6 ਏਕੜ ਜ਼ਮੀਨ ਪ੍ਰਵਾਸੀ ਅਮਰੀਕਾ ਵਾਸੀ ਮਨਦੀਪ ਸਿੰਘ ਪੁੱਤਰ ਸੁਰਜੀਤ ਸਿੰਘ ਪਿੰਡ ਤਰਫ ਕੋਟਲੀ ਦੀ ਮਾਲਕੀ 'ਤੇ ਕਬਜ਼ੇ ਵਾਲੀ ਜ਼ਮੀਨ ਹੈ। ਇਹ ਦੋਵੇਂ ਜ਼ਮੀਨਾਂ ਅਸਲ ਮਾਲਕਾਂ ਨੇ ਅੱਗੇ ਮਾਮਲੇ 'ਤੇ ਦਿੱਤੀਆਂ ਹੋਈਆਂ ਹਨ। ਇਸ ਪੰਦਰਾਂ ਏਕੜ ਜ਼ਮੀਨ 'ਤੇ ਨਕਲੀ ਮਾਲਕ ਨੇ ਐੱਚ ਡੀ ਐੱਫ ਸੀ ਬੈਂਕ ਤੋਂ ਤੇਈ ਲੱਖ ਰੁਪਏ ਕਰਜ਼ਾ ਵੀ ਮਨਜ਼ੂਰ ਕਰਵਾ ਲਿਆ ਹੈ। ਵਫਦ ਨੇ ਜ਼ਿਲ੍ਹਾ ਪੁਲਸ ਮੁਖੀ ਨੂੰ ਦੱਸਿਆ ਕਿ ਧਰਮਕੋਟ ਤੋਂ ਜਾਲ੍ਹੀ ਮੁਖਤਿਆਰਨਾਮੇ ਤਿਆਰ ਕਰਵਾ ਕੇ ਨਾਇਬ ਤਹਿਸੀਲਦਾਰ ਸਿੱਧਵਾਂ ਬੇਟ ਮਲੂਕ ਸਿੰਘ ਤੋਂ ਪੰਦਰਾਂ ਏਕੜ ਦੀ ਰਜਿਸਟਰੀ ਵੀ ਕਰਵਾ ਲਈ ਹੈ ਤੇ ਇੰਤਕਾਲ ਵੀ ਨਕਲੀ ਮਾਲਕਾਂ ਦੇ ਨਾਮ ਚੜ੍ਹ ਗਿਆ ਹੈ। ਜ਼ਿਲ੍ਹਾ ਪੁਲਸ ਮੁਖੀ ਨੇ ਮਨਜਿੰਦਰਜੀਤ ਸਿੰਘ ਐੱਸ ਪੀ ਹੈੱਡਕੁਆਟਰ ਦੀ ਮਾਮਲੇ ਦੀ ਪੜਤਾਲ ਤੇ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਦੀ ਡਿਊਟੀ ਲਗਾਈ ਹੈ। ਉਪਰੰਤ ਵਫਦ ਨੇ ਸਥਾਨਕ ਐੱਸ ਡੀ ਐੱਮ ਸ੍ਰੀ ਗੁਰਵੀਰ ਸਿੰਘ ਕੋਹਲੀ ਨੂੰ ਵੀ ਉਨ੍ਹਾਂ ਦੇ ਦਫਤਰ 'ਚ ਮਿਲ ਕੇ ਯੋਗ ਕਾਰਵਾਈ ਦੀ ਮੰਗ ਕੀਤੀ। ਸਿਵਲ ਅਧਿਕਾਰੀ ਨੇ ਮਸਲੇ ਦੀ ਗੰਭੀਰਤਾ ਨੂੰ ਜਾਂਚਦਿਆਂ ਜ਼ਮੀਨ ਦੀ ਅੱਗੇ ਹੋਰ ਵੇਚ-ਖਰੀਦ 'ਤੇ ਪਾਬੰਦੀ ਲਗਾ ਦਿੱਤੀ ਹੈ। ਮਾਮਲੇ ਦੀ ਪੜਤਾਲ ਲਈ ਤਹਿਸੀਲਦਾਰ ਸਿੱਧਵਾਂ ਬੇਟ ਨੂੰ ਤੁਰੰਤ ਕਾਰਵਾਈ ਦੇ ਹੁਕਮ ਜਾਰੀ ਕੀਤੇ ਗਏ ਹਨ। ਵਫਦ ਵਿੱਚ ਬਲਰਾਜ ਸਿੰਘ ਕੋਟ ਉਮਰਾ, ਗੁਰਮੇਲ ਸਿੰਘ ਰੂਮੀ ਜਮਹੂਰੀ ਕਿਸਾਨ ਸਭਾ, ਕੰਵਲਜੀਤ ਖੰਨਾ ਆਗੂ ਇਨਕਲਾਬੀ ਕੇਂਦਰ ਪੰਜਾਬ, ਇੰਦਰਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਸਕੱਤਰ ਤੇ ਜਗਜੀਤ ਸਿੰਘ ਕਲੇਰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਭਰਪੂਰ ਸਿੰਘ ਸਵੱਦੀ ਆਲ ਇੰਡੀਆ ਕਿਸਾਨ ਸਭਾ, ਬਿੱਲੂ ਵਲੈਤੀਆ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਤੇ ਜਗਦੀਸ਼ ਸਿੰਘ ਕਾਉਂਕੇ ਹਾਜ਼ਰ ਸਨ।

# ਵੱਡੇ ਘਰਾਣਿਆਂ ਦੀ ਥਾਂ ਪੇਂਡੂ ਔਰਤਾਂ ਨੂੰ ਰੁਜ਼ਗਾਰ ਦੇਣਾ ਸਰਕਾਰ ਦੀ ਪਹਿਲ : ਡਾ. ਗੁਰਪ੍ਰੀਤ ਕੌਰ

**ਸਵੈ-ਸਹਾਇਤਾ ਸਮੂਹਾਂ ਵੱਲੋਂ ਸਕੂਲ ਵਰਦੀਆਂ ਬਣਾਉਣ ਦੇ ਪ੍ਰਾਜੈਕਟ ਦਾ ਆਗਾਜ਼**



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਸਵੈ-ਸਹਾਇਤਾ ਸਮੂਹਾਂ ਵੱਲੋਂ ਸਕੂਲ ਵਰਦੀਆਂ ਬਣਾਉਣ ਦੇ ਪ੍ਰਾਜੈਕਟ ਦਾ ਸ਼ੁਤਰਾਣਾ ਦੇ ਪਿੰਡ ਸੇਲਵਾਲਾ ਤੋਂ ਆਗਾਜ਼ ਕੀਤਾ ਗਿਆ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਪਤਨੀ ਡਾ. ਗੁਰਪ੍ਰੀਤ ਕੌਰ ਨੇ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਦੀ ਹੌਸਲਾ ਅਫਜ਼ਾਈ ਕੀਤੀ। ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਹਰਮੀਤ ਸਿੰਘ ਪਠਾਣ ਮਾਜਰਾ ਤੇ ਗੁਰਦੇਵ ਸਿੰਘ ਦੇਵ ਮਾਨ ਸਮੇਤ ਡਿਪਟੀ ਕਮਿਸ਼ਨਰ ਸਾਕਸੀ ਸਾਹਨੀ ਤੇ ਏਡੀਸੀ ਅਨੁਪ੍ਰਿਤਾ ਜੌਹਲ ਮੌਜੂਦ ਸਨ। ਇਸ ਦੌਰਾਨ ਉਨ੍ਹਾਂ ਪਿੰਡ ਵਿੱਚ ਨਵਾਂ ਕਮਿਊਨਿਟੀ ਸੈਂਟਰ-ਕਮ-ਮੈਰਿਜ ਪੈਲੇਸ ਬਣਾਉਣ ਦਾ ਨੀਂਹ ਪੱਥਰ ਵੀ ਰੱਖਿਆ ਗਿਆ।

ਇਸ ਮੌਕੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਔਰਤਾਂ ਤੇ ਖਾਸ ਕਰਕੇ ਗਰੀਬ ਪੇਂਡੂ ਔਰਤਾਂ ਦੇ ਸ਼ਸ਼ਕਤੀਕਰਨ ਵੱਲ ਕਦੇ ਧਿਆਨ ਨਹੀਂ ਦਿੱਤਾ। ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ, ਜਿਸ ਨੇ ਸਕੂਲ ਵਰਦੀਆਂ ਬਣਾਉਣ ਦੇ ਪ੍ਰਾਜੈਕਟ ਨੂੰ ਵੱਡੇ ਘਰਾਣਿਆਂ ਨੂੰ ਦੇਣ ਦੀ ਬਜਾਇ ਇਨ੍ਹਾਂ ਲੋੜਵੰਦ ਤੇ ਪੇਂਡੂ ਔਰਤਾਂ ਦੇ ਸਵੈ-ਸਹਾਇਤਾ ਸਮੂਹਾਂ ਨੂੰ ਸੌਂਪਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗਰੀਬ, ਅਨਪੜ੍ਹ ਪੇਂਡੂ ਔਰਤਾਂ ਲਈ ਵੀ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਤੇ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਲਈ ਮਦਦ ਕਰਨ ਕਰਕੇ ਔਰਤਾਂ ਦੀ ਆਪਣੇ ਘਰਾਂ ਅੰਦਰ ਇੱਜ਼ਤ 'ਚ ਵਾਧਾ ਹੋਵੇਗਾ। ਇਸ ਦੌਰਾਨ ਹਲਕਾ ਵਿਧਾਇਕ ਕੁਲਵੰਤ ਸਿੰਘ ਨੇ ਸਵਾਗਤ ਕਰਦਿਆਂ ਕਿਹਾ ਕਿ ਸਰਕਾਰ ਨੇ ਇਹ ਪ੍ਰੋਜੈਕਟ ਦੇ ਕੇ ਵੱਡੇ ਘਰਾਣਿਆਂ ਤੋਂ ਵਰਦੀਆਂ ਦਾ ਸਪਲਾਈ ਆਰਡਰ ਖੋਹ ਕੇ ਗਰੀਬ, ਅਨਪੜ੍ਹ ਔਰਤਾਂ ਲਈ ਵੀ ਰੋਜ਼ਗਾਰ ਦੇ ਮੌਕੇ ਦਿੱਤੇ ਹਨ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਆਮ ਲੋਕਾਂ ਦੇ ਮੁੱਖ ਮੰਤਰੀ ਹਨ ਤੇ ਉਨ੍ਹਾਂ ਨੇ ਸ਼ੁਤਰਾਣਾ ਹਲਕੇ ਦੇ ਵਿਕਾਸ ਕਾਰਜਾਂ ਲਈ ਫੰਡਾਂ ਨੂੰ ਕਦੇ ਵੀ ਨਾਹ ਨਹੀਂ ਆਖੀ। ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਤੇ ਗੁਰਦੇਵ ਸਿੰਘ ਦੇਵ ਮਾਨ ਨੇ ਵੀ ਸੰਬੋਧਨ ਕਰਦਿਆਂ ਵੱਖ-ਵੱਖ ਸਕੀਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ।

ਇਸ ਸਮਾਰੋਹ ਵਿੱਚ ਲੋਕ ਸਭਾ ਹਲਕਾ ਪਟਿਆਲਾ ਦੇ ਸੀਨੀਅਰ ਆਗੂ ਦਲਬੀਰ ਸਿੰਘ ਗਿੱਲ ਯੂ ਕੇ, ਮੁੱਖ ਮੰਤਰੀ ਦੇ ਓ ਐੱਸ ਡੀ ਪ੍ਰੋ. ਉਂਕਾਰ ਸਿੰਘ, ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਡਾਇਰੈਕਟਰ ਤੇਜਿੰਦਰ ਮਹਿਤਾ, ਐੱਸ ਡੀ ਐੱਮ ਨਵਦੀਪ ਕੁਮਾਰ, ਡੀ ਡੀ ਪੀ ਓ ਅਮਨਦੀਪ ਕੌਰ, ਆਪ ਦੇ ਬਲਾਕ ਪ੍ਰਧਾਨ ਮਹਿੰਗਾ ਸਿੰਘ ਬਰਾੜ, ਮੇਜਰ ਸਿੰਘ ਤੇ ਪ੍ਰਮਿੰਦਰ ਸਿੰਘ ਘੱਗਾ ਹਾਜ਼ਰ ਸਨ।

## ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਵੱਲੋਂ ਅੱਖਾਂ ਦਾ ਜਾਂਚ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਮਾਜ ਸੇਵਾ ਨੂੰ ਸਮਰਪਤ ਇੱਥੋਂ ਦੀ ਮਾਲਵਾ ਪ੍ਰਸਿੱਧ ਸੰਸਥਾ ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਨੂੰ ਹਲਕੇ ਦੇ ਲੋਕ ਸਭਾ ਮੈਂਬਰ ਜਨਾਬ ਮੁਹੰਮਦ ਸਦੀਕ ਨੇ ਵੀ ਹੱਲਾਸ਼ੇਰੀ ਦਿੱਤੀ ਹੈ। ਐਲਾਨ ਕੀਤਾ ਗਿਆ ਹੈ ਕਿ ਸੰਸਥਾ ਨੂੰ 20 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ। ਇਹ ਐਲਾਨ ਮੁਹੰਮਦ ਸਦੀਕ ਦੇ ਨਿੱਜੀ ਸਹਾਇਕ ਸੂਰਜ ਭਾਰਦਵਾਜ ਨੇ ਸੁਸਾਇਟੀ ਵੱਲੋਂ ਆਪਣੇ ਕੰਪਲੈਕਸ ਵਿੱਚ ਆਯੋਜਤ ਅੱਖਾਂ ਦੇ 96ਵੇਂ ਜਾਂਚ ਕੈਂਪ ਦੌਰਾਨ ਕੀਤਾ।ਉਨ੍ਹਾਂ ਸੁਸਾਇਟੀ ਵੱਲੋਂ ਕੀਤੇ ਕਾਰਜਾਂ ਦੀ ਪ੍ਰਸੰਸਾ ਕੀਤੀ।ਇਹ ਜਾਣਕਾਰੀ ਸੰਸਥਾ ਦੇ ਕਰਤਾ ਧਰਤਾ ਰਾਕੇਸ਼ ਤਾਇਲ ਨੇ ਦਿੱਤੀ।ਉਨ੍ਹਾ ਦੱਸਿਆ ਕਿ ਇਹ ਕੈਂਪ ਕੁਲਦੀਪ ਗਰਗ ਰਾਈਆ ਵੱਲੋਂ ਆਪਣੇ ਮਰਹੂਮ ਪਿਤਾ ਭੀਮ ਚੰਦ ਗਰਗ ਦੀ ਯਾਦ ਵਿੱਚ ਲਗਾਇਆ ਗਿਆ, ਜਿਨ੍ਹਾਂ ਨੂੰ ਸੰਸਥਾ ਵੱਲੋਂ ਸਨਮਾਨਤ ਕੀਤਾ ਗਿਆ।ਕੈਂਪ ਦੀ ਸ਼ੁਰੂਆਤ ਸੰਤ ਨਰਾਇਣ ਗਿਰੀ ਜੀ ਤ੍ਰਿਵੈਣੀ ਵਾਲੇ ਦੇ ਪ੍ਰਵਚਨਾਂ ਨਾਲ ਹੋਈ।ਕੈਂਪ ਵਿੱਚ ਡਾ. ਨਵਚਿੰਤਨ ਸਿੰਘ ਦੀ ਟੀਮ ਵੱਲੋਂ 295 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਸ ਵਿੱਚ 195 ਮਰੀਜ਼ਾਂ ਨੂੰ ਅੱਖਾਂ ਦੇ ਲੈਂਜ ਪਾਉਣ ਹਿੱਤ ਅਪ੍ਰੇਸ਼ਨਾਂ ਲਈ ਚੁਣਿਆ ਗਿਆ।ਇਸ ਮੌਕੇ ਕੁਲਵੰਤ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਡਾ. ਗੁਰਪ੍ਰੀਤ ਸਿੰਘ, ਮਿਲਵਰਤਨ ਭੰਡਾਰੀ, ਵਿਜੇ ਕੁਮਾਰ ਪਨਸਪ, ਫ਼ਕੀਰ ਚੰਦ, ਅਵਿਨਾਸ਼ ਕੁਮਾਰ, ਪ੍ਰਸ਼ੋਤਮ ਕੁਮਾਰ, ਨੀਟਾ ਆਦਿ ਹਾਜ਼ਰ ਸਨ।

# ਰੈੱਡ ਕਰਾਸ ਵਿਸਤਾ ਐੱਮ ਆਰ ਸਕੂਲ ਦੇ ਬੱਚਿਆਂ ਨੂੰ ਵੰਡੇ ਸਰਦੀਆਂ ਦੇ ਕੱਪੜੇ



**ਮੋਗਾ (ਅਮਰਜੀਤ ਬੱਬਰੀ)**-ਸ਼ਹਿਰ ਮੋਗਾ ਵਿਖੇ 21 ਸਾਲ ਪਹਿਲਾਂ ਸ਼ੁਰੂ ਹੋਏ ਰੈੱਡ ਕਰਾਸ ਵਿਸਤਾ ਐੱਮ ਆਰ ਸਕੂਲ ਦੇ ਬੱਚਿਆਂ ਨੂੰ ਡਿਪਟੀ ਕਮਿਸ਼ਨਰ ਮੋਗਾ ਸ੍. ਕੁਲਵੰਤ ਸਿੰਘ ਵੱਲੋਂ ਸਰਦੀਆਂ ਦੇ ਕੱਪੜਿਆਂ ਦੀ ਵੰਡ ਕੀਤੀ ਗਈ।ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍. ਕੁਲਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਸ਼ੁਰੂ ਕੀਤੇ ਗਏ ਇਸ ਸਕੂਲ ਨੂੰ ਕੋਰੋਨਾ ਮਹਾਂਮਾਰੀ ਦੇ ਚੱਲਦਿਆਂ ਸਾਲ 2020 ਵਿੱਚ ਬੰਦ ਕਰ ਦਿੱਤਾ ਗਿਆ ਸੀ।ਇਹ ਸਕੂਲ ਮੁੜ ਤੋਂ ਸਥਾਨਕ ਗੋਧੇਵਾਲਾ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ ਹੀ ਸ਼ੁਰੂ ਕੀਤਾ ਗਿਆ ਹੈ।ਸਕੂਲ ਵਿੱਚ ਦਾਖਲਾ ਲੈਣ ਲਈ ਕੋਈ ਵੀ ਉਮਰ ਸੀਮਾ ਨਿਰਧਾਰਤ ਨਹੀਂ ਹੈ। ਉਨ੍ਹਾ ਕਿਹਾ ਕਿ ਬੱਚਿਆਂ ਦੀ ਸਹੂਲੀਅਤ ਨੂੰ ਮੁੱਖ ਰੱਖਦੇ ਹੋਏ ਛੇਤੀ ਹੀ ਇਸ ਸਕੂਲ ਨੂੰ ਨਵੀਂ ਇਮਾਰਤ ਵਿੱਚ ਸ਼ਿਫ਼ਟ ਕਰ ਦਿੱਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਬੱਚਿਆਂ ਨੂੰ ਖਾਣ ਪੀਣ ਦੀਆਂ ਵਸਤਾਂ ਦੀ ਵੰਡ ਵੀ ਕੀਤੀ।ਉਨ੍ਹਾ ਕਿਹਾ ਕਿ ਇਸ ਸਕੂਲ ਨੂੰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਫੰਡਾਂ ਨਾਲ ਚਲਾਇਆ ਜਾ ਰਿਹਾ ਹੈ।ਇਸ ਤੋਂ ਇਲਾਵਾ ਦਾਨੀ ਸੱਜਣਾਂ ਵੱਲੋਂ ਦਾਨ ਨਾਲ ਵੀ ਯੋਗਦਾਨ ਪਾਇਆ ਜਾਂਦਾ ਹੈ।ਉਨ੍ਹਾ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੂਲ ਨੂੰ ਵਧੀਆ ਤਰੀਕੇ ਨਾਲ ਚਲਾਉਣ ਲਈ ਵਿੱਤੀ ਤੇ ਹੋਰ ਤਰੀਕਿਆਂ ਰਾਹੀਂ ਯੋਗਦਾਨ ਪਾਉਣ। ਉਨ੍ਹਾ ਕਿਹਾ ਕਿ ਮੰਦਬੁੱਧੀ ਵਿਅਕਤੀ ਸਮਾਜ ਦਾ ਅਹਿਮ ਅੰਗ ਹੁੰਦੇ ਹਨ।ਇਨ੍ਹਾਂ ਨੂੰ ਪੜ੍ਹਾਈ ਤੇ ਖੇਡਾਂ ਦੇ ਬਰਾਬਰ ਮੌਕੇ ਮੁਹੱਈਆ ਕਰਵਾਏ ਜਾਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਲਬਹਾਰ ਸਿੰਘ ਤੇ ਹੋਰ ਹਾਜ਼ਰ ਸਨ।

# ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਗੁਰਦੁਆਰਾ ਵਿਖੇ ਹੋਏ ਨਤਮਸਤਕ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦਸਮਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਨੇ ਜ਼ੁਲਮ ਖਿਲਾਫ ਛੋਟੀ ਉਮਰ ਵਿੱਚ, ਜੋ ਵੱਡੀ ਸ਼ਹਾਦਤ ਦਿੱਤੀ ਹੈ, ਉਸ ਦੀ ਦੁਨੀਆ ਭਰ ਵਿੱਚ ਕੋਈ ਮਿਸਾਲ ਨਹੀਂ ਮਿਲਦੀ, ਇਸ ਲਈ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਗੁਰੂ ਦੇ ਲੜ ਲੱਗਣਾ ਚਾਹੀਦਾ ਹੈ ਅਤੇ ਆਪਣੇ ਦੇਸ਼ ਤੇ ਸੂਬੇ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਸ੍. ਕੁਲਦੀਪ ਸਿੰਘ ਧਾਲੀਵਾਲ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਪਹਿਲਾਂ ਹਲਕਾ ਵਿਧਾਇਕ ਲਖਵੀਰ ਸਿੰਘ ਰਾਏ ਦੇ ਦਫ਼ਤਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਦਸੰਬਰ ਦਾ ਇਹ ਹਫਤਾ ਸਮੁੱਚੇ ਸਿੱਖ ਪੰਥ ਲਈ ਇੱਕ ਇਤਿਹਾਸਕ ਹਫਤਾ ਹੈ ਇਸ ਹਫਤੇ ਦੌਰਾਨ ਹੀ ਗੁਰੂ ਸਾਹਿਬ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਨੇ ਸ਼ਹਾਦਤ ਦਿੱਤੀ ਸੀ।ਉਨ੍ਹਾਂ ਕਿਹਾ ਕਿ ਇਸ ਮਹਾਨ ਸ਼ਹਾਦਤ ਨੂੰ ਨਤਮਸਤਕ ਹੋਣ ਲਈ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤ ਫ਼ਤਹਿਗੜ੍ਹ ਸਾਹਿਬ ਵਿਖੇ ਪੁੱਜਦੀ ਹੈ, ਜਿਸ ਦੀ ਸੁਰੱਖਿਆ ਤੇ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਦੇ ਖਾਤਮੇ ਲਈ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।ਉਨ੍ਹਾਂ ਨੌਜਵਾਨ ਵਰਗ ਨੂੰ ਇਹ ਅਪੀਲ ਵੀ ਕੀਤੀ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਤੋਂ ਸੇਧ ਤੇ ਸਿੱਖਿਆ ਲੈ ਕੇ ਪੰਥ ਦੀ ਚੜ੍ਹਦੀ ਕਲਾ ਲਈ ਕੰਮ ਕਰਨ।ਉਨ੍ਹਾਂ ਕਿਹਾ ਕਿ ਉਹ ਅੱਜ ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਨੂੰ ਸਿਰ ਝੁਕਾਉਣ ਲਈ ਆਏ ਹਨ। ਇਸ ਮੌਕੇ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ, ਸਮਰਾਲਾ ਦੇ ਵਿਧਾਇਕ ਸ੍. ਹਰਦੀਪ ਸਿੰਘ ਮੁੰਡੀਆਂ, ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਸ੍. ਗੁਰਵਿੰਦਰ ਸਿੰਘ ਢਿੱਲੋਂ, ਪ੍ਰਿੰਸ ਖੋਸਲਾ, ਅਮਰਿੰਦਰ ਮੰਡੋਫਲ, ਗੁਰਸਤਿੰਦਰ ਜੱਲਾ, ਪ੍ਰਿਤਪਾਲ ਜੱਸੀ, ਬਹਾਦਰ ਖਾਂ, ਦੀਪਾ ਸਰਾਣਾ, ਰਾਜਦੀਪ ਰਾਜੂ, ਆਸ਼ੀਸ਼ ਅੱਤਰੀ, ਅਸੀਸ ਸੂਦ, ਜਗਰੂਪ ਨੰਬਰਦਾਰ, ਅਮਰੀਕ ਬਾਲਪੁਰ, ਰਾਜੇਸ਼ ਉੱਪਲ, ਦਰਸ਼ਨ ਪੰਡਰਾਲੀ, ਤਰਸੇਮ ਉੱਪਲ, ਗੁਰਮੀਤ ਬਾਜਵਾ, ਬਲਵੀਰ ਸੋਢੀ ਤੋਂ ਇਲਾਵਾ ਹੋਰ ਪਤਵੰਤੇ ਮੌਜੂਦ ਸਨ।

# ਅਪਣੱਤ ਸੋਸ਼ਲ ਸੁਸਾਇਟੀ ਤੇ ਮਾਨਵ ਸੇਵਾ ਵੱਲੋਂ ਖ਼ੂਨਦਾਨ ਕੈਂਪ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਅਪਣੱਤ ਸੋਸ਼ਲ ਸੁਸਾਇਟੀ ਪਟਿਆਲਾ ਪ੍ਰਧਾਨ ਡਾਕਟਰ ਲਾਲ ਚੰਦ ਤੇ ਮਾਨਵ ਸੇਵਾ ਉੱਤਮ ਸੇਵਾ ਨਾਭਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਦੀ ਅਗਵਾਈ ਹੇਠ ਸ੍. ਬਲਵੀਰ ਸਿੰਘ ਚਹਿਲ ਦੀ ਨਿੱਘੀ ਯਾਦ ਵਿੱਚ ਗ੍ਰਾਮ ਪੰਚਾਇਤ ਖੁਰਦ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਪਿੰਡ ਖੁਰਦ ਨੇੜੇ ਕੈਦੂਪੁਰ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਸਿਵਲ ਹਸਪਤਾਲ ਨਾਭਾ ਦੇ ਐਸ ਐਮ ਓ ਡਾਕਟਰ ਸੰਜੇ ਗੋਇਲ ਦੀ ਦੇਖ-ਰੇਖ ਵਿੱਚ ਡਾਕਟਰ ਹੀਨਾ ਸਿੰਗਲਾ ਦੀ ਟੀਮ ਵੱਲੋਂ 65 ਦੇ ਕਰੀਬ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ। ਇਸ ਮੌਕੇ ਡਾਕਟਰ ਸੰਜੇ ਗੋਇਲ ਨੇ ਕਿਹਾ ਕਿ ਹਰ ਇਨਸਾਨ ਨੂੰ ਬਿਨਾਂ ਡਰ ਤੋਂ ਸਮੇਂ-ਸਮੇਂ ਅਨੁਸਾਰ ਖ਼ੂਨ ਦਾਨ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਕਿ ਕਿਸੇ ਲੋੜਵੰਦ ਇਨਸਾਨ ਦੀ ਜ਼ਿੰਦਗੀ ਬਚਾਈ ਜਾ ਸਕੇ।ਉਨ੍ਹਾਂ ਕਿਹਾ ਕਿ 18 ਸਾਲ ਤੋਂ 65 ਸਾਲ ਦੀ ਉਮਰ ਦਾ ਕੋਈ ਵੀ ਸਿਹਤਮੰਦ ਮਰਦ 90 ਦਿਨਾਂ ਦੇ ਅੰਤਰ ਨਾਲ ਸਾਲ ਵਿੱਚ ਚਾਰ ਵਾਰ ਤੇ ਔਰਤ 120 ਦਿਨਾਂ ਦੇ ਅੰਤਰ ਨਾਲ ਸਾਲ ਵਿੱਚ ਤਿੰਨ ਵਾਰ ਖ਼ੂਨ ਦਾਨ ਕਰ ਸਕਦੀ ਹੈ।ਇਸ ਮੌਕੇ ਸੰਸਥਾਵਾਂ ਦੇ ਅਹੁਦੇਦਾਰਾਂ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੁਨੀਲ ਗੁਪਤਾ, ਦੀਪਕ ਕੁਮਾਰ, ਰਵਿੰਦਰ ਕੁਮਾਰ, ਸੁਖਜੀਤ ਸਿੰਘ, ਗੁਰਪ੍ਰੀਤ ਸਿੰਘ ਨਾਭਾ, ਮਨਜੀਤ ਸਿੰਘ ਔਲਖ, ਸੰਦੀਪ ਕੁਮਾਰ, ਕੁਲਦੀਪ ਸਿੰਘ ਨੰਬਰਦਾਰ, ਗੁਰਜੰਟ ਸਿੰਘ, ਡਾਕਟਰ ਗੁਰਪ੍ਰੀਤ ਕੌਰ ਢੀਂਡਸਾ, ਰਜਿੰਦਰ ਸਿੰਘ ਚੋਪੜਾ, ਵਿਕਰਮਜੀਤ ਸਿੰਘ, ਗਮਦੂਰ ਸਿੰਘ, ਹਰਦੀਪ ਕੌਰ, ਰਣਜੀਤ ਸਿੰਘ ਆਦਿ ਹਾਜ਼ਰ ਸਨ।

## ਪੁਲਸ ਵੱਲੋਂ ਨਸ਼ਿਆਂ ਖਿਲਾਫ ਜਾਗਰੂਕਤਾ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਗੌਰਵ ਯਾਦਵ ਡੀ.ਜੀ.ਪੀ. ਪੰਜਾਬ ਵੱਲੋਂ ਸੂਬਾ ਅੰਦਰ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਐੱਸ ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਸ ਦੀਆਂ ਅਲੱਗ ਅਲੱਗ ਟੁੱਕੜੀਆਂ ਬਣਾ ਕੇ ਲੋਕਾਂ ਨੂੰ ਪਿੰਡਾਂ/ਸ਼ਹਿਰਾਂ ਅੰਦਰ ਜਾ ਕੇ ਜਿੱਥੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਜਾ ਰਿਹਾ ਹੈ, ਉੱਥੇ ਹੀ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ, ਉਨ੍ਹਾਂ ਨਾਲ ਗੱਲਬਾਤ ਕਰ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਮੌਕੇ 'ਤੇ ਹੀ ਹੱਲ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹੀ ਅੱਜ ਸ੍ਰੀ ਸੰਜੀਵ ਗੋਇਲ ਡੀ.ਐੱਸ.ਪੀ. (ਨਾਰਕੋਟਿਕਸ) ਤੇ ਐੱਸ ਆਈ ਵਰੁਣ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਗੋਨਿਆਣਾ ਰੋਡ ਵਾਰਡ ਨੰਬਰ 15 ਸ੍ਰੀ ਮੁਕਤਸਰ ਸਾਹਿਬ ਵਿਖੇ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਮਹਿਲਾ ਕੌਂਸਲਰ ਬੀਬੀ ਮਨਜੀਤ ਕੌਰ ਪਾਸ਼ਾ, ਪਰਮਿੰਦਰ ਸਿੰਘ ਪਾਸ਼ਾ ਤੇ ਪਿਆਰਾ ਸਿੰਘ ਸਮੇਤ ਵਾਰਡ ਦੇ ਸਮੂਹ ਮੋਹਤਵਰ ਵਿਅਕਤੀ ਹਾਜ਼ਰ ਸਨ।

ਇਸ ਮੌਕੇ ਸੰਜੀਵ ਗੋਇਲ ਡੀ.ਐੱਸ.ਪੀ. ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਨਸ਼ਿਆਂ ਖਿਲਾਫ ਜੰਗ ਉਸੇ ਤਰ੍ਹਾਂ ਹੀ ਜਾਰੀ ਰਹੇਗੀ, ਕਿਸੇ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਨੂੰ ਕਿਹਾ ਕਿ ਅਸੀਂ ਤੇ ਸਾਰੀ ਪੁਲਸ ਫੋਰਸ ਤੁਹਾਡੇ ਪਰਿਵਾਰ ਦੇ ਮੈਂਬਰ ਦੀ ਤਰ੍ਹਾਂ ਹੀ ਹਨ, ਜੋ ਨਸ਼ੇ ਦੀ ਜੰਗ ਪੰਜਾਬ ਸਰਕਾਰ ਡੀ.ਜੀ.ਪੀ. ਵੱਲੋਂ ਚਲਾਈ ਹੈ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਵੱਲ ਉਤਸ਼ਾਹਤ ਕਰਨਾ ਹੈ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਪੁਲਸ ਨੂੰ ਲੋਕਾਂ ਦੇ ਸਹਿਯੋਗ ਦੀ ਹਮੇਸ਼ਾ ਜ਼ਰੂਰਤ ਹੈ।ਲੋਕਾਂ ਦੇ ਸਾਥ ਨਾਲ ਹੀ ਆਪਾਂ ਇਸ ਨਸ਼ਿਆਂ ਨੂੰ ਖਤਮ ਕਰ ਸਕਦੇ ਹਾਂ।ਉਨ੍ਹਾ ਦੱਸਿਆ ਕਿ ਨਸ਼ਾ ਵੇਚਣ ਵਾਲਿਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।

# ਕਿਸਾਨ ਮਹਾਂ ਪੰਚਾਇਤਾਂ ਸੰਬੰਧੀ ਭਾਕਿਯੂ ਬਹਿਰਾਮਕੇ ਦੀ ਜ਼ਿਲ੍ਹਾ ਪੱਧਰੀ ਮੀਟਿੰਗ



**ਕੋਟ ਈਸੇ ਖਾਂ (ਅਰੋੜਾ)**-ਸਥਾਨਕ ਸ਼ਹਿਰ ਕੋਟ ਈਸੇ ਖਾਂ ਦੇ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮਕੇ, ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ ਨੇ ਕੀਤੀ। ਮੀਟਿੰਗ ਦੀ ਕਾਰਵਾਈ ਸਵਰਨ ਸਿੰਘ ਬਲਾਕ ਪ੍ਰਧਾਨ, ਅੰਗਰੇਜ਼ ਸਿੰਘ ਸਿੱਧੂ ਤੇ ਗੁਰਮੇਲ ਸਿੰਘ ਸ਼ਹਿਰੀ ਪ੍ਰਧਾਨ ਨੇ ਚਲਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਮਲਕੀਤ ਸਿੰਘ ਅਮੀਵਾਲਾ, ਸੂਬਾ ਸਕੱਤਰ ਗੁਰਨਾਮ ਸਿੰਘ ਸਾਹਵਾਲਾ, ਤਰਸੇਮ ਸਿੰਘ ਐਗਜ਼ੈਕਟਿਵ ਮੈਂਬਰ, ਮਲੂਕ ਸਿੰਘ ਮਸਤੇਵਾਲਾ ਐਗਜ਼ੈਕਟਿਵ ਮੈਂਬਰ ਪੰਜਾਬ, ਬਾਜ ਸਿੰਘ ਸੰਗਲਾ, ਮੁਖਤਿਆਰ ਸਿੰਘ ਚੱਕ ਸਿੰਘ ਪੁਰਾ, ਜਗੀਰ ਸਿੰਘ ਸਾਦੀਵਾਲਾ ਐਗਜ਼ੈਕਟਿਵ ਮੈਂਬਰ, ਤੋਤਾ ਸਿੰਘ ਬਹਿਰਾਮਕੇ ਨੇ ਕਿਹਾ ਕਿ ਉੱਤਰੀ ਭਾਰਤ ਦੀਆਂ 18 ਕਿਸਾਨ ਜਥੇਬੰਦੀਆਂ ਤੇ ਗੈਰ-ਰਾਜਨੀਤਕ ਸੰਯੁਕਤ ਕਿਸਾਨ ਮੋਰਚਾ ਦੇ ਸਾਂਝੇ ਫੋਰਮ ਵੱਲੋਂ ਜੰਡਿਆਲਾ ਗੁਰੂ 2 ਜਨਵਰੀ ਨੂੰ ਹੋ ਰਹੀ ਕਿਸਾਨ ਮਹਾਂ ਪੰਚਾਇਤ ਵਿੱਚ ਸ਼ਾਮਲ ਹੋਣ ਵਾਸਤੇ ਕਿਸਾਨਾਂ ਨੂੰ ਲਾਮਬੰਦ ਕੀਤਾ। ਇਸ ਸੰਬੰਧੀ ਸੂਬਾ ਆਗੂਆਂ, ਜ਼ਿਲ੍ਹਾ ਆਗੂਆਂ ਤੇ ਇਕਾਈ ਪ੍ਰਧਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਚਮਕੌਰ ਸਿੰਘ ਜੌਹਲ, ਸੁਖਜਿੰਦਰ ਸਿੰਘ ਬੱਡੂਵਾਲ, ਬਲਵੀਰ ਸਿੰਘ ਮਾਨ, ਭਜਨ ਸਿੰਘ, ਸੁਖਵਿੰਦਰ ਸਿੰਘ ਸੰਗਲਾ, ਡਾਕਟਰ ਦਰਸਨ ਸਿੰਘ ਰੋਸ਼ਨਵਾਲਾ, ਤਲਵਿੰਦਰ ਸਿੰਘ ਮੱਲੀ, ਸੁਭਾਸ਼ ਚੰਦਰ ਚੁੱਘਾ ਕਲਾਂ, ਸਵਰਨ ਸਿੰਘ, ਹਰਜੀਤ ਸਿੰਘ ਨਿਹਾਲਗੜ੍ਹ, ਇਕਬਾਲ ਸਿੰਘ ਦਾਤੇਵਾਲ, ਰਛਪਾਲ ਸਿੰਘ, ਜਸਵੰਤ ਸਿੰਘ ਗਹਿਲੀਵਾਲਾ, ਮਲੂਕ ਸਿੰਘ ਜੋਧੂ ਮਸਤੇਵਾਲਾ, ਗੁਰਚਰਨ ਸਿੰਘ ਚਿਰਾਗ ਸ਼ਾਹਵਾਲਾ, ਗੋਪਾਲ ਸਿੰਘ ਸਾਦੀਵਾਲਾ, ਜਗੀਰ ਸਿੰਘ ਫੌਜੀ, ਗੁਰਪ੍ਰੀਤ ਸਿੰਘ ਰੰਡਿਆਲਾ, ਮੁਕੰਦ ਸਿੰਘ, ਨਿਸ਼ਾਨ ਸਿੰਘ ਮੱਤਾ ਜਾਨੀਆਂ, ਸਰਦੂਲ ਸਿੰਘ ਭੁੱਲਰ, ਚੰਨ, ਜਗਜੀਤ ਸਿੰਘ ਨੰਬਰਦਾਰ ਮਸੀਤਾਂ, ਅਮ੍ਰਿਤਪਾਲ ਸਿੰਘ, ਗੁਰਦੇਵ ਸਿੰਘ ਪ੍ਰਧਾਨ, ਗੁਰਦੀਪ ਸਿੰਘ ਲੌਂਗੀਵਿੰਡ, ਜਗਤਾਰ ਸਿੰਘ, ਬਲਦੇਵ ਸਿੰਘ ਭੋਏਪੁਰ, ਗੁਰਸ਼ਰਨ ਸਿੰਘ ਤੋਂ ਇਲਾਵਾ ਹੋਰ ਕਿਸਾਨ ਆਗੂ ਅਤੇ ਕਿਸਾਨ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਮੀਟਿੰਗ ਜਲੰਧਰ 'ਚ ਭਲਕੇ



**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਮੀਟਿੰਗ 23 ਦਸੰਬਰ ਨੂੰ ਸਵੇਰੇ 11 ਵਜੇ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਨੇੜੇ ਬੱਸ ਸਟੈਂਡ ਜਲੰਧਰ ਵਿਖੇ ਰੱਖੀ ਗਈ ਹੈ।ਇਸ ਮੀਟਿੰਗ ਵਿੱਚ ਸੂਬਾ ਕਮੇਟੀ ਦੇ ਅਹੁਦੇਦਾਰਾਂ ਤੋਂ ਇਲਾਵਾ ਸਮੂਹ ਜ਼ਿਲ੍ਹਾ ਪ੍ਰਧਾਨ, ਜਨਰਲ ਸਕੱਤਰ ਤੇ ਕੈਸ਼ੀਅਰ ਭਾਗ ਲੈਣਗੇ।ਇਹ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਡਿਪਟੀ ਜਨਰਲ ਸਕੱਤਰ ਸੱਤ ਪਾਲ ਗੁਪਤਾ, ਮੁੱਖ ਸਲਾਹਕਾਰ ਜਗਦੀਸ਼ ਸਿੰਘ ਚਾਹਲ, ਜਗਤਾਰ ਸਿੰਘ ਭੁੰਗਰਨੀ, ਦਰਸ਼ਨ ਸਿੰਘ ਥਰੀਕੇ, ਮਨਜੀਤ ਸਿੰਘ ਗਿੱਲ, ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਪੋਹਲਾ ਸਿੰਘ ਬਰਾੜ, ਬੂਟਾ ਸਿੰਘ ਭੱਟੀ, ਸੱਤ ਪਾਲ ਸਿੰਘ ਸਹਿਗਲ, ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਮਨਸੂਰਾਂ, ਮਕੰਦ ਲਾਲ ਨਵਾਂ ਸ਼ਹਿਰ ਤੇ ਪ੍ਰੇਮ ਚਾਵਲਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਜਥੇਬੰਦੀ ਦੇ ਬਾਨੀ ਪ੍ਰਧਾਨ ਕੁਲਦੀਪ ਸਿੰਘ ਹੁਸ਼ਿਆਰਪੁਰ ਦੀ ਨਿੱਘੀ ਯਾਦ ਨੂੰ ਸਮਰਪਤ ਕਰਕੇ 7 ਜਨਵਰੀ 2024 ਨੂੰ ਸੂਬਾ ਪੱਧਰ 'ਤੇ ਮਨਾਏ ਜਾ ਰਹੇ ਪੈਨਸ਼ਨਰ ਦਿਵਸ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ 12 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਮਹਿੰਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਵਿੱਚੋਂ ਇੱਕ ਕਿਸ਼ਤ 4 ਫੀਸਦੀ ਦੀ ਦਰ ਨਾਲ ਦਸੰਬਰ 2023 ਤੋਂ ਦੇਣ, ਦੂਜੀਆਂ ਦੋ ਕਿਸ਼ਤਾਂ ਤੇ ਪਿਛਲੇ ਬਕਾਏ ਬਾਰੇ ਚੁੱਪ ਧਾਰਨ ਕਰਨ ਨੂੰ ਪੰਜਾਬ ਦੇ ਲੱਖਾਂ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਧੋਖਾ ਕਰਾਰ ਦਿੱਤਾ ਹੈ।ਆਗੂਆਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਭਗਵੰਤ ਮਾਨ ਸਰਕਾਰ ਦੇ ਪੈਨਸ਼ਨਰ ਤੇ ਮੁਲਾਜ਼ਮ ਵਿਰੋਧੀ ਵਤੀਰੇ ਦੇ ਖਿਲਾਫ ਅਗਲੇ ਐਕਸ਼ਨ ਪ੍ਰੋਗਰਾਮਾਂ ਦੀ ਰੂਪ ਰੇਖਾ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਐੱਨ ਐੱਸ ਐੱਸ ਦਾ ਸ਼ਖ਼ਸੀਅਤ 'ਚ ਅਹਿਮ ਮਹੱਤਵ : ਦੀਪਕ ਜਿੰਦਲ




**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**

ਯੁਵਕ ਸੇਵਾਵਾਂ ਵਿਭਾਗ ਪੰਜਾਬ ਦੀ ਸਰਪ੍ਰਸਤੀ ਵਿੱਚ ਸਹਾਇਕ ਡਾਇਰੈਕਟਰ ਅਰੁਣ ਕੁਮਾਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਨਵਰਾਜ ਕੌਰ ਦੀ ਅਗਵਾਈ ਵਿੱਚ ਕੌਮੀ ਸੇਵਾ ਯੋਜਨਾ ਇਕਾਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾ ਦੇ ਵਲੰਟੀਅਰਾਂ ਦਾ ਸਪੈਸ਼ਲ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਨਸ਼ਾ ਮੁਕਤ ਜਵਾਨੀ-ਤੰਦਰੁਸਤ ਜਵਾਨੀ ਦੇ ਬੈਨਰ ਹੇਠ ਲਗਾਇਆ ਗਿਆ। ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਇਸ ਕੈਂਪ ਦਾ ਉਦਘਾਟਨ ਸ਼ਗੁਨ ਕੂਕਿੰਗ ਆਇਲ ਦੇ ਮੈਨੇਜਿੰਗ ਡਾਇਰੈਕਟਰ ਦੀਪਕ ਜਿੰਦਲ ਨੇ ਬਤੌਰ ਮੁੱਖ ਮਹਿਮਾਨ ਕੀਤਾ ਤੇ ਸਮਾਰੋਹ ਦੀ ਪ੍ਰਧਾਨਗੀ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਨਾਜਰ ਸਿੰਘ ਨੇ ਕੀਤੀ।

ਪ੍ਰੋਗਰਾਮ ਅਫਸਰ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਕਹਿੰਦਿਆਂ ਕੌਮੀ ਸੇਵਾ ਯੋਜਨਾ ਦੇ ਵਲੰਟੀਅਰਾਂ ਵੱਲੋਂ ਸਕੂਲ ਦੀ ਦਿੱਖ ਸੰਵਾਰਨ 'ਚ ਕੀਤੇ ਜਾਂਦੇ ਸੇਵਾ ਕਾਰਜਾਂ ਬਾਰੇ ਦੱਸਿਆ ਤੇ ਸੱਤ ਰੋਜ਼ਾ ਕੈਂਪ ਦੇ ਉਦੇਸ਼ ਬਾਰੇ ਚਾਨਣਾ ਪਾਇਆ। ਇਸ ਮੌਕੇ ਪ੍ਰਿੰ. ਨਵਰਾਜ ਕੌਰ ਨੇ ਕਿਹਾ ਕਿ ਸਕੂਲ ਦੀ ਸੁੰਦਰਤਾ ਵਿੱਚ ਐੱਨ ਐੱਸ ਐੱਸ ਦਾ ਬਹੁਤ ਵੱਡਾ ਯੋਗਦਾਨ ਹੈ ਤੇ ਇਨ੍ਹਾਂ ਕੈਂਪਾਂ ਤੋਂ ਸਾਨੂੰ ਅਨੁਸ਼ਾਸਨ, ਲੀਡਰਸ਼ਿਪ, ਹੱਥੀਂ ਕਿਰਤ ਕਰਨ, ਸਮੇਂ ਦੀ ਪਾਬੰਦੀ ਵਰਗੇ ਗੁਣਾਂ ਦਾ ਧਾਰਨੀ ਬਣਨ ਦਾ ਮੌਕਾ ਮਿਲਦਾ ਹੈ।

ਇਸ ਮੌਕੇ ਵਲੰਟੀਅਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਜਿੰਦਲ ਨੇ ਕਿਹਾ ਕਿ ਐੱਨ ਐੱਸ ਐੱਸ ਦਾ ਜੀਵਨ 'ਚ ਅਹਿਮ ਮਹੱਤਵ ਹੈ। ਇਸ ਨਾਲ ਜੁੜ ਕੇ ਵਿਅਕਤੀ ਆਪਣੀ ਵਿਲੱਖਣ ਪਹਿਚਾਣ ਬਣਾ ਸਕਦਾ ਹੈ। ਵਲੰਟੀਅਰ ਬੂਟਾ ਸਿੰਘ, ਗਗਨਦੀਪ ਸਿੰਘ ਨੇ ਸੱਤ ਰੋਜ਼ਾ ਕੈਂਪ ਦੌਰਾਨ ਕੀਤੇ ਜਾਣ ਵਾਲੇ ਕਾਰਜਾਂ 'ਤੇ ਚਾਨਣ ਪਾਇਆ। ਲੈਕਚਰਾਰ ਹਿਸਟਰੀ ਰਾਜੇਸ਼ ਕੁਮਾਰ ਨੇ ਵਲੰਟੀਅਰਾਂ ਨੂੰ ਕੈਂਪ ਦੌਰਾਨ ਅਨੁਸ਼ਾਸਨ ਬਣਾ ਕੇ ਰੱਖਣ ਲਈ ਕਈ ਨੁਕਤੇ ਸਾਂਝੇ ਕੀਤੇ। ਪ੍ਰੋਗਰਾਮ ਅਫਸਰ ਨੇ ਸਕੂਲ ਸਟਾਫ ਤੇ ਵਲੰਟੀਅਰਾਂ ਦੀ ਤਰਫੋਂ ਮੁੱਖ ਮਹਿਮਾਨ ਤੇ ਹੋਰ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਿਵ ਕੁਮਾਰ ਜਿੰਦਲ, ਗੁਰਦੀਪ ਸਿੰਘ, ਲਖਵੀਰ ਸਿੰਘ, ਰਕੇਸ਼ ਕੁਮਾਰ ਲੈਕਚਰਾਰ ਸਰੀਰਕ ਸਿੱਖਿਆ, ਵਨੀਤੀ ਰਾਣੀ, ਨਿਰਮਲ ਸਿੰਘ, ਸੁਖਵਿੰਦਰ ਕੌਰ ਮਡਾਹੜ, ਰਕੇਸ਼ ਸ਼ਰਮਾ, ਸਵਿਤਾ ਵਸ਼ਿਸ਼ਟ, ਦੀਪਸ਼ਿਖਾ ਬਹਿਲ, ਸਵੇਤਾ ਅਗਰਵਾਲ, ਹਰਦੇਵ ਕੌਰ, ਪ੍ਰੀਤੀ ਰਾਣੀ, ਕਰਨੈਲ ਸਿੰਘ, ਅਸ਼ਵਨੀ ਕੁਮਾਰ, ਅਮਨਦੀਪ ਸਿੰਘ, ਸੰਜੀਵ ਕੁਮਾਰ, ਸੰਦੀਪ ਸਿੰਘ, ਮਨਜਿੰਦਰ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

## ਖਾਦ ਵਿਕਰੇਤਾ ਦੀ ਸ਼ਿਕਾਇਤ 'ਤੇ ਕੀਤੀ ਜਾਵੇਗੀ ਕਾਰਵਾਈ : ਸੁਰਿੰਦਰ ਸਿੰਘ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਉਚ ਮਿਆਰੀ ਖਾਦ ਤੇ ਦਵਾਈਆਂ ਮੁਹੱਈਆ ਕਰਵਾਉਣ ਦੇ ਮੰਤਵ ਤਹਿਤ ਉਡਣ ਦਸਤੇ ਟੀਮਾਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਗਠਿਤ ਟੀਮਾਂ ਵੱਲੋਂ ਖਾਦਾਂ ਤੇ ਦਵਾਈਆਂ ਤਿਆਰ ਕਰਨ ਵਾਲੇ ਯੂਨਿਟਾਂ/ਫੈਕਟਰੀਆਂ ਤੇ ਦੁਕਾਨਾਂ ਦੀ ਚੈਕਿੰਗਾਂ ਨੂੰ ਯਕੀਨੀ ਬਣਾਇਆ ਜਾਵੇ। ਇਸੇ ਲੜੀ ਤਹਿਤ ਸੰਯੁਕਤ ਡਾਇਰੈਕਟਰ ਖੇਤੀਬਾੜੀ ਪੰਜਾਬ ਸ੍ਰੀ ਸੁਰਿੰਦਰ ਸਿੰਘ ਵੱਲੋਂ ਅਬੋਹਰ ਵਿਖੇ ਟੀਮ ਸਮੇਤ ਖਾਦਾਂ ਤੇ ਦਵਾਈਆਂ ਤਿਆਰ ਕਰਨ ਵਾਲੀਆਂ ਫੈਕਟਰੀਆਂ ਤੇ ਦੁਕਾਨਾਂ ਦਾ ਦੌਰਾ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਮੁੱਖ ਖੇਤੀਬਾੜੀ ਅਫਸਰ ਗੁਰਮੀਤ ਸਿੰਘ ਚੀਮਾ, ਖੇਤੀਬਾੜੀ ਵਿਕਾਸ ਅਫਸਰ ਕੇਤਨ ਚਾਵਲਾ, ਖੇਤੀਬਾੜੀ ਵਿਕਾਸ ਅਫਸਰ ਬਖਸ਼ੀਸ਼ ਸਿੰਘ ਰੰਧਾਵਾ, ਖੇਤੀਬਾੜੀ ਵਿਕਾਸ ਅਫਸਰ ਪੀ.ਪੀ. ਸ੍ਰੀ ਸ਼ੀਸਪਾਲ ਗੋਦਾਰਾ, ਪ੍ਰਵੀਨ ਕੁਮਾਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।


**ਉੱਤਰ ਰੇਲਵੇ**

**ਸ਼ੁੱਧੀਪੱਤਰ**

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਐਫਐਸ, ਉੱਤਰ ਰੇਲਵੇ, ਫਿਰੋਜ਼ਪੁਰ ਨੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਵਿਜੈਪੁਰ ਜੰਮੂ, ਰੇਲਵੇ ਸਟੇਸ਼ਨ ਉਤੇ ਜੀਸੀਟੀ ਦੇ ਵਿਕਾਸ ਦੇ ਲਈ ਟੈਂਡਰ (ਦੋ ਪੈਕੇਟ ਪ੍ਰਣਾਲੀ) ਮੰਗ ਕੀਤੀ ਸੀ।
ਚੂਕਿ, ਅਨੁਮਾਨਾਂ ਅਤੇ ਈਐਸਪੀ ਵਿਚ ਸੰਸ਼ੋਧਨ/ਸੰਸ਼ੋਧਨ ਕੀਤਾ ਜਾਣਾ ਹੈ ਜਿਸ ਵਿਚ ਸਮੇਂ ਲਗੇਗਾ, ਇਸਲਈ ਬੀਜੇਪੀਜੇ ਵਿਚ ਜੀਸੀਟੀ ਦੇ ਲਈ 26.12.2023 ਨੂੰ ਖੋਲੀ ਜਾਣ ਵਾਲੀ ਵਰਤਮਾਨ ਟੈਂਡਰ ਨੂੰ ਪ੍ਰਸ਼ਾਸਨਿਕ ਆਧਾਰ ਉਤੇ ਵਾਪਿਸ ਲਿਤਾ ਜਾਂਦਾ ਹੈ।
No. 2-AC/Goods-GCT-VJPJ-FZR/23 Date: 21 12 2023
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3989/23

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਤਾਲਮੇਲ, ਉੱਤਰ ਰੇਲਵੇ ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂਤੋਂ ਈ ਨਿਵਿਦਾਵਾਂ (www.ireps.gov.in) ਮੰਗ ਕੀਤੀ ਜਾਂਦੀ ਹੈ। ਨਿਵਿਦਾ ਕਾਰਕ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।
ਟੈਂਡਰ ਨੰਬਰ : 251-ਬਿਜਲੀ-T-57-2023-24 ਕੰਮਾਂ ਦਾ ਵੇਰਵਾ: ਬਹੁ-ਅਨੁਸ਼ਾਸਨਾਤਮਕ ਸਮਿਤੀ ਦੀ ਰੀਪੋਰਟ ਦੇ ਸਬੰਧ ਵਿਚ ਜੰਮੂ-ਸ੍ਰੀ ਮਾਤਾ ਵੈਸ਼ਨੋ ਦੇਵੀ ਕਟਰਾ ਸੈਕਸ਼ਨ ਵਿਚ ਸੁਰੱਖਿਆ ਬੁਨਿਆਦੀ ਢਾਂਚੇ ਦੇ ਪ੍ਰਾਵਧਾਨ ਲਈ ਸੁਰੱਖਿਆ ਕੰਮਾਂ ਦੇ ਲਈ ਪੜਾਅ-1 ਵਿਚ ਬਿਜਲੀ ਕੰਮ। ਅੰਦਾਜਨ ਲਾਗਤ (ਰੁ) : 64,49,306.90 ਬਿਆਨਾ ਰਾਸ਼ੀ (ਰੁ) : 1,29,000.00 ਕੰਮ ਦਾ ਸਮਾਂ : 06 ਮਹੀਨੇ ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 09.01.2024 15:00 ਵਜੇ ਦੇ ਬਾਅਦ ਵੈਬਸਾਈਟ: www.ireps.gov.in
ਨੰ.-251 ਬਿਜਲੀ-ਟੈਂਡਰ ਨੋਟਿਸ ਨੰ. 46-ਬਿਜਲੀ/2023-24
ਮਿਤੀ:- 20.12.2023 3990/2023
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਸਮਾਣਾ ਦੇ ਸਾਰੇ ਜੱਜ ਸਾਹਿਬਾਨ ਕੱਪ ਆਫ ਟੀ 'ਚ ਹੋਏ ਸ਼ਾਮਲ

**ਬਾਰ ਐਸੋਸੀਏਸ਼ਨ ਦੀ ਨਵੀਂ ਚੁਣੀ ਟੀਮ ਨੂੰ ਦਿੱਤੀਆਂ ਮੁਬਾਰਕਾਂ**



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਦੇ ਨਵੇਂ ਚੁਣੇ ਗਏ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਦੀ ਜਿੱਤੀ ਟੀਮ ਨੇ ਆਪਣਾ ਚਾਰਜ ਸੰਭਾਲਣ ਉਪਰੰਤ ਬਾਰ ਐਸੋਸੀਏਸ਼ਨ ਸਮਾਣਾ ਦੇ ਦਫਤਰ ਵਿਖੇ ਸਾਰੇ ਬਾਰ ਮੈਂਬਰਾਂ ਲਈ ਕੱਪ ਆਫ ਟੀ ਚਾਹ ਦਾ ਪ੍ਰੋਗਰਾਮ ਰੱਖਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਮੈਡਮ ਦੀਪਕਾ ਸਿੰਘ ਐਡੀਸ਼ਨਲ ਪ੍ਰਿੰਸੀਪਲ ਜੱਜ ਫੈਮਲੀ ਕੋਰਟ ਸਮਾਣਾ, ਸ੍ਰੀ ਰਜਿੰਦਰ ਸਿੰਘ ਨਾਗਪਾਲ ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਸਮਾਣਾ, ਸ੍ਰੀ ਪਾਰਸਮੀਤ ਰਿਸ਼ੀ ਸਿਵਲ ਜੱਜ ਜੂਨੀਅਰ ਡਿਵੀਜ਼ਨ ਸਮਾਣਾ, ਮੈਡਮ ਏਕਤਾ ਸੇਧਾ ਸਿਵਲ ਜੱਜ ਜੂਨੀਅਰ ਡਵੀਜ਼ਨ ਸਮਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਜੱਜ ਸਾਹਿਬਾਨਾਂ ਦਾ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਮੀਤ ਪ੍ਰਧਾਨ ਰਿਸ਼ੀ ਚੋਪੜਾ, ਸੈਕਟਰੀ ਹਰਮਨਦੀਪ ਸਿੰਘ ਸਿੱਧੂ, ਜੁਆਇੰਟ ਸੈਕਟਰੀ ਜਗਤਾਰ ਸ਼ਰਮਾ, ਕੈਸ਼ੀਅਰ ਸੰਦੀਪ ਜਿੰਦਲ, ਲਾਇਬ੍ਰੇਰੀਅਨ ਨਿਰਲੇਪ ਕੌਰ, ਐਗਜ਼ੈਕਟਿਵ ਮੈਂਬਰ ਗੁਰਜੀਤ ਕੌਰ ਬੱਲ, ਅਰਮਾਨ ਸਿੰਘ, ਰਾਜਵਿੰਦਰ ਗੋਇਲ ਨੇ ਸਵਾਗਤ ਕੀਤਾ। ਇਸ ਮੌਕੇ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਬਾਰ ਤੇ ਬੈਂਚ ਦਾ ਆਪਸੀ ਤਾਲਮੇਲ ਪਹਿਲਾਂ ਨਾਲੋਂ ਵੀ ਵਧੀਆ ਚੱਲੇਗਾ ਤੇ ਉਹ ਸਾਰੇ ਵਕੀਲ ਸਾਹਿਬਾਨਾਂ ਦੇ ਕੰਮ ਬਿਨਾਂ ਕਿਸੇ ਭਿੰਨ ਭੇਦ ਦੇ ਕਰਨਗੇ।

# ਗੈਰ-ਭਾਜਪਾਈ ਸੂਬਾ ਸਰਕਾਰਾਂ ਨੂੰ ਕੇਂਦਰ ਵੱਲੋਂ ਪ੍ਰੇਸ਼ਾਨ ਕੀਤਾ ਜਾ ਰਿਹੈ : ਬੀ ਕੇ ਯੂ ਕਾਦੀਆਂ



**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ (ਰਜਿ.) ਪੰਜਾਬ ਜ਼ਿਲ੍ਹਾ ਮੋਗਾ ਦੀ ਮੀਟਿੰਗ ਨੇਚਰ ਪਾਰਕ ਵਿਖੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਾਣੂੰਕੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਵਿੱਤ ਸਕੱਤਰ ਪੰਜਾਬ ਗੁਰਬਚਨ ਸਿੰਘ ਚੰਨੂਵਾਲਾ ਤੇ ਸੀਨੀਅਰ ਕਿਸਾਨ ਆਗੂ ਕੁਲਵੰਤ ਸਿੰਘ ਮਾਣੂੰਕੇ ਨੇ ਸਾਂਝੇ ਤੌਰ 'ਤੇ ਚਲਾਈ।ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਸਰਕਾਰ ਨਾਲ ਹੋਈ ਮੀਟਿੰਗ ਦੌਰਾਨ ਕੁੱਝ ਕਿਸਾਨੀ ਮੰਗਾਂ ਸੰਬੰਧੀ ਕਮੇਟੀਆਂ ਦਾ ਗਠਨ ਹੋਇਆ ਤੇ ਪਰਾਲੀ ਸਾੜਨ ਦੇ ਮੁੱਦੇ 'ਤੇ ਕਿਸਾਨਾਂ ਨੂੰ ਹੋਏ ਜੁਰਮਾਨੇ ਤੇ ਪਰਚੇ ਜਲਦੀ ਕਾਨੂੰਨੀ ਮਾਹਰਾਂ ਮੁਤਾਬਿਕ ਜਲਦੀ ਖਾਰਜ ਕੀਤੇ ਜਾਣਗੇ।ਸਰਕਾਰ ਨੇ ਕਿਸਾਨ ਆਗੂਆਂ ਨੂੰ ਵਿਸ਼ਵਾਸ ਦੁਆਇਆ ਕਿ ਕੋਈ ਵੀ ਕਿਸਾਨ ਜੁਰਮਾਨਾ ਰਾਸ਼ੀ ਨਾ ਭਰੇ, ਜਲਦੀ ਹੀ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇਗੀ।ਬਲਵੀਰ ਸਿੰਘ ਭਾਗੀਕੇ, ਗੁਰਜੰਟ ਸਿੰਘ ਗਗੜਾ, ਬਲਦੇਵ ਸਿੰਘ ਖੁਖਰਾਣਾ (ਸਾਰੇ ਜ਼ਿਲ੍ਹਾ ਮੀਤ ਪ੍ਰਧਾਨਾਂ) ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਗੈਰ-ਭਾਜਪਾਈ ਸੂਬਾ ਸਰਕਾਰਾਂ ਨੂੰ ਕੇਂਦਰ ਵੱਲੋਂ ਵਿੱਤੀ ਤੇ ਹੋਰ ਵੱਖ-ਵੱਖ ਤਰੀਕਿਆਂ ਨਾਲ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦੋਂਕਿ ਕੇਂਦਰ ਸਰਕਾਰ ਦੀ ਮਨਸ਼ਾ ਕੇਵਲ ਤੇ ਕੇਵਲ ਉਨ੍ਹਾਂ ਸੂਬਿਆਂ ਦੇ ਲੋਕਾਂ ਨੂੰ ਆਉਣ ਵਾਲੀਆਂ ਲੋਕ ਸਭਾ ਚੋਣਾਂ ਲਈ ਇਹ ਅਹਿਸਾਸ ਕਰਵਾਉਣਾ ਕਿ ਜੇਕਰ ਤੁਸੀਂ ਭਾਜਪਾ ਨੂੰ ਵੋਟ ਨਹੀਂ ਦਿਓਗੇ ਤਾਂ ਅਜਿਹੇ ਹਾਲਾਤ ਪੈਦਾ ਹੁੰਦੇ ਰਹਿਣਗੇ, ਜਿਸ ਦਾ ਅਵਾਮ 'ਤੇ ਬਹੁਤ ਅਸਰ ਪੈਂਦਾ ਹੈ ।ਆਗੂਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹੀ ਬਦਲਾਖੋਰੀ ਭਾਵਨਾ ਨੂੰ ਤਿਆਗ ਕੇ ਸਾਰਿਆਂ ਸੂਬਿਆਂ ਨਾਲ ਇੱਕੋ ਜਿਹਾ ਵਿਵਹਾਰ ਕੀਤਾ ਜਾਵੇ ਤਾਂ ਕਿ ਗੈਰ-ਭਾਜਪਈ ਸੂਬਿਆਂ ਦੇ ਲੋਕਾਂ ਦੇ ਮਨਾਂ ਅੰਦਰ ਬੇਗਾਨਗੀ ਦੀ ਭਾਵਨਾ ਪੈਦਾ ਨਾ ਹੋਵੇ, ਜੋ ਕਿ ਦੇਸ਼ ਤੇ ਲੋਕਤੰਤਰ ਦੇ ਹਿੱਤ ਵਿੱਚ ਨਹੀਂ।ਇਕਬਾਲ ਸਿੰਘ ਗਲੋਟੀ ਜ਼ਿਲ੍ਹਾ ਮੀਤ ਪ੍ਰਧਾਨ ਤੇ ਨਿਰਮਲ ਸਿੰਘ ਭਲੂਰ ਕਿਸਾਨ ਆਗੂ ਨੇ ਸੰਬੋਧਨ ਦੌਰਾਨ ਪੰਜਾਬ ਸਰਕਾਰ ਤੇ ਸਿਹਤ ਮਹਿਕਮੇ ਨੂੰ ਅਪੀਲ ਕਰਦਿਆਂ ਆਖਿਆ ਕਿ ਨਕਲੀ ਦੁੱਧ ਤੇ ਦੁੱਧ ਤੋਂ ਬਣੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਲੋਕਾਂ ਦੀ ਸ਼ਨਾਖਤ ਕਰਕੇ ਮਿਸਾਲੀ ਤੇ ਸਖਤ ਸਜ਼ਾਵਾਂ ਦਿੱਤੀਆਂ ਜਾਣ।

ਬਲਾਕ ਪ੍ਰਧਾਨ ਬਾਘਾ ਪੁਰਾਣਾ ਮੇਜਰ ਸਿੰਘ ਘੋਲੀਆ ਖੁਰਦ, ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ ਕੁਲਜਿੰਦਰ ਸਿੰਘ ਤਖਤੂਪੁਰਾ, ਬਲਾਕ ਪ੍ਰਧਾਨ ਮੋਗਾ-1 ਦਰਸ਼ਨ ਸਿੰਘ ਰੌਲੀ, ਬਲਾਕ ਪ੍ਰਧਾਨ ਮੋਗਾ-2 ਅੰਗਰੇਜ਼ ਸਿੰਘ ਦੌਲਤਪੁਰਾ, ਬਲਾਕ ਪ੍ਰਧਾਨ ਧਰਮਕੋਟ ਰਮਨਦੀਪ ਸਿੰਘ ਰਿਪੀ ਖੋਸਾ ਤੇ ਜਸਵਿੰਦਰ ਸਿੰਘ ਚੁਗਾਵਾਂ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਰੇ ਕਿਸਾਨ ਆਗੂ ਤੇ ਇਕਾਈਆਂ ਦੇ ਪ੍ਰਧਾਨ/ਵਰਕਰ ਸਾਹਿਬਾਨ ਵੱਧ ਤੋਂ ਵੱਧ ਆਪਣੇ ਨਵੇਂ ਯੂਨਿਟ ਬਣਾ ਕੇ ਤੇ ਪਹਿਲਾਂ ਚੱਲਦੇ ਯੂਨਿਟਾਂ ਨੂੰ ਹੋਰ ਮਜ਼ਬੂਤ ਕਰਕੇ ਸਰਗਰਮ ਕਰਨ।ਇਸ ਮੀਟਿੰਗ ਨੂੰ ਜਗਰੂਪ ਸਿੰਘ, ਰਾਜਾ ਸਿੰਘ, ਤਰਸੇਮ ਸਿੰਘ ਆਰ ਏ ਮੁੱਖ ਜ਼ਿਲ੍ਹਾ ਸਲਾਹਕਾਰ, ਹਰਪ੍ਰੀਤ ਸਿੰਘ ਸੈਕਟਰੀ ਮੁੱਖ ਜ਼ਿਲ੍ਹਾ ਸਲਾਹਕਾਰ ਦੀਦਾਰੇ ਵਾਲਾ, ਚਰਨਪ੍ਰੀਤ ਸਿੰਘ ਬਾਘਾ ਪੁਰਾਣਾ, ਬਿੰਦਰ ਸਿੰਘ ਦੀਨਾ ਸਾਹਿਬ, ਰਾਜਵੀਰ ਸਿੰਘ ਕਾਹਨ ਸਿੰਘ ਵਾਲਾ ਨੇ ਵੀ ਸੰਬੋਧਨ ਕੀਤਾ।


**TRUCAP FINANCE LIMITED**
(Formerly known as Dhanvarsha Finvest Ltd)
Registered Office: 3rd Floor, A Wing, D.J. House, Old Nagardas Road, Andheri (East), Mumbai – 400069, Maharashtra,
GST No: 27AAACD9887D1ZC
Corporate Identity Number: L24231MH1994PLC334457

**ਜਨਤਕ ਨੋਟਿਸ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈੱਸਟ ਲਿਮਟਿਡ) ਵੱਲੋਂ 26 ਦਸੰਬਰ 2023 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ। ਸ਼ਾਖਾ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈੱਸਟ ਲਿਮਟਿਡ) ਬੀ-1461/1, ਰਾਮ ਸ਼ਰਨਮ ਚੌਕ, ਹੰਬੜਾਂ ਰੋਡ, ਲੁਧਿਆਣਾ, ਪੰਜਾਬ-141001

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾ ਇਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।

ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਹੇਠਾਂ ਦਰਸਾਏ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸ਼ਾਖਾ ਦੇ ਨਾਂਅ ਨਾਲ ਸੰਬੰਧਤ ਹਨ।

**ਫਿਰੋਜ਼ਪੁਰ ਬਰਾਂਚ :** GL0000000098971,GL0000000097380, Gl0000000097641, GL0000000098515,GL0000000098728,GL0000000099017,GL0000000101982, GL0000000128410,GL0000000104083,GL0000000098433.
**ਹੁਸ਼ਿਆਰਪੁਰ ਬਰਾਂਚ :** Gl0000000101460.
**ਜਲੰਧਰ ਬਰਾਂਚ :** GL0000000099778,GL0000000104168,GL0000000123902, GL0000000126848,GL0000000087892.
**ਖਮਾਣੋਂ ਬਰਾਂਚ :** Gl0000000128395.
**ਲੁਧਿਆਣਾ ਬਰਾਂਚ :** GL0000000124825,GL0000000099436,GL0000000102956, GL0000000102339,GL0000000107916,GL0000000107331,GL0000000086200, GL0000000091504,GL0000000091469.
**ਪਠਾਨਕੋਟ ਬਰਾਂਚ :** GL0000000107265,GL0000000107534.
**ਸਰਹਿੰਦ ਬਰਾਂਚ :** GL0000000100772,GL0000000103385,GL0000000105517.

ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈੱਸਟ ਲਿਮਟਿਡ) ਨਾਲ ਸੰਪਰਕ ਕੀਤਾ ਜਾਵੇ।
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰ. 9560735444
ਟਰੂਕੈਪ ਫਾਇਨਾਂਸ ਲਿਮਟਿਡ (ਪਹਿਲਾਂ ਧਨਵਰਸ਼ਾ ਫਿਨਵੈੱਸਟ ਲਿਮਟਿਡ) ਨੂੰ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ 'ਚ ਤਬਦੀਲੀ ਅਤੇ ਮੁਲਤਵੀ/ਬਿਨਾਂ ਅਗਾਊਂ ਨੋਟਿਸ ਨਿਲਾਮੀ ਰੱਦ ਕਰਨ ਦਾ ਅਧਿਕਾਰ ਹੈ।

ਟਰੂਕੈਪ ਫਾਇਨਾਂਸ ਲਿਮਟਿਡ
(ਪਹਿਲਾਂ ਧਨਵਰਸ਼ਾ ਫਿਨਵੈੱਸਟ ਲਿਮਟਿਡ)

22-Dec-PAGE-8.qxd 12/21/2023 10:54 PM Page 1



# ਮੋਦੀ ਸਰਕਾਰ ਨੇ ਤਾਨਾਸ਼ਾਹੀ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ : ਦੇਵੀ ਕੁਮਾਰੀ



**ਬਹਿਰਾਮ (ਅਵਤਾਰ ਕਲੇਰ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਜ਼ਿਲ੍ਹਾ ਸਕੱਤਰ ਕਾਮਰੇਡ ਸੁਤੰਤਰ ਕੁਮਾਰ ਦੀ ਨਿਰਦੇਸ਼ਨਾ ਹੇਠ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੀਤੀ ਗਈ, ਜਿਸ ਦੀ ਪ੍ਰਧਾਨਗੀ ਕਾਮਰੇਡ ਜਗਤਾਰ ਸਿੰਘ ਨੇ ਕੀਤੀ। ਇਸ ਮੀਟਿੰਗ ਵਿੱਚ ਪਾਰਟੀ ਦੀ ਜ਼ਿਲ੍ਹਾ ਇੰਚਾਰਜ ਕਾਮਰੇਡ ਦੇਵੀਂ ਕੁਮਾਰੀ ਸੂਬਾ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਬਤੌਰ ਨਿਗਰਾਨ ਸ਼ਾਮਲ ਹੋਏ।ਮੀਟਿੰਗ ਦੀ ਸ਼ੁਰੂਆਤ ਕੇਰਲ ਦੇ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਕੈਨਨ, ਬਲਵੀਰ ਮੇਹਲੀ ਦੀ ਧਰਮ ਪਤਨੀ, ਕਾਮਰੇਡ ਹਰਮੇਸ਼ ਲਾਲ ਬਿੱਲਾ ਦੇ ਭਰਾ ਕਾਮਰੇਡ ਹਰਬੰਸ ਲਾਲ, ਕਾਮਰੇਡ ਨਾਗੀ ਦੇ ਲੜਕੇ ਦੇ ਵਿਛੋੜੇ ਤੇ ਸ਼ਰਧਾਂਜਲੀ ਭੇਟ ਕਰਨ ਨਾਲ ਕੀਤੀ ਗਈ।ਮੀਟਿੰਗ 'ਚ ਦੇਵੀਂ ਕੁਮਾਰੀ ਵਲੋਂ ਪੇਂਡੂ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਫਰੰਟ ਵੱਲੋਂ ਉਲੀਕੇ ਗਏ ਪ੍ਰੋਗਰਾਮਾਂ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਫਰੀਦਕੋਟ ਦੀ 25-26 ਨਵੰਬਰ ਦੀ ਰੈਲੀ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਦੇਵੀ ਕੁਮਾਰੀ ਨੇ ਕਿਹਾ ਕਿ ਅੱਜ ਦੇ ਹਾਲਾਤ 'ਚ ਮੋਦੀ ਸਰਕਾਰ ਦੀ ਤਾਨਾਸ਼ਾਹੀ ਬੇਸ਼ਰਮੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਗਈ ਹੈ।ਨਰੇਗਾ ਕਾਮਿਆਂ ਦਾ ਜਿਊਣ ਦਾ ਇੱਕੋ ਇੱਕ ਸਹਾਰਾ ਨਰੇਗਾ ਕਾਨੂੰਨ ਨੂੰ ਖ਼ਤਮ ਕਰਨ ਦੇ ਰਾਹ ਪਈ ਹੋਈ ਹੈ।ਪਿਛਲੇ ਸਮੇਂ ਵਿੱਚ ਪੰਜ ਕਰੋੜ ਲੋਕਾਂ ਦੇ ਜਾਬ ਕਾਰਡ ਖਤਮ ਕਰ ਦਿੱਤੇ ਗਏ ਹਨ।ਨਵੀਂ ਸੰਸਦ ਵਿੱਚ 13 ਦਸੰਬਰ ਨੂੰ ਕੁਝ ਨੌਜਵਾਨ ਭਾਰਤੀ ਜਨਤਾ ਪਾਰਟੀ ਦੇ ਐਮ ਪੀ ਪ੍ਰਤਾਪ ਮਿਸ਼ਰਾ ਦੇ ਪਾਸ ਦੇਣ ਤੇ ਪਹੁੰਚ ਗਏ ਅਤੇ ਮੋਦੀ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕਰਨ ਲਈ ਧੂਏਂ ਵਾਲੇ ਪਟਾਕੇ ਚਲਾ ਦਿੱਤੇ। ਜਿਸ ਨਾਲ ਪਾਰਲੀਮੈਂਟ ਦੀ ਸੁਰੱਖਿਆ ਦੀ ਪੋਲ ਖੁਲਦੀ ਨਜ਼ਰ ਆਈ।ਇਹਨਾਂ ਨੌਜਵਾਨਾਂ ਨੂੰ ਐਮ ਪੀਜ਼ ਵੱਲੋਂ ਫੜ ਲਿਆ ਗਿਆ।ਉਨ੍ਹਾਂ ਦੀ ਗੱਲ ਸੁਣਨ ਦੀ ਥਾਂ ਉਨ੍ਹਾਂ 'ਤੇ ਯੂ ਏ ਪੀ ਏ ਲਾ ਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ।ਵਿਰੋਧੀ ਪਾਰਟੀਆਂ ਦੇ ਆਗੂਆਂ ਦੇ ਸਵਾਲ ਪੁੱਛਣ ਤੇ 142 ਐਮ ਪੀਜ਼ ਰਾਜੇ ਦੀ ਤਾਨਾਸ਼ਾਹੀ ਨਾਲ ਮੁਅੱਤਲ ਕਰ ਦਿੱਤੇ ਗਏ।ਭਾਰਤੀ ਕਮਿਊਨਿਸਟ ਪਾਰਟੀ ਇਸ ਦੀ ਭਰਪੂਰ ਨਿਖੇਧੀ ਕਰਦੀ ਹੈ।ਇਸ ਮੌਕੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ 22 ਦਸੰਬਰ ਨੂੰ ਜ਼ਿਲ੍ਹਾ ਸੀ ਪੀ ਆਈ ਵੱਲੋਂ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ।ਇਸ ਤੋਂ ਇਲਾਵਾ 26 ਦਸੰਬਰ ਨੂੰ ਪਾਰਟੀ ਸਥਾਪਨਾ ਦਿਵਸ ਮੇਹਲੀ ਭਵਨ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਨਰੰਜਣ ਦਾਸ ਮੇਹਲੀ ਨੂੰ ਸੁਤੰਤਰ ਕੁਮਾਰ ਦੀ ਸਿਹਤ ਖਰਾਬ ਹੋਣ ਕਾਰਨ ਜਿਲ੍ਹੇ ਦਾ ਕਾਰਜਕਾਰੀ ਸਕੱਤਰ ਦਾ ਕਾਰਜ ਭਾਰ ਸੰਭਾਲਿਆ ਗਿਆ।ਇਸ ਮੌਕੇ ਮੁਕੰਦ ਲਾਲ, ਪਰਵਿੰਦਰ ਕੁਮਾਰ ਮੇਨਕਾ, ਜਸਵਿੰਦਰ ਸਿੰਘ ਭੰਗਲ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਨ੍ਹਾਂ ਤੋਂ ਇਲਾਵਾ ਇਸ ਮੌਕੇ ਨਰਿੰਦਰ ਕੁਮਾਰ ਕਾਲੀਆ, ਅਮਰਜੀਤ ਮੇਹਲੀ, ਹੁਸਨ ਲਾਲ ਮੇਹਲੀ, ਸੰਤੋਖ ਪਾਲ, ਬਲਵੀਰ ਸਿੰਘ ਮਹਿਤਪੁਰ, ਸਤਨਾਮ ਸਿੰਘ ਚਾਹਲ, ਹਰਮੇਸ਼ ਬਿੱਲਾ, ਧਰਮ ਪਾਲ ਸਿਆਣਾ, ਮਨੋਹਰ ਲਾਲ ਸੋਂਧੀ, ਰਾਜਵੀਰ ਕੌਰ, ਗੁਰਿੰਦਰ ਲਾਲ ਰਾਹੋਂ ਆਦਿ ਹਾਜ਼ਰ ਸਨ।

# ਹਰਿਆਣਾ ਦੇ 3 ਖਿਡਾਰੀਆਂ ਦੀ ਕੌਮੀ ਖੇਡ ਪੁਰਸਕਾਰ 2023 ਲਈ ਹੋਈ ਚੋਣ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਖੇਡਾਂ 'ਚ ਵਧੀਆ ਪ੍ਰਦਰਸ਼ਨ ਲਈ ਹਰਿਆਣਾ ਦੇ ਤਿੰਨ ਖਿਡਾਰੀਆਂ ਨੂੰ ਕੌਮੀ ਖੇਡ ਪੁਰਸਕਾਰ 2023 ਨਾਲ ਸਨਮਾਨਿਤ ਕੀਤਾ ਜਾਵੇਗਾ। ਹਰਿਆਣਾ ਦੀ ਗੌਲਫ ਖਿਡਾਰੀ ਦੀਕਸ਼ਾ ਡਾਗਰ ਦਾ ਚੋਣ ਅਰਜੁਨ ਅਵਾਰਡ ਲਈ ਹੋਈ ਹੈ। ਉੱਥੇ ਹੀ ਕੁਸ਼ਤੀ ਵਿੱਚ ਸੁਨੀਲ ਕੁਮਾਰ ਅਤੇ ਅੰਤਿਮ ਨੂੰ ਅਰਜੁਨ ਪੁਰਸਕਾਰ ਮਿਲੇਗਾ। ਇਸ ਤੋਂ ਇਲਾਵਾ ਕੁਰੂਕਸ਼ੇਤਰ ਯੂਨੀਵਰਸਿਟੀ ਨੂੰ ਮੌਲਾਨਾ ਅਬੁਲ ਕਲਾਮ ਆਜ਼ਾਦ ਟ੍ਰਾਫੀ 2023 ਦਾ ਦੂਜਾ ਉੱਪ ਵਿਜੇਤਾ ਐਲਾਨ ਕੀਤਾ ਗਿਆ ਹੈ। ਮੁੱਖ ਮੰਤਰੀ ਮਨੋਹਰ ਲਾਲ ਨੇ ਕੌਮੀ ਖੇਡ ਪੁਰਸਕਾਰ ਦੇ ਲਈ ਚੋਣ ਹੋਣ 'ਤੇ ਹਰਿਆਣਾ ਦੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦੇ ਖਿਡਾਰੀ ਕੌਮੀ ਅਤੇ ਕੌਮਾਂਤਰੀ ਪੱਧਰ ਦੀ ਵੱਖ-ਵੱਖ ਗਤੀਵਿਧੀਆਂ ਵਿਚ ਆਪਣੀ ਉੱਚਤਮ ਸਮਰੱਥਾ ਦਾ ਪ੍ਰਦਰਸ਼ਨ ਕਰਦੇ ਹਨ। ਖਿਡਾਰੀਆਂ ਨੇ ਆਪਣੇ ਮਿਹਨਤ ਅਤੇ ਸਮਰਪਣ ਨਾਲ ਖੁੱਦ ਨੂੰ ਇਕ ਨਵੇਂ ਪੱਧਰ 'ਤੇ ਪਹੁੰਚਾਇਆ ਹੈ।

ਸ੍ਰੀ ਮਨੋਹਰ ਲਾਲ ਨੇ ਖੁਸ਼ੀ ਅਤੇ ਮਾਣ ਦੇ ਨਾਲ ਕਿਹਾ ਕਿ ਹਰਿਆਣਾ ਸਰਕਾਰ ਖੇਡਾਂ ਵਿਚ ਨੰਬਰ-1 ਬਣਿਆ ਹੋਇਆ ਹੈ। ਉਨ੍ਹਾਂ ਨੇ ਦੱਸਿਆ ਕਿ ਸੂਬੇ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਆਪਣਾ ਵਿਲੱਖਣ ਯੋਗਦਾਨ ਦੇ ਕੇ ਹਰਿਆਣਾ ਦਾ ਨਾਂਅ ਰੋਸ਼ਨ ਕੀਤਾ ਹੈ ਅਤੇ ਉਨ੍ਹਾਂ ਨੂੰ ਇਸ 'ਤੇ ਮਾਣ ਹੈ।

# ਪੰਜਾਬ 'ਚ 20 ਹਜ਼ਾਰ ਖੇਤੀ ਟਿਊਬਵੈੱਲ ਸੂਰਜੀ ਊਰਜਾ 'ਤੇ ਕੀਤੇ ਜਾਣਗੇ : ਅਰੋੜਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਸੌਰ ਊਰਜਾ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਣ ਅਤੇ ਖੇਤੀਬਾੜੀ ਸੈਕਟਰ ਨੂੰ ਕਾਰਬਨ ਮੁਕਤ ਕਰਨ ਲਈ ਪੰਜਾਬ ਸਰਕਾਰ ਸੂਬੇ 'ਚ 20,000 ਖੇਤੀ ਟਿਊਬਵੈੱਲਾਂ ਨੂੰ ਸੂਰਜੀ-ਊਰਜਾ 'ਤੇ ਕਰੇਗੀ। ਇੱਥੇ ਆਪਣੇ ਦਫਤਰ ਵਿਖੇ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ ਦੀ ਸਮੀਖਿਆ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਮਨ ਅਰੋੜਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖੇਤੀ ਪੰਪ ਸੈੱਟਾਂ ਦੀ ਸੋਲਰਾਈਜੇਸ਼ਨ ਸੰਬੰਧੀ ਪ੍ਰਕਿਰਿਆ ਨੂੰ ਪਾਰਦਰਸੀ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਇਸ ਤੋਂ ਇਲਾਵਾ ਬੇਸਕੀਮਤੀ ਜਲ ਸਰੋਤਾਂ ਨੂੰ ਬਚਾਉਣ ਲਈ ਡਾਰਕ ਜੋਨ 'ਚ ਫੁਹਾਰਾ ਅਤੇ ਤੁਪਕਾ ਸਿੰਚਾਈ ਵਿਧੀ ਵਾਸਤੇ ਹੀ ਸੋਲਰ ਪੰਪਾਂ ਦੀ ਅਲਾਟਮੈਂਟ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਰਾਜ ਸਰਕਾਰ ਦੀਆਂ ਇਮਾਰਤਾਂ ਨੂੰ ਸੋਲਰ ਫੋਟੋਵੋਲਟੇਇਕ (ਪੀ ਵੀ) ਪੈਨਲਾਂ ਨਾਲ ਲੈਸ ਕਰਨ ਦੇ ਕੰਮ 'ਚ ਤੇਜੀ ਲਿਆਉਣ ਲਈ ਕਿਹਾ ਗਿਆ ਹੈ। ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਦੇ ਸੀਈਓ ਡਾ. ਅਮਰਪਾਲ ਸਿੰਘ ਨੇ ਦੱਸਿਆ ਕਿ ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਸੋਲਰ ਪੀ ਵੀ ਪੈਨਲ ਲਗਾਉਣ ਲਈ 436 ਸਰਕਾਰੀ ਇਮਾਰਤਾਂ ਦੀ ਚੋਣ ਕੀਤੀ ਗਈ ਹੈ ਅਤੇ ਪਹਿਲੇ ਪੜਾਅ ਵਿੱਚ 70 ਇਮਾਰਤਾਂ ਨੂੰ ਜਲਦ ਹੀ ਸੋਲਰ ਪੀ.ਵੀ. ਪੈਨਲਾਂ ਨਾਲ ਲੈਸ ਕੀਤਾ ਜਾਵੇਗਾ। ਸ੍ਰੀ ਅਮਨ ਅਰੋੜਾ ਨੇ ਬਾਗਬਾਨੀ ਅਤੇ ਭੂਮੀ ਤੇ ਜਲ ਸੰਭਾਲ ਵਿਭਾਗਾਂ ਦੇ ਅਧਿਕਾਰੀਆਂ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਆਪਣੀਆਂ ਚੱਲ ਰਹੀਆਂ ਸਕੀਮਾਂ ਨੂੰ ਖੇਤੀ ਪੰਪਾਂ ਦੇ ਸੋਲਰਾਈਜੇਸ਼ਨ ਸੰਬੰਧੀ ਪ੍ਰਾਜੈਕਟ ਨਾਲ ਜੋੜ ਕੇ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣਾ ਯਕੀਨੀ ਬਣਾਉਣ।



# 2024 'ਚ ਮੋਦੀ ਸਰਕਾਰ ਨੂੰ ਚਲਦਾ ਕਰਨਾ ਹੋਏਗਾ : ਇਸਤਰੀ ਸਭਾ

**ਭਲਾਣ, (ਹਰਭਜਨ ਢਿੱਲੋਂ)**

ਇਸਤਰੀ ਸਭਾ ਪੰਜਾਬ ਜ਼ਿਲ੍ਹਾ ਰੋਪੜ ਦੀ ਮੀਟਿੰਗ ਕਾਮਰੇਡ ਰਜਨੀ ਬਾਲਾ ਦੀ ਪ੍ਰਧਾਨਗੀ ਹੇਠ ਪਿੰਡ ਨੰਗਲੀ ਨਜਦੀਕ ਭਨੁਪਲੀ ਵਿਖੇ ਹੋਈ, ਜਿਸ ਵਿਚ ਕਾਮਰੇਡ ਨਰਿੰਦਰ ਸੋਹਲ ਜਨਰਲ ਸਕੱਤਰ ਇਸਤਰੀ ਸਭਾ ਪੰਜਾਬ, ਨੈਸ਼ਨਲ ਕੌਂਸਲ ਮੈਂਬਰ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਵਿਚ ਵੱਖ ਵੱਖ ਥਾਵਾਂ ਤੋਂ ਵੱਡੀ ਗਿਣਤੀ ਵਿਚ ਬੀਬੀਆਂ ਭੈਣਾਂ ਨੇ ਹਿੱਸਾ ਲਿਆ, ਜਿਸ ਨੂੰ ਕਾਮਰੇਡ ਨਰਿੰਦਰ ਸੋਹਲ ਤੋਂ ਇਲਾਵਾ ਕਾਮਰੇਡ ਰਜਨੀ ਜ਼ਿਲ੍ਹਾ ਪ੍ਰਧਾਨ, ਮਨਪ੍ਰੀਤ ਜ਼ਿਲ੍ਹਾ ਸਕੱਤਰ, ਨਰੇਸ਼ ਕੁਮਾਰੀ, ਮਮਤਾ, ਕਾਮਰੇਡ ਦਵਿੰਦਰ ਨੰਗਲੀ, ਕਾਮਰੇਡ ਮਹਿੰਗਾ ਰਾਮ, ਗੁਰਨਾਮ ਸਿੰਘ ਔਲਖ ਆਦਿ ਨੇ ਸੰਬੋਧਨ ਕੀਤਾ ਅਤੇ ਸਮਾਜ ਵਿੱਚ ਔਰਤਾਂ ਦੀਆਂ ਸਮੱਸਿਆਵਾਂ ਅਤੇ ਅਜੋਕੇ ਹਾਲਤਾਂ 'ਤੇ ਵਿਚਾਰ ਪੇਸ਼ ਕੀਤੇ ਅਤੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਫਿਰਕੂ, ਮਜਦੂਰ ਅਤੇ ਸੰਵਿਧਾਨ ਵਿਰੋਧੀ ਨੀਤੀਆਂ ਦੀ ਨਿੰਦਾ ਕਰਦੇ ਹੋਏ ਕਿਹਾ ਕਿ 2024 ਵਿਚ ਮੋਦੀ ਸਰਕਾਰ ਨੂੰ ਚਲਦਾ ਕਰਨਾ ਹੋਏਗਾ। ਕਾਮਰੇਡ ਸੋਹਲ ਨੇ ਪਿਛਲੇ ਸਮੇਂ ਵਿਚ ਦੇਸ਼ ਵਿਚ ਔਰਤਾਂ ਨਾਲ ਹੋਈਆਂ ਜ਼ਿਆਦਤੀਆਂ, ਤਸ਼ੱਦਦ, ਬਲਾਤਕਾਰ ਦੀਆਂ ਘਟਨਾਵਾਂ ਅਤੇ ਇਹਨਾਂ ਸਬੰਧੀ ਮੋਦੀ ਸਰਕਾਰ ਦੇ ਰਵਈਏ ਦੀ ਸਖਤ ਸ਼ਬਦਾਂ ਵਿਚ ਅਲੋਚਨਾ ਕੀਤੀ, ਉਹਨਾਂ ਗੁਜਰਾਤ, ਮਨੀਪੁਰ, ਯੂ ਪੀ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਮੂਕ ਦਰਸ਼ਕ ਬਣ ਕੇ ਦੇਖਦੀ ਰਹੀ। ਉਹਨਾਂ ਨੇ ਕਿਹਾ ਆਪਣੀ ਰੱਖਿਆ ਅਤੇ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਖੁਦ ਔਰਤਾਂ ਨੂੰ ਅੱਗੇ ਆ ਕੇ ਮਜਬੂਤ ਜਥੇਬੰਦੀ ਉਸਾਰਨੀ ਪਏਗੀ ਜੋ ਅੱਜ ਸਮੇਂ ਦੀ ਲੋੜ ਹੈ। ਉਹਨਾਂ ਕਿਹ ਕਿ ਪੰਜਾਬ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ ਵਿਚ ਅਸਫਲ ਸਿੱਧ ਹੋਈ ਹੈ ਕਿਉਂਕਿ ਇੱਕਾ ਦੁੱਕਾ ਮੁਫਤ ਚੀਜਾਂ ਦੇਣਾ ਕੋਈ ਸਮੱਸਿਆਵਾਂ ਦਾ ਹੱਲ ਨਹੀਂ , ਲੋਕਾਂ ਨੂੰ ਰੁਜਗਾਰ ਚਾਹੀਦਾ ਹੈ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਕਾਮਰੇਡ ਪੁਸ਼ਪ ਲਤਾ, ਸੰਤੋਸ਼ ਕੁਮਾਰੀ, ਨਰੇਸ਼ ਕੁਮਾਰੀ, ਸੁਮਨ, ਗੁਲਜਾਰ ਸਿੰਘ, ਕਾਮਰੇਡ ਰਾਮ ਪਾਲ, ਸੁਸ਼ੀਲ ਕੁਮਾਰ, ਬਾਬਾ ਹਰਵੰਤ ਸਿੰਘ, ਗੁਰਬਖ਼ਸ਼ ਸਿੰਘ ਦਸਗਰਾਂ, ਮੇਜਰ ਸਿੰਘ ਗੰਗੂਵਾਲ ਆਦਿ ਹਾਜਰ ਸਨ।



# ਕਿਡਜ਼ ਕਿੰਗਡਮ ਐੱਸ ਟੀ ਐੱਸ ਵਰਲਡ ਸਕੂਲ ਵਿਖੇ ਸਾਲਾਨਾ ਖੇਡ ਦਿਵਸ ਮਨਾਇਆ

**ਗੁਰਾਇਆ (ਬਿੰਦਰ ਸੁਮਨ)**- ਕਿਡਜ ਕਿੰਗਡਮ ਐੱਸ .ਟੀ. ਐੱਸ . ਵਰਲਡ ਸਕੂਲ ਵਿਖੇ ਸਾਲਾਨਾ ਖੇਡ ਦਿਵਸ ਬੜੇ ਜੋਸ਼, ਉਤਸ਼ਾਹ ਅਤੇ ਰੌਚਕ ਮਾਹੌਲ ਨਾਲ ਆਯੋਜਿਤ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਚੇਅਰਪਰਸਨ ਸ੍ਰੀਮਤੀ ਮਾਲਤੀ ਮੈਡਮ ਦੇ ਨਾਲ ਪ੍ਰਿੰਸੀਪਲ ਮੈਡਮ ਸ੍ਰੀਮਤੀ ਪ੍ਰਭਜੋਤ ਕੌਰ ਗਿੱਲ ਸਨ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਮੁੱਖ ਮਹਿਮਾਨ ਅਤੇ ਪ੍ਰਿੰਸੀਪਲ ਮੈਡਮ ਨੇ ਗੁਬਾਰੇ ਛੱਡੇ। ਉਪਰੰਤ ਵਿਦਿਆਰਥੀਆਂ ਵੱਲੋਂ ਬੱਚਿਆਂ ਦੇ ਜੀਵਨ ਵਿੱਚ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਾ ਗੀਤ ਪੇਸ਼ ਕੀਤਾ ਗਿਆ। ਇਨਾਮ ਵੰਡਣ ਦੀ ਰਸਮ ਚੇਅਰਪਰਸਨ ਮੈਡਮ ਅਤੇ ਪ੍ਰਿੰਸੀਪਲ ਮੈਡਮ ਦੁਆਰਾ ਕੀਤੀ ਗਈ। ਪ੍ਰੀ ਨਰਸਰੀ ਲਈ 50 ਮੀਟਰ ਦੌੜ, ਨਰਸਰੀ ਲਈ ਗੁਬਾਰੇ ਨੂੰ ਤੋੜਨਾ, ਕੇਲਾ ਖਾਣਾ, ਹੋਲਾ ਹੂਪ, ਕੱਛੂ ਦੌੜ, ਟਾਵਰ ਮੇਕਿੰਗ ਰੇਸ, ਬੈਲੈਂਸਿੰਗ ਗੇਂਦ ਰੇਸ, 100 ਮੀਟਰ ਦੌੜ, ਬੈਲੈਂਸਿੰਗ ਗੇਂਦ ਦੌੜ, ਬੈਗ ਪੈਕ ਦੌੜ। ਮਾਤਾ-ਪਿਤਾ ਲਈ ਗੁਬਾਰੇ ਨੂੰ ਤੋੜਨਾ, ਅਧਿਆਪਕਾਂ ਲਈ ਤਿੰਨ ਲੱਤਾਂ ਵਾਲੀ ਦੌੜ, ਸਹਾਇਕਾਂ ਲਈ ਕਿਤਾਬ ਬੈਲੇਂਸਿੰਗ ਦੌੜ ਕਰਵਾਈ ਗਈ। ਆਪਣੇ ਸਮਾਪਤੀ ਭਾਸ਼ਣ ਵਿੱਚ ਪ੍ਰਿੰਸੀਪਲ ਮੈਡਮ ਨੇ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਹਨਾਂ ਨੇ ਦੁਨੀਆ ਵਿੱਚ ਖੇਡਾਂ ਦੀ ਜਰੂਰਤ ਦੀ ਮਹੱਤਤਾ ਨੂੰ ਉਜਾਗਰ ਕੀਤਾ।



# ਵਾਲੀਵਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਅਜਨੋਹਾ ਵਿਖੇ ਚੌਥਾ ਵਾਲੀਵਾਲ ਟੂਰਨਾਮੈਂਟ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਵਿਖੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਅਤੇ ਸਿੱਖ ਕੌਮ ਦੇ ਸੂਰਬੀਰ ਯੋਧੇ ਅਕਾਲੀ ਫੂਲਾ ਸਿੰਘ ਦੀ ਯਾਦ 'ਚ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆ ਅਤੇ ਇਲਾਕੇ ਦੇ ਸਹਿਯੋਗ ਨਾਲ ਚੌਥਾ ਵਾਲੀਵਾਲ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਮੁੱਖ ਪ੍ਰਬੰਧਕ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਫਾਈਨਲ ਮੁਕਾਬਲਾ ਜਗਦੇਵ ਕਲਾਂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਲੱਖਪੁਰ ਵਿਚਕਾਰ ਖੇਡਿਆ ਗਿਆ।ਜਿਸ 'ਚ ਜੇਤੂ ਜਗਦੇਵ ਕਲਾਂ ਦੀ ਟੀਮ ਰਹੀ।ਇਸ ਮੌਕੇ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕ ਪਹਿਲਾ ਇਨਾਮ 53 ਹਜ਼ਾਰ ਅਤੇ ਦੂਜਾ ਇਨਾਮ 36 ਹਜ਼ਾਰ ਦਿੱਤਾ ਗਿਆ।ਇਸ ਮੌਕੇ ਪ੍ਰਬੰਧਕਾਂ ਨੇ ਹਾਜ਼ਰ ਪਿੰਡ ਦੇ ਬਜ਼ੁਰਗਾਂ ਪਾਸੋਂ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ।ਇਸ ਮੌਕੇ ਜਥੇਦਾਰ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਸਮੂਹ ਟੀਮ ਵਲੋਂ ਸਹਿਯੋਗ ਦੇ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸੁਮੀਤ ਪਾਲ ਸਿੰਘ, ਮੋਹਨ ਸਿੰਘ, ਸਾਬਕਾ ਸਰਪੰਚ ਨਿਰੰਕਾਰ ਸਿੰਘ, ਕੁਲਵਿੰਦਰ ਸਿੰਘ ਆਸਟਰੇਲੀਆ, ਮਨਪ੍ਰੀਤ ਸਿੰਘ ਕਨੇਡਾ, ਪ੍ਰਭਜੋਤ ਸਿੰਘ, ਕੁਲਵਿੰਦਰ ਸਿੰਘ ਨਿਊਜੀਲੈਂਡ, ਅਮਨ ਸਿੰਘ ਕਨੇਡਾ, ਰਾਣਾ ਕਨੇਡਾ, ਜੋਗਾ ਸਿੰਘ, ਨਿਰਮਲ ਸਿੰਘ ਫੌਜੀ, ਮਨਪ੍ਰੀਤ ਸਿੰਘ ਬੱਬਲੂ ਕਨੇਡਾ, ਸੁਰਿੰਦਰ ਪਾਲ ਸਿੰਘ, ਕਿਸ਼ਨ ਸਿੰਘ, ਹਰਪ੍ਰੀਤ ਸਿੰਘ, ਤਰਸੇਮ ਸਿੰਘ, ਕੇਸ਼ਵ ਕੁਮਾਰ, ਇੰਦਰਵੀਰ ਸਿੰਘ, ਸਤਨਾਮ ਸਿੰਘ, ਸਰਬਜੀਤ ਸਿੰਘ, ਰਾਜਨ ਸਿੰਘ, ਵਿਕਰਾਂਤ ਜੀਤ ਸਿੰਘ, ਹਰਪ੍ਰੀਤ ਸਿੰਘ ਹੈਪੀ, ਅਜੈ, ਮਨਪ੍ਰੀਤ ਸਿੰਘ ਨਡਾਲੋਂ, ਅਮਰੀਕ ਸਿੰਘ, ਹਰਜਿੰਦਰ ਸਿੰਘ, ਬਲਵੀਰ ਸਿੰਘ ਜੋਗਾ, ਦਰਬਾਰਾ ਸਿੰਘ,ਸਾਗਰ, ਹਰਮਨਜੋਤ ਸਿੰਘ ,ਹਰਭਜਨ ਸਿੰਘ,ਸਤਪਾਲ ਸਿੰਘ ਟੀਟੂ ਆਦਿ ਹਾਜ਼ਰ ਸਨ।



# ਜ਼ਰਬਦਿਆਲ ਵਿਖੇ ਫਰੀ ਮੈਡੀਕਲ ਕੈਂਪ ਲਗਾਇਆ

**ਭੋਗਪੁਰ, (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਜ਼ਰਬਦਿਆਲ ਵਿਖੇ ਹੰਸ ਫਾਊਂਡੇਸ਼ਨ ਮੋਬਾਇਲ ਮੈਡੀਕਲ ਯੂਨਿਟ ਹੁਸ਼ਿਆਰਪੁਰ ਵਲੋਂ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਬਜ਼ੁਰਗ ਅਵਸਥਾ ਵਾਲੇ ਮਰੀਜ਼ਾ ਨੂੰ ਸਿਹਤ ਪੱਖੀ ਜਾਗਰੂਕ ਕੀਤਾ ਗਿਆ।ਇਸ ਮੌਕੇ ਫ਼ਰੀ ਬੀ ਪੀ, ਸ਼ੂਗਰ, ਐਲਰਜੀ, ਸਾਹ, ਬੁਖਾਰ, ਖਾਂਸੀ, ਛਾਤੀ ਦੇ ਰੋਗ, ਦਿਲ ਦੇ ਰੋਗ, ਦਿਮਾਗ ਦੇ ਮਰੀਜਾਂ ਦਾ ਫ਼ਰੀ ਚੈਕਅੱਪ ਕੀਤਾ ਗਿਆ, ਜਿਸ 'ਚ ਸਾਰੇ ਮਰੀਜਾਂ ਨੂੰ ਫ਼ਰੀ ਦਵਾਈਆਂ ਵੰਡੀਆਂ ਗਈਆਂ।ਇਸ ਮੌਕੇ ਤਕਰੀਬਨ 50 ਮਰੀਜਾਂ ਦਾ ਚੈਕਅੱਪ ਕੀਤਾ ਗਿਆ। ਇਸ ਮੌਕੇ ਦਲਬੀਰ ਕੌਰ ਸਰਪੰਚ ਪਿੰਡ ਜ਼ਰਬਦਿਆਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਕੈਂਪ ਹਰੇਕ ਮਹੀਨੇ ਦੀ 2 ਤਰੀਕ ਅਤੇ 13 ਤਰੀਕ ਨੂੰ ਲਗਾਇਆ ਜਾਂਦਾ ਹੈ। ਜਿਸ ਵਿੱਚ ਸਾਰੇ ਟੈਸਟ ਤੇ ਦਵਾਈਆਂ ਫ਼ਰੀ ਦਿੱਤੀਆਂ ਜਾਂਦੀਆਂ ਹਨ। ਪਿੰਡ ਦੇ ਸਰਪੰਚ ਵਲੋਂ ਸਮੁੱਚੀ ਟੀਮ ਅਤੇ ਹੰਸ ਫਾਊਂਡੇਸ਼ਨ ਦਾ ਸੇਵਾ ਲਈ ਤੇਹੇ ਦਿਲ ਤੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਦਲਬੀਰ ਕੌਰ ਸਰਪੰਚ ਪਿੰਡ ਜ਼ਰਬਦਿਆਲ, ਡਾ. ਅਮਰਜੀਤ ਸਿੰਘ, ਸ ਪੀ ਔ ਸੰਤੋਸ਼ ਕੁਮਾਰ, ਫਾਰਮਾਸਿਸਟ ਪ੍ਰਦੀਪ ਸਿੰਘ, ਲੈਬ ਅਟੈਂਡੇਂਟ ਸ਼ਿਵ ਕੁਮਾਰ ਅਤੇ ਧਰਮਪਾਲ ਸ਼ਾਮਲ ਰਹੇ।

# ਗੁੜਾ ਵਿਖੇ ਡਾ. ਅੰਬੇਡਕਰ ਲਾਇਬ੍ਰੇਰੀ ਸਥਾਪਤ



**ਅੱਪਰਾ (ਨਿਰਮਲ ਗੁੜਾ)**

ਜਿਲ੍ਹਾ ਜਲੰਧਰ ਤੇ ਹਲਕਾ ਫਿਲੌਰ ਦੇ ਪਿੰਡ ਗੁੜਾ ਵਿਖੇ ਸਮਾਜ ਨੂੰ ਨਸ਼ਾ ਰਹਿਤ, ਅੰਧਵਿਸ਼ਵਾਸ ਰਹਿਤ, ਨਰੋਆ, ਗਿਆਨਵਾਨ ਅਤੇ ਵਿਗਿਆਨਕ ਸੋਚ ਦੇ ਧਾਰਨੀ ਬਨਾਉਣ ਦੇ ਮਕਸਦ ਨਾਲ ਲਾਇਬ੍ਰੇਰੀ ਸਥਾਪਿਤ ਕੀਤੀ ਗਈ। ਲਾਇਬ੍ਰੇਰੀ ਦਾ ਉਦਘਾਟਨ ਕਰਨ ਵੇਲੇ ਸਮਾਗਮ ਦਾ ਅਯੋਜਨ ਕੀਤਾ ਗਿਆ, ਜਿਥੇ ਭਗਵਾਨ ਵਾਲਮੀਕਿ ਯੋਗ ਆਸ਼ਰਮ ਰਹੀਮਪੁਰ (ਨਕੋਦਰ) ਦੇ ਸੰਚਾਲਕ ਬਾਲਯੋਗੀ ਸੰਤ ਪ੍ਰਗਟ ਨਾਥ ਮਹਾਰਾਜ ਵਿਸ਼ੇਸ਼ ਤੌਰ 'ਤੇ ਪੁੱਜੇ। ਸੰਤ ਪ੍ਰਗਟ ਨਾਥ ਦਾ ਪਿੰਡ ਗੁੜਾ 'ਚ ਪੁੱਜਣ 'ਤੇ ਨਗਰ ਨਿਵਾਸੀਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਸਤਿਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਗੁੜਾ ਦੇ ਮੇਨ ਗੇਟ ਦੇ ਨਾਲ ਦੇ ਕਮਰੇ ਵਿੱਚ ਬਣਾਈ ਲਾਇਬ੍ਰੇਰੀ ਦਾ ਸੰਤ ਪ੍ਰਗਟ ਨਾਥ ਵੱਲੋਂ ਆਪਣੇ ਕਰ ਕਮਲਾਂ ਨਾਲ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ। ਸਮੂਹ ਸੰਗਤ ਵਲੋਂ ਭਗਵਾਨ ਵਾਲਮੀਕਿ ਮੰਦਰ ਵਿੱਚ ਮੱਥਾ ਟੇਕਣ ਉਪਰੰਤ ਡਾ. ਅੰਬੇਡਕਰ ਪਾਰਕ ਵਿੱਚ ਸਤਿਸੰਗ ਸਮਾਗਮ ਕੀਤਾ ਗਿਆ। ਇਸ ਮੌਕੇ ਸੰਤ ਪ੍ਰਗਟ ਨਾਥ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਵਾਲਮੀਕਿ, ਸਤਿਗੁਰੂ ਰਵਿਦਾਸ ਮਹਾਰਾਜ, ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਅਤੇ ਹੋਰ ਕ੍ਰਾਂਤੀਕਾਰੀ ਮਹਾਂਪੁਰਸ਼ਾਂ ਦੇ ਸੰਘਰਸ਼ ਦੀ ਬਦੌਲਤ ਅੱਜ ਅਸੀਂ ਇਨਸਾਨਾਂ ਵਾਲਾ ਜੀਵਨ ਬਤੀਤ ਕਰ ਰਹੇ ਹਾਂ। ਉਹਨਾਂ ਅਗੇ ਕਿਹਾ ਕਿ ਅੱਜ ਜੇ ਕਰ ਸਮਾਜ ਨੇ ਵਿਦਿਆ ਹਾਸਲ ਕੀਤੀ, ਰਾਜਭਾਗ ਵਿੱਚ ਹਿਸੇਦਾਰੀ ਲਈ, ਵੱਡੇ ਅਫਸਰ ਬਣੇ ਅਤੇ ਦੇਸ਼ ਵਿਦੇਸ਼ ਵਿੱਚ ਜਾ ਕੇ ਕਾਰੋਬਾਰ ਖੋਲ੍ਹਣ ਮੌਕੇ ਮਿਲੇ ਇਸ ਪਿੱਛੇ ਦਾ ਗੁਰੂ ਸਹਿਬਾਨਾਂ ਅਤੇ ਰਹਿਬਰਾਂ ਦਾ ਸੰਘਰਸ਼ ਹੈ। ਉਹਨਾਂ ਅੱਗੇ ਕਿਹਾ ਕਿ ਵਾਲਮੀਕਿ ਸਮਾਜ ਅਤੇ ਰਵਿਦਾਸੀਆ ਸਮਾਜ ਕੋਈ ਦੋ ਨਹੀਂ। ਸ਼ਾਤਰ ਲੋਕਾਂ ਵਲੋਂ ਸਾਨੂੰ ਧਰਮਾਂ, ਗੋਤਾਂ, ਫਿਰਕਿਆਂ ਵਿੱਚ ਵੰਡ ਕੇ ਗੁਲਾਮ ਬਣਾ ਕੇ ਆਪ ਰਾਜ ਕਰ ਰਹੇ ਹਨ। ਇਸ ਮੌਕੇ ਸਮੂਹ ਨਗਰ ਨਿਵਾਸੀਆਂ ਵੱਲੋਂ ਸੰਤ ਪ੍ਰਗਟ ਨਾਥ ਜੀ ਦਾ ਦਿਲੋਂ ਧੰਨਵਾਦ ਕੀਤਾ।

# ਠੰਢ ਦੇ ਮੌਸਮ 'ਚ ਗਰਭਵਤੀ ਔਰਤਾਂ ਨੂੰ ਆਪਣਾ ਧਿਆਨ ਰੱਖਣਾ ਚਾਹੀਦੈ : ਡਾ. ਰਣਜੀਤ ਕੌਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਨਵਨੂਰ ਹਸਪਤਾਲ ਬਲਾਚੌਰ ਡਾਕਟਰ ਰਣਜੀਤ ਕੌਰ ਗਾਇਨੀਕੋਲੋਜਿਸਟਸ ਸਪੈਸ਼ਲਿਸਟ ਨੇ ਦੱਸਿਆ ਕਿ ਇਨ੍ਹੀਂ ਦਿਨੀਂ ਠੰਢ ਵੱਧ ਰਹੀ ਹੈ। ਇਸ ਮੌਸਮ 'ਚ ਗਰਭਵਤੀ ਔਰਤਾਂ ਨੂੰ ਆਪਣਾ ਧਿਆਨ ਰੱਖਣਾ ਚਾਹੀਦਾ ਹੈ। ਸਰਦੀ ਦੇ ਮੌਸਮ 'ਚ ਗਰਭਵਤੀ ਔਰਤਾਂ 'ਚ ਜ਼ੁਕਾਮ, ਖੰਘ ਅਤੇ ਫਲੂ ਦੇ ਮਾਮਲੇ ਵੱਧ ਗਏ ਹਨ। ਅਜਿਹੇ 'ਚ ਗਰਭਵਤੀ ਔਰਤਾਂ ਨੂੰ ਆਪਣੇ ਸਰੀਰ ਨੂੰ ਪੂਰੀ ਤਰ੍ਹਾਂ ਢੱਕ ਕੇ ਬਾਹਰ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਠੰਡ 'ਚ ਸਰੀਰ ਦੇ ਅੰਦਰ ਖੂਨ ਦਾ ਸੰਚਾਰ ਪ੍ਰਭਾਵਿਤ ਹੋ ਸਕਦਾ ਹੈ। ਇਸ ਦੀਆਂ ਖੂਨ ਦੀਆਂ ਨਾੜੀਆਂ ਸੁੰਜ ਸਕਦੀਆਂ ਹਨ। ਇਸ ਤੋਂ ਬਚਣ ਲਈ ਆਪਣੇ ਪੈਰਾਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ। ਆਪਣੇ ਪੈਰਾਂ ਨੂੰ ਕੋਸੇ ਪਾਣੀ 'ਚ ਭਿਉਂ ਕੇ ਕੁਝ ਦੇਰ ਬੈਠਣ ਨਾਲ ਪੈਰਾਂ ਦੇ ਦਰਦ ਤੋਂ ਰਾਹਤ ਮਿਲੇਗੀ। ਸਰਦੀ ਦੇ ਮੌਸਮ 'ਚ ਬੱਚਿਆਂ ਦਾ ਖਾਸ ਖਿਆਲ ਰੱਖੋ ਸਰਦੀ ਦਾ ਮੌਸਮ ਸ਼ੁਰੂ ਹੋਣ ਸਮੇਂ ਆਪਣੇ ਬੱਚਿਆਂ ਦਾ ਖਾਸ ਖਿਆਲ ਰੱਖੋ ਤਾਂ ਜੋ ਛੋਟੇ ਬੱਚਿਆਂ ਨੂੰ ਠੰਡ ਤੋਂ ਬਚਾਇਆ ਜਾ ਸਕੇ ਅਤੇ ਇਸ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਵੀ ਦੂਰ ਰੱਖਿਆ ਜਾ ਸਕੇ। ਇਸ ਸੰਬੰਧੀ ਮਾਹਿਰ ਨਵਨੂਰ ਹਸਪਤਾਲ ਬਲਾਚੌਰ ਡਾਕਟਰ ਰਣਜੀਤ ਕੌਰ ਦੱਸਿਆ ਕਿ ਮਾਂਵਾਂ ਨੂੰ ਦੁੱਧ ਪਿਲਾਉਣ ਦੇ ਨਾਲ-ਨਾਲ ਆਪਣੇ ਬੱਚਿਆਂ ਨੂੰ ਪੌਸਟਿਕ ਭੋਜਨ ਜਿਵੇਂ ਦਾਲ ਪਾਣੀ, ਰੋਟੀਆਂ, ਦਲੀਆ ਆਦਿ ਵੀ ਖੁਆਉਣਾ ਚਾਹੀਦਾ ਹੈ। ਉਨ੍ਹਾਂ ਗਰਭਵਤੀ ਔਰਤਾਂ ਨੂੰ ਖੂਨ ਦੀ ਕਮੀ ਨੂੰ ਪੂਰਾ ਕਰਨ ਲਈ ਦਵਾਈਆਂ ਲੈਣ ਲਈ ਵੀ ਕਿਹਾ।



# ਆਵਾਜ਼ ਪ੍ਰਦੂਸ਼ਣ ਕਰਨ ਵਾਲਿਆਂ 'ਤੇ ਪ੍ਰਸ਼ਾਸਨ ਸ਼ਿਕੰਜਾ ਕੱਸੇ : ਅਰੋੜਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪ੍ਰੈਸ਼ਰ ਹਾਰਨ ਅਤੇ ਪਰਿਵਰਤਿਤ ਸਾਈਲੈਂਸਰ ਦਾ ਉਪਯੋਗ ਕਰਨ ਵਾਲੇ ਵਾਹਨ ਮਾਲਕਾਂ ਦੇ ਖਿਲਾਫ ਪੁਲਸ ਵੱਲੋਂ ਕਾਰਵਾਈ ਤਾਂ ਕੀਤੀ ਜਾ ਰਹੀ ਹੈ, ਪਰ ਮਾਨਿਸਕ ਰੋਗੀ ਹੋਣ ਦੀ ਜਾਣਕਾਰੀ ਦਿੰਦੇ ਹੋਏ ਜਿਹੜੇ ਲੋਕ ਵਾਹਨਾਂ 'ਚ ਪ੍ਰੈਸ਼ਰ ਹਾਰਨ ਲਗਵਾਉਂਦੇ ਹਨ ਜਾਂ ਮੋਟਰਸਾਈਕਲ ਦਾ ਸਾਈਲੈਂਸਰ ਬਦਲ ਕੇ ਆਵਾਜ਼ ਪ੍ਰਦੂਸ਼ਣ ਕਰਦੇ ਹਨ ਉਹਨਾਂ ਨਾਲ ਟ੍ਰੈਫਿਕ ਪੁਲਸ ਨੂੰ ਸਖਤੀ ਨਾਲ ਨਿਪਟਣਾ ਚਾਹੀਦਾ ਹੈ ਅਤੇ ਇਸ ਤਰ੍ਹਾਂ ਦੇ ਮਾਨਸਿਕ ਰੋਗੀਆਂ ਦਾ ਇਲਾਜ ਕਰਨਾ ਬਹੁਤ ਜ਼ਰੂਰੀ ਹੈ। ਉਪਰੋਕਤ ਗੱਲ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਜਾਰੀ ਇਕ ਪ੍ਰੈਸ ਵਾਰਤਾ 'ਚ ਪੁਲਸ ਪ੍ਰਸ਼ਾਸਨ ਹੁਸ਼ਿਆਰਪੁਰ ਤੋਂ ਮੰਗ ਕੀਤੀ ਹੈ ਕਿ ਹਾਈ ਸਪੀਡ ਬਾਈਕ ਦੇ ਪ੍ਰੈਸ਼ਰ ਹਾਰਨ ਅਤੇ ਪਟਾਖੇ ਦੀ ਆਵਾਜ਼ ਵਾਲੇ ਸਾਈਲੈਂਸਰ ਵੇਚਣ ਵਾਲੇ ਦੁਕਾਨਦਾਰਾਂ ਨੂੰ ਸਮਝਣਾ ਚਾਹੀਦਾ ਹੈ ਕਿ ਉਹ ਇਸ ਤਰ੍ਹਾਂ ਦਾ ਸਮਾਨ ਨਾ ਵੇਚਣ ਇਸ ਦੇ ਲਈ ਪੁਲਸ ਦੁਕਾਨਾਂ ਦੀ ਜਾਂਚ ਕਰੇ ਅਤੇ ਇਸ ਤਰ੍ਹਾਂ ਦੇ ਪਾਰਟਸ ਮਿਲਣ 'ਤੇ ਕਾਰਵਾਈ ਕੀਤੀ ਜਾਵੇ। ਅਰੋੜਾ ਨੇ ਕਿਹਾ ਕਿ ਪ੍ਰੈਸ਼ਰ ਹਾਰਨ ਕਾਰਨ ਉਹ ਖ਼ੁਦ ਵੀ ਕਈ ਵਾਰ ਹਾਦਸੇ ਦਾ ਸ਼ਿਕਾਰ ਹੁੰਦੇ ਬਚੇ ਹਨ ਅਤੇ ਕਈ ਲੋਕਾਂ ਨੂੰ ਉਨ੍ਹਾਂ ਨੇ ਇਸ ਦੇ ਕਾਰਨ ਜ਼ਖਮੀ ਹੁੰਦੇ ਅਤੇ ਮੁਸ਼ਕਲ ਨਾਲ ਆਪਣਾ ਬਚਾਓ ਕਰਦੇ ਹੋਏ ਦੇਖਿਆ ਹੈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਹੁਸ਼ਿਆਰਪੁਰ ਨੂੰ ਅਪੀਲ ਕੀਤੀ ਹੈ ਕਿ ਉਹ ਟ੍ਰੈਫਿਕ ਪੁਲਸ ਨੂੰ ਸਖਤ ਨਿਰਦੇਸ਼ ਜਾਰੀ ਕਰਨ ਤਾਂ ਕਿ ਪ੍ਰੈਸ਼ਰ ਹਾਰਨ ਅਤੇ ਪਰਿਵਰਤਿਤ ਸਾਈਲੈਂਸਰ ਵਾਲਿਆਂ ਤੇ ਸਖਤ ਸ਼ਿਕਜਾ ਕਸਿਆ ਜਾ ਸਕੇ।

# ਲੋਕ ਸਭਾ ਚੋਣਾਂ 2024 ਸੰਬੰਧੀ ਸਿਵਲ ਤੇ ਪੁਲਸ ਅਧਿਕਾਰੀਆਂ ਦੀ ਕਰਵਾਈ ਸਾਂਝੀ ਟ੍ਰੇਨਿੰਗ

**ਮੋਹਾਲੀ, (ਗੁਰਜੀਤ ਬਿੱਲਾ)**

ਜ਼ਿਲ੍ਹਾ ਚੋਣ ਅਫਸਰ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਐਸ ਏ ਐਸ ਨਗਰ ਵਿਖੇ ਲੋਕ ਸਭਾ ਚੋਣਾਂ2024 ਨੂੰ ਮੁੱਖ ਰੱਖਦੇ ਹੋਏ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦੀ ਸਨਾਖਤ ਸੰਬੰਧੀ ਸਿਵਲ ਅਤੇ ਪੁਲਸ ਅਧਿਕਾਰੀਆਂ ਦੀ ਇੱਕ ਸਾਂਝੀ ਟ੍ਰੇਨਿੰਗ ਕਰਵਾਈ ਗਈ ਜਿਸ 'ਚ ਸੰਵੇਦਨਸ਼ੀਲ ਚੋਣ ਸਟੇਸ਼ਨਾਂ ਅਤੇ ਖਰਚ ਦੇ ਲਿਹਾਜ ਨਾਲ ਸੰਵੇਦਨਸ਼ੀਲ ਹਲਕੇ ਅਤੇ ਖੇਤਰਾਂ ਦੀ ਸਨਾਖਤ ਕਰਨ ਲਈ ਹਾਜ਼ਰ ਅਧਿਕਾਰੀਆਂ ਨੂੰ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਵਲੋਂ ਦੱਸਿਆ ਗਿਆ ਕਿ ਸਾਰੇ ਅਧਿਕਾਰੀ ਆਪਣੇ ਸੀਨੀਅਰ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਚੋਣਾਂ ਦੌਰਾਨ ਆਪਣੀਆਂ ਡਿਊਟੀਆਂ ਨੂੰ ਸੁਚਧਜੇ ਢੰਗ ਨਾਲ ਨੇਪਰੇ ਚਾੜ੍ਹਨ। ਇਸ ਮੀਟਿੰਗ 'ਚ ਵਧੀਕ ਜ਼ਿਲ੍ਹਾ ਚੋਣ ਅਫਸਰ ਵਿਰਾਜ ਐਸ ਤਿੜਕੇ, ਚੰਦਰਜੋਤੀ ਸਿੰਘ ਉਪਮੰਡਲ ਮੈਜਿਸਟ੍ਰੇਟ ਮੋਹਾਲੀ, ਹਿਮਾਂਸ਼ੂ ਗੁਪਤਾ ਉਪਮੰਡਲ ਮੈਜਿਸਟ੍ਰੇਟ ਡੇਰਾਬੱਸੀ, ਗੁਰਮੰਦਰ ਸਿੰਘ ਉਪਮੰਡਲ ਮੈਜਿਸਟ੍ਰੇਟ ਖਰੜ, ਡੀ ਐਸ ਪੀ, ਸਮੂਹ ਸੁਪਰਵਾਇਜ਼ਰ, ਦਿਨੇਸ਼ ਕੁਮਾਰ ਸੈਣੀ, ਐਸ ਐਲ ਐਮ ਟੀ (ਸਟੇਟ ਲੈਵਲ ਮਾਸਟਰ ਟ੍ਰੇਨਰ) ਰੂਪਨਗਰ, ਚੋਣ ਤਹਿਸੀਲਦਾਰ ਸੰਜੇ ਕੁਮਾਰ, ਚੋਣ ਕਾਨੂੰਗੋ ਸੁਰਿੰਦਰ ਕੁਮਾਰ ਵੀ ਸ਼ਾਮਲ ਹੋਏ।



# ਦਿੱਲੀ ਸਿੱਖ ਨਸਲਕੁਸ਼ੀ ਦੌਰਾਨ ਸ਼ਹੀਦ ਸਿੱਖਾਂ ਦੀ ਯਾਦ ਨੂੰ ਸਮਰਪਿਤ ਕੀਰਤਨ ਦਰਬਾਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਗੁਰਦੁਆਰਾ ਧੰਨ ਧੰਨ ਸ਼ਹੀਦ ਬਾਬਾ ਮੱਤੀ ਜੀ ਪਿੰਡ ਡਰੋਲੀ ਕਲਾਂ ਵਿਖੇ ਪ੍ਰਬੰਧਕ ਕਮੇਟੀ ਤੇ ਧੰਨ ਧੰਨ ਸ਼ਹੀਦ ਬਾਬਾ ਮੱਤੀ ਜੀ ਰਾਜਪੂਤ ਸਭਾ ਵੱਲੋਂ ਮੀਨਾਂ ਪਰਮਾਰ ਫਾਊਂਡੇਸ਼ਨ ਦੇ ਮੁਖੀ ਦਲਵਿੰਦਰ ਸਿੰਘ ਪਰਮਾਰ ਯੂ. ਕੇ. ਦੇ ਵਿਸ਼ੇਸ਼ ਸਹਿਯੋਗ ਨਾਲ ਨਵੰਬਰ 1984 'ਚ ਸਿੱਖ ਨਸਲਕੁਸ਼ੀ ਦੌਰਾਨ ਸ਼ਹੀਦ ਹੋਏ ਸਮੂਹ ਪੰਜਾਬੀਆਂ ਦੀ ਯਾਦ ਨੂੰ ਸਮਰਪਿਤ ਮਹਾਨ ਕੀਰਤਨ ਦਰਬਾਰ ਸ਼ਰਧਾ ਪੂਰਵਕ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਸੁਖਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਲਖਵੀਰ ਸਿੰਘ, ਬਾਬਾ ਬੀਰਜਤਿੰਦਰ ਸਿੰਘ ਮਲਕਪੁਰ, ਬਾਬਾ ਗੁਰਮੀਤ ਸਿੰਘ ਜੀ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲੇ, ਬਾਬਾ ਜਨਕ ਸਿੰਘ ਜੱਬੜ ਵਾਲੇ, ਬਾਬਾ ਮਨਮੋਹਣ ਸਿੰਘ ਜੱਬੜ ਵਾਲੇ, ਸੰਤ ਪ੍ਰਮੇਸ਼ਰ ਸਿੰਘ ਭੋਗਪੁਰ ਵਾਲੇ ਆਦਿ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ।ਇਸ ਮੌਕੇ ਪ੍ਰਬੰਧਕਾਂ ਵੱਲੋਂ ਜਿੱਥੇ ਨਵੰਬਰ '84 'ਚ ਸ਼ਹੀਦ ਹੋਏ ਪੀੜਤ ਪਰਵਾਰਾਂ ਨਾਲ ਦੁੱਖ ਸਾਂਝਾ ਕੀਤਾ ਗਿਆ। ਉੱਥੇ ਸੁਰਜੀਤ ਸਿੰਘ ਮਿਨਹਾਸ ਸਾਬਕਾ ਵਿਧਾਨ ਸਭਾ ਸਪੀਕਰ, ਜੰਗਬਹਾਦੁਰ ਸਿੰਘ ਜੀ ਪਰਮਾਰ ਪੰਜੌੜ ਵਾਲਿਆਂ ਅਤੇ ਜਸਵੀਰ ਸਿੰਘ ਸਾਬ੍ਹੀ ਪਧਿਆਣਾ ਨੂੰ ਸਮਾਜਿਕ ਸੇਵਾਵਾਂ ਲਈ, ਇੰਟਰਨੈਸ਼ਨਲ ਫੁੱਟਬਾਲ ਖਿਡਾਰੀ ਕਰਨਜੀਤ ਸਿੰਘ ਪਰਮਾਰ ਨਡਾਲੋਂ ਨੂੰ ਖੇਡਾਂ ਲਈ ਅਤੇ ਸਿੱਖਿਆ ਦੇ ਖੇਤਰ 'ਚ ਨਵਪ੍ਰੀਤ ਕੌਰ ਥੱਪਲਾਂ ਨੂੰ ਸਨਮਾਨਿਤ ਕੀਤਾ ਗਿਆ। ਰਾਜਪੂਤ ਜੋ ਸਿੱਖ ਬਣੇ ਦੇ ਲੇਖਕ ਵਾਸਦੇਵ ਸਿੰਘ ਪ੍ਰਹਾਰ ਦਾ ਉਚੇਚੇ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸਭਾ ਸਰਪ੍ਰਸਤ ਜਥੇਦਾਰ ਮਨੋਹਰ ਸਿੰਘ, ਸਭਾ ਪ੍ਰਧਾਨ ਜਰਨੈਲ ਸਿੰਘ ਨਡਾਲੋਂ, ਨਛੱਤਰ ਸਿੰਘ ਭੱਟੀ, ਨਰਿੰਦਰ ਸਿੰਘ ਮਿਨਹਾਸ, ਜਸਵੀਰ ਸਿੰਘ ਭੱਟੀ ਨਡਾਲੋਂ, ਲਖਵਿੰਦਰ ਸਿੰਘ ਨਡਾਲੋਂ, ਧਰਮਿੰਦਰ ਸਿੰਘ ਨਡਾਲੋਂ ਬਲਦੇਵ ਸਿੰਘ ਪਰਮਾਰ, ਸਰਪੰਚ ਰਸ਼ਪਾਲ ਸਿੰਘ, ਕੁਲਦੀਪ ਸਿੰਘ ਮਿਨਹਾਸ ਆਦਮਪੁਰ, ਸਰਬਜੀਤ ਸਿੰਘ ਮੰਝ, ਜੇ.ਮਿਨਹਾਸ ਕੈਨੇਡਾ, ਗੁਰਦੀਪ ਸਿੰਘ ਆਦਮਪੁਰ, ਦਲਜੀਤ ਸਿੰਘ ਭੱਟੀ, ਡਾ. ਜਸਵੰਤ ਸਿੰਘ ਗਿੱਲ, ਵਰਿੰਦਰ ਸਿੰਘ ਪ੍ਰਹਾਰ, ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸੰਦੀਪ ਡਰੋਲੀ, ਨੰਬਰਦਾਰ ਬਲਜਿੰਦਰ ਸਿੰਘ ਡਰੋਲੀ ਖੁਰਦ, ਇੰਸਪੈਕਟਰ ਸਤਨਾਮ ਸਿੰਘ ਡਰੋਲੀ, ਬਲਜੀਤ ਸਿੰਘ, ਗੁਰਦੇਵ ਸਿੰਘ ਪਧਿਆਣਾ, ਹਰਗੋਪਾਲ ਸਿੰਘ ਜਸਵਾਲ ਭਾਮ, ਜਰਨੈਲ ਸਿੰਘ ਡਰੋਲੀ, ਰਣਵੀਰ ਸਿੰਘ ਡਰੋਲੀ ਆਦਿ ਹਾਜ਼ਰ ਸਨ।



# ਗੱਗੂ ਆਪਣੇ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

**ਆਦਮਪੁਰ (ਪਰਮਜੀਤ ਸਿੰਘ)** -ਆਦਮਪੁਰ 'ਚ ਭਾਜਪਾ ਉਸ ਸਮੇਂ ਹੋਰ ਮਜ਼ਬੂਤ ਹੋ ਗਈ ਜਦੋਂ ਗਗਨਦੀਪ ਸਿੰਘ ਗੱਗੂ ਆਪਣੇ ਨੌਜਵਾਨ ਦੋਸਤਾਂ ਸਮੇਤ ਭਾਜਪਾ ਆਦਮਪੁਰ ਮੰਡਲ ਪ੍ਰਧਾਨ ਵਿਕਰਮ ਸਿੰਘ ਵਿੱਕੀ ਦੀ ਅਗਵਾਈ ਵਿੱਚ ਪਾਰਟੀ 'ਚ ਸ਼ਾਮਲ ਹੋ ਗਏ।ਇਸ ਮੌਕੇ ਮੰਡਲ ਪ੍ਰਧਾਨ ਪ੍ਰਧਾਨ ਵਿਕਰਮ ਸਿੰਘ ਵਿੱਕੀ ਨੇ ਆਪਣੀ ਟੀਮ ਸਮੇਤ ਸਾਰਿਆਂ ਨੂੰ ਭਾਜਪਾ 'ਚ ਸ਼ਾਮਲ ਹੋਣ 'ਤੇ ਜੀ ਆਇਆਂ ਕਿਹਾ ਅਤੇ ਨਾਲ ਹੀ ਭਾਜਪਾ ਆਦਮਪੁਰ ਟੀਮ ਦੇ ਮੈਂਬਰਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਕਿ ਉਨ੍ਹਾਂ ਦੇ ਯਤਨਾਂ ਸਦਕਾ ਭਾਜਪਾ ਆਦਮਪੁਰ 'ਚ ਸਹੀ ਦਿਸ਼ਾ 'ਚ ਅੱਗੇ ਵੱਧ ਰਹੀ ਹੈ, ਜੋ ਕਿ ਭਾਜਪਾ ਲਈ ਆਉਣ ਵਾਲੀਆਂ ਲੋਕ ਸਭਾ ਚੋਣਾਂ ਲਈ ਸ਼ੁਭ ਸੰਕੇਤ ਹੈ। ਉਪਰੰਤ ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਮਹਿਲਾ ਮੋਰਚਾ ਜਲੰਧਰ ਦਿਹਾਂਤੀ ਨਿਧੀ ਤਿਵਾੜੀ ਨੇ ਪਾਰਟੀ 'ਚ ਸ਼ਾਮਲ ਹੋਏ ਨੌਜਵਾਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਮੰਡਲ ਪ੍ਰਧਾਨ ਵਿਕਰਮ ਸਿੰਘ ਵਿੱਕੀ ਨੂੰ ਪਾਰਟੀ ਲਈ ਦਿਨ-ਰਾਤ ਮਿਹਨਤ ਕਰਕੇ ਇਸ ਮੰਜ਼ਲ 'ਤੇ ਪਹੁੰਚਾਉਣ ਲਈ ਵਧਾਈ ਦਿੱਤੀ।ਅੰਤ 'ਚ ਸਮੂਹ ਪਾਰਟੀ ਮੈਂਬਰਾਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਸਰਵ ਸੰਮਤੀ ਨਾਲ ਵਿਕਰਮ ਸਿੰਘ ਵਿੱਕੀ ਨੇ ਗਗਨਦੀਪ ਗੱਗੂ ਨੂੰ ਮੰਡਲ ਆਦਮਪੁਰ ਯੁਵਾ ਮੋਰਚਾ ਦਾ ਪ੍ਰਧਾਨ ਬਣਾਉਣ ਅਤੇ ਯੁਵਾ ਮੋਰਚਾ ਦੇ ਸਾਬਕਾ ਪ੍ਰਧਾਨ ਦੀਪਕ ਵਰਮਾ ਨੂੰ ਜਿਲ੍ਹਾ ਯੁਵਾ ਮੋਰਚਾ ਵਿੱਚ ਭੇਜਣ ਤੇ ਸਹਿਮਤੀ ਜਤਾਈ।ਇਸ ਮੌਕੇ ਪਰਵਿੰਦਰ ਰਾਣਾ, ਅਮਿਤ ਸ਼ਰਮਾ ਭੱਲਾ ਜਨਰਲ ਸਕੱਤਰ, ਅਸ਼ਵਨੀ ਸ਼ਾਰਦਾ ਮੀਤ ਪ੍ਰਧਾਨ, ਪੂਨਮ ਰਾਣੀ ਪ੍ਰਧਾਨ ਮਹਿਲਾ ਮੋਰਚਾ, ਹਰਮਿੰਦਰ ਸਿੰਘ, ਅਮਨ, ਬਬਲੂ, ਰਾਹੁਲ, ਸਾਹੀਲ, ਬੁੱਗਾ, ਹਰਪ੍ਰੀਤ, ਲਾਲਾ, ਪਰਮਿੰਦਰ ਜੱਗੀ ਅਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।



# ਸੈਣੀ ਭਾਈਚਾਰੇ ਨੂੰ ਮਿਹਨਤ ਤੇ ਬਹਾਦਰ ਵਿਰਾਸਤ ਮਹਾਰਾਜਾ ਸੂਰ ਸੈਣੀ ਤੋਂ ਮਿਲੀ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**

ਸੈਣੀ ਜਾਗ੍ਰਿਤੀ ਮੰਚ ਪੰਜਾਬ ਦੀ ਵੱਲੋਂ ਸੈਣੀ ਭਾਈਚਾਰੇ ਦੇ ਸਭ ਤੋਂ ਸ਼ਾਨਦਾਰ ਚੱਕਰਵਰਤੀ ਸਮਰਾਟ ਮਹਾਰਾਜਾ ਸੂਰ ਸੈਣੀ ਦਾ ਜਨਮ ਦਿਹਾੜਾ ਸੈਣੀ ਭਵਨ ਹੁਸ਼ਿਆਰਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਮੰਚ ਦੀ ਕਾਰਜਕਾਰੀ ਮੈਂਬਰਾਂ ਨੇ ਵੱਡੀ ਗਿਣਤੀ 'ਚ ਸ਼ਿਰਕਤ ਕੀਤੀ ਅਤੇ ਮਹਾਰਾਜ ਦੀ ਤਸਵੀਰ 'ਤੇ ਸਰਧਾਂਜਲੀ ਭੇਟ ਕੀਤੀ। ਇਸ ਮੌਕੇ ਮੰਚ ਦੇ ਸੰਸਥਾਪਕ ਸੰਦੀਪ ਸੈਣੀ ਨੇ ਆਪਣੇ ਵਿਚਾਰ ਦਿੰਦੇ ਹੋਏ ਕਿਹਾ ਕਿ ਆਪਣੀ ਮਿਹਨਤ ਅਤੇ ਇਮਾਨਦਾਰੀ ਦੇ ਬਲ 'ਤੇ ਸੈਣੀ ਭਾਈਚਾਰੇ ਨੇ ਪੂਰੀ ਦੁਨੀਆ 'ਚ ਆਪਣਾ ਨਾਂਅ ਰੌਸ਼ਨ ਕੀਤਾ ਹੈ। ਸੈਣੀ ਸਮਾਜ ਨੇ ਆਪਣੇ ਵਰਤਮਾਨ ਵਿੱਚ ਮਿਹਨਤ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉੱਜਵਲ ਭਵਿੱਖ ਦੇਣ ਲਈ ਦੋ ਯਤਨ ਕੀਤੇ ਹਨ। ਜਿਨ੍ਹਾਂ ਨੇ ਸੈਣੀ ਭਾਈਚਾਰੇ ਲਈ ਸਖਤ ਮਿਹਨਤ ਕੀਤੀ ਭਵਿੱਖ ਹਮੇਸ਼ਾ ਉਨ੍ਹਾਂ ਮੈਂਬਰਾਂ ਦਾ ਧੰਨਵਾਦੀ ਰਹੇਗਾ। ਇਸ ਮੌਕੇ ਮੰਚ ਦੇ ਪ੍ਰਧਾਨ ਸਰਦਾਰ ਕੁਲਵੰਤ ਸਿੰਘ ਸੈਣੀ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਮਹਾਰਾਜਾ ਸੂਰ ਸੈਣੀ ਦਾ ਜੀਵਨ ਇਤਿਹਾਸ ਦੇ ਪੰਨਿਆਂ 'ਚ ਇੱਕ ਮਹਾਨ ਬਾਦਸ਼ਾਹ ਵਜੋਂ ਦਰਜ ਹੈ। ਉਨ੍ਹਾਂ ਕਿਹਾ ਕਿ ਮਹਾਰਾਜਾ ਸੂਰਸੈਣੀ ਵੇਦਾਂ ਦੇ ਮਾਹਿਰ ਹੋਣ ਦੇ ਨਾਲ-ਨਾਲ ਬੜੀ ਸ਼ਰਧਾ ਤੇ ਲਗਨ ਵਾਲੇ ਧਾਰਮਿਕ ਸਖਸ਼ੀਅਤ ਦੇ ਮਾਲਕ ਸਨ। ਇਸ ਮੌਕੇ ਮਹਿਲਾ ਵਿੰਗ ਦੀ ਮੁਖੀ ਸ੍ਰੀਮਤੀ ਸੁਰਿੰਦਰਪਾਲ ਕੌਰ ਸੈਣੀ ਨੇ ਕਿਹਾ ਕਿ ਸੈਣੀ ਜਾਗ੍ਰਿਤੀ ਮੰਚ ਪੰਜਾਬ ਨੂੰ ਮਜਬੂਤ ਕਰਨ ਲਈ ਹਰ ਮਹੀਨੇ ਮੀਟਿੰਗਾਂ ਦਾ ਦੌਰ ਸ਼ੁਰੂ ਕੀਤਾ ਜਾਵੇਗਾ ਤਾਂ ਕਿ ਜੋ ਸੈਣੀ ਮੰਚ ਨੂੰ ਮਜਬੂਤ ਕਰਦੇ ਹੋਏ ਸੈਣੀ ਸਮਾਜ ਦੇ ਹਰ ਇੱਕ ਮੈਂਬਰ ਨੂੰ ਇਸ ਦਾ ਮੈਂਬਰ ਬਣਾਇਆ ਜਾ ਸਕੇ। ਮੰਚ ਸੰਚਾਲਨ ਕਰਦਿਆਂ ਜਿਲ੍ਹਾ ਪ੍ਰਧਾਨ ਪ੍ਰੇਮ ਸੈਣੀ ਨੇ ਕਿਹਾ ਕਿ ਸੈਣੀ ਭਵਨ ਹੁਸ਼ਿਆਰਪੁਰ ਸਮਾਜ ਦੇ ਹਰ ਵਰਗ ਦੀ ਸੇਵਾ ਲਈ ਹਮੇਸ਼ਾ ਤਤਪਰ ਹੈ। ਉਨ੍ਹਾਂ ਕਿਹਾ ਕਿ ਮੰਚ ਦੀ ਵੱਲੋਂ ਅਜਿਹੇ ਪ੍ਰੋਗਰਾਮ ਕਰਵਾ ਕੇ ਸਮੇਂ-ਸਮੇਂ 'ਤੇ ਸੈਣੀ ਸਮਾਜ 'ਚ ਜਾਗਰੂਤੀ ਪੈਦਾ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਹਰਿੰਦਰ ਕੁਮਾਰ ਸੈਣੀ ਜਨਰਲ ਸਕੱਤਰ, ਤ੍ਰਿਲੋਚਨ ਸੈਣੀ ਪ੍ਰਧਾਨ ਸੈਣੀ ਭਵਨ, ਸ੍ਰੀਮਤੀ ਸੰਤੋਸ ਸੈਣੀ ਜਿਲ੍ਹਾ ਪ੍ਰਧਾਨ ਮਹਿਲਾ ਵਿੰਗ, ਯੂਥ ਵਿੰਗ ਪ੍ਰਧਾਨ ਗੁਰੂ ਕ੍ਰਿਪਾਲ ਸਿੰਘ ਪਾਲੀ, ਪਿਆਰੇ ਲਾਲ ਸੈਣੀ, ਬਲਵੀਰ ਸਿੰਘ ਸੈਣੀ, ਸ੍ਰੀਮਤੀ ਡਿੰਪਲ ਸੈਣੀ, ਸ੍ਰੀਮਤੀ ਸੋਨੀ ਸੈਣੀ, ਨਿਰਮਲ ਸਿੰਘ ਸੈਣੀ, ਪਵਨ ਸੈਣੀ, ਗੁਰਦੀਪ ਸਿੰਘ ਸੈਣੀ, ਅਜੇ ਕੁਮਾਰ ਸੈਣੀ, ਰੂਸ ਸੈਣੀ, ਚਰਨਜੀਤ ਸਿੰਘ ਸੈਣੀ, ਗੁਰਪ੍ਰੀਤ ਸਿੰਘ ਸੈਣੀ, ਵਿਨੋਦ ਸੈਣੀ, ਕ੍ਰਿਸਨ ਕੁਮਾਰ ਸੈਣੀ, ਯੁਵਰਾਜ ਸਿੰਘ ਸੈਣੀ, ਹਰੀਸ ਚੰਦਰ ਸੈਣੀ, ਗਾਇਕ ਹਰਪਾਲ ਸਿੰਘ ਲਾਡਾ, ਸੇਵਾਮੁਕਤ ਪ੍ਰਿੰ. ਸੁਰਿੰਦਰ ਸਿੰਘ ਸੈਣੀ, ਹਰਵਿੰਦਰ ਸਿੰਘ ਸੈਣੀ ਅਤੇ ਹੋਰ ਹਾਜ਼ਰ ਸਨ।



# 24ਵਾਂ ਸਾਲਾਨਾ ਕੀਰਤਨ ਦਰਬਾਰ 31 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਬਾਬਾ ਫਤਿਹ ਸਿੰਘ ਨਗਰ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਸਿੰਘ ਦੇ ਚਾਰੇ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 31 ਦਸੰਬਰ ਦਿਨ ਐਤਵਾਰ ਨੂੰ ਕਰਵਾਏ ਜਾ ਰਹੇ 24ਵੇਂ ਸਾਲਾਨਾ ਮਹਾਨ ਕੀਰਤਨ ਦਰਬਾਰ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ। ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਚੇਅਰਮੈਨ ਮੇਜਰ ਸਿੰਘ ਸੈਣੀ ਨੇ ਦੱਸਿਆ ਕਿ 31 ਦਸੰਬਰ ਦਿਨ ਐਤਵਾਰ ਨੂੰ ਗੁਰਦੁਆਰਾ ਸੱਤ ਸਮਾਇਣ ਸਾਹਿਬ ਬਾਬਾ ਫਤਿਹ ਸਿੰਘ ਨਗਰ ਗਲੀ ਨੰਬਰ 6 ਫਗਵਾੜਾ ਵਿਖੇ ਸਵੇਰੇ 9 ਵਜੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਆਰੰਭ ਹੋਣਗੇ ਅਤੇ 10.30 ਵਜੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇਗੀ। ਜਿਸ ਤੋਂ ਬਾਅਦ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਭਾਈ ਚਰਨਜੀਤ ਸਿੰਘ ਕਰਤਾਰਪੁਰ ਵਾਲੇ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗਿਆਨੀ ਨਰਿੰਦਰ ਸਿੰਘ ਖਾਲਸਾ ਢਾਡੀ ਜੱਥਾ ਪਿੰਡ ਭੁੱਲਾਰਾਈ, ਭਾਈ ਮਨਜੀਤ ਸਿੰਘ ਫਗਵਾੜਾ ਵਾਲੇ, ਭਾਈ ਰੌਣਕ ਸਿੰਘ ਫਗਵਾੜਾ ਪਿੰਡ ਪਧਿਆਣਾ ਅਤੇ ਭਾਈ ਅਵਤਾਰ ਸਿੰਘ ਭੁੰਗਰਨੀ ਵਾਲੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾਉਣਗੇ। ਇਸ ਮੌਕੇ ਰਾਮਪਾਲ ਸਿੰਘ ਪ੍ਰਧਾਨ, ਦਲਜੀਤ ਸਿੰਘ ਕਾਲਾ, ਗੁਰਮੀਤ ਸਿੰਘ ਜੀਤਾ, ਅਮਰੀਕ ਸਿੰਘ, ਮਹਿੰਗਾ ਸਿੰਘ, ਕੁਲਦੀਪ ਸਿੰਘ ਬਸਰਾ, ਕਸ਼ਮੀਰ ਸਿੰਘ ਸੀਹਰਾ, ਸਤਵਿੰਦਰ ਸਿੰਘ ਬਿੱਲਾ, ਜਸਬੀਰ ਸਿੰਘ ਫੌਜੀ, ਸਤਨਾਮ ਸਿੰਘ, ਸੋਨੂੰ, ਮਹਿੰਦਰ ਸਿੰਘ ਫੌਜੀ, ਮਲਕੀਅਤ ਸਿੰਘ ਨਿੱਕਾ, ਗੁਰਨਾਮ ਸਿੰਘ ਹੈੱਡ ਮਾਸਟਰ, ਬਲਵੀਰ ਸਿੰਘ ਫੌਜੀ, ਚਰਨਜੀਤ ਸਿੰਘ, ਅਮਰਜੀਤ ਸਿੰਘ ਬਸੂਟਾ ਆਦਿ ਹਾਜ਼ਰ ਸਨ।

# ਧੁੰਦ ਤੋਂ ਬਚਣ ਲਈ ਜ਼ਿਲ੍ਹਾ ਵਾਸੀ ਰੱਖਣ ਵਿਸ਼ੇਸ਼ ਧਿਆਨ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜ਼ਿਲ੍ਹਾ ਵਾਸੀਆਂ ਨੂੰ ਸਰਦੀ ਦੇ ਮੌਸਮ ਵਿਚ ਠੰਡੀਆਂ ਹਵਾਵਾਂ ਚੱਲਣ ਦੇ ਨਾਲ ਹੋਣ ਵਾਲੇ ਨੁਕਸਾਨਾਂ ਤੋਂ ਬਚਾਅ ਲਈ ਲੋਕਾਂ ਨੂੰ ਪਹਿਲਾਂ ਤੋਂ ਹੀ ਤਿਆਰੀਆਂ ਰੱਖਣ ਲਈ ਕਿਹਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੇ ਨਾਲ-ਨਾਲ ਪਸ਼ੂਆਂ, ਫ਼ਸਲਾਂ ਅਤੇ ਹੋਰ ਵਸਤੂਆਂ ਦੀ ਸੰਭਾਲ ਲਈ ਪਹਿਲੇ ਤੋਂ ਹੀ ਪ੍ਰਬੰਧ ਮੁਕੰਮਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਬੱਚਿਆਂ ਅਤੇ ਬਜ਼ੁਰਗਾਂ ਦਾ ਇਨ੍ਹਾਂ ਦਿਨਾਂ ਦੌਰਾਨ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਅਤੇ ਜ਼ਰੂਰਤ ਅਨੁਸਾਰ ਹੀ ਘਰ ਤੋਂ ਬਾਹਰ ਨਿਕਲਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਸਰਦੀ ਦੇ ਮੌਸਮ ਵਿਚ ਕੋਲਡ ਵੇਵ ਦੌਰਾਨ ਕੀ ਕਰਨਾ ਚਾਹੀਦਾ ਹੈ ਅਤੇ ਕੀ ਨਹੀਂ ਕਰਨਾ ਚਾਹੀਦਾ, ਇਸ ਬਾਰੇ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਠੰਡ ਤੋਂ ਬੱਚਣ ਲਈ ਮੋਟੇ ਕੱਪੜਿਆ ਦੀ ਵਰਤੋਂ ਕਰਨ। ਇਸ ਤੋਂ ਇਲਾਵਾ ਘਰ ਦੇ ਦਰਵਾਜੇ ਅਤੇ ਖਿੜਕੀਆਂ ਨੂੰ ਚੰਗੀ ਤਰ੍ਹਾਂ ਬੰਦ ਰੱਖਣ, ਤਾਂ ਜੋ ਕੋਲਡ ਵੇਵ ਘਰ ਅੰਦਰ ਦਾਖਲ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਫਲੂ, ਨੱਕ ਦਾ ਵਗਣਾ ਜਾਂ ਹੋਰ ਬਿਮਾਰੀਆਂ ਦੇ ਲੱਛਣ ਹੋਣ 'ਤੇ ਪਹਿਲਾਂ ਹੀ ਡਾਕਟਰੀ ਸਹਾਇਤਾ ਲਈ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਧੁੰਦ ਦੌਰਾਨ ਵਾਹਨ ਚਾਲਕਾਂ ਨੂੰ ਆਪਣੇ ਵਾਹਨ ਦੀ ਗਤੀ ਘੱਟ ਰੱਖਣੀ ਚਾਹੀਦੀ ਹੈ। ਵਾਹਨ ਚਾਲਕਾਂ ਨੂੰ ਆਪਣੇ ਵਾਹਨਾਂ ਦੀਆਂ ਲਾਈਟਾਂ ਨੂੰ ਲੋ ਬੀਮ 'ਤੇ ਰੱਖਣ, ਤਾਂ ਜੋ ਸਾਹਮਣੇ ਤੋਂ ਆ ਰਹੇ ਵਾਹਨ ਜਲਦੀ ਨਜ਼ਰ ਆ ਜਾਣ ਅਤੇ ਦੂਰ ਤੋਂ ਆਉਣ ਵਾਲੇ ਵਾਹਨ ਦੀ ਸੜਕ 'ਤੇ ਰੌਸ਼ਨੀ ਨਜ਼ਰ ਆਵੇ। ਉਨ੍ਹਾਂ ਕਿਹਾ ਕਿ ਧੁੰਦ ਸਮੇਂ ਹਮੇਸ਼ਾ ਵਾਹਨ ਦੇ ਇੰਡੀਕੇਟਰ ਦਾ ਪ੍ਰਯੋਗ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਵਾਹਨ ਚਲਾਉਂਦੇ ਸਮੇਂ ਮੋਬਾਇਲ ਅਤੇ ਹੋਰ ਕਿਸੇ ਸਾਮਾਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਬਲਕਿ ਹਮੇਸ਼ਾ ਸੜਕ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਹਮਣੇ ਤੋਂ ਆ ਰਹੇ ਵਾਹਨਾਂ ਦੀ ਵਿਜ਼ਿਬਿਲਿਟੀ ਘੱਟ ਹੋਣ ਕਾਰਨ ਵਾਹਨ ਚਲਾਉਂਦੇ ਸਮੇਂ ਆਸ-ਪਾਸ ਦੀ ਆਵਾਜ ਦਾ ਧਿਆਨ ਰੱਖਣਾ ਚਾਹੀਦਾ ਹੈ, ਤਾਂ ਜੋ ਕੋਹਰੇ ਦੌਰਾਨ ਕੋਈ ਦੁਰਘਟਨਾ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਧੁੰਦ ਦੌਰਾਨ ਵਹੀਕਲ ਸੜਕ 'ਤੇ ਬਣੀ ਹੋਈ ਲੇਨ ਅਨੁਸਾਰ ਹੀ ਚੱਲਣਾ ਚਾਹੀਦਾ ਹੈ ਅਤੇ ਵਾਹਨ ਓਵਰਟੇਕ ਕਰਨ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ।

ਕੋਮਲ ਮਿੱਤਲ ਨੇ ਸੜਕ ਦੁਰਘਟਨਾਵਾਂ ਤੋਂ ਬੱਚਣ ਦੀ ਸਲਾਹ ਦਿੰਦੇ ਹੋਏ ਕਿਹਾ ਕਿ ਹਮੇਸ਼ਾ ਆਪਣੇ ਵਾਹਨ ਦੀ ਖਿੜਕੀਆਂ ਸਾਫ਼ ਰੱਖੀਆਂ ਜਾਣ ਅਤੇ ਵਾਹਨਾਂ ਦਰਮਿਆਨ ਜ਼ਰੂਰਤ ਅਨੁਸਾਰ ਦੂਰੀ ਯਕੀਨ ਬਣਾਈ ਜਾਵੇ, ਤਾਂ ਜੋ ਜਾਨ-ਮਾਲ ਦੇ ਨੁਕਸਾਨ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕੋਲਡ ਵੇਵ ਦੌਰਾਨ ਪਸ਼ੂਆਂ ਨੂੰ ਤਾਕਤ ਲਈ ਆਮ ਤੋਂ ਵਧੇਰੇ ਚਾਰੇ ਦੀ ਜ਼ਰੂਰਤ ਹੁੰਦੀ ਹੈ। ਪਸ਼ੂਆਂ ਦੇ ਠਹਿਰਨ ਵਾਲੇ ਸਥਾਨ ਚਾਰੇ ਪਾਸਿਓਂ ਕਵਰ ਹੋਣੇ ਚਾਹੀਦੇ ਹਨ, ਤਾਂ ਜੋ ਕਿਸੇ ਵੀ ਪਾਸੇ ਤੋਂ ਹਵਾ ਦਾਖਲ ਨਾ ਹੋ ਸਕੇ। ਪੂਰੀ ਖੁਰਾਕ ਦੇ ਕੇ, ਚੰਗੀ ਕੁਆਲਟੀ ਦੇ ਚਾਰੇ ਦੀ ਵਰਤੋਂ, ਪਸ਼ੂਅ ਲਈ ਸ਼ੈਡਾਂ ਵਿਚ ਸੂਰਜ ਦੀ ਰੌਸ਼ਨੀ ਦੀ ਆਮਦ ਨਾਲ ਅਤੇ ਪਸ਼ੂਆਂ ਦੇ ਥੱਲੇ ਪਰਾਲੀ ਵਿਛਾ ਕੇ ਅਤੇ ਹੋਰ ਜ਼ਰੂਰੀ ਸਾਧਨਾਂ ਦੀ ਵਰਤੋਂ ਕਰਕੇ ਪਸ਼ੂਆਂ ਨੂੰ ਠੰਡ ਤੋਂ ਬਚਾਇਆ ਜਾ ਸਕਦਾ ਹੈ।



22-Dec-PAGE-9.qxd 12/21/2023 10:53 PM Page 1



# ਸੰਜੀਵ ਤਲਵਾੜ ਤੇ ਨੀਤੀ ਤਲਵਾੜ ਵੱਲੋਂ ਭਾਜਪਾ ਤੋਂ ਅਸਤੀਫਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਦੇ ਸੱਜੇ ਹੱਥ ਰਹੇ ਸੰਜੀਵ ਤਲਵਾੜ ਅਤੇ ਉਨ੍ਹਾਂ ਦੀ ਪਤਨੀ ਨੀਤੀ ਤਲਵਾੜ ਨੇ ਭਾਜਪਾ ਨੂੰ ਅਲਵਿਦਾ ਕਹਿ ਕੇ ਅਸਤੀਫਾ ਦੇ ਦਿੱਤਾ ਹੈ। ਇਸ ਸੰਬੰਧੀ ਸੰਪਰਕ ਕਰਨ 'ਤੇ ਸੰਜੀਵ ਤਲਵਾੜ ਨੇ ਖੁੱਦ ਆਪਣੇ ਅਸਤੀਫੇ ਦੀ ਪੁਸ਼ਟੀ ਕੀਤੀ, ਪਰ ਭਾਜਪਾ ਤੋਂ ਉਨ੍ਹਾਂ ਦਾ ਮੋਹ ਭੰਗ ਕਿਉਂ ਹੋਇਆ, ਇਸ ਬਾਰੇ ਕੁਝ ਨਹੀਂ ਦੱਸਿਆ। ਤੁਹਾਨੂੰ ਦੱਸ ਦੇਈਏ ਕਿ ਸੰਜੀਵ ਤਲਵਾੜ ਸ਼ੁਰੂ ਤੋਂ ਹੀ ਭਾਜਪਾ ਲਈ ਰਾਜਨੀਤੀ ਕਰਦੇ ਆ ਰਹੇ ਹਨ। ਤਲਵਾੜ ਬੀ ਜੇ ਵਾਈ ਐਮ ਦੇ ਸੂਬਾ ਮੀਤ ਪ੍ਰਧਾਨ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਦੀ ਕਮਾਨ ਵੀ ਸੰਭਾਲ ਚੁੱਕੇ ਹਨ। ਉਨ੍ਹਾਂ ਦੀ ਪਤਨੀ ਨੀਤੀ ਤਲਵਾਰ ਬੀ ਜੇ ਵਾਈ ਐਮ ਮਹਿਲਾ ਮੋਰਚਾ ਦੀ ਸੂਬਾ ਮੀਤ ਪ੍ਰਧਾਨ ਅਤੇ ਭਾਜਪਾ ਦੀ ਸੂਬਾ ਸਕੱਤਰ ਰਹਿ ਚੁੱਕੀ ਹੈ। ਸਿਆਸੀ ਸੂਤਰਾਂ ਦੀ ਮੰਨੀਏ ਤਾਂ ਸੰਜੀਵ ਤਲਵਾੜ ਲੰਬੇ ਸਮੇਂ ਤੋਂ ਭਾਜਪਾ 'ਚ ਅਸਹਿਜ ਮਹਿਸੂਸ ਕਰ ਰਹੇ ਸਨ। ਸੂਤਰਾਂ ਦੀ ਮੰਨੀਏ ਤਾਂ ਸੰਜੀਵ ਤਲਵਾੜ ਪਹਿਲਾਂ ਹੀ ਸ਼੍ਰੋਮਣੀ ਅਕਾਲੀ ਦਲ ਦੇ ਚੋਟੀ ਦੇ ਆਗੂਆਂ ਨਾਲ ਗੱਲਬਾਤ ਕਰ ਚੁੱਕੇ ਹਨ। ਤਲਵਾੜ ਅਤੇ ਉਨ੍ਹਾਂ ਦੀ ਪਤਨੀ ਨੀਤੀ ਤਲਵਾੜ ਦਾ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣਾ ਤੈਅ ਹੈ। ਸੰਜੀਵ ਤਲਵਾੜ ਨੇ ਕਿਹਾ ਕਿ ਮੈਂ ਅਤੇ ਮੇਰੀ ਧਾਰਮਿਕ ਪਤਨੀ ਨੀਤੀ ਤਲਵਾੜ ਨੇ ਭਾਜਪਾ ਤੋਂ ਅਸਤੀਫਾ ਦੇ ਦਿੱਤਾ ਹੈ। ਹਾਲਾਂਕਿ ਮੈਂ ਅਜੇ ਇਸ ਦਾ ਕਾਰਨ ਨਹੀਂ ਦੱਸਾਂਗਾ ਕਿ ਮੈਂ ਅਸਤੀਫਾ ਕਿਉਂ ਦਿੱਤਾ ਹੈ। ਮੈਂ 26 ਦਸੰਬਰ ਨੂੰ ਮੀਡੀਆ ਸਾਹਮਣੇ ਸਭ ਕੁਝ ਪੇਸ਼ ਕਰਾਂਗਾ। ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣ ਬਾਰੇ ਮੈਂ ਫਿਲਹਾਲ ਕੁਝ ਨਹੀਂ ਕਹਿ ਸਕਦਾ। ਮੈਂ ਆਪਣੇ ਸਮਰਥਕਾਂ ਨਾਲ ਸਲਾਹ ਕਰਕੇ ਹੀ ਅਗਲਾ ਫੈਸਲਾ ਲਵਾਂਗਾ।



# ਇੰਜੀਨੀਅਰਿੰਗ ਕੋਰਸਾਂ 'ਚ ਦਾਖਲਾ ਲੈਣ ਲਈ ਮੁਫਤ ਕੋਚਿੰਗ ਸ਼ੁਰੂ

**ਮੋਹਾਲੀ, (ਗੁਰਜੀਤ ਬਿੱਲਾ)**

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗ ਵੱਲੋਂ ਮੋਹਾਲੀ ਵਿਖੇ ਚਲਾਏ ਜਾ ਰਹੇ ਅੰਬੇਡਕਰ ਇੰਸਟੀਚਿਊਟ ਆਫ ਕਰੀਅਰਜ ਐਂਡ ਕੋਰਸਿਜ ਵਿਖੇ ਐਸ ਸੀ/ਬੀ ਸੀ ਅਤੇ ਘੱਟ ਗਿਣਤੀਆਂ ਨਾਲ ਸਬੰਧਤ ਮੈਡੀਕਲ ਅਤੇ ਇੰਜੀਨੀਅਰਿੰਗ ਕੋਰਸਾਂ 'ਚ ਦਾਖਲਾ ਲੈਣ ਦੇ ਚਾਹਵਾਨ ਉਮੀਦਵਾਰਾਂ ਲਈ ਮੁਫਤ ਕੋਚਿੰਗ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਅੰਬੇਡਕਰ ਇੰਸਟੀਚਿਊਟ ਰਾਹੀਂ ਕੋਚਿੰਗ ਲੈਣ ਦੇ ਚਾਹਵਾਨ ਲੋੜਵੰਦ ਵਿਦਿਆਰਥੀਆਂ /ਉਮੀਦਵਾਰਾਂ ਦੀ ਮਦਦ ਕਰਨ ਲਈ ਵਚਨਬੱਧ ਹੈ। ਇੰਸਟੀਚਿਊਟ ਇਸ ਵੇਲੇ ਆਈ ਏ ਐਸ/ਪੀ ਸੀ ਐਸ/ਸਿਵਲ ਸੇਵਾਵਾਂ ਦੇ ਚਾਹਵਾਨਾਂ ਨੂੰ ਕੋਚਿੰਗ ਦੇਣ ਤੋਂ ਇਲਾਵਾ ਗ੍ਰੈਜੂਏਟਾਂ ਲਈ ਸਟੈਨੋਗ੍ਰਾਫੀ 'ਚ ਇੱਕ ਸਾਲ ਦਾ ਕੋਰਸ ਚਲਾ ਰਿਹਾ ਹੈ। ਉਨ੍ਹਾਂ ਵੱਲੋਂ ਰਾਜ ਸਰਕਾਰ ਦੇ ਵੱਖ-ਵੱਖ ਵਿਭਾਗਾਂ 'ਚ ਨੌਕਰੀਆਂ ਪ੍ਰਾਪਤ ਕਰਨ 'ਚ ਸਫਲਤਾ ਹਾਸਲ ਕਰਨ ਵਾਲੇ ਲੱਗਭੱਗ 45 ਸਿਖਿਆਰਥੀਆਂ ਨੂੰ ਟਰਾਫੀ ਅਤੇ ਸਾਲ ਦੇ ਕੇ ਸਨਮਾਨਿਤ ਕੀਤਾ ਗਿਆ। ਮੰਤਰੀ ਨੇ ਇੱਥੇ ਕੋਚਿੰਗ ਪ੍ਰਾਪਤ ਕਰਨ ਵਾਲੇ ਆਈ ਏ ਐੱਸ /ਪੀ ਸੀ ਐੱਸ/ਸਿਵਲ ਸੇਵਾਵਾਂ ਦੇ ਚਾਹਵਾਨਾਂ ਦੀ ਮੌਜੂਦਾ ਵਜੀਫਾ ਰਾਸ਼ੀ 3000 ਤੋਂ ਵਧਾ ਕੇ 10000 ਕਰਨ ਦਾ ਐਲਾਨ ਕੀਤਾ ਜਦੋਂ ਕਿ ਸਟੈਨੋਗ੍ਰਾਫੀ ਦੇ ਸਿਖਿਆਰਥੀਆਂ ਲਈ 1500 ਤੋਂ 5000 ਕਰਨ ਦਾ ਐਲਾਨ ਕੀਤਾ ਜੋ ਕਿ ਮਹਿੰਗਾਈ ਦੀ ਵਧਦੀ ਦਰ ਨੂੰ ਧਿਆਨ 'ਚ ਰੱਖਦੇ ਹੋਏ ਪਿਛਲੇ ਕਈ ਸਾਲਾਂ ਤੋਂ ਉਡੀਕੀ ਜਾ ਰਹੀ ਸੀ। ਮੰਤਰੀ ਨੇ ਕਿਹਾ ਕਿ ਇੰਸਟੀਚਿਊਟ ਨੇ ਪਿਛਲੇ ਸਮੇਂ 'ਚ ਇੱਥੋਂ ਕੋਚਿੰਗ ਲੈਣ ਵਾਲੇ ਬਹੁਤ ਸਾਰੇ ਲੋਕਾਂ ਦੇ ਕੈਰੀਅਰ ਨੂੰ ਆਕਾਰ ਦੇਣ 'ਚ ਅਹਿਮ ਭੂਮਿਕਾ ਨਿਭਾਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਬੁਨਿਆਦੀ ਢਾਂਚੇ ਦੇ ਵਿਸਤਾਰ ਦੇ ਨਾਲ-ਨਾਲ ਲੋੜੀਂਦੇ ਸਟਾਫ ਦੀ ਭਰਤੀ ਕਰਕੇ ਸੰਸਥਾ ਨੂੰ ਮਜ਼ਬੂਤ ਕਰੇਗੀ। ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਤੋਂ ਐੱਮ ਬੀ ਬੀ ਐੱਸ ਦੀ ਪੜ੍ਹਾਈ ਦੌਰਾਨ ਆਪਣੇ ਸੰਘਰਸ਼ਮਈ ਜੀਵਨ ਬਾਰੇ ਦੱਸਦਿਆਂ ਉਸ ਨੇ ਕਿਹਾ ਕਿ ਇਹ ਮਿਹਨਤ ਹੀ ਅਖੀਰ ਨੂੰ ਫਲ ਦਿੰਦੀ ਹੈ। ਇਸ ਮੌਕੇ ਡਾਇਰੈਕਟਰ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀਆਂ ਜਸਪ੍ਰੀਤ ਸਿੰਘ, ਪ੍ਰਿੰਸੀਪਲ ਆਸੀਸ ਕਥੂਰੀਆ, ਓਲਡ ਸਕੂਲ ਐਸੋਸੀਏਸ਼ਨ ਦੇ ਪ੍ਰਧਾਨ ਸੋਹਣ ਸਿੰਘ ਅਤੇ ਇੰਸਟ੍ਰਕਟਰ ਅਤੇ ਗੈਸਟ ਫੈਕਲਟੀ ਮੈਂਬਰ ਹਾਜ਼ਰ ਸਨ।

# ਜਿੰਪਾ ਨੇ ਦਸਮੇਸ਼ ਨਗਰ 'ਚ ਗਲੀ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਹਲਕੇ ਦੀ ਨੁਹਾਰ ਸੰਵਾਰਨ ਲਈ ਕਈ ਤਰ੍ਹਾਂ ਦੇ ਵਿਕਾਸ ਕਾਰਜ ਕਰਵਾ ਰਹੀ ਹੈ, ਜਿਸ ਦੇ ਮੁਕੰਮਲ ਹੋਣ ਉਪਰੰਤ ਵੱਖ-ਵੱਖ ਹਲਕਿਆਂ ਦੇ ਬੁਨਿਆਦੀ ਢਾਂਚੇ ਨੂੰ ਨਵੀਂ ਮਜ਼ਬੂਤੀ ਮਿਲੇਗੀ। ਉਹ ਅੱਜ ਵਾਰਡ ਨੰ: 24 ਦੇ ਮੁਹੱਲਾ ਦਸ਼ਮੇਸ਼ ਨਗਰ ਵਿਚ 35 ਲੱਖ ਰੁਪਏ ਦੀ ਲਾਗਤ ਨਾਲ ਗਲੀ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਉਣ ਦੌਰਾਨ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਅਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਤਰੱਕੀ ਦੀ ਸੋਚ 'ਤੇ ਕੰਮ ਕਰਨ ਵਾਲੀ ਸਰਕਾਰ ਨੂੰ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨੇ ਸ਼ੁਰੂ ਕਰ ਦਿੱਤੇ ਗਏ ਸਨ, ਜਿਸ ਵਿਚ 600 ਯੂਨਿਟ ਮੁਫ਼ਤ ਬਿਜਲੀ, 42 ਹਜ਼ਾਰ ਨੌਜਵਾਨਾਂ ਨੂੰ ਪੱਕੀ ਨੌਕਰੀ ਆਦਿ ਮੁੱਖ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਵਿਚ ਹੀ 35 ਤੋਂ ਵੱਧ ਪੀਣ ਵਾਲੇ ਪਾਣੀ ਦੇ ਟਿਊਬਵੈਲ ਲਗਾਏ ਜਾ ਰਹੇ ਹਨ, ਜਿਸ ਵਿਚੋਂ 11 ਟਿਊਬਵੈਲ ਤਾਂ ਸ਼ੁਰੂ ਕਰ ਦਿੱਤੇ ਗਏ ਹਨ। ਇਸ ਦੌਰਾਨ ਉਨ੍ਹਾਂ ਨਗਰ ਨਿਗਮ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਯੋਜਨਾਬੱਧ ਢੰਗ ਨਾਲ ਨਿਰਮਾਣ ਕਾਰਜਾਂ ਨੂੰ ਸ਼ੁਰੂ ਕੀਤਾ ਜਾਵੇ ਅਤੇ ਇਨ੍ਹਾਂ ਕਾਰਜ਼ਾਂ ਵਿਚ ਕਿਸੇ ਤਰ੍ਹਾਂ ਦੀ ਕੋਈ ਲਾਪ੍ਰਵਾਹੀ ਸਾਹਮਣੇ ਨਹੀਂ ਆਉਣੀ ਚਾਹੀਦੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੜਕਾਂ ਦੇ ਨਿਰਮਾਣ ਦੌਰਾਨ ਗੁਣਵੱਤਾ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਇਸ ਦੌਰਾਨ ਵੀ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਬ੍ਰਮ ਸ਼ੰਕਰ ਜਿੰਪਾ ਨੇ ਲੋਕਾਂ ਦੀ ਮੰਗ ਅਨੁਸਾਰ ਪਹਿਲ ਦੇ ਆਧਾਰ 'ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਥੋਂ ਤੱਕ ਗੁਣਵੱਤਾ ਦੀ ਗੱਲ ਹੈ, ਟੈਂਡਰ ਸਮੇਂ ਹੀ ਸਬੰਧਤ ਠੇਕੇਦਾਰ ਨੂੰ ਇਸ ਸਬੰਧੀ ਹਦਾਇਤ ਕਰ ਦਿੱਤੀ ਗਈ ਹੈ ਅਤੇ ਜੇਕਰ ਕੋਈ ਵੀ ਗੁਣਵੱਤਾ ਪੱਖੋਂ ਕੋਈ ਕਮੀ ਆਈ, ਤਾਂ ਸਬੰਧਤ ਖਿਲਾਫ਼ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਸੰਯੁਕਤ ਸਕੱਤਰ ਸਤਵੰਤ ਸਿੰਘ ਸਿਆਣ, ਕੌਂਸਲਰ ਪਵਿੱਤਰ ਸਿੰਘ, ਬਾਬਾ ਬਲਵੀਰ ਸਿੰਘ ਜੀ, ਸੰਜੇ, ਐਕਸੀਅਨ ਕੁਲਦੀਪ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।



# ਪੰਜਾਬ ਸਰਕਾਰ ਨੇ ਭਾਮੇ ਕਲਾਂ ਦੇ ਸਰਪੰਚ ਦੀ ਜ਼ਿਮਨੀ ਚੋਣ ਸੰਬੰਧੀ ਤਨਖਾਹ ਸਮੇਤ ਛੁੱਟੀ ਐਲਾਨੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਪਿੰਡ ਭਾਮੇ ਕਲਾਂ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਵਿਖੇ ਸਰਪੰਚ ਦੀ ਹੋ ਰਹੀ ਜ਼ਿਮਨੀ ਚੋਣ ਨੂੰ ਮੁੱਖ ਰੱਖਦੇ ਹੋਏ ਕਾਮਿਆਂ ਲਈ 24 ਦਸੰਬਰ, 2023 ਨੂੰ ਚੋਣ ਵਾਲੇ ਦਿਨ ਤਨਖਾਹ ਸਮੇਤ ਹਫਤਾਵਰੀ ਛੁੱਟੀ ਦਾ ਐਲਾਨ ਕੀਤਾ ਹੈ। ਇਕ ਬੁਲਾਰੇ ਨੇ ਦੱਸਿਆ ਕਿ ਪਿੰਡ ਭਾਮੇ ਕਲਾਂ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਵਿਖੇ ਸਰਪੰਚ ਦੀ ਹੋ ਰਹੀ ਜ਼ਿਮਨੀ ਚੋਣ ਬਾਬਤ ਪੰਜਾਬ 'ਚ ਸਥਿਤ ਦੁਕਾਨਾਂ ਅਤੇ ਤਜਾਰਤੀ ਅਦਾਰਿਆਂ/ ਉਦਯੋਗਿਕ ਅਦਾਰਿਆਂ 'ਚ ਕੰਮ ਕਰਦੇ ਕਿਰਤੀਆਂ, ਜੋ ਕਿ ਸਬੰਧਤ ਗ੍ਰਾਮ ਪੰਚਾਇਤ ਦੇ ਵੋਟਰ ਹਨ, ਉਨ੍ਹਾਂ ਨੂੰ ਆਪਣੀ ਵੋਟ ਦਾ ਹੱਕ ਸੁਨਿਸ਼ਚਿਤ ਕਰਨ ਲਈ 24 ਦਸੰਬਰ ਦਿਨ ਐਤਵਾਰ ਨੂੰ ਸਰਕਾਰ ਵੱਲੋਂ ਇਨ੍ਹਾਂ ਹਲਕਿਆਂ ਦੇ ਅਧਿਕਾਰ ਖੇਤਰ 'ਚ ਆਉਂਦੇ ਉਨ੍ਹਾਂ ਦੁਕਾਨਾਂ ਅਤੇ ਤਜਾਰਤੀ ਅਦਾਰਿਆਂ/ ਉਦਯੋਗਿਕ ਅਦਾਰਿਆਂ, ਜਿੱਥੇ ਐਤਵਾਰ ਨੂੰ ਨਾਗਾ ਨਹੀਂ ਰੱਖਿਆ ਜਾਂਦਾ ਹੈ, ਲਈ ਤਨਖਾਹ ਸਮੇਤ ਹਫਤਾਵਰੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਕਿਰਤ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

# ਪ੍ਰਕਾਸ਼ ਦਿਹਾੜੇ ਮੌਕੇ ਪੰਜ ਪਿਆਰਿਆਂ ਦਾ ਸਨਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਸਹਿਬ ਹੁਸ਼ਿਆਰਪੁਰ ਤੋਂ ਊਨਾ ਰੋਡ ਸਥਿਤ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਅਦੁੱਤੀ ਗੁਰਮਤਿ ਸਮਾਗਮ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਮੁਖੀ ਸਾਹਿਬਜਾਦਾ ਬਾਬਾ ਫਤਹਿ ਸਿੰਘ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਯੋਗ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਇਸ ਮੌਕੇ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਦੱਸਿਆ ਕਿ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ 'ਚ ਭਾਈ ਘਰਜੋਤ ਸਿੰਘ, ਭਾਈ ਹਰਜੋਤ ਸਿੰਘ ਹਜ਼ੂਰੀ ਰਾਗੀ ਜਥਾ ਤਖਤ ਸ੍ਰੀ ਕੇਸਗੜ ਸਾਹਿਬ, ਭਾਈ ਰਜਿੰਦਰ ਸਿੰਘ ਜੀ ਨਿਹੰਗ ਸਿੰਘ, ਭਾਈ ਜਤਿੰਦਰ ਸਿੰਘ ਜੀ ਪਿੱਪਲੀ ਸਾਹਿਬ ਵਾਲੇ, ਸੰਤ ਬਾਬਾ ਰਣਜੀਤ ਸਿੰਘ ਡਗਾਣਾ ਹੁਸ਼ਿਆਰਪੁਰ, ਭਾਈ ਹਰਜਿੰਦਰ ਸਿੰਘ ਅਤੇ ਭਾਈ ਗੁਰਦਿਆਲ ਸਿੰਘ ਲੱਖਪੁਰ ਦੇ ਰਾਗੀ- ਢਾਡੀ ਜੱਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਗੁਰਇਤਿਹਾਸ ਨਾਲ ਜੋੜਿਆ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਤੋ ਜਾਣੂ ਕਰਵਾਇਆ। ਇਸ ਮੌਕੇ ਸਮਾਗਮ ਪ੍ਰਬੰਧਕਾਂ ਵੱਲੋਂ ਪੰਜ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਵਿੱਚ ਸੰਤ ਹਰਪ੍ਰੀਤ ਸਿੰਘ ਸ਼ੇਰਪੁਰ, ਸੰਤ ਬਲਰਾਜ ਸਿੰਘ ਜਿਆਣ ਵਾਲੇ, ਸੰਤ ਬਾਬਾ ਸਰਵਣ ਦਾਸ ਬੋਹਣ, ਸੰਤ ਬੀਬੀ ਜਸਪ੍ਰੀਤ ਕੌਰ ਬੁੰਗਾ ਸਾਹਿਬ ਮਾਹਿਲਪੁਰ, ਸੰਤ ਬਾਬਾ ਮੱਖਣ ਸਿੰਘ ਦਰੀਆ ਵਾਲੇ, ਸੰਤ ਹਰਦੇਵ ਸਿੰਘ ਜੀ ਤਲਵੰਡੀ ਅਰਾਈਆ, ਸੰਤ ਗੁਰਮੀਤ ਸਿੰਘ ਖੋਸਾ ਕੋਟਲਾ, ਸੰਤ ਹਰਜੋਤ ਕੌਰ ਹੁਸ਼ਿਆਰਪੁਰ, ਜਥੇਦਾਰ ਬਾਬਾ ਦਲਜੀਤ ਸਿੰਘ ਗੁਰਦੁਆਰਾ ਸਾਹਿਬ ਹਰੀਆਂ ਵੇਲਾਂ, ਬਾਬਾ ਗੁਰਦਿਆਲ ਸਿੰਘ ਹਰੀਆਂ ਵੇਲਾਂ, ਸੰਤ ਨਰਾਇਣ ਸਿੰਘ ਚਖੰਡੀ ਸਾਹਿਬ, ਜਥੇਦਾਰ ਹਰਜੀਤ ਸਿੰਘ ਪੱਤਣ, ਮੋਹਣ ਸਿੰਘ, ਬਾਬਾ ਕੁਲਵੰਤ ਸਿੰਘ ਗੋਪਾਲੀਆਂ, ਬਾਬਾ ਅਜੀਤ ਸਿੰਘ ਬਾਸੀ ਦਿਹਾਣਾ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਕ, ਜਥੇਦਾਰ ਸੁਰਜੀਤ ਸਿੰਘ ਮਸੂਤਾ ਭੁੰਗਰਨੀ, ਬਲਵੀਰ ਸਿੰਘ ਫੁਗਲਾਣਾ, ਜਗਤਾਰ ਸਿੰਘ ਭੁੰਗਰਨੀ, ਕੁਲਵੰਤ ਸਿੰਘ ਪ੍ਰਧਾਨ ਗੁਰੂ ਰਵਿਦਾਸ ਨਗਰ, ਜਸਵਿੰਦਰ ਸਿੰਘ ਸਰਕਲ ਪ੍ਰਧਾਨ, ਯੂਥ ਆਗੂ ਗੋਲਡੀ, ਸਮਾਜ ਸੇਵੀ ਅਮਨਦੀਪ ਸਿੰਘ ਭਿੰਡਰ, ਜਗਤਾਰ ਸਿੰਘ ਸਰਕਲ ਪ੍ਰਧਾਨ ਬਜਵਾੜਾ, ਜਥੇਦਾਰ ਰਾਜਵੀਰ ਸਿੰਘ, ਰਾਜੂ ਸਿੰਘ, ਬੱਬੀ ਸਿੰਘ, ਗੁਰਪ੍ਰੀਤ ਸਿੰਘ, ਬਲਵੀਰ ਸਿੰਘ ਹੇੜੀਆਂ, ਅਜਮੇਰ ਸਿੰਘ ਮੁੱਖਲਿਆਣਾ, ਹਰਜੀਤ ਸਿੰਘ ਲੁਧਿਆਣਾ, ਸੁਰਿੰਦਰ ਕੌਰ, ਹਰਬੰਸ ਸਿੰਘ ਬੋਲੀਨਾ, ਨਿਰਮਲ ਸਿੰਘ, ਸੁਖਮਣੀ ਸਾਹਿਬ ਬੀਬੀਆਂ ਦਾ ਜਥਾ।



# ਨਸ਼ੀਲੇ ਪਦਾਰਥ ਸਮੇਤ ਦੋ ਗ੍ਰਿਫਤਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਇੰਸ: ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਥਾਣਾ ਮਾਡਲ ਟਾਊਨ ਦੀ ਪੁਲਸ ਸਾਥੀ ਕ੍ਰਮਚਾਰੀਆ ਨਾਲ ਗਸ਼ਤ ਹੋਟਲ ਪਰੈਜੀਡੈਂਸੀ ਸਾਈਡ ਤੋਂ ਆ ਰਹੇ ਸੀ ਤਾ ਇੱਕ ਮੋਟਰਸਾਈਕਲ ਸਪਲੈਂਡਰ ਨੰਬਰ 07--0613 'ਤੇ ਸਵਾਰ ਵਿਅਕਤੀਆਂ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਤਲਾਸ਼ੀ ਦੌਰਾਨ ਇੱਕ ਕੋਲੋਂ 100 ਗ੍ਰਾਮ ਨਸ਼ੀਲ ਪਦਾਰਥ ਅਤੇ ਦੂਜੇ ਦੀ ਤਲਾਸ਼ੀ ਦੌਰਾਨ 110 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ। ਪੁੱਛਗਿੱਛ ਦੌਰਾਨ ਉਨ੍ਹਾ ਦੀ ਪਛਾਣ ਮਨਦੀਪ ਸਿੰਘ ਵਾਸੀ ਦੋਲੋਵਾਲ ਥਾਣਾ ਹਰਿਆਣਾ ਜਿਲ੍ਹਾ ਹੁਸਿਆਰਪੁਰ ਅਤੇ ਰਾਜ ਕੁਮਾਰ ਵਾਸੀ ਘਾਸੀਪੁਰ ਥਾਣਾ ਹਰਿਆਣਾ ਜਿਲ੍ਹਾ ਹੁਸਿਆਰਪੁਰ ਹੋਈ। ਇਨ੍ਹਾਂ ਖਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਥਾਣਾ ਮਾਡਲ ਟਾਊਨ ਵਿਖੇ ਮੁਕੱਦਮਾ ਦਰਜ ਕੀਤਾ ਗਿਆ।

# ਜੌੜੇਮਾਜਰਾ ਵੱਲੋਂ ਕਿੰਨੂ ਉਤਪਾਦਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਹੁਕਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੇ ਸੂਬੇ ਦੇ ਕਿੰਨੂ ਉਤਪਾਦਕਾਂ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਦੇ ਹੁਕਮ ਦਿੱਤੇ ਹਨ। ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਬਾਗਬਾਨੀ ਵਿਭਾਗ, ਨਹਿਰੀ ਵਿਭਾਗ, ਪੰਜਾਬ ਐਗਰੋ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਚੇਤਨ ਸਿੰਘ ਜੌੜੇਮਾਜਰਾ ਨੇ ਕਿਹਾ ਕਿ ਕਿੰਨੂ ਉਤਪਾਦਨ ਪੰਜਾਬ ਰਾਜ ਦੇ ਬਾਗਬਾਨੀ ਦਾ ਅਹਿਮ ਹਿੱਸਾ ਹੈ ਅਤੇ ਕਿੰਨੂ ਉਤਪਾਦਕਾਂ ਨੂੰ ਆ ਰਹੀਆਂ ਸਮੱਸਿਆਵਾਂ ਨਾਲ ਤੁਰੰਤ ਨਜਿੱਠਣਾ ਚਾਹੀਦਾ ਹੈ। ਇਸ ਮੌਕੇ ਉਹਨਾਂ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਬਾਗਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸਤਲੁਜ ਦਰਿਆ ਅਤੇ ਬੁੱਢੇ ਨਾਲੇ 'ਚ ਪ੍ਰਦੂਸ਼ਿਤ ਪਾਣੀ ਨੂੰ ਰਲਣ ਤੋਂ ਰੋਕਣ ਲਈ ਵੀ ਕਾਰਵਾਈ ਕਰਨ ਦੇ ਹੁਕਮ ਦਿੰਦਿਆਂ ਕਿਹਾ ਕਿ ਨਹਿਰੀ ਖਾਲਿਆਂ ਦੀ ਫਰਵਰੀ ਮਹੀਨੇ ਤੋਂ ਪਹਿਲਾਂ ਸਫ਼ਾਈ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਮਾਰਚ ਮਹੀਨੇ 'ਚ ਨਹਿਰੀ ਬੰਦੀ ਨਾ ਕੀਤੀ ਜਾਵੇ ਕਿਉਂਕਿ ਫਰਵਰੀ ਮਹੀਨੇ ਤੋਂ ਬਾਗਾਂ ਨੂੰ ਸਭ ਤੋਂ ਵੱਧ ਪਾਣੀ ਦੀ ਲੋੜ ਹੁੰਦੀ ਹੈ। ਇਸ ਦੇ ਨਾਲ ਹੀ ਮਹਾਰਾਸ਼ਟਰ ਦੀ ਤਰਜ਼ 'ਤੇ ਨਰੇਗਾ ਅਧੀਨ ਕੰਮ ਕਰਨ ਵਾਲੇ ਵਰਕਰਾਂ ਦੀਆਂ ਸੇਵਾਵਾਂ ਬਾਗਾਂ ਨੂੰ ਦੇਣ ਲਈ ਪ੍ਰਸਤਾਵ ਤਿਆਰ ਕਰਨ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ। ਉਹਨਾਂ ਹੁਕਮ ਦਿੱਤਾ ਕਿ ਕਿੰਨੂ ਦੀ ਬੋਲੀ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਦੀ ਹਾਜ਼ਰੀ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿੰਨੂ ਦੀ ਆਮਦ ਅਤੇ ਵਿਕਰੀ ਸੰਬੰਧੀ ਰਿਕਾਰਡ ਵੀ ਰੱਖਿਆ ਜਾਵੇ। ਉਹਨਾਂ ਕਿਹਾ ਕਿ ਕਿੰਨੂਆਂ ਦੇ ਪਲਾਂਟ 10 ਜਨਵਰੀ ਤੋਂ ਸ਼ੁਰੂ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਨ ਦੇ ਹੁਕਮ ਦਿੱਤੇ।



# ਪੱਤੜ ਕਲਾਂ ਦੇ ਸਕੂਲ ਵਿਖੇ ਕਰਵਾਇਆ ਜਾਗਰੂਕਤਾ ਸੈਮੀਨਾਰ

**ਕਰਤਾਰਪੁਰ (ਹਰਮੇਸ਼ ਦੱਤ)**

ਸਪੈਸ਼ਲ ਡਾਇਰੈਕਟਰ ਜਨਰਲ ਪੁਲਸ, ਕਮਿਊਨਿਟੀ ਅਫੇਰਜ਼ ਡਵੀਜਨ ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਮੁੱਖਵਿੰਦਰ ਸਿੰਘ ਭੁੱਲਰ (ਪੀ.ਪੀ.ਐਸ) ਸੀਨੀਅਰ ਪੁਲਸ ਕਪਤਾਨ ਜਲੰਧਰ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ਼੍ਰੀਮਤੀ ਮਨਜੀਤ ਕੌਰ (ਪੀ.ਪੀ.ਐਸ.) ਪੁਲਸ ਕਪਤਾਨ ਪੀ.ਬੀ.ਆਈ-ਕਮ-ਜ਼ਿਲ੍ਹਾ ਕਮਿਊਨਿਟੀ ਪੁਲਸ ਅਫਸਰ ਜਲੰਧਰ ਦਿਹਾਤੀ ਦੀ ਰਹਿਨੁਮਾਈ ਹੇਠ ਇੰਸਪੈਕਟਰ ਭੁਪਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਜਲੰਧਰ ਦਿਹਾਤੀ ਅਤੇ ਸਭ ਡਵੀਜ਼ਨ ਕਰਤਾਰਪੁਰ ਵੱਲੋਂ ਸਾਂਝੇ ਤੌਰ 'ਤੇ ਸੀਨੀਅਰ ਸੈਕੰਡਰੀ ਸਕੂਲ ਪੱਤੜ ਕਲਾਂ ਵਿਖੇ ਸਟੂਡੈਂਟ ਪੁਲਸ ਕੈਡਿਟ ਪ੍ਰੋਗਰਾਮ' ਤਹਿਤ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।ਜਿਸ ਵਿੱਚ ਸਾਂਝ ਕੇਂਦਰ ਕਰਤਾਰਪੁਰ 83 ਬਲਵਿੰਦਰ ਸਿੰਘ ,S/CT ਗੁਰਪ੍ਰੀਤ ਸਿੰਘ ਅਤੇ L/HC ਨਵਜੋਬਨ ਕੌਰ ਨੇ ਬੱਚਿਆਂ ਨੂੰ ਡਿਸਸਾਟਰ ਮੈਨੇਜਮੈਂਟ, ਰੁੱਖ ਲਗਾਉਣ, ਸੈਲਫ ਡਸਿੱਪਲਿਨ ਅਪਣਾਉਣ, ਅਧਿਆਪਕਾਂ ਦਾ ਸਤਿਕਾਰ ਕਰਨ, ਆਪਣੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ ਉਹਨਾਂ ਨੇ ਸਾਈਬਰ ਕ੍ਰਾਈਮ, ਡਰੱਗਜ਼, ਟ੍ਰੈਫਿਕ ਅਵੇਅਰਨੈਸ, ਯੂਵਾ ਸਾਂਝ ਪ੍ਰੋਗਾਰਾਮ ਬਾਰੇ, ਸਰਕਾਰ ਵਲੋਂ ਗਰੀਬਾਂ ਪਰਵਾਰਾਂ ਨੂੰ ਮਿਲਣ ਵਾਲੀਆਂ ਫਰੀ ਸਹੂਲਤਾਂ ਸਬੰਧੀ, ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਦੀ ਸਹਾਇਤਾ ਲਈ ਹੈਲਪ ਲਾਈਨ ਨੰਬਰ 181, 112, 1930, 1091 ਅਤੇ 1098 ਅਤੇ ਔਰਤਾਂ ਦੀ ਸਹਾਇਤਾ ਲਈ ਸ਼ਕਤੀ ਐਪ, PPSaanjh.in ਆਨਲਾਈਨ ਸਰਵਿਸ ਅਤੇ ਐਪ ppsaanjh ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਆਪਣਾ ਆਲਾ-ਦੁਆਲਾ ਸਾਫ-ਸੁਥਰਾ, ਪੌਦੇ ਲਗਾਉਣ ਅਤੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣ ਬਾਰੇ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਨੋਜ ਸ਼ਰਮਾ ਸਮੇਤ ਸਕੂਲ ਸਟਾਫ ਹਾਜ਼ਰ ਸੀ।



# ਪੇਂਡੂ ਯੂਥ ਕਲੱਬਾਂ ਨੂੰ ਯੁਵਕ ਸੇਵਾਵਾਂ ਵਿਭਾਗ ਵੱਲੋਂ ਦਿੱਤੀ ਜਾਵੇਗੀ ਸਹਾਇਤਾ ਰਾਸ਼ੀ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਰਾਜ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਹਾਇਤਾ ਰਾਸ਼ੀ ਪ੍ਰਦਾਨ ਕਰ ਰਹੀ ਹੈ ਤਾਂ ਜੋ ਨੌਜਵਾਨਾਂ ਦਾ ਖੇਡਾਂ ਪ੍ਰਤੀ ਰੁਝਾਨ ਵਧਾਇਆ ਜਾ ਸਕੇ। ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਐਸ.ਏ.ਐਸ. ਨਗਰ ਨੇ ਦੱਸਿਆ ਕਿ ਰਾਜ ਸਰਕਾਰ ਵਲੋਂ ਯੁਵਕ ਸੇਵਾਵਾਂ ਵਿਭਾਗ ਨਾਲ ਉਤਸ਼ਾਹਤ ਕਰਨ ਲਈ ਸਹਾਇਤਾ ਗ੍ਰਾਂਟ ਪ੍ਰਦਾਨ ਕੀਤੀ ਜਾ ਰਹੀ ਹੈ। ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਤ ਮਾਨਤਾ ਪ੍ਰਾਪਤ ਸਰਗਰਮ ਯੂਥ ਕਲੱਬ ਅਤੇ ਰਜਿਸਟਰਡ ਐਨ.ਜੀ.ਓ. (ਵਿਭਾਗ ਨਾਲ ਐਫੀਲੇਟ ਕਰ ਦਿੱਤਾ ਜਾਵੇਗਾ) ਆਦਿ ਜੇਕਰ ਸਹਾਇਤਾ ਗ੍ਰਾਂਟ ਲੈਣ ਦੇ ਇਛੁੱਕ ਹਨ ਤਾਂ ਉਹ ਆਪਣੀ ਤਿੰਨ ਸਾਲ ਦੀ ਪ੍ਰਗਤੀ ਰਿਪੋਰਟ 26 ਦਸੰਬਰ ਤੱਕ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਵਿਭਾਗ, ਕਮਰਾ ਨੰਬਰ 511-512, ਚੌਥੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਜ਼ਿਲ੍ਹਾ ਐਸ.ਏ.ਐਸ.ਨਗਰ ਵਿਖੇ ਜਮ੍ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਕਮੇਟੀ ਕਲੱਬਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਕੇ ਅਗਲੇਰੀ ਕਾਰਵਾਈ ਕਰੇਗੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਐਸ.ਏ.ਐਸ.ਨਗਰ ਦੇ ਮੋਬਾਇਲ ਨੰਬਰ 9876267001 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਰਬ ਨੌਜਵਾਨ ਸਭਾ ਨੇ ਵੋਕੇਸ਼ਨਲ ਸੈਂਟਰ ਵਿਖੇ ਮਨਾਇਆ ਅਨੀਤਾ ਦਾ ਜਨਮ ਦਿਨ

**ਫਗਵਾੜਾ (ਡਾ. ਰਮਨ)**

ਔਰਤਾਂ ਨੂੰ ਸਿਰਫ ਆਪਣੀ ਸਿਹਤ ਦਾ ਹੀ ਖਿਆਲ ਨਹੀਂ ਰੱਖਣਾ ਚਾਹੀਦਾ ਸਗੋਂ ਆਪਣੀ ਮਾਨਸਿਕ ਅਤੇ ਆਰਥਿਕ ਹਾਲਤ ਸੁਧਾਰਨ ਲਈ ਲਗਾਤਾਰ ਯਤਨ ਕਰਨ ਦੀ ਲੋੜ ਹੈ। ਇਹ ਸੁਨੇਹਾ ਕੇਂਦਰੀ ਵਣਜ ਅਤੇ ਉਦਯੋਗ ਰਾਜ ਮੰਤਰੀ ਸੋਮ ਪ੍ਰਕਾਸ਼ ਕੈਂਥ ਦੀ ਧਰਮ ਪਤਨੀ ਅਤੇ ਫਗਵਾੜਾ ਦੀ ਪ੍ਰਸਿੱਧ ਸਮਾਜ ਸੇਵੀ ਅਨੀਤਾ ਸੋਮ ਪ੍ਰਕਾਸ਼ ਨੇ ਆਪਣੇ ਜਨਮ ਦਿਨ ਦੇ ਮੌਕੇ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ, ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਦੀਆਂ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਦਿੱਤਾ। ਉਨ੍ਹਾਂ ਸੈਂਟਰ ਵਿੱਚ ਸਿਖਲਾਈ ਲੈ ਰਹੀਆਂ ਲੜਕੀਆਂ ਨੂੰ ਦਸਤਕਾਰੀ ਵਿੱਚ ਨਿਪੁੰਨ ਬਣ ਕੇ ਨੌਕਰੀ ਲੱਭਣ ਦੀ ਬਜਾਏ ਸਵੈ-ਨਿਰਭਰ ਬਣਨ ਅਤੇ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਵੀ ਪ੍ਰੇਰਿਤ ਕੀਤਾ। ਸ਼੍ਰੀਮਤੀ ਸੋਮ ਪ੍ਰਕਾਸ਼ ਨੇ ਕਿਹਾ ਕਿ ਜੇਕਰ ਲੜਕੀਆਂ ਪੜ੍ਹਾਈ ਕਰਨ, ਕੰਮ ਸਿੱਖਣ, ਆਪਣਾ ਕਾਰੋਬਾਰ ਖੋਲ੍ਹਣ ਤਾਂ ਸਮਾਜ ਦੀ ਅੱਧੀ ਆਬਾਦੀ ਵਿੱਚ ਸਵੈ-ਮਾਣ ਜਾਗ੍ਰਿਤ ਹੋਵੇਗਾ। ਇਸ ਦੌਰਾਨ ਸੈਂਟਰ ਦੀਆਂ ਵਿਦਿਆਰਥਣਾਂ ਨੇ ਸਮਾਜ ਸੇਵਿਕਾ ਅਨੀਤਾ ਸੋਮ ਪ੍ਰਕਾਸ਼ ਨੂੰ ਉਨ੍ਹਾਂ ਦੇ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਕੇਕ ਕੱਟ ਕੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ। ਇਸ ਦੌਰਾਨ ਭਾਜਪਾ ਕਿਸਾਨ ਮੋਰਚਾ ਦੇ ਕੌਮੀ ਸਕੱਤਰ ਅਵਤਾਰ ਸਿੰਘ ਮੰਡ ਨੇ ਅਨੀਤਾ ਸੋਮ ਪ੍ਰਕਾਸ਼ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ੁਭ ਇੱਛਾਵਾਂ ਦਿੰਦੇ ਹੋਏ ਕਿਹਾ ਕਿ ਚੰਗਾ ਨੇਤਾ ਉਹੀ ਹੁੰਦਾ ਹੈ ਜੋ ਲੋਕਾਂ ਦੇ ਦੁੱਖ-ਦਰਦ ਨੂੰ ਆਪਣਾ ਸਮਝਦਾ ਹੈ ਅਤੇ ਉਨ੍ਹਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿੰਦਾ ਹੈ। ਮੈਡਮ ਅਨੀਤਾ ਸੋਮ ਪ੍ਰਕਾਸ਼ ਦਾ ਵਿਸ਼ੇਸ਼ ਗੁਣ ਹੈ ਕਿ ਉਹ ਲੋੜਵੰਦਾਂ ਦੀ ਹਰ ਸੰਭਵ ਸਹਾਇਤਾ ਲਈ ਹਮੇਸ਼ਾ ਤੱਤਪਰ ਰਹਿੰਦੇ ਹਨ। ਅਖੀਰ ਵਿੱਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸ਼੍ਰੀਮਤੀ ਅਨੀਤਾ ਸੋਮ ਪ੍ਰਕਾਸ਼ ਅਤੇ ਸਮੂਹ ਪਤਵੰਤਿਆਂ ਦਾ ਸੈਂਟਰ ਵਿਖੇ ਪਹੁੰਚਣ ਲਈ ਧੰਨਵਾਦ ਕੀਤਾ। ਮੰਚ ਸੰਚਾਲਨ ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਕੀਤਾ ਗਿਆ। ਇਸ ਮੌਕੇ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਰਵਿੰਦਰ ਸਿੰਘ ਰਾਏ, ਨਰੇਸ਼ ਕੋਹਲੀ ਰਿਟਾ. ਹੈੱਡ ਮਾਸਟਰ, ਲਾਇਨ ਗੁਰਦੀਪ ਸਿੰਘ ਕੰਗ, ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਸਾਹਿਬਜੀਤ ਸਾਬੀ, ਮਨਦੀਪ ਬੱਸੀ, ਜਸ਼ਨ ਮਹਿਰਾ, ਡਾ: ਅਸ਼ੋਕ ਭਾਟੀਆ, ਡਾ: ਨਰੇਸ਼ ਬਿੱਟੂ, ਰਾਜਕੁਮਾਰ ਰਾਜਾ, ਮੈਨੇਜਰ ਜਗਜੀਤ ਸਿੰਘ ਸੇਠ, ਮੈਡਮ ਨੀਤੂ ਗੁਡਿੰਗ, ਜਸਵਿੰਦਰ ਕੌਰ ਸਾਬਕਾ ਕੌਂਸਲਰ, ਮੈਡਮ ਪੂਜਾ ਸੈਣੀ, ਮੈਡਮ ਤਨੂ, ਮੈਡਮ ਰਮਨਦੀਪ ਕੌਰ, ਮੈਡਮ ਸਪਨਾ ਸ਼ਾਰਦਾ, ਮਨਦੀਪ ਕੌਰ, ਸੁਪ੍ਰੀਆ, ਸੁਨੀਤਾ, ਡਾ. ਸੋਨੀਆ, ਭੁਪਿੰਦਰ, ਹਰਲੀਨ, ਅਨੂ, ਅੰਜੂ, ਸਰਬਜੀਤ, ਚਰਨਜੀਤ, ਈਸ਼ੂ, ਆਰਤੀ, ਕੋਮਲ, ਕਾਜਲ, ਸਿਮਰਨ, ਅਮਨਦੀਪ ਕਲੇਰ, ਗੀਤਿਕਾ, ਨੀਤੂ, ਕੋਮਲ, ਆਰਤੀ, ਪ੍ਰਭਜੋਤ, ਹਰਪ੍ਰੀਤ ਕੌਰ, ਪ੍ਰਿਆ, ਅਮਨਦੀਪ, ਗੁਰਪ੍ਰੀਤ ਕੌਰ, ਸਿਮਰਨ ਕੌਰ, ਸੋਨੀਆ, ਰਮਨਜੋਤ, ਪੂਜਾ, ਦਵਿੰਦਰ, ਮੁਸਕਾਨ, ਕੁਲਦੀਪ, ਰਾਣੀ, ਪ੍ਰਭਜੋਤ, ਈਸ਼ਾ, ਰਾਜਵੀਰ, ਨੀਲਮ, ਰੂਪਮ, ਰਾਜਵਿੰਦਰ, ਰਜਿੰਦਰ, ਗੀਮਾ ਆਦਿ ਹਾਜ਼ਰ ਸਨ।



# ਈਦਗਾਹ ਤੇ ਮਸਜਿਦ ਕਮੇਟੀਆਂ ਨੂੰ ਬਰੀਅਲ ਵੈਨਾਂ ਸੌਂਪੀਆਂ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਅਤੇ ਏ.ਡੀ.ਜੀ.ਪੀ. ਐਮ.ਐਮ. ਫਾਰੂਕੀ, ਜਿਨ੍ਹਾਂ ਕੋਲ ਪੰਜਾਬ ਵਕਫ ਬੋਰਡ ਦੇ ਪ੍ਰਸ਼ਾਸਕ ਦਾ ਅਹੁਦਾ ਵੀ ਹੈ, ਨੇ ਜ਼ਿਲ੍ਹੇ ਦੀ ਈਦਗਾਹ ਅਤੇ ਮਸਜਿਦ ਕਮੇਟੀਆਂ ਨੂੰ ਦੋ ਬਰੀਅਲ ਵੈਨਾਂ ਸੌਂਪੀਆਂ। ਇਸ ਮੌਕੇ ਪੰਜਾਬ ਵਕਫ ਬੋਰਡ ਦੇ ਸੀ.ਈ.ਓ. ਲਤੀਫ ਅਹਿਮਦ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਵਕਫ ਬੋਰਡ ਵੱਲੋਂ ਬਰੀਅਲ ਵੈਨਾਂ ਦੇਣਾ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਵੈਨਾਂ ਉਨ੍ਹਾਂ ਲੋਕਾਂ ਲਈ ਮਦਦਗਾਰ ਸਾਬਿਤ ਹੋਣਗੀਆਂ, ਜਿਨ੍ਹਾਂ ਨੂੰ ਮ੍ਰਿਤਕ ਦੇਹ ਸ਼ਹਿਰ ਤੋਂ ਦੂਰ ਸਥਿਤ ਕਬਿਰਸਤਾਨਾਂ ਤੱਕ ਲਿਜਾਣ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੁਸਲਿਮ ਭਾਈਚਾਰੇ ਦੀ ਭਲਾਈ ਲਈ ਵਚਨਬੱਧ ਹੈ ਅਤੇ ਸੂਬੇ ਦੀਆਂ ਸਾਰੀਆਂ ਮਸਜਿਦਾਂ ਦੇ ਵਿਕਾਸ ਅਤੇ ਕਬਰਿਸਤਾਨਾਂ ਦੀ ਸਾਂਭ-ਸੰਭਾਲ ਲਈ ਫੰਡ ਜਾਰੀ ਕੀਤੇ ਜਾ ਰਹੇ ਹਨ। ਇਸ ਦੌਰਾਨ ਐਮ.ਐਮ. ਫਾਰੂਕੀ ਨੇ ਦੱਸਿਆ ਕਿ ਅਜਿਹੀਆਂ ਕੁੱਲ ਸੱਤ ਵੈਨਾਂ ਸੂਬੇ ਦੇ ਵੱਡੇ ਸ਼ਹਿਰਾਂ ਨੂੰ ਦਿੱਤੀਆਂ ਜਾਣਗੀਆਂ ਅਤੇ ਪਹਿਲੇ ਪੜਾਅ ਵਿੱਚ ਅੱਜ ਦੋ ਵੈਨਾਂ ਸੌਂਪੀਆਂ ਗਈਆਂ ਹਨ। ਉਨ੍ਹਾਂ ਪੰਜਾਬ ਵਕਫ ਬੋਰਡ ਵੱਲੋਂ ਚੁੱਕੇ ਗਏ ਕਦਮਾਂ ਬਾਰੇ ਵੀ ਦੱਸਿਆ ਅਤੇ ਕਿਹਾ ਕਿ ਵਕਫ ਬੋਰਡ ਦੇ ਕੰਮਕਾਜ ਵਿੱਚ ਨਿਯਮਿਤ ਰੂਪ ਨਾਲ ਸੁਧਾਰ ਕੀਤੇ ਜਾ ਰਹੇ ਹਨ। ਇਸ ਮੌਕੇ ਅਸਟੇਟ ਅਫਸਰ ਸਕੀਲ ਅਹਿਮਦ, ਜ਼ਮੀਲ ਅਹਿਮਦ, ਅਮਜਦ ਖਾਨ, ਨਈਮ ਖਾਨ ਆਦਿ ਵੀ ਮੌਜੂਦ ਸਨ।




# ਐਸ ਡੀ ਕਾਲਜ ਨੇ ਟੈਕਸਟਾਈਲ ਡਿਜ਼ਾਈਨਿੰਗ 'ਤੇ ਵਰਕਸ਼ਾਪ ਲਗਾਈ

**ਜਲੰਧਰ ( ਇਕਬਾਲ ਸਿੰਘ ਉੱਭੀ)**

ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦੇ ਪੀ ਜੀ ਡਿਪਾਰਟਮੈਂਟ ਆਫ ਫੈਸ਼ਨ ਡਿਜ਼ਾਈਨਿੰਗ ਡਿਜ਼ਾਈਨਿੰਗ ਨੇ 'ਟੈਕਸਟਾਈਲ ਡਿਜ਼ਾਈਨਿੰਗ ਦੀਆਂ ਤਕਨੀਕਾਂ' ਵਿਸ਼ੇ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ।ਸੈਸ਼ਨ ਦੇ ਰਿਸੋਰਸ ਪਰਸਨ ਅਸ਼ਵਨੀ ਖੋਸਲਾ, ਬ੍ਰਿਟਵੇਅ ਕਲਰਜ਼, ਅੰਮ੍ਰਿਤਸਰ ਦੇ ਇੱਕ ਪ੍ਰੋਫੈਸ਼ਨਲ ਸਨ।ਉਨ੍ਹਾਂ ਨੇ ਫੈਬਰਿਕ ਨੂੰ ਰੰਗਣ ਅਤੇ ਪ੍ਰਿੰਟਿੰਗ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਪ੍ਰਤੀਭਾਗੀਆਂ ਨੂੰ ਮਾਰਗਦਰਸ਼ਨ ਕੀਤਾ।ਉਸਨੇ ਟਾਈ-ਡਾਈ, ਬੈਟਿਕ ਡਾਈਂਗ ਦੇ ਨਾਲ-ਨਾਲ ਸਕ੍ਰੀਨ ਪ੍ਰਿੰਟਿੰਗ ਦੀ ਪ੍ਰਕਿਰਿਆ ਦਾ ਪ੍ਰਦਰਸ਼ਨ ਵੀ ਕੀਤਾ।ਪਿਛਲਾ ਮਨੋਰਥ ਵਿਦਿਆਰਥੀਆਂ ਨੂੰ ਟੈਕਸਟਾਈਲ ਡਿਜ਼ਾਈਨ ਦੀਆਂ ਸੰਕਲਪਿਕ ਪੇਚੀਦਗੀਆਂ ਅਤੇ ਫੈਬਰਿਕ ਸੁਹਜ ਸ਼ਾਸਤਰ ਦੇ ਖੇਤਰ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਤ ਕਰਨ ਲਈ ਕੀਮਤੀ ਸੂਝ ਪ੍ਰਦਾਨ ਕਰਨਾ ਸੀ। ਬੀ ਐਸ ਸੀ, ਐਮ ਐਸ ਸੀ ਅਤੇ ਬੀ ਵਾਕ ਦੇ ਵਿਦਿਆਰਥੀ ਵਰਕਸ਼ਾਪ 'ਚ ਸ਼ਾਮਲ ਹੋਏ ਅਤੇ ਵਿਸ਼ੇ ਬਾਰੇ ਦਿਲਚਸਪ ਗੱਲਾਂ ਸਿੱਖੀਆਂ।ਇਹ ਵਰਕਸ਼ਾਪ ਵਿਦਿਆਰਥੀਆਂ ਨੂੰ ਸੁੰਦਰ ਕਪੜਿਆਂ ਦੇ ਨਾਲ-ਨਾਲ ਘਰੇਲੂ ਸਮਾਨ ਦਾ ਡਿਜ਼ਾਈਨ ਕਰਨ ਦੇ ਯੋਗ ਬਣਾਉਂਦੀ ਹੈ। ਇਸ ਮੌਕੇ ਤੇ ਪ੍ਰਧਾਨ ਸ਼੍ਰੀ ਨਰੇਸ਼ ਬੁਧੀਆ , ਸੀਨੀਅਰ ਮੀਤ ਪ੍ਰਧਾਨ ਸ਼੍ਰੀ ਵਿਨੋਦ ਦਾਦਾ , ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਵਿਭਾਗ ਨੂੰ ਉਨ੍ਹਾਂ ਦੇ ਸਮਰਪਣ ਅਤੇ ਸੁਚੱਜੀ ਯੋਜਨਾਬੰਦੀ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਕਿਉਂਕਿ ਇਹ ਵਰਕਸ਼ਾਪ ਵਿਦਿਆਰਥੀਆਂ ਨੂੰ ਵਿਹਾਰਕ ਹੁਨਰ ਅਤੇ ਉਦਯੋਗ ਦੀਆਂ ਸੂਝਾਂ ਪ੍ਰਦਾਨ ਕਰਨ ਵਿੱਚ ਇੱਕ ਅਨਮੋਲ ਤਜਰਬਾ ਸਾਬਤ ਹੋਈ।




# 97 ਲੱਖ ਦੀ ਲਾਗਤ ਨਾਲ 40 ਪਾਰਕਾਂ 'ਚ ਬਣਾਏ ਜਾਣਗੇ ਓਪਨ ਜਿੰਮ : ਮਾਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਫਗਵਾੜਾ ਦੇ ਵੱਖ-ਵੱਖ ਵਾਰਡਾਂ ਦੇ 40 ਪਾਰਕਾਂ ਵਿੱਚ 97 ਲੱਖ ਰੁਪਏ ਦੀ ਲਾਗਤ ਨਾਲ ਓਪਨ ਜਿੰਮ ਸਥਾਪਿਤ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ, ਸੀ ਆਰ ਪੀ ਕਲੋਨੀ, ਪੀਪਾਰੰਗੀ, ਪਲਾਹੀ ਗੇਟ, ਚਾਹਲ ਨਗਰ ਅਤੇ ਸਤਨਾਮਪੁਰਾ ਵਿਖੇ ਸਥਿਤ ਪਾਰਕਾਂ ਵਿੱਚ ਓਪਨ ਜਿੰਮ ਬਣਾਉਣ ਦੇ ਕੰਮ ਦਾ ਸ਼ੁੱਭ ਆਰੰਭ ਕਰਵਾਉਣ ਸਮੇਂ ਕੀਤਾ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪੰਜ ਖੇਤਰਾਂ ਵਿਖੇ ਓਪਨ ਜਿੰਮ ਬਣਾਏ ਜਾ ਰਹੇ ਹਨ, ਉਨ੍ਹਾਂ ਦੇ ਪ੍ਰੋਜੈਕਟ 'ਤੇ ਕਰੀਬ 12 ਲੱਖ ਰੁਪਏ ਖਰਚ ਹੋਣਗੇ। ਮਾਨ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਚਾਹੁੰਦੀ ਹੈ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਕਸਰਤ ਰਾਹੀਂ ਮਜ਼ਬੂਤ ਬਣ ਸਕਣ। ਕਿਉਂਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਪੰਜਾਬ ਦੇ ਵਿਕਾਸ ਦੀ ਰਾਹ 'ਤੇ ਪਛੜਨ ਦਾ ਇੱਕ ਵੱਡਾ ਕਾਰਨ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਇੱਥੋਂ ਦੇ ਨੌਜਵਾਨਾਂ ਦਾ ਗਲਤ ਦਿਸ਼ਾ ਵੱਲ ਚਲੇ ਜਾਣਾ ਵੀ ਹੈ। ਉਨ੍ਹਾਂ ਨੌਜਵਾਨਾਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਸੁਚੇਤ ਰਹਿਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੇ ਨਾਲ ਪਾਰਕਾਂ ਵਿੱਚ ਬਣਾਏ ਜਾ ਰਹੇ ਓਪਨ ਜਿੰਮ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਬਲਾਕ ਪ੍ਰਧਾਨ ਨਰੇਸ਼ ਸ਼ਰਮਾ, ਰਾਜਾ ਕੌਂਸਲਰ, ਬਲਬੀਰ ਠਾਕੁਰ, ਸੀਨੀਅਰ ਆਗੂ ਹਰਮੇਸ਼ ਪਾਠਕ, ਚਰਨਜੀਤ ਸਿੰਘ, ਕਸ਼ਮੀਰ ਖਲਵਾੜਾ, ਚਮਨ ਲਾਲ, ਰਣਜੀਤ ਪਾਲ ਪਾਬਲਾ, ਸਮਰ ਗੁਪਤਾ, ਨਿਰਮਲ ਸਿੰਘ, ਸਰਬਜੀਤ ਸਿੰਘ, ਅਨਿਲ ਪਾਂਡੇ, ਪ੍ਰਿਤਪਾਲ ਕੌਰ ਤੁਲੀ, ਗੁਰਦੀਪ ਸਿੰਘ ਤੁਲੀ, ਰਘਬੀਰ ਕੌਰ, ਅਮਨਦੀਪ, ਗੁਰਪ੍ਰੀਤ ਕੌਰ, ਗੁਰਜੀਤ ਸਿੰਘ ਗੁਰੀ, ਰਜਿੰਦਰ ਢੰਡਾ, ਜਿੰਦਰ ਰਸੀਲਾ, ਸੰਤੋਖ ਰਾਮ, ਇੰਦਰਜੀਤ ਸਿੰਘ, ਚਰਨਜੀਤ ਸਿੰਘ ਟੋਨੀ ਸਮੇਤ ਸ਼ਾਂਤੀ ਸਰੂਪ ਐਕਸੀਅਨ, ਰਵਿੰਦਰ ਕਲਸੀ ਐਸ.ਡੀ.ਓ., ਕੰਵਰਪਾਲ ਸਿੰਘ ਜੇ.ਈ. ਸਮੇਤ ਹੋਰ ਵਿਭਾਗੀ ਅਧਿਕਾਰੀ ਹਾਜ਼ਰ ਸਨ।

# 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਸ਼ਰਧਾਲੂਆਂ ਲਈ ਹੋ ਰਹੀ ਲਾਹੇਵੰਦ ਸਾਬਤ : ਵਿਧਾਇਕ ਰਾਜਾ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਹਲਕਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੀ ਬੱਸ ਨੂੰ ਸ਼ਿਮਲਾ ਪਹਾੜੀ ਟਾਂਡਾ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਵਿਧਾਇਕ ਉੜਮੁੜ ਨੇ ਕਿਹਾ ਕਿ ਬਹੁਤ ਹੀ ਖੁਸ਼ੀ ਦਾ ਦਿਨ ਹੈ ਕਿ ਉੜਮੁੜ ਵਿਧਾਨ ਸਭਾ ਹਲਕੇ ਦੇ ਲੋਕ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨਾਲ ਜੋ ਵੀ ਵਾਅਦਾ ਕੀਤਾ ਹੈ, ਉਸ ਨੂੰ ਪੂਰਾ ਕੀਤਾ ਹੈ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨਾਲ ਤੀਰਥ ਯਾਤਰਾ 'ਤੇ ਜਾਣ ਦਾ ਵਾਅਦਾ ਵੀ ਕੀਤਾ ਸੀ, ਜਿਸ ਨੂੰ ਪੂਰਾ ਕਰ ਦਿੱਤਾ ਗਿਆ ਹੈ ਅਤੇ ਸੂਬੇ ਭਰ ਤੋਂ ਲੋਕ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉੜਮੁੜ ਤੋਂ ਸ਼੍ਰੀ ਅਨੰਦਪੁਰ ਸਾਹਿਬ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸਨਾਂ ਲਈ ਸਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਮੌਕੇ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਪੰਜਾਬ ਵਾਸੀਆਂ ਨੂੰ ਦੇਸ ਭਰ ਵਿਚਲੇ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸਨਾਂ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੀ ਯਾਤਰਾ ਕਰਨ ਲਈ ਮੁਫਤ ਯਾਤਰਾ ਦੀਆਂ ਸਹੂਲਤਾਂ ਉਪਲੱਬਧ ਕਰਵਾਈਆਂ ਗਈਆਂ ਹਨ ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਯਾਤਰਾ ਕਰਨ ਵਾਲੇ ਯਾਤਰੀਆਂ ਦਾ ਖਰਚਾ ਪੰਜਾਬ ਸਰਕਾਰ ਸਹਿਣ ਕਰੇਗੀ, ਜਿਸ ਵਿਚ ਉਨ੍ਹਾਂ ਦੇ ਸਫਰ, ਰਿਹਾਇਸ ਅਤੇ ਖਾਣ-ਪੀਣ ਦੇ ਸਾਰੇ ਖਰਚੇ ਸ਼ਾਮਿਲ ਹਨ। ਵਿਧਾਇਕ ਨੇ ਦੱਸਿਆ ਕਿ ਇਸ ਸਕੀਮ ਤਹਿਤ ਪਵਿੱਤਰ ਅਸਥਾਨ ਸ੍ਰੀ ਹਜ਼ੂਰ ਸਾਹਿਬ (ਨਾਂਦੇੜ), ਤਖਤ ਸ੍ਰੀ ਪਟਨਾ ਸਾਹਿਬ (ਬਿਹਾਰ), ਵਾਰਾਣਸੀ, ਅਯੁੱਧਿਆ ਅਤੇ ਵਰਿੰਦਾਵਨ (ਉੱਤਰ ਪ੍ਰਦੇਸ), ਸ੍ਰੀ ਅਜਮੇਰ ਸ਼ਰੀਫ (ਰਾਜਸਥਾਨ) ਦੀ ਯਾਤਰਾ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਵੈਸ਼ਨੋ ਦੇਵੀ ਜੀ, ਮਾਤਾ ਜਵਾਲਾ ਜੀ ਆਦਿ ਅਸਥਾਨਾਂ ਦੀਆਂ ਯਾਤਰਾਵਾਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਉਨ੍ਹਾਂ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਜੋ ਬੁਢਾਪੇ ਜਾਂ ਆਰਥਿਕ ਤੰਗੀ ਕਾਰਨ ਪੰਜਾਬ ਅਤੇ ਭਾਰਤ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸਨਾਂ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਬਲਾਕ ਪ੍ਰਧਾਨ ਜਗਜੀਵਨ ਜੱਗੀ, ਡੀ.ਐਸ.ਪੀ ਟਾਂਡਾ ਕੁਲਵੰਤ ਸਿੰਘ, ਐਸ.ਐਮ.ਓ ਟਾਂਡਾ ਡਾ.ਕਰਨ ਕੁਮਾਰ ਸੈਣੀ, ਤਹਿਸੀਲਦਾਰ ਟਾਂਡਾ ਗੁਰਪ੍ਰੀਤ ਸਿੰਘ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਐਸ.ਐਚ.ਓ ਉਂਕਾਰ ਸਿੰਘ ਬਰਾੜ, ਕੁਲਦੀਪ ਸਿੰਘ, ਓਮ ਪ੍ਰਕਾਸ਼ ਭੱਟੀ, ਸੁਰਿੰਦਰ ਜਾਜਾ, ਸੁਖਵਿੰਦਰ ਸਿੰਘ ਅਰੋੜਾ, ਚੌਧਰੀ ਕਮਲ ਸਿੰਘ ਸੈਣੀ, ਡਾ. ਕਰਨ ਵਿਰਕ ਅਤਵਾਰ ਸਿੰਘ ਪਲਚਕ, ਗੁਰਦੀਪ ਸਿੰਘ ਹੈਪੀ, ਪ੍ਰੇਮ ਪਡਵਾਲ, ਰਾਜਨ ਸੋਧੀ, ਲੇਖਰਾਜ ਅਹੀਆਪੁਰ, ਪ੍ਰੇਮ ਜੈਨ, ਬਲਜੀਤ ਸਿੰਘ ਸੈਣੀ ,ਰਾਜਨ ਮਲਹੋਤਰਾ, ਹਰਵਿੰਦਰ ਕਲੋਟੀ,ਅਤੇ ਹੋਰ ਪਤਵੰਤੇ ਵੀ ਹਾਜਰ ਸਨ।



# ਸਰਕਾਰੀ ਕਰਮਚਾਰੀਆਂ ਦਾ ਚਾਰ ਫੀਸਦੀ ਡੀ ਏ ਵਧਾਉਣ ਦੀ ਨਿਖੇਧੀ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਸਿਰਫ 4% ਡੀ ਏ ਵਧਾਉਣ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਇਹ ਡੀਏ 1/7/2022 ਤੋਂ ਡਿਊ ਸੀ, ਪਰ ਇਸ ਨੂੰ 1/12/2023 ਤੋਂ ਲਾਗੂ ਕੀਤਾ ਗਿਆ ਹੈ ਜੋ ਕਿ ਕਰਮਚਾਰੀਆਂ ਨਾਲ ਸਰਾਸਰ ਧੱਕਾ ਹੈ।ਉਹਨਾਂ ਕਿਹਾ ਕਿ ਕਈ ਸੂਬਾ ਸਰਕਾਰਾਂ ਵੱਲੋਂ, (ਜਿਨ੍ਹਾਂ ਵਿੱਚ ਕੇਂਦਰ ਸਰਕਾਰ ਅਤੇ ਚੰਡੀਗੜ੍ਹ ਯੂਟੀ ਤੋਂ ਇਲਾਵਾ ਹਰਿਆਣਾ ਅਤੇ ਹਿਮਾਚਲ ਅਤੇ ਹੋਰ ਸੂਬਾ ਸਰਕਾਰਾਂ ਵੀ ਸ਼ਾਮਿਲ ਹਨ), ਕਰਮਚਾਰੀਆਂ ਨੂੰ 46 ਫੀਸਦੀ ਡੀਏ ਦਿੱਤਾ ਜਾ ਰਿਹਾ ਹੈ ਜਦੋਂ ਕੋਈ ਪੰਜਾਬ ਵੱਲੋਂ ਚਾਰ ਫੀਸਦੀ ਡੀਏ ਦੇ ਵਾਧੇ ਤੋਂ ਬਾਵਜੂਦ ਪੰਜਾਬ ਦੇ ਕਰਮਚਾਰੀਆਂ ਨੂੰ 38 ਫੀਸਦੀ ਡੀ ਏ ਹੀ ਮਿਲ ਰਿਹਾ ਹੈ ਜੋ ਕਿ ਇਹਨਾਂ ਸੂਬਿਆਂ ਨਾਲੋਂ ਕਿਤੇ ਘੱਟ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਸਰਕਾਰੀ ਕਰਮਚਾਰੀਆਂ ਤੋਂ 200 ਟੈਕਸ ਦੇ ਕੱਟ ਰਹੀ ਹੈ ਜੋ ਕਿ ਗੈਰ ਕਾਨੂੰਨੀ ਹੈ। ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਨੇ ਹਮੇਸ਼ਾ ਕਰਮਚਾਰੀਆਂ ਦੇ ਹਿੱਤਾਂ ਲਈ ਕੰਮ ਕੀਤਾ ਅਤੇ ਅੱਜ ਵੀ ਕਰਮਚਾਰੀ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀਆਂ ਕਰਮਚਾਰੀਆਂ ਪ੍ਰਤੀ ਨੇਕ ਨੀਤੀਆਂ ਨੂੰ ਯਾਦ ਕਰਦੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮਿਹਨਤਕਸ਼ ਲੋਕ ਆਮ ਆਦਮੀ ਪਾਰਟੀ ਦੀ ਇਸ ਫਜ਼ੂਲ ਖਰਚੀ ਦਾ ਬਦਲਾ ਲੋਕ ਸਭਾ ਚੋਣਾਂ ਵਿੱਚ ਲੈਣਗੇ।



# ਬਲਕਾਰ ਸਿੰਘ ਵੱਲੋਂ ਸੈਕਰਡ ਹਾਰਟ ਹਸਪਤਾਲ ਵਿਖੇ ਮੈਡੀਕਲ ਕੈਂਪ ਦਾ ਉਦਘਾਟਨ

**ਜਲੰਧਰ, (ਸ਼ੈਲੀ ਐਲਬਰਟ)**

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਵੱਲੋਂ ਸਥਾਨਕ ਸੈਕਰਡ ਹਾਰਟ ਹਸਪਤਾਲ ਵਿਖੇ ਮੁਫਤ ਮੈਡੀਕਲ ਕੈਂਪ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਹੈਲਥ ਕੇਅਰ ਨੂੰ ਹੁਲਾਰਾ ਦੇਣ ਲਈ ਸਰਕਾਰ ਵੱਲੋਂ 664 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਗਏ ਹਨ ਅਤੇ ਸੈਕੰਡਰੀ ਹੈਲਥ ਕੇਅਰ ਕੇਂਦਰਾਂ ਨੂੰ ਆਧੁਨਿਕ ਬਣਾਉਣ ਲਈ ਮਿਸ਼ਨ ਸਿਹਤਮੰਦ ਪੰਜਾਬ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ 'ਤੇ ਸਰਕਾਰ ਵੱਲੋਂ 550 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮਿਆਰੀ ਇਲਾਜ ਨੂੰ ਯਕੀਨੀ ਬਣਾਉਣ ਲਈ ਸਿਵਲ ਹਸਪਤਾਲਾਂ ਨੂੰ ਪ੍ਰਾਈਵੇਟ ਹਸਪਤਾਲਾਂ ਦੇ ਬਰਾਬਰ ਅਪਗ੍ਰੇਡ ਕੀਤਾ ਜਾਵੇਗਾ। ਉਪਰੰਤ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਸਮੂਹ ਲੋਕਾਂ ਨੂੰ ਕ੍ਰਿਸਮਸ ਦੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਕ੍ਰਿਸਮਿਸ ਦਾ ਤਿਉਹਾਰ ਸ਼ਾਂਤੀ, ਪਿਆਰ ਅਤੇ ਭਾਈਚਾਰੇ ਦਾ ਸੰਦੇਸ ਦਿੰਦਾ ਹੈ। ਉਨ੍ਹਾਂ ਕਾਮਨਾ ਕੀਤੀ ਕਿ ਪ੍ਰਭੂ ਯਿਸੂ ਮਸੀਹ ਸੂਬੇ ਦੇ ਲੋਕਾਂ ਨੂੰ ਖੁਸੀਆਂ ਅਤੇ ਸਫਲਤਾਵਾਂ ਬਖਸ਼ਣ। ਉਨ੍ਹਾਂ ਲੋਕਾਂ ਲਈ ਮੈਡੀਕਲ ਕੈਂਪ ਲਗਾਉਣ 'ਤੇ ਸੈਕਰਡ ਹਾਰਟ ਹਸਪਤਾਲ ਦੇ ਪ੍ਰਬੰਧਕਾਂ ਦੀ ਸ਼ਲਾਘਾ ਵੀ ਕੀਤੀ।



# ਨਵੇਂ ਭਰਤੀ ਕੀਤੇ ਸਕੂਲ ਲਾਇਬ੍ਰੇਰੀਅਨ ਦੋ ਮਹੀਨਿਆਂ ਤੋਂ ਤਨਖਾਹੋਂ ਵਾਂਝੇ

## ਐੱਨ ਐੱਸ ਕਿਊ ਐੱਫ ਅਧਿਆਪਕਾਂ, ਸਫਾਈ ਸੇਵਕ ਤੇ ਚੌਕੀਦਾਰਾਂ ਨੂੰ ਵੀ ਨਹੀਂ ਮਿਲ ਰਹੀਆਂ ਤਨਖਾਹਾਂ

**ਕੋਟਕਪੂਰਾ (ਰਛਪਾਲ ਭੁੱਲਰ)**

ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਪੰਜਾਬ ਰਾਜ ਦੇ ਬਹੁਤ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਕੂਲ ਲਾਇਬ੍ਰੇਰੀਅਨ ਭਰਤੀ ਕੀਤੇ ਗਏ ਹਨ ਤੇ ਇਨ੍ਹਾਂ ਕਰਮਚਾਰੀਆਂ ਨੂੰ ਅਜੇ ਤੱਕ ਪਹਿਲੀ ਤਨਖਾਹ ਵੀ ਨਸੀਬ ਨਹੀਂ ਹੋਈ ਤੇ ਇਹ ਮੁਲਾਜ਼ਮ ਪਿਛਲੇ ਦੋ ਮਹੀਨਿਆਂ ਤੋਂ ਤਨਖਾਹਾਂ ਤੋਂ ਵਾਂਝੇ ਹਨ। ਇਸ ਤਰ੍ਹਾਂ ਸਕੂਲਾਂ ਵਿੱਚ ਵੋਕੇਸ਼ਨਲ ਸਿੱਖਿਆ ਤਹਿਤ ਕੰਮ ਕਰ ਰਹੇ ਐੱਨ ਐੱਸ ਕਿਊ ਐੱਫ ਅਧਿਆਪਕ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਸਫਾਈ ਸੇਵਕ ਤੇ ਚੌਕੀਦਾਰ ਵੀ ਪਿਛਲੇ ਦੋ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਰਕੇ ਤੰਗੀਆਂ ਤੁਰਸ਼ੀਆਂ ਵਾਲਾ ਜੀਵਨ ਬਸਰ ਕਰ ਰਹੇ ਹਨ। ਇਨ੍ਹਾਂ ਸਭ ਨੂੰ ਜਲਦੀ ਤਨਖਾਹਾਂ ਦੇਣ ਦੀ ਮੰਗ ਕਰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਵਿੱਤ ਸਕੱਤਰ ਨਵੀਨ ਸੱਚਦੇਵਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਸੂਬਾ ਸਲਾਹਕਾਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਮਹੀਨਾ ਜੁਲਾਈ 2022 ਦੌਰਾਨ ਪੰਜਾਬ ਸਰਕਾਰ ਵੱਲੋਂ ਸਕੂਲ ਲਾਇਬ੍ਰੇਰੀਅਨ ਨੂੰ ਨਵੀਂ ਨਿਯੁਕਤੀ ਪੱਤਰ ਦੇ ਕੇ 5 ਅਗਸਤ 2022 ਨੂੰ ਸਟੇਸ਼ਨ ਚੋਣ ਕਰਵਾਈ ਗਈ ਸੀ ਤੇ ਬਾਅਦ ਵਿੱਚ ਇਹ ਮਾਮਲਾ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਜਾਣ ਕਰਕੇ ਲਗਭਗ ਇੱਕ ਸਾਲ ਬਾਅਦ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ



ਦੇ 4 ਅਕਤੂਬਰ 2023 ਨੂੰ ਜਾਰੀ ਕੀਤੇ ਗਏ ਅੰਤਰਿਮ ਹੁਕਮਾਂ ਉਪਰੰਤ ਹੀ ਨਵੀਂ ਨੌਕਰੀ ਨਸੀਬ ਹੋਈ ਸੀ। ਬੀਤੀ 13 ਅਕਤੂਬਰ 2023 ਨੂੰ ਡਾਇਰੈਕਟਰ ਸਕੂਲ ਸਿੱਖਿਆ ਸੈਕੰਡਰੀ ਪੰਜਾਬ ਦੇ ਹੁਕਮਾਂ ਰਾਹੀਂ ਸਬੰਧਤ ਸਕੂਲਾਂ ਵਿੱਚ ਨਵੀਆਂ ਅਸਾਮੀਆਂ ਦੀ ਰਚਨਾ ਕੀਤੀ ਗਈ ਸੀ। ਆਗੂਆਂ ਨੇ ਦੱਸਿਆ ਕਿ ਸਿੱਖਿਆ ਵਿਭਾਗ ਪੰਜਾਬ ਨੇ ਆਸਾਮੀਆਂ ਦੀ ਰਚਨਾ ਕਰਨ ਸਮੇਂ ਸਪੱਸ਼ਟ ਤੌਰ 'ਤੇ ਇਹ ਨਹੀਂ ਦੱਸਿਆ ਕਿ ਅਸਾਮੀ ਦੀ ਰਚਨਾ ਪਲਾਨ ਸਕੀਮ ਵਿੱਚ ਕੀਤੀ ਗਈ ਹੈ ਕਿ ਨਾਨ ਪਲਾਨ ਸਕੀਮ ਵਿੱਚ ਕੀਤੀ ਗਈ ਹੈ। ਆਸਾਮੀਆਂ ਦੀ ਰਚਨਾ ਸਬੰਧੀ ਸਥਿਤੀ ਸਪੱਸ਼ਟ ਨਾ ਹੋਣ ਕਾਰਨ ਪੰਜਾਬ ਰਾਜ ਦੇ ਸਮੂਹ ਖਜ਼ਾਨਾ ਦਫਤਰ ਇਨ੍ਹਾਂ ਕਰਮਚਾਰੀਆਂ ਦੇ ਤਨਖਾਹ ਬਿੱਲ ਲੈਣ ਤੇ ਪਾਸ ਕਰਨ ਤੋਂ ਇਨਕਾਰੀ ਹਨ। ਇਸ ਕਰਕੇ ਸਬੰਧਤ ਸਕੂਲ ਲਾਇਬ੍ਰੇਰੀਅਨ ਤੇ ਸਬੰਧਤ ਸਕੂਲਾਂ ਦੇ ਮੁਖੀ ਪ੍ਰੇਸ਼ਾਨੀ ਦੇ ਦੌਰ ਵਿੱਚੋਂ ਦੀ ਗੁਜ਼ਰ ਰਹੇ ਹਨ।

ਅਧਿਆਪਕ ਆਗੂਆਂ ਨੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਹੈ ਕਿ ਤੁਰੰਤ ਨਿੱਜੀ ਦਖਲ ਦੇ ਕੇ ਇਨ੍ਹਾਂ ਸਕੂਲ ਲਾਇਬ੍ਰੇਰੀਅਨ ਦੀਆਂ ਅਸਾਮੀਆਂ ਸਬੰਧੀ ਸਥਿਤੀ ਸਪੱਸ਼ਟ ਕਰਦੇ ਹੋਏ ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ, ਸਬੰਧਤ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਪੰਜਾਬ ਰਾਜ ਦੇ ਸਮੂਹ ਖਜ਼ਾਨਾ ਅਫਸਰਾਂ ਨੂੰ ਨਵੀਆਂ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਤਨਖਾਹਾਂ ਤੋਂ ਵਾਂਝੇ ਸਬੰਧਤ ਸਕੂਲ ਲਾਇਬ੍ਰੇਰੀਅਨ ਨੂੰ ਜਲਦੀ ਤਨਖਾਹਾਂ ਮਿਲ ਸਕਣ। ਇਸੇ ਤਰ੍ਹਾਂ ਪੰਜਾਬ ਰਾਜ ਦੇ ਸਮੂਹ ਐੱਨ ਐੱਸ ਕਿਊ ਐੱਫ ਅਧਿਆਪਕਾਂ, ਸਫਾਈ ਸੇਵਕਾਂ ਤੇ ਚੌਕੀਦਾਰਾਂ ਦੀਆਂ ਰੁਕੀਆਂ ਤਨਖਾਹਾਂ ਵੀ ਤੁਰੰਤ ਜਾਰੀ ਕੀਤੀਆਂ ਜਾਣ।

## ਸਰਕਾਰ ਲੋਕਾਂ ਦੀਆਂ ਬਰੂਹਾਂ 'ਤੇ ਸਮੱਸਿਆਵਾਂ ਦੇ ਹੱਲ ਲਈ ਤਤਪਰ : ਗੋਲਡੀ ਮੁਸਾਫਿਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਯਤਨਸ਼ੀਲ ਹੈ। ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ, ਜੋ ਵਚਨਬਧਤਾ ਨਿਭਾਈ ਗਈ ਸੀ, ਉਨ੍ਹਾਂ ਨੂੰ ਹਰ ਹੀਲੇ ਪੂਰਾ ਕਰਨ ਲਈ ਹੰਭਲੇ ਮਾਰੇ ਜਾ ਰਹੇ ਹਨ। ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪਿੰਡ-ਪਿੰਡ ਜਾ ਕੇ ਜਣ ਸੁਣਵਾਈ ਕੀਤੀ ਜਾ ਰਹੀ ਹੈ। ਪਿੰਡ ਬਹਾਦਰ ਖੇੜਾ ਵਿਖੇ ਜਨ ਸੁਣਵਾਈ ਕਰਦਿਆਂ ਹਲਕਾ ਬਲੂਆਣਾ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਬਰੂਹਾਂ 'ਤੇ ਸਮੱਸਿਆਵਾਂ ਦਾ ਹੱਲ ਕਰਨ ਲਈ ਤੱਤਪਰ ਹੈ। ਉਨ੍ਹਾ ਕਿਹਾ ਕਿ ਚੋਣਾਂ ਸਮੇਂ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਤਹਿਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਸਰਕਾਰ ਵੱਲੋਂ ਕੀਤੇ ਗਏ ਵਾਅਦਿਆਂ ਨੂੰ ਨਿਰੰਤਰ ਪੂਰਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਕੀਤੇ ਜਾ ਰਹੇ ਹਨ। ਇਸ ਮੌਕੇ ਉਨ੍ਹਾ ਵੱਲੋਂ ਪਿੰਡ ਬਹਾਦਰ ਖੇੜਾ ਲਈ 26 ਲੱਖ 31 ਹਜ਼ਾਰ ਰੁਪਏ ਦੀ ਗਰਾਂਟ ਜਾਰੀ ਕਰਕੇ ਵੱਖ-ਵੱਖ ਵਿਕਾਸ ਕਾਰਜਾਂ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡ ਵਾਸੀਆਂ ਨੂੰ ਵਿਕਾਸ ਕਾਰਜਾਂ ਦੀ ਸੌਗਾਤ ਦੇ ਰਹੀ ਹੈ, ਜਿਸ ਨਾਲ ਪਿੰਡਾਂ ਦੀ ਨੁਹਾਰ ਬਦਲ ਰਹੀ ਹੈ ਤੇ ਪਿੰਡ ਵੀ ਸ਼ਹਿਰਾਂ ਵਾਂਗ ਵਿਕਾਸ ਦੀਆਂ ਲੀਹਾਂ ਵੱਲ ਚੱਲ ਪਏ ਹਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅੰਗਰੇਜ ਸਿੰਘ ਬਰਾੜ, ਬਲਾਕ ਪ੍ਰਧਾਨ ਜਸਵਿੰਦਰ ਸਿੰਘ, ਸ਼ਿਵਰਾਜ ਸਿੰਘ, ਧਰਮਵੀਰ ਗੋਦਾਰਾ ਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਮੌਜੂਦ ਸੀ।

# ਅਕਵਾਇਰ ਕੀਤੀ ਜ਼ਮੀਨ ਦੇ ਮੁਆਵਜ਼ੇ ਲਈ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ : ਆਗੂ

**ਮੋਗਾ (ਅਮਰਜੀਤ ਬੱਬਰੀ)**-ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਤੇ ਬਲਾਕ ਪ੍ਰਧਾਨ ਸਾਰਜ ਸਿੰਘ ਦੀ ਅਗਵਾਈ ਹੇਠ ਧਰਮਕੋਟ ਦੇ ਪਾਰਕ ਵਿੱਚ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਉਪਰੰਤ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਸਾਫੂਵਾਲਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੋਗਾ ਜ਼ਿਲ੍ਹੇ ਅਧੀਨ ਪੈਂਦੇ ਬਲਾਕ ਧਰਮਕੋਟ ਦੇ ਪਿੰਡ ਪੰਡੋਰੀ ਆਰਾਈਆਂ ਦੇ ਕਿਸਾਨ ਕੁਲਜੀਤ ਸਿੰਘ ਪੁੱਤਰ ਰਾਜਿੰਦਰ ਸਿੰਘ ਦੀ ਜ਼ਮੀਨ ਜਲੰਧਰ-ਬਰਨਾਲਾ ਐੱਨ ਐੱਚ 71 ਵਿੱਚ ਆਉਣ ਕਰਕੇ ਅਕਵਾਇਰ ਹੋਈ ਜ਼ਮੀਨ ਵਿੱਚੋਂ ਤਕਰੀਬਨ 2 ਕਨਾਲ ਜ਼ਮੀਨ ਦੀ ਬਣਦੀ ਕੀਮਤ ਤਕਰੀਬਨ 1737000, ਜੋ ਸੜਕ ਮਹਿਕਮੇ ਤੇ ਸਿਵਲ ਪ੍ਰਸ਼ਾਸਨ ਦੀ ਮਿਲੀ ਭੁਗਤ ਹੋਣ ਕਰਕੇ ਖੁਰਦ ਬੁਰਦ ਕਰ ਦਿੱਤੀ ਗਈ ਹੈ, ਜਿਸ ਸੰਬੰਧ ਵਿੱਚ ਐੱਸ ਡੀ ਐੱਮ ਧਰਮਕੋਟ ਤੇ ਡੀ ਸੀ ਮੋਗਾ ਨੂੰ ਲਿਖਤੀ ਰੂਪ ਵਿੱਚ ਦਰਖਾਸਤ ਰਾਹੀਂ ਇਹ ਮਾਮਲਾ ਧਿਆਨ ਵਿੱਚ ਲਿਆਂਦਾ ਗਿਆ, ਪ੍ਰੰਤੂ ਸਿਵਲ ਪ੍ਰਸ਼ਾਸਨ ਦੇ ਕਿਸੇ ਵੀ ਅਧਿਕਾਰੀ



ਨੇ ਕੋਈ ਵੀ ਕਾਰਵਾਈ ਨਹੀਂ ਕੀਤੀ ਅਤੇ ਨਾ ਹੀ ਕੁਲਜੀਤ ਸਿੰਘ ਦੀ ਅਕਵਾਇਰ ਕੀਤੀ ਜ਼ਮੀਨ ਦਾ ਬਣਦਾ ਹੱਕ ਦਿੱਤਾ ਅਤੇ ਨਾ ਹੀ ਕੋਈ ਇਨਸਾਫ ਮਿਲਿਆ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜਿੰਨਾ ਚਿਰ ਰੋਡ ਮਹਿਕਮਾ ਤੇ ਸਿਵਲ ਪ੍ਰਸ਼ਾਸਨ ਕੁਲਜੀਤ ਸਿੰਘ ਨੂੰ ਅਕਵਾਇਰ ਕੀਤੀ ਗਈ ਜ਼ਮੀਨ ਦਾ ਬਣਦਾ ਹੱਕ ਨਹੀਂ ਦਿੱਤਾ ਜਾਂਦਾ, ਓਨਾ ਚਿਰ ਸੰਘਰਸ਼ ਨੂੰ ਤਿੱਖਿਆ ਕੀਤਾ ਜਾਵੇਗਾ ਅਤੇ ਆਉਂਦੀ 10 ਜਨਵਰੀ 2024 ਨੂੰ ਐੱਸ ਡੀ ਐੱਮ ਦਫ਼ਤਰ ਧਰਮਕੋਟ ਵਿਖੇ ਇੱਕ ਰੋਜ਼ਾ ਧਰਨਾ ਲਗਾਇਆ ਜਾਵੇਗਾ।ਮੀਟਿੰਗ ਵਿੱਚ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ ਪੁਰਾਣੇ ਵਾਲਾ, ਸ਼ਹਿਰੀ ਪ੍ਰਧਾਨ ਕਮਲਜੀਤ ਸਿੰਘ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ, ਪ੍ਰੈੱਸ ਸਕੱਤਰ ਜਸਮੇਲ ਸਿੰਘ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਚੀਮਾ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਬਿੰਦਾ ਪੁਰਾਣੇਵਾਲਾ, ਹਰਮਨਪ੍ਰੀਤ ਸਿੰਘ ਕੰਗ ਯੂਥ ਪ੍ਰਧਾਨ, ਸ਼ਹਿਰੀ ਸੈਕਟਰੀ ਜਸਬੀਰ ਸਿੰਘ, ਲਖਵਿੰਦਰ ਸਿੰਘ ਭੈਣੀ ਇਕਾਈ ਪ੍ਰਧਾਨ, ਸੁਰਜੀਤ ਸਿੰਘ ਬਲਾਕ ਮੀਤ ਪ੍ਰਧਾਨ, ਗੁਰਭੇਜ ਸਿੰਘ ਇਕਾਈ ਪ੍ਰਧਾਨ, ਕੁਲਦੀਪ ਸਿੰਘ ਸ਼ਾਹ, ਪਰਦੀਪ ਸਿੰਘ ਯੂਥ ਇਕਾਈ ਪ੍ਰਧਾਨ ਭੈਣੀ, ਹਰਬੰਸ ਸਿੰਘ ਚੌਧਰੀ ਵਾਲ, ਅਮਰਸੁਰਜੀਤ ਮੈਨੀ ਨੂਰਪੁਰਾ, ਭੋਲਾ ਸਿੰਘ ਰਾਓਵਾਲ, ਜਗਰੂਪ ਸਿੰਘ ਰਾਓਵਾਲ ਆਦਿ ਹਾਜ਼ਰ ਸਨ।

## ਕਾਤਰਾਂ

### ਬੀ ਪੀ ਈ ਓ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ ਅੱਜ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਤੇ 6505 ਅਧਿਆਪਕ ਜਥੇਬੰਦੀ ਬਲਾਕ ਚੀਮਾ ਵੱਲੋਂ ਬਲਾਕ ਚੀਮਾ ਦੇ ਪ੍ਰਾਇਮਰੀ ਅਧਿਆਪਕਾਂ ਦੀਆਂ ਮੰਗਾਂ ਨਾ ਮੰਨਣ ਦੇ ਰੋਸ ਵਜੋਂ ਬੀ.ਪੀ.ਈ.ਓ. ਚੀਮਾ ਦੇ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ, ਜੋ ਜਥੇਬੰਦੀਆਂ ਵੱਲੋਂ ਮਨਿਸਟਰੀਅਲ ਕਾਮਿਆਂ ਦੀ ਹੜਤਾਲ ਕਾਰਨ ਮੁਲਤਵੀ ਕਰ ਦਿੱਤਾ ਸੀ, ਹੁਣ 22 ਦਸੰਬਰ ਨੂੰ ਕਰਨ ਦਾ ਐਲਾਨ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਬਲਾਕ ਚੀਮਾ ਦੇ ਪ੍ਰਧਾਨ ਜਸਬੀਰ ਨਮੋਲ ਤੇ ਸੰਸਾਰ ਸਿੰਘ ਨੇ ਦੱਸਿਆ ਕਿ ਜਥੇਬੰਦੀਆਂ ਵੱਲੋਂ ਦੋ ਸਾਲਾਂ ਤੋਂ ਬਲਾਕ ਦੇ ਅਧਿਆਪਕਾਂ ਨੂੰ ਜੁਲਾਈ 2021 ਤੋਂ ਨਵੰਬਰ 2021 ਤੱਕ ਦਾ ਪੇ ਕਮਿਸ਼ਨ ਦਾ ਘੱਟ ਮਿਲਿਆ ਬਕਾਇਆ ਸਹੀ ਕਰਕੇ ਪਾਉਣ ਦੀ ਮੰਗ ਕੀਤੀ ਜਾ ਰਹੀ ਹੈ, ਪ੍ਰੰਤੂ ਇਸ ਅਧਿਕਾਰੀ ਵੱਲੋਂ ਇਸ ਮੰਗ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਆਗੂਆਂ ਨੇ ਕਿਹਾ ਕਿ ਜੇਕਰ ਰੋਸ ਪ੍ਰਦਰਸ਼ਨ ਤੋਂ ਬਾਅਦ ਵੀ ਅਧਿਆਪਕਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਤਾਂ ਜਥੇਬੰਦੀਆਂ ਹੋਰ ਕਰੜੇ ਐਕਸ਼ਨ ਕਰਨ ਤੇ ਉੱਚ ਅਧਿਕਾਰੀਆਂ ਤੱਕ ਪਹੁੰਚ ਕਰਨ ਲਈ ਮਜਬੂਰ ਹੋਣਗੀਆਂ।

### ਹਨੀ ਫ਼ੱਤਣਵਾਲਾ ਨੇ ਰੌਬੀ ਬਰਾੜ ਦਾ ਹਾਲਚਾਲ ਪੁੱਛਿਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੌਮੀ ਜਨਰਲ ਸਕੱਤਰ ਤੇ ਮਾਰਕਿਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਹਨੀ ਫ਼ੱਤਣਵਾਲਾ ਨੇ ਸਥਾਨਕ ਦਿੱਲੀ ਹਸਪਤਾਲ ਵਿਖੇ ਪਹੁੰਚ ਕੇ ਨੌਜਵਾਨ ਆਗੂ



ਹਰਪ੍ਰੀਤ ਸਿੰਘ ਰੌਬੀ ਬਰਾੜ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।ਰੌਬੀ ਬਰਾੜ ਗੁਰਦੇ ਦੇ ਆਪ੍ਰੇਸ਼ਨ ਉਪਰੰਤ ਜ਼ੇਰੇ ਇਲਾਜ ਹਨ।ਇਸ ਮੌਕੇ ਉਪਿੰਦਰਪਾਲ ਸਿੰਘ ਬਰਾੜ, ਸ਼ਮਿੰਦਰ ਸਿੰਘ ਸੰਧੂ, ਜੈਰਾਜ ਸਿੰਘ ਬਰਾੜ, ਇਕਬਾਲ ਸਿੰਘ ਸੰਗੂਧੌਣ ਆਦਿ ਹਾਜ਼ਰ ਸਨ।

### ਸੁਵਿਧਾ ਕੈਂਪ ਅੱਜ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਕਿਹਾ ਕਿ ਲੋਕਾਂ ਨੂੰ ਸਰਕਾਰ ਦੀਆਂ ਯੋਜਨਾਵਾਂ ਤੇ ਸਕੀਮਾਂ ਦਾ ਲਾਹਾ ਸੁਖਾਵੇਂ ਮਾਹੌਲ ਵਿੱਚ ਪਹੁੰਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਲਗਾਤਾਰ ਕੈਂਪ ਲਗਾ ਰਿਹਾ ਹੈ।ਵੱਖ-ਵੱਖ ਵਿਭਾਗਾਂ ਵੱਲੋਂ ਇੱਕ ਛੱਤ ਹੇਠ ਬੈਠ ਕੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਸਕੀਮਾਂ ਸਬੰਧੀ ਜਾਣਕਾਰੀ ਦੇਣ ਦੇ ਨਾਲ-ਨਾਲ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਵੱਲੋਂ 22 ਦਸੰਬਰ ਨੂੰ ਦਫਤਰ ਉਪ ਮੰਡਲ ਮੈਜਿਸਟਰੇਟ ਜਲਾਲਾਬਾਦ ਵਿਖੇ ਸੁਵਿਧਾ ਕੈਂਪ ਲਗਾਇਆ ਜਾ ਰਿਹਾ ਹੈ।ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਵਜੇ ਤੱਕ ਲਗਾਇਆ ਜਾਵੇਗਾ।ਇਸ ਮੌਕੇ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਰੂਰਲ ਏਰੀਆ ਸਰਟੀਫਿਕੇਟ, ਬਾਰਡਰ ਏਰੀਆ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਭਾਰ ਮੁਕਤ ਸਰਟੀਫਿਕੇਟ, ਪੈਨਸ਼ਨ, ਮਾਲ ਵਿਭਾਗ ਤੇ ਅਧਾਰ ਕਾਰਡ ਨਾਲ ਸਬੰਧਤ ਕੰਮ ਕੀਤੇ ਜਾਣਗੇ।

### ਚਾਰ ਰੋਜ਼ਾ ਪਟਿਆਲਾ ਸੰਗੀਤ ਸਮਾਰੋਹ ਅੱਜ ਤੋਂ

**ਪਟਿਆਲਾ (ਪੱਤਰ ਪ੍ਰੇਰਕ)**-ਨਾਰਥ ਜ਼ੋਨ ਕਲਚਰਲ ਸੈਂਟਰ ਪਟਿਆਲਾ ਵੱਲੋਂ ਪਟਿਆਲਾ ਘਰਾਣੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਮੁੜ ਸੁਰਜੀਤ ਕਰਨ ਤੇ ਅੱਗੇ ਲਿਜਾਣ ਲਈ ਚਾਰ ਰੋਜ਼ਾ ਸ਼ਾਸਤਰੀ ਸੰਗੀਤ ਉਤਸਵ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੀ ਸ਼ੁਰੂਆਤ 22 ਦਸੰਬਰ ਸ਼ਾਮ ਨੂੰ 6 ਵਜੇ ਕਾਲੀਦਾਸ ਆਡੀਟੋਰੀਅਮ ਵਿੱਚ ਹੋਵੇਗੀ। ਜਸ਼ਨ ਦੇ ਪਹਿਲੇ ਦਿਨ ਦੀ ਸ਼ੁਰੂਆਤ ਮੌਕੇ ਪਟਿਆਲਾ ਦੇ ਪ੍ਰੋਫੈਸਰ ਅਮਨਦੀਪ ਸਿੰਘ "ਦਿਲਰੁਬਾ" ਸਾਜ਼ ਦੀਆਂ ਸੰਗੀਤਕ ਤਰੰਗਾਂ ਨਾਲ ਸਰੋਤਿਆਂ ਨੂੰ ਮੰਤਰ ਮੁਗਧ ਕਰਨਗੇ ਤੇ ਪਟਿਆਲਾ ਘਰਾਣੇ ਦੀ ਗਾਇਕਾ ਅੰਜਨਾ ਨਾਥ ਆਪਣੀ ਗਾਇਕੀ ਨਾਲ ਪਟਿਆਲਾ ਵਾਸੀਆਂ ਨੂੰ ਆਪਣੇ ਵਿਰਸੇ 'ਤੇ ਮਾਣ ਕਰਨ ਦਾ ਮੌਕਾ ਪ੍ਰਦਾਨ ਕਰੇਗੀ। ਸਾਸਤਰੀ ਸੰਗੀਤ ਨੂੰ ਸਮਰਪਿਤ ਇਹ ਚਾਰ ਰੋਜ਼ਾ ਸਮਾਰੋਹ 25 ਦਸੰਬਰ ਤੱਕ ਚੱਲੇਗਾ ਤੇ ਸ਼ੁੱਕਰਵਾਰ ਨੂੰ ਪੰਜਾਬ ਸਰਕਾਰ ਦੇ ਸੈਰ-ਸਪਾਟਾ ਤੇ ਸੱਭਿਆਚਾਰ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਇਸ ਦਾ ਉਦਘਾਟਨ ਕੀਤਾ ਜਾਵੇਗਾ। ਸਮਾਗਮ ਸ਼ਾਮ 6 ਵਜੇ ਸ਼ੁਰੂ ਹੋਵੇਗਾ। ਉੱਤਰੀ ਜ਼ੋਨ ਕਲਚਰਲ ਸੈਂਟਰ ਦੇ ਡਾਇਰੈਕਟਰ ਨੇ ਦੱਸਿਆ ਕਿ ਸਮਾਗਮ ਵਿੱਚ ਦਾਖਲਾ ਮੁਫ਼ਤ ਹੈ ਤੇ ਪ੍ਰੋਗਰਾਮ ਸਮੇਂ ਸਿਰ ਸ਼ੁਰੂ ਹੋਵੇਗਾ। ਇਸ ਲਈ ਦਰਸ਼ਕ ਸਮੇਂ ਸਿਰ ਹਾਜ਼ਰ ਹੋ ਕੇ ਪ੍ਰੋਗਰਾਮ ਦਾ ਭਰਪੂਰ ਆਨੰਦ ਲੈਣ।

# ਦੇਧਨਾ ਕਬੱਡੀ ਕੱਪ ਦਾ ਪੋਸਟਰ ਰਿਲੀਜ਼

## ਬੈੱਸਟ ਰੇਡਰ ਤੇ ਜਾਫੀ ਨੂੰ ਮਿਲਣਗੀਆਂ ਥਾਰ ਗੱਡੀਆਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੰਜਾਬ ਵਿੱਚ ਹਰ ਸਾਲ ਹੋਣ ਵਾਲੇ ਪ੍ਰਮੁੱਖ ਕਬੱਡੀ ਕੱਪਾਂ ਵਿੱਚੋਂ ਇੱਕ ਜ਼ਿਲ੍ਹਾ ਪਟਿਆਲਾ ਦੇ ਪਿੰਡ ਦੇਧਨਾ ਵਿਖੇ ਹਰ ਸਾਲ ਹੋਣ ਵਾਲੇ ਕਬੱਡੀ ਕੱਪ ਦਾ ਪੋਸਟਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਧਰਮ ਪਤਨੀ ਡਾਕਟਰ ਗੁਰਪ੍ਰੀਤ ਕੌਰ ਮਾਨ ਨੇ ਜਾਰੀ ਕੀਤਾ। ਕਬੱਡੀ ਕੱਪ ਦਾ ਪੋਸਟਰ ਰਿਲੀਜ਼ ਕਰਨ ਮੌਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ, ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਤੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇ ਮਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਪ੍ਰਸਿੱਧ ਕਬੱਡੀ ਪ੍ਰਮੋਟਰ ਤੇ ਲੋਕ ਸਭਾ ਹਲਕਾ ਪਟਿਆਲਾ ਤੋਂ ਸੀਨੀਅਰ ਆਪ ਆਗੂ ਦਲਬੀਰ ਸਿੰਘ ਗਿੱਲ ਯੂ ਕੇ ਦੀ ਅਗਵਾਈ ਵਿੱਚ ਹਰ ਸਾਲ ਹੋਣ ਵਾਲਾ ਦੇਧਨਾ ਦਾ ਕਬੱਡੀ ਕੱਪ 21 ਤੇ 22 ਫਰਵਰੀ 2024 ਨੂੰ ਕਰਵਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਇਸ ਕਬੱਡੀ ਟੂਰਨਾਮੈਂਟ ਵਿੱਚ ਬੈਸਟ ਰੇਡਰ ਤੇ ਜਾਫੀ ਨੂੰ ਇਸ ਵਾਰ ਪ੍ਰਬੰਧਕਾਂ ਵੱਲੋਂ ਥਾਰ ਗੱਡੀਆਂ ਦਿੱਤੇ ਜਾਣ ਦਾ ਐਲਾਨ ਕੀਤੇ ਜਾਣ ਨਾਲ ਕਬੱਡੀ ਪ੍ਰਸੰਸਕਾਂ ਵਿੱਚ ਕੱਪ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪੋਸਟਰ ਜਾਰੀ ਕਰਨ ਉਪਰੰਤ ਡਾਕਟਰ ਗੁਰਪ੍ਰੀਤ ਕੌਰ ਨੇ ਕਿਹਾ ਕਿ ਖੇਡ ਮੇਲੇ ਪੰਜਾਬ ਦੀ ਜਾਨ ਹਨ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਵਿੱਚ ਖੇਡ ਮੇਲਿਆਂ ਦਾ ਪ੍ਰਮੁੱਖ ਰੋਲ ਹੈ।

## ਰਾਸ਼ਟਰੀ ਤੀਰਅੰਦਾਜ਼ੀ ਮੁਕਾਬਲੇ 'ਚ ਆਲੀਸ਼ਾ ਨੇ ਮਾਰੀ ਬਾਜ਼ੀ




**ਬਰੇਟਾ (ਰੀਤਵਾਲ)**-ਸਕੂਲ ਗੇਮਜ਼ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਰਾਸ਼ਟਰੀ ਪੱਧਰ 'ਤੇ ਕਰਵਾਏ ਗਏ ਤੀਰ ਅੰਦਾਜ਼ੀ ਦੇ ਮੁਕਾਬਲੇ 'ਚ ਗਰੀਨਲੈਂਡ ਸਕੂਲ ਦੀ ਵਿਦਿਆਰਥਣ ਆਲਿਸ਼ਾ ਨੇ ਪੰਜਾਬ ਸਟੇਟ ਵੱਲੋਂ ਇਸ ਪ੍ਰਤੀਯੋਗਤਾ ਵਿੱਚ ਭਾਗ ਲੈਂਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪ੍ਰਿੰਸੀਪਲ ਉਰਮਿਲ ਜੈਨ ਨੇ ਦੱਸਿਆ ਕਿ ਗੁਜਰਾਤ ਵਿਖੇ ਹੋ ਰਹੀਆਂ ਰਾਸ਼ਟਰੀ ਪੱਧਰੀ ਮੁਕਾਬਲਿਆਂ 'ਚ ਪੰਜਾਬ ਸਮੇਤ 18 ਟੀਮਾਂ ਨੇ ਭਾਗ ਲਿਆ। ਇਨ੍ਹਾਂ ਖੇਡਾਂ 'ਚ ਸਕੂਲ ਦੀ ਵਿਦਿਆਰਥਣ ਅਲੀਸ਼ਾ ਦਾ ਪ੍ਰਦਰਸ਼ਨ ਚੰਗਾ ਰਿਹਾ। ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਸਕੂਲ ਚੇਅਰਪਰਸਨ ਮੰਜੂ ਬਾਂਸਲ, ਵਾਇਸ ਪ੍ਰਿੰਸੀਪਲ ਨੀਰਜ ਵਰਮਾ ਵੱਲੋਂ ਅਲੀਸ਼ਾ ਤੇ ਕੋਚ ਸੁਮਨ ਬਾਲਾ ਦੀ ਹੌਸਲਾ ਅਫਜ਼ਾਈ ਕਰਦਿਆਂ ਵਧਾਈ ਦਿੱਤੀ। ਪ੍ਰਿੰਸੀਪਲ ਨੇ ਅਲੀਸ਼ਾ ਨੂੰ ਭਵਿੱਖ ਵਿੱਚ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਵੀ ਕੀਤਾ।

## ਬੀ ਕੇ ਯੂ ਕਾਦੀਆਂ ਬਲਾਕ ਬੁਢਲਾਡਾ ਦੀ ਮੀਟਿੰਗ

**ਬੁਢਲਾਡਾ (ਅਸ਼ੋਕ ਲਾਕੜਾ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਬੁਢਲਾਡਾ ਦੀ ਇੱਕ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਮਹਿੰਦਰ ਸਿੰਘ ਗੜ੍ਹੱਦੀ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਕੀਤੀ ਗਈ। ਇਸ ਸਮੇਂ ਸੂਬਾ ਅੰਤਰਿੰਗ ਕਮੇਟੀ ਦੇ ਚੇਅਰਮੈਨ ਕੁਲਦੀਪ ਸਿੰਘ ਚੱਕ ਭਾਈਕੇ ਤੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਗਾਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਬਲਾਕ ਸਕੱਤਰ ਜਰਨਲ ਹਰਦੀਪ ਸਿੰਘ ਚੱਕ ਭਾਈਕੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖੇਤੀ ਮੋਟਰਾਂ ਤੋਂ ਵਾਂਝੇ ਕਿਸਾਨਾਂ ਨੂੰ ਮੋਟਰਾਂ ਦੇ ਕੁਨੈਕਸ਼ਨ ਦਿੱਤੇ ਜਾਣ ਤੇ ਇਸ ਤੋਂ ਇਲਾਵਾ ਸੋਲਰ ਸਿਸਟਮ ਰਾਹੀਂ ਖੇਤੀ ਮੋਟਰਾਂ ਚਲਾਉਣ ਲਈ ਪੰਜਾਬ ਸਰਕਾਰ ਵੱਲੋਂ ਹਰਿਆਣਾ ਸਰਕਾਰ ਵਾਂਗ ਸਬਸਿਡੀ ਦੇ ਕੇ ਛੋਟੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ। ਇੱਕ ਵਿਸ਼ੇਸ਼ ਮਤੇ ਰਾਹੀਂ ਫੈਸਲਾ ਕੀਤਾ ਗਿਆ ਕਿ ਪਿੰਡਾਂ ਅੰਦਰ ਕਿਸਾਨਾਂ ਨੂੰ ਲਾਮਬੰਦ ਕਰਕੇ ਨਵੀਆਂ ਕਮੇਟੀਆਂ ਦਾ ਗਠਨ ਤੇ ਪੁਰਾਣੀਆਂ ਕਮੇਟੀਆਂ ਦਾ ਪੁਨਰਗਠਨ ਕੀਤਾ ਜਾਵੇ। ਮੀਟਿੰਗ ਦੌਰਾਨ ਮਹਿੰਦਰ ਸਿੰਘ ਦਲੇਲ ਸਿੰਘ ਵਾਲਾ, ਅਵੀ ਮੌੜ, ਸ਼ਿੰਗਾਰਾ ਸਿੰਘ ਦੋਦੜਾ, ਗੁਰਜੰਟ ਸਿੰਘ ਤੇ ਮਹਿੰਦਰ ਸਿੰਘ ਸਤੀਕੇ, ਲਛਮਣ ਸਿੰਘ ਤੇ ਬਿੱਕਰ ਸਿੰਘ ਦੋਦੜਾ, ਨਛੱਤਰ ਸਿੰਘ ਤੇ ਬੰਤ ਸਿੰਘ ਗੜ੍ਹੱਦੀ, ਗੁਰਤੇਜ ਸਿੰਘ, ਸੁਖਦੇਵ ਸਿੰਘ ਤੇ ਭੋਲਾ ਸਿੰਘ ਮੱਲ ਸਿੰਘ ਵਾਲਾ, ਗੁਰਮੀਤ ਸਿੰਘ, ਜਗਜੀਤ ਸਿੰਘ ਜੱਗਾ ਤੇ ਨਿਰਮਲਜੀਤ ਸਿੰਘ ਫੌਜੀ ਨੰਬਰਦਾਰ ਸਮੇਤ ਦਰਜਨਾਂ ਕਿਸਾਨਾਂ ਨੇ ਭਾਗ ਲਿਆ।



# 35 ਲੋਕਾਂ ਨੇ ਅਕਾਲੀ ਦਲ ਨੂੰ ਛੱਡ 'ਆਪ' ਦਾ ਝਾੜੂ ਫੜਿਆ

## ਹਲਕਾ ਵਿਧਾਇਕ ਰਜਨੀਸ਼ ਦਹੀਆ ਨੇ ਕੀਤਾ ਸਵਾਗਤ

**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਨਗਰ ਪੰਚਾਇਤ ਮਮਦੋਟ ਦੇ ਵਾਰਡ ਨੰਬਰ 5 ਵਿੱਚ ਉਸ ਵੇਲੇ 'ਆਪ' ਨੂੰ ਹੋਰ ਮਜ਼ਬੂਤੀ ਮਿਲੀ, ਜਦੋਂ ਪੱਤਰਕਾਰ ਸੰਦੀਪ ਸਿੰਘ ਸੋਨੀ ਦੀ ਅਗਵਾਈ ਹੇਠ 'ਆਪ' ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਲਾ ਸਿੰਘ, ਡਾ. ਗੁਰਨਾਮ ਸਿੰਘ ਘੋੜੇਚੱਕ ਚੌਕ ਸਮੇਤ 35 ਲੋਕ ਅਕਾਲੀ ਦਲ ਨੂੰ ਛੱਡ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਸਵਾਗਤ ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਨੇ ਗਲ ਵਿੱਚ ਪਾਰਟੀ ਦੇ ਚਿੰਨ੍ਹ ਵਾਲੇ ਸਿਰੋਪੇ ਪਾ ਕੇ ਕੀਤਾ। ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ, ਸੀਨੀਅਰ ਆਪ ਆਗੂ ਬਲਰਾਜ ਸਿੰਘ ਸੰਧੂ, ਉਪ ਪ੍ਰਧਾਨ ਦਲਜੀਤ ਸਿੰਘ ਬਾਬਾ, ਐੱਮ ਸੀ ਸੋਨੂੰ ਸੇਠੀ, ਮੇਜਰ ਸਿੰਘ ਬੁਰਜੀ, ਯੂਥ ਆਪ ਆਗੂ ਬਲਵਿੰਦਰ ਸਿੰਘ ਲੱਡੂ ਹਜਾਰਾ, ਰੌਬੀ ਸੰਧੂ ਪੀ ਏ, ਸ਼ਾਮ ਸਿੰਘ ਮੁੱਦਕਾ, ਜਗਜੀਤ ਸਿੰਘ ਜੀਤਾ ਟਿੱਬੀ, ਬਲਾਕ ਪ੍ਰਧਾਨ ਬਗੀਚਾ ਸਿੰਘ, ਬਲਾਕ ਪ੍ਰਧਾਨ ਬਲਵੀਰ ਸਿੰਘ, ਬਲਾਕ ਪ੍ਰਧਾਨ ਬਲਵਿੰਦਰ ਸਿੰਘ, ਬਲਾਕ ਪ੍ਰਧਾਨ ਗੁਰਨਾਮ ਸਿੰਘ, ਰਜਵੰਤ ਸਿੰਘ ਸੋਢੀ, ਹਕੀਮ ਬਲਵੀਰ ਸਿੰਘ ਜੱਲੋ ਕੇ, ਸਰਪੰਚ ਗੁਰਮੁੱਖ ਸਿੰਘ ਰਾਉਕੇ, ਸਾਬਕਾ ਐੱਮ ਸੀ ਸ਼ਿੰਗਾਰਾ ਸਿੰਘ, ਡਾ. ਦਲਜੀਤ ਸਿੰਘ ਜੋਸਨ, ਮਾਸਟਰ ਹਰਜਿੰਦਰ ਸਿੰਘ ਹਜਾਰਾ, ਪਰਮਜੀਤ ਸਿੰਘ ਨਿਹਾਲਾ ਕਿਲਚਾ, ਕ੍ਰਿਸ਼ਨ ਸਿੰਘ ਕਾਲੂ ਅਰਾਈ ਹਿਠਾੜ, ਅਵਤਾਰ ਸਿੰਘ ਖਾਰਾ ਕਾਲਾ ਟਿੱਬਾ, ਨੰਬਰਦਾਰ ਕਿਰਪਾਲ ਸਿੰਘ ਲਖਮੀਰ ਕੇ ਹਿਠਾੜ, ਮਲਕੀਤ ਸਿੰਘ ਭਗਤ ਜੋਧਪੁਰ, ਵਿਕਰਮਜੀਤ ਸਿੰਘ ਜੋਧਪੁਰ, ਬਲਜੀਤ ਸਿੰਘ ਸਿੱਧੂ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਦੇਸ ਸਿੰਘ ਲੱਖਾ ਸਿੰਘ ਵਾਲਾ ਹਿਠਾੜ, ਮਕੈਨਿਕ ਬਗੀਚਾ ਸਿੰਘ ਸਾਹਨ ਕੇ, ਦਰਸ਼ਨ ਨਾਰੰਗ, ਅਜੀਤ ਸਿੰਘ ਜੀਤਾ ਮਮਦੋਟ, ਹਰਮੇਲ ਸਿੰਘ ਬੁਰਜੀ, ਗੁਰਪ੍ਰੀਤ ਗੋਪੀ ਬਸਤੀ ਫੌਜੀ, ਸੁਰਜੀਤ ਸਿੰਘ, ਦਿਲਬਾਗ ਸਿੰਘ ਚੱਕ ਭੰਗੇਵਾਲਾ, ਜੰਗੀਰ ਸਿੰਘ ਹਜਾਰਾ ਆਦਿ ਹਾਜ਼ਰ ਸਨ।



# ਕਿੰਗਜ਼ਵਿਊ ਇੰਟਰਨੈਸ਼ਨਲ ਸਕੂਲ ਧੂਰਾ ਵੱਲੋਂ ਸਾਲਾਨਾ ਸਮਾਗਮ

**ਧੂਰੀ (ਸੁਖਦੇਵ ਧੂਰੀ)**

ਕਿੰਗਜ਼ਵਿਊ ਇੰਟਰਨੈਸ਼ਨਲ ਸਕੂਲ ਧੂਰਾ ਵਿਖੇ ਪਹਿਲਾ ਕੇ ਵੀ ਸਮਾਗਮ ਬੜੀ ਧੂਮ ਧਾਮ ਨਾਲ ਕਰਵਾਇਆ ਗਿਆ। ਮੁੱਖ ਮਹਿਮਾਨ ਨਾਇਬ ਤਸੀਲਦਾਰ ਜਸਦੇਵ ਸਿੰਘ ਜੋਸ਼ੀਲਾ ਤੇ ਐੱਸ ਐੱਚ ਓ ਸ਼ੇਰਪੁਰ ਅਵਤਾਰ ਸਿੰਘ ਧਾਲੀਵਾਲ ਅਤੇ ਪ੍ਰਦੀਪ ਕੁਮਾਰ ਸਿੰਗਲਾ ਸ਼ਾਮਲ ਹੋਏ, ਜਿਨ੍ਹਾਂ ਦਾ ਸਕੂਲ ਪਹੁੰਚਣ 'ਤੇ ਮੈਨੇਜਿੰਗ ਡਾਇਰੈਕਟਰ ਸ. ਭਗਵੰਤ ਸਿੰਘ ਸੰਧੂ, ਪ੍ਰਧਾਨ ਹਰਸ਼ਪ੍ਰੀਤ ਸਿੰਘ ਸੰਧੂ, ਸਕੂਲ ਪਿੰਸੀਪਲ ਰੀਤੂ ਰਾਣਾ, ਸਕੂਲ ਐਕਟੀਵਿਟੀ ਇਨਚਾਰਜ ਵਿਕਰੇਸ਼ ਰਾਣਾ ਤੇ ਗੋਵਿੰਦਰ ਸਿੰਘ ਨੇ ਸਵਾਗਤ ਕੀਤਾ। ਸਮਾਗਮ ਦੀ ਸ਼ੁਰੂਆਤ ਦੀਪ ਜਲਾ ਕੇ ਕੀਤੀ, ਜਿਸ ਵਿੱਚ ਬੱਚਿਆਂ ਤੇ ਅਧਿਆਪਕਾਂ ਵੱਲੋਂ ਪੂਰੀ ਮਿਹਨਤ ਤੇ ਲਗਨ ਨਾਲ ਤਿਆਰ ਕੀਤੇ ਪੰਜਾਬ, ਹਰਿਆਣਾ, ਰਾਜਸਥਾਨ ਤੇ ਮਹਾਰਾਸ਼ਟਰ ਦੇ ਸੱਭਿਆਚਾਰ ਦੀਆਂ ਝਾਕੀਆਂ ਤੇ ਉਨ੍ਹਾਂ ਦੇ ਮਾਡਲ ਪੇਸ਼ ਕੀਤੇ ਗਏ, ਜਿਸ ਵਿੱਚ ਐਕਟੀਵਿਟੀ ਇੰਚਾਰਜ ਵਿਕਰੇਸ਼ ਰਾਣਾ ਦੀ ਦੇਖ ਰੇਖ ਹੇਠ ਤਿਆਰ ਕੀਤੀ ਪੰਜਾਬ ਦੇ ਪੇਂਡੂ ਸੱਭਿਆਚਾਰ ਦੀ ਝਾਕੀ ਇਸ ਮੇਲੇ ਦਾ ਮੁੱਖ ਖਿੱਚ ਦਾ ਕੇਂਦਰ ਰਹੀ। ਬੱਚਿਆਂ ਤੇ ਅਧਿਆਪਕਾਂ ਵੱਲੋਂ ਵੱਖ ਵੱਖ ਪ੍ਰਕਾਰ ਦੀਆਂ ਖੇਡਾਂ ਤੇ ਖਾਣ ਪੀਣ ਦੀਆਂ ਸਟਾਲਾਂ ਲਾਈਆਂ ਗਈਆਂ ਤੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਪੰਜਾਬ ਦਾ ਭੰਗੜਾ ਤੇ ਗਿੱਧਾ ਮੁੱਖ ਖਿੱਚ ਦਾ ਕੇਂਦਰ ਰਹੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਦੇ ਪਿਤਾ ਜਰਨੈਲ ਸਿੰਘ ਸੰਧੂ ਨੇ ਮੁੱਖ ਮਹਿਮਾਨਾਂ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ। ਅਖੀਰ ਵਿੱਚ ਸਕੂਲ ਦੇ ਪਿੰਸੀਪਲ ਨੇ ਆਏ ਹੋਏ ਮੁੱਖ ਮਹਿਮਾਨ, ਬੱਚਿਆਂ ਤੇ ਮਾਪਿਆਂ ਦਾ ਧੰਨਵਾਦ ਕੀਤਾ। ਇਸ ਪ੍ਰੋਗਰਾਮ ਨੂੰ ਸਫਲ ਕਰਨ ਲਈ ਸਮੂਹ ਸਟਾਫ ਵੱਲੋਂ ਵੱਧ ਚੜ੍ਹ ਕੇ ਆਪਣਾ ਯੋਗਦਾਨ ਦਿੱਤਾ ਗਿਆ।



## ਬੀ ਐੱਸ ਐੱਫ ਤੇ ਪੁਲਸ ਫੋਰਸ ਵੱਲੋਂ ਸਾਂਝਾ ਕੋਰਡਨ ਐਂਡ ਸਰਚ ਅਭਿਆਨ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡੀ.ਜੀ.ਪੀ. ਪੰਜਾਬ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ. ਦੀਆਂ ਹਦਾਇਤਾਂ ਮੁਤਾਬਿਕ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਸ੍ਰੀ ਮਨਜੀਤ ਸਿੰਘ ਢੇਸੀ ਪੀ.ਪੀ.ਐੱਸ. ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ੍ਰੀ ਮਨਜੀਤ ਸਿੰਘ ਪੀ.ਪੀ.ਐੱਸ. ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਫਾਜ਼ਿਲਕਾ, ਸ੍ਰੀ ਸੁਬੇਗ ਸਿੰਘ ਪੀ.ਪੀ.ਐੱਸ. ਉੱਪ ਕਪਤਾਨ ਪੁਲਸ ਸ/ਡ ਫਾਜ਼ਿਲਕਾ, ਸ੍ਰੀ ਅੱਛਰੂ ਰਾਮ ਪੀ.ਪੀ.ਐੱਸ., ਉਪ ਕਪਤਾਨ ਪੁਲਸ ਸ/ਡ ਜਲਾਲਾਬਾਦ, ਸ੍ਰੀ ਅਵਤਾਰ ਸਿੰਘ ਪੀ.ਪੀ.ਐੱਸ. ਉੱਪ ਕਪਤਾਨ ਪੁਲਸ ਅਬੋਹਰ (ਦਿਹਾਤੀ) ਤੇ ਸ੍ਰੀ ਅਰੁਣ ਮੁੰਡਨ ਪੀ.ਪੀ.ਐੱਸ. ਉਪ ਕਪਤਾਨ ਪੁਲਸ ਅਬੋਹਰ (ਸ਼ਹਿਰੀ) ਦੀ ਯੋਗ ਅਗਵਾਈ ਹੇਠ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਤੇ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਤੇ ਐੱਨ.ਡੀ.ਪੀ.ਐੱਸ. ਤੇ ਲੁੱਟਾਂ ਖੋਹਾਂ ਦੇ ਅਪਰਾਧੀਆਂ 'ਤੇ ਕਾਰਵਾਈ ਕਰਦੇ ਹੋਏ ਬੀ.ਐੱਸ.ਐੱਫ. ਤੇ ਫਾਜ਼ਿਲਕਾ ਪੁਲਸ ਫੋਰਸ ਦੇ 250 ਜਵਾਨਾਂ ਵੱਲੋਂ ਸਵੇਰ ਸਮੇਂ ਸਾਂਝਾ ਸਰਚ (ਕੋਰਡਨ ਐਂਡ ਸਰਚ ਆਪ੍ਰੇਸ਼ਨ) ਅਭਿਆਨ ਚਲਾਇਆ ਗਿਆ, ਜਿਸ ਦੇ ਤਹਿਤ ਬੀ.ਐੱਸ.ਐੱਫ. ਦੇ ਜਵਾਨਾਂ ਦੀ ਮਦਦ ਨਾਲ ਉਪ ਕਪਤਾਨ ਪੁਲਸ ਤੇ ਮੁੱਖ ਅਫਸਰਾਨ ਥਾਣਾ ਸ.ਡ. ਫਾਜ਼ਿਲਕਾ ਤੇ ਸ.ਡ. ਜਲਾਲਾਬਾਦ ਵੱਲੋਂ ਜਵਾਨਾਂ ਦੀਆਂ 08 ਵੱਖ ਵੱਖ ਟੀਮਾਂ ਬਣਾ ਕੇ ਅੰਤਰਰਾਸ਼ਟਰੀ ਸਰਹੱਦ (ਸੈਕਿੰਡ ਲਾਈਨ ਆਫ ਡਿਫੈਂਸ) ਦੇ ਨੇੜੇ ਪੈਂਦੀਆਂ ਢਾਣੀਆਂ, ਡੇਰਿਆਂ, ਬਹਿਕਾਂ ਤੇ ਘਰਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਗਈ ਅਤੇ ਅਪਰਾਧੀ ਬਿਰਤੀ ਰੱਖਣ ਵਾਲੇ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ।ਇਸ ਤੋਂ ਇਲਾਵਾ ਉੱਪ ਕਪਤਾਨ ਪੁਲਸ ਤੇ ਮੁੱਖ ਅਫਸਰਾਨ ਥਾਣਾ ਸ.ਡ ਅਬੋਹਰ ਦਿਹਾਤੀ ਤੇ ਸ.ਡ ਅਬੋਹਰ ਸ਼ਹਿਰੀ ਵੱਲੋਂ ਜਵਾਨਾਂ ਦੀਆਂ 13 ਵੱਖ ਵੱਖ ਟੀਮਾਂ ਬਣਾ ਕੇ ਡਰੱਗ ਹੋਟਸਪੋਟ ਏਰੀਆ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਕਰੀਬ 7 ਸ਼ੱਕੀ ਵਿਅਕਤੀ ਰਾਊਂਡ-ਅੱਪ ਕੀਤੇ ਗਏ, ਜਿਨ੍ਹਾਂ ਨੂੰ ਪੁੱਛ-ਗਿੱਛ ਦੌਰਾਨ ਛੱਡਿਆ ਗਿਆ।

# ਬਹਾਵਲਪੁਰ ਬਰਾਦਰੀ ਵੈੱਲਫੇਅਰ ਸੁਸਾਇਟੀ ਨੇ ਸਟੇਸ਼ਨਰੀ ਤੇ ਬੂਟ ਵੰਡੇ



**ਨਾਭਾ (ਵਰਿੰਦਰ ਵਰਮਾ)**-ਬਹਾਵਲਪੁਰ ਬਿਰਾਦਰੀ ਵੈੱਲਫੇਅਰ ਸੁਸਾਇਟੀ ਨਾਭਾ ਵੱਲੋਂ ਸਮਾਜ ਭਲਾਈ ਦੇ ਕਾਰਜ ਵਧ ਚੜ੍ਹ ਕੇ ਕੀਤੇ ਜਾਂਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਾਭਾ ਤੋਂ ਬਹਾਵਲਪੁਰ ਬਿਰਾਦਰੀ ਵੈੱਲਫੇਅਰ ਸੁਸਾਇਟੀ ਪ੍ਰਧਾਨ ਸ਼ਾਂਤੀ ਪ੍ਰਕਾਸ ਛਾਬੜਾ ਨੇ ਵੱਖ-ਵੱਖ ਸਕੂਲਾਂ ਵਿੱਚ ਲੋੜਵੰਦ ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਤੇ ਬੂਟ ਵੰਡਣ ਉਪਰੰਤ ਸਾਂਝੇ ਕਰਦਿਆਂ ਕਿਹਾ ਕਿ ਸੁਸਾਇਟੀ ਵੱਲੋਂ ਹਮੇਸ਼ਾ ਹੀ ਜ਼ਰੂਰਤਮੰਦ ਲੋਕਾਂ ਦੀ ਮਦਦ ਲਈ ਮੈਡੀਕਲ ਚੈੱਕਅਪ, ਖੂਨਦਾਨ, ਅੱਖਾਂ ਦੇ ਚੈੱਕਅਪ ਕੈਂਪ ਲਗਾਉਣ ਨਾਲ ਲੋੜਵੰਦਾਂ ਦੇ ਆਪ੍ਰੇਸ਼ਨ ਵੀ ਕਰਵਾਏ ਜਾਂਦੇ ਹਨ। ਸੁਸਾਇਟੀ ਪ੍ਰੋਜੈਕਟ ਚੇਅਰਮੈਨ ਡਾਕਟਰ ਬਲਦੇਵ ਛਾਬੜਾ, ਚੇਅਰਮੈਨ ਡਾਕਟਰ ਦਰਸ਼ਨ ਸਿੰਧੀ, ਪ੍ਰਧਾਨ ਸ਼ਾਂਤੀ ਪ੍ਰਕਾਸ ਛਾਬੜਾ, ਪ੍ਰੈੱਸ ਸਕੱਤਰ ਵਰਿੰਦਰ ਵਰਮਾ, ਜਨਰਲ ਸਕੱਤਰ ਹਰੀਸ਼ ਡੂਡੇਜਾ, ਕੈਸ਼ੀਅਰ ਅਰੁਣ ਧਵਨ, ਕਮਲ ਕੁਮਾਰ, ਮੋਹਿੰਦਰ ਪਾਲ ਵਰਮਾ, ਹਰੀਸ਼ ਗਰੋਵਰ, ਸੁਰੇਸ਼ ਖੁਰਾਣਾ, ਰਾਜੀਵ ਛਾਬੜਾ, ਸੂਰਜ ਕੁਮਾਰ ਬੌਬੀ, ਚਰਨਜੀਵ ਛਾਬੜਾ, ਓਮ ਪ੍ਰਕਾਸ਼ ਧਵਨ, ਰਾਕੇਸ਼ ਛਾਬੜਾ, ਸੁਨੀਲ ਦੱਤ, ਵਿਨੋਦ ਛਾਬੜਾ ਆਦਿ ਮੈਂਬਰਾਂ ਦੀ ਹਾਜ਼ਰੀ 'ਚ ਦੋ ਸਕੂਲਾਂ ਦੇ ਲਗਭਗ 300 ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਤੇ ਬੂਟ ਵੰਡਣ ਉਪਰੰਤ ਪ੍ਰੈੱਸ ਸਕੱਤਰ ਵਰਿੰਦਰ ਵਰਮਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਬੀਤੀ ਦਿਨੀਂ ਪਰਿਵਾਰ ਮਿਲਣ ਸਮਾਰੋਹ ਤੇ ਭਜਨ ਸੰਧਿਆ ਸਾਲਾਨਾ ਪ੍ਰੋਗਰਾਮ ਦੌਰਾਨ ਇੱਕ ਲੋੜਵੰਦ ਅਪਾਹਜ ਵਿਅਕਤੀ ਨੂੰ ਟਰਾਈ ਸਾਈਕਲ ਤੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਵੀ ਦਿੱਤੇ ਗਏ। ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਡੀਡੀਸੀ ਨਾਭਾ ਤੇ ਸਰਕਾਰੀ ਐਲੀਮੈਂਟਰੀ ਸਕੂਲ ਮੁਹੱਲਾ ਕਰਤਾਰਪੁਰਾ ਨਾਭਾ ਦੇ ਅਧਿਆਪਕ ਹੈੱਡ ਟੀਚਰ ਧਰਮਿੰਦਰ ਸਿੰਘ ਕਲੇਰ, ਮਨਪਾਲ ਸਿੰਘ, ਅਧਿਆਪਕਾਂ ਰੰਜਨਾ ਰਾਣੀ, ਵੰਦਨਾ ਅਰੋੜਾ, ਮੀਨਾਕਸ਼ੀ ਰਾਣੀ, ਇੰਦਰਜੀਤ ਕੌਰ, ਰਵਿੰਦਰ ਕੌਰ, ਨਰਿੰਦਰ ਕੁਮਾਰ ਪੁਰੀ, ਬਲਵਿੰਦਰ ਕੌਰ, ਰੁਪਾਲੀ ਆਦਿ ਵੱਲੋਂ ਸੁਸਾਇਟੀ ਪ੍ਰਧਾਨ ਸ਼ਾਂਤੀ ਪ੍ਰਕਾਸ ਛਾਬੜਾ ਤੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਸੁਸਾਇਟੀ ਵੱਲੋਂ ਹਰ ਸਾਲ ਜ਼ਰੂਰਤਮੰਦ ਵਿਦਿਆਰਥੀਆਂ ਨੂੰ ਸਟੇਸ਼ਨਰੀ ਤੇ ਬੂਟ ਆਦਿ ਵੰਡੇ ਜਾਣ ਦੀ ਸ਼ਲਾਘਾ ਕੀਤੀ ਗਈ।

## ਜਗਤਜੀਤ ਐਗਰੋ ਇੰਡਸਟਰੀ ਵੱਲੋਂ ਪੂਨਾ 'ਚ ਪ੍ਰਦਰਸ਼ਨੀ



**ਚੀਮਾ ਮੰਡੀ (ਰਵਿੰਦਰ ਚੀਮਾ)**

ਭਾਰਤ ਦੀ ਨੰਬਰ ਇੱਕ ਖੇਤੀਬਾੜੀ ਇੰਡਸਟਰੀ ਗਰੁੱਪ ਜਗਤਜੀਤ ਐਗਰੋ ਇੰਡਸਟਰੀ ਚੀਮਾ ਮੰਡੀ ਵੱਲੋਂ ਪੂਨਾ ਵਿਖੇ ਵੱਖ-ਵੱਖ ਖੇਤੀਬਾੜੀ ਔਜਾਰਾਂ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿੱਚ ਮਲਟੀਕਰਾਪ ਥਰੈਸ਼ਰ, ਇੰਟਰ ਰੋ ਵੀਡਰ, ਮੋਬਾਇਲ ਸਰੈਡਰ, ਰੋਟਾਵੇਟਰ, ਲੇਜਰ ਲੈਵਲਰ ਆਦਿ ਸਭ ਤੋਂ ਵੱਧ ਪ੍ਰਚਲਤ ਖੇਤੀਬਾੜੀ ਮਸ਼ੀਨਰੀ ਨੂੰ ਦੇਖਣ ਲਈ ਮਹਾਰਾਸ਼ਟਰ ਰਾਜ ਦੇ ਨੇੜਲੇ ਕਾਫੀ ਰਾਜਾਂ ਦੇ ਅਗਾਂਹਵਧੂ ਕਿਸਾਨਾਂ ਦੀ ਵੱਡੀ ਭੀੜ ਦੇਖਣ ਨੂੰ ਮਿਲੀ। ਗਰੁੱਪ ਦੇ ਕਰਮਚਾਰੀ ਦੀਪਕ ਆਰੀਆ, ਪੰਕਜ ਝਾਅ, ਅਭਿਸ਼ੇਕ ਭਾਰਦਵਾਜ, ਦੀਪਕ ਗੁੱਜਰ, ਅਜੈ ਕਦਮ, ਜਿੰਦ ਚੀਮਾ ਤੇ ਰਣਜੀਤ ਸਿੰਘ ਤੋਲਾਵਾਲ ਨੇ ਵੱਖ-ਵੱਖ ਖੇਤੀਬਾੜੀ ਸਟਾਲਾਂ 'ਤੇ ਡਿਊਟੀ ਨਿਭਾਉਂਦਿਆਂ ਕਿਸਾਨਾਂ ਨੂੰ ਜਗਤਜੀਤ ਗਰੁੱਪ ਦੇ ਖੇਤੀਬਾੜੀ ਔਜਾਰਾਂ ਦੇ ਫੀਚਰ, ਉਨ੍ਹਾਂ ਦੇ ਕੰਮਾਂ ਤੇ ਉਨ੍ਹਾਂ ਦੀ ਸਪੈਸ਼ਲਿਸਟੀ ਬਾਰੇ ਸਮਝਾਇਆ। ਜਗਤਜੀਤ ਗਰੁੱਪ ਚੀਮਾ ਦੇ ਚੇਅਰਮੈਨ ਸ੍ਰ. ਧਰਮ ਸਿੰਘ ਤੇ ਐੱਮ ਡੀ ਜਗਤਜੀਤ ਸਿੰਘ ਨੇ ਦੱਸਿਆ ਕਿ ਭਾਰਤ ਦੇ ਕੋਨੇ-ਕੋਨੇ ਤੋਂ ਉਨ੍ਹਾਂ ਦੁਆਰਾ ਤਿਆਰ ਕੀਤੀ ਜਾ ਰਹੀ ਖੇਤੀਬਾੜੀ ਮਸ਼ੀਨਰੀ ਨੂੰ ਬਹੁਤ ਪਿਆਰ ਮਿਲ ਰਿਹਾ ਹੈ।

# ਆਦਰਸ਼ ਸਕੂਲ ਮੁਲਾਜ਼ਮਾਂ ਦੀਆਂ ਮੰਗਾਂ ਦੀ ਫਾਇਲ ਮੁੱਖ ਮੰਤਰੀ ਨੂੰ ਭੇਜੀ : ਮੱਖਣ ਬੀਰ

## ਜਥੇਬੰਦੀ ਦੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਹੋਈ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ (ਪੀਪੀਪੀ ਤਰਜ਼) ਦੀ ਮੀਟਿੰਗ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਹੋਈ ਹੈ, ਜਿਸ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਸੂਬਾ ਕਮੇਟੀ ਮੈਂਬਰ ਮੈਡਮ ਮੀਨੂੰ, ਓਮਾ ਮਾਧਵੀ, ਗਗਨਦੀਪ ਮਹਾਜਨ, ਅੰਮ੍ਰਿਤਪਾਲ ਸਿੰਘ ਸ਼ਾਮਲ ਹੋਏ। ਜਥੇਬੰਦੀ ਵੱਲੋਂ ਪੇਸ਼ ਏਜੰਡਿਆਂ 'ਤੇ ਪ੍ਰਤੀਕਰਮ ਦਿੰਦਿਆਂ ਸਿੱਖਿਆ ਮੰਤਰੀ ਪੰਜਾਬ ਬੈਂਸ ਨੇ ਕਿਹਾ ਕਿ ਸਿੱਖਿਆ ਵਿਕਾਸ ਬੋਰਡ ਪੰਜਾਬ (ਪੀਈਡੀਬੀਜ) ਦੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ 30 ਨਵੰਬਰ ਨੂੰ ਤੈਅ ਹੋਈ ਮੀਟਿੰਗ ਮੁਲਤਵੀ ਹੋਣ ਕਰਕੇ ਮੀਟਿੰਗ ਲੈਣ ਦਾ ਨਵਾਂ ਏਜੰਡਾ ਭੇਜਿਆ ਹੋਇਆ ਹੈ। ਛੇਤੀ ਹੀ ਮੀਟਿੰਗ ਤੈਅ ਹੋਣ ਤੇ ਯੂਨੀਅਨ ਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ 2016 ਤੋਂ ਬਾਅਦ ਵਿਭਾਗ ਦੀ ਮੀਟਿੰਗ ਹੋਣੀ ਸੰਭਵ ਹੀ ਨਹੀਂ ਹੋ ਸਕੀ ਹੈ। ਜਥੇਬੰਦੀ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ ਤੇ ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ ਨੇ ਕਿਹਾ ਕਿ ਪੰਜਾਬ ਦੇ ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਨੂੰ ਗਰੇਡ ਪੇਅ ਮੁਤਾਬਕ ਤਨਖਾਹਾਂ ਜਾਰੀ ਕਰਨ, ਨੌਕਰੀਆਂ ਪੱਕੀਆਂ ਕਰਨ, ਬਦਲੀਆਂ ਦੀ ਵਿਵਸਥਾ ਕਰਨ ਸਮੇਤ ਹੋਰ ਵਿਭਾਗੀ ਲਾਭ ਦੇਣ ਦੀਆਂ ਮੰਗਾਂ ਚਿਰਾਂ ਤੋਂ ਲਟਕਦੀਆਂ ਆ ਰਹੀਆਂ ਹਨ, ਜਿਨ੍ਹਾਂ ਨੂੰ ਤੁਰੰਤ ਪੂਰੀਆਂ ਕੀਤੇ ਜਾਣ ਦੀ ਮੰਗ ਮੀਟਿੰਗ ਵਿੱਚ ਕੀਤੀ ਗਈ। ਆਗੂਆਂ ਨੇ ਨਿਰਾਸ਼ਤਾ ਜ਼ਾਹਰ ਕਰਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਜਥੇਬੰਦੀ ਦੀਆਂ ਕਈ ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਮਸਲੇ ਉੱਥੇ ਹੀ ਖੜੇ ਹਨ। ਉਨ੍ਹਾਂ ਕਿਹਾ ਕਿ ਛੇਤੀ ਮੰਗਾਂ ਪੂਰੀਆਂ ਨਾ ਹੋਣ 'ਤੇ ਯੂਨੀਅਨ ਸਰਕਾਰ ਨੂੰ ਲੋਕ ਸਭਾ ਚੋਣਾਂ 'ਚ ਵਿਉਂਤਬੱਧ ਤਰੀਕੇ ਨਾਲ ਘੇਰੇਗੀ।

# ਹੈੱਲਥ ਵੈੱਲਨੈੱਸ ਸੈਂਟਰਾਂ 'ਤੇ ਮਮਤਾ ਦਿਵਸ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸਿਹਤ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਤੇ ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਬਲਾਕ ਬਾਲਿਆਂਵਾਲੀ ਦੇ ਸਮੂਹ ਹੈਲਥ ਵੈੱਲਨੈੱਸ ਸੈਂਟਰਾਂ 'ਤੇ ਹਰ ਬੁੱਧਵਾਰ ਮਮਤਾ ਦਿਵਸ ਮਨਾਇਆ ਜਾਂਦਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਮ.ਓ. ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਇਸ ਮਮਤਾ ਦਿਵਸ 'ਤੇ ਡਿਊ ਲਿਸਟ ਅਨੁਸਾਰ ਲਾਭਪਾਤਰੀ ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾਂਦਾ ਹੈ ਤੇ ਗਰਭਵਤੀ ਔਰਤਾਂ ਦੇ ਖੂਨ ਦੀ ਜਾਂਚ, ਏ ਐੱਨ ਸੀ ਚੈੱਕਅੱਪ ਅਤੇ ਆਇਰਨ ਫੌਲਿਕ ਐਸਿਡ ਤੇ ਕੈਲਸ਼ੀਅਮ ਦੀਆਂ ਗੋਲੀਆਂ ਵੀ ਦਿੱਤੀਆਂ ਜਾਂਦੀਆਂ ਹਨ ਅਤੇ ਔਰਤਾਂ ਨੂੰ ਮਾਂ ਤੇ ਬੱਚੇ ਦੀ ਸਾਂਭ ਸੰਭਾਲ ਬਾਰੇ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਨਮ ਸਮੇਂ ਬੱਚੇ ਨੂੰ ਪਹਿਲਾਂ ਮਾਂ ਦਾ ਪੀਲਾ ਗਾੜ੍ਹਾ ਦੁੱਧ ਹੀ ਪਿਲਾਇਆ ਜਾਵੇ ਜੋ ਕਿ ਬੱਚੇ ਨੂੰ ਮਾਨਸਿਕ ਤੌਰ 'ਤੇ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਦਿੰਦਾ ਹੈ। ਇਸ ਤੋਂ ਇਲਾਵਾ ਦੁੱਧ ਪਿਲਾਉਣ ਵਾਲੀਆਂ ਮਾਵਾਂ ਵੀ ਸਰੀਰਕ ਤੌਰ 'ਤੇ ਤੰਦਰੁਸਤ ਰਹਿੰਦੀਆਂ ਹਨ।ਉਨ੍ਹਾ ਕਿਹਾ ਕਿ ਸਿਹਤ ਵਿਭਾਗ ਵੱਲੋਂ ਮਾਰੂ ਰੋਗਾਂ ਤੋਂ ਬਚਾਅ ਲਈ ਸਾਰੇ ਬੱਚਿਆਂ ਦਾ ਟੀਕਾਕਰਨ ਕਰਵਾਉਣਾ ਲਾਜ਼ਮੀ ਹੈ ਤਾਂ ਜੋ ਬੱਚਿਆਂ ਨੂੰ ਮਾਰੂ ਰੋਗਾਂ ਤੋਂ ਬਚਾਇਆ ਜਾ ਸਕੇ। ਇਹ ਟੀਕਾਕਰਨ ਸਮੂਹ ਸਿਹਤ ਕੇਂਦਰਾਂ ਤੇ ਮੁਫ਼ਤ ਕੀਤਾ ਜਾਂਦਾ ਹੈ ਅਤੇ ਹਰ ਬੁੱਧਵਾਰ ਕੀਤਾ ਜਾਂਦਾ ਹੈ।ਵਧੇਰੇ ਜਾਣਕਾਰੀ ਲਈ ਆਪਣੇ ਏਰੀਏ ਦੀ ਆਸ਼ਾ ਵਰਕਰ ਜਾਂ ਏ ਐੱਨ ਐੱਮ ਭੈਣਜੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਜਿਹੜੇ ਲੋਕ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਦੇ ਲਾਭਪਾਤਰੀ ਹਨ, ਉਹ ਆਪਣਾ ਬੀਮਾ ਕਾਰਡ ਲਾਜ਼ਮੀ ਬੁਣਵਾਉਣ ਤਾਂ ਜੋ ਲੋੜ ਪੈਣ 'ਤੇ ਪੰਜ ਲੱਖ ਤੱਕ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਲਿਆ ਜਾ ਸਕੇ।ਇਸ ਸਮੇਂ ਜਗਤਾਰ ਸਿੰਘ ਬਲਾਕ ਐਜੂਕੇਟਰ ਤੇ ਮਨਜੀਤ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਗਰਭਵਤੀ ਔਰਤਾਂ ਤੇ ਦੁੱਧ ਪਲਾਉਂਦੀਆਂ ਮਾਵਾਂ ਨੂੰ ਸੰਤੁਲਿਤ ਭੋਜਨ ਦੀ ਲੋੜ ਹੈ। ਇਸ ਤੋਂ ਇਲਾਵਾ ਹਰੀਆਂ ਸਬਜ਼ੀਆਂ, ਸਲਾਦ, ਮੌਸਮੀ ਫਲ ਫਰੂਟ ਹੀ ਖਾਣੇ ਚਾਹੀਦੇ ਹਨ।ਸਵੇਰ ਵੇਲੇ ਸੈਰ ਤੇ ਕਸਰਤ ਬਹੁਤ ਜ਼ਰੂਰੀ ਹੈ, ਜਿਸ ਨਾਲ ਸਿਹਤ ਤੰਦਰੁਸਤ ਰਹਿੰਦੀ ਹੈ ਤੇ ਬਿਮਾਰੀਆਂ ਦੀ ਪਕੜ ਤੋਂ ਬਚਿਆ ਜਾ ਸਕਦਾ ਹੈ।



# ਜ਼ਿਲ੍ਹਾ ਰੋਜ਼ਗਾਰ ਬਿਊਰੋ ਵੱਲੋਂ ਸਰਕਾਰੀ ਸਕੂਲਾਂ 'ਚ ਜਾਗਰੂਕਤਾ ਅਭਿਆਨ ਜਾਰੀ

**ਸੰਗਰੂਰ (ਪ੍ਰਵੀਨ ਸਿੰਘ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਗਿਆ ਹੈ। ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਸਿੰਪੀ ਸਿੰਗਲਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਅਭਿਆਨ ਦਾ ਮੁੱਖ ਉਦੇਸ਼ ਸੰਗਰੂਰ ਜ਼ਿਲ੍ਹੇ ਦੇ 9 ਵਿੱਦਿਅਕ ਬਲਾਕਾਂ ਦੇ ਸਮੂਹ ਸਰਕਾਰੀ, ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਕੈਰੀਅਰ ਕਾਊਂਸਲਿੰਗ ਪ੍ਰਦਾਨ ਕਰਨਾ ਹੈ। ਇਸ ਅਭਿਆਨ ਦੀ ਸ਼ੁਰੂਆਤ ਵਿੱਚ ਧੂਰੀ ਬਲਾਕ ਦੇ 18 ਸਕੂਲਾਂ ਦੇ ਕੁੱਲ 1080 ਵਿਦਿਆਰਥੀਆਂ ਨੂੰ ਕੈਰੀਅਰ ਕਾਊਂਸਲਿੰਗ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾ ਦੱਸਿਆ ਕਿ ਇਸ ਤੋਂ ਇਲਾਵਾ ਬਾਕੀ ਰਹਿ ਗਏ ਐਜੂਕੇਸ਼ਨਲ ਬਲਾਕਾਂ ਵਿਖੇ ਜਨਵਰੀ 2024 ਦੌਰਾਨ ਕੈਰੀਅਰ ਕਾਊਂਸਲਿੰਗ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ ਇਸ ਅਭਿਆਨ ਤਹਿਤ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ, ਰੱਖਿਆ ਸੈਨਾਵਾਂ ਵਿੱਚ ਭਰਤੀ, ਨਿੱਜੀ ਤੇ ਸਰਕਾਰੀ ਖੇਤਰ ਵਿੱਚ ਨੌਕਰੀਆਂ ਦੇ ਮੌਕੇ, ਸਵੈ-ਰੋਜ਼ਗਾਰ ਤੇ ਸਕਿੱਲ ਟ੍ਰੇਨਿੰਗ ਅਤੇ ਅਗਲੇਰੀ ਪੜ੍ਹਾਈ ਤੇ ਪ੍ਰੋਫੈਸ਼ਨਲ ਕੋਰਸਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਗਈ। ਇਸ ਦੌਰਾਨ ਕੁਲਦੀਪ ਸਿੰਘ (ਇੰਸਟਰਕਟਰ, ਸ਼ਹੀਦ ਊਧਮ ਸਿੰਘ ਸਰਕਾਰੀ ਆਈ.ਟੀ.ਆਈ., ਸੁਨਾਮ), ਅਸ਼ਵਨੀ ਕੁਮਾਰ (ਲੈਕਚਰਾਰ ਐਜੂਕੇਸ਼ਨਲ ਵਿਭਾਗ), ਜਗਸੀਰ ਸਿੰਘ (ਬਲਾਕ ਗਾਇਡੈਂਸ ਕਾਊਂਸਲਰ), ਗਗਨਦੀਪ ਸਿੰਘ (ਬੀ.ਐੱਲ.ਈ.ਓ.) ਜ਼ਿਲ੍ਹਾ ਉਦਯੋਗ ਕੇਂਦਰ, ਮੰਗਤ ਸਿੰਘ (ਇੰਸਟਰਕਟਰ ਸ਼ਹੀਦ ਊਧਮ ਸਿੰਘ ਸਰਕਾਰੀ ਆਈ.ਟੀ.ਆਈ., ਸੁਨਾਮ) ਤੇ ਬਿਕਰਮਜੀਤ ਸਿੰਘ (ਕਰੀਅਰ ਕਾਊਂਸਲਰ, ਡੀ.ਬੀ.ਈ.ਈ. ਸੰਗਰੂਰ) ਆਦਿ ਮੌਜੂਦ ਸਨ।



# ਗੰਦੇ ਪਾਣੀ ਦੀ ਨਿਕਾਸੀ ਨੂੰ ਲੈ ਕੇ 10 ਨੂੰ ਸ਼ੇਰੋਂ ਟੋਲ ਪਲਾਜ਼ਾ ਹੋਵੇਗਾ ਜਾਮ



ਤਰਨ ਤਾਰਨ ( ਪ੍ਰਿਤਪਾਲ ਸਿੰਘ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪਿੰਡ ਚੁਤਾਲੇ ਦੀ ਮੀਟਿੰਗ ਪ੍ਰਧਾਨ ਸਤਨਾਮ ਸਿੰਘ ਸੱਤਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬਾਬਾ ਦੀਵਾਨ ਸਿੰਘ ਦੇ ਅਸਥਾਨ 'ਤੇ ਹੋਈ।ਮੀਟਿੰਗ ਵਿੱਚ ਕਿਸਾਨਾਂ ਮਜ਼ਦੂਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੀਬੀਆਂ ਨੇ ਵੀ ਭਾਗ ਲਿਆ।

ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਸਵਿੰਦਰ ਸਿੰਘ ਚੁਤਾਲਾ, ਰਿਟਾਇਰਡ ਮੈਨੇਜਰ ਤਰਸੇਮ ਸਿੰਘ ਨੇ ਕਿਹਾ ਕਿ ਬੇਸ਼ੱਕ ਭਗਵੰਤ ਮਾਨ ਸਰਕਾਰ ਸੂਬੇ ਦੀਆਂ 6700 ਕਿਲੋਮੀਟਰ ਲਿੰਕ ਸੜਕਾਂ ਬਣਾਉਣ ਦੇ ਦਾਅਵੇ ਕਰ ਰਹੀ ਹੈ।ਪਰ ਦੂਸਰੇ ਪਾਸੇ ਸੂਬੇ ਦੇ ਹਰ ਪਿੰਡ ਦੀ ਲਿੰਕ ਰੋਡ ਬੁਰੀ ਤਰ੍ਹਾਂ ਟੁੱਟੀ ਹੋਈ ਹੈ।

ਏਸੇ ਤਰ੍ਹਾਂ ਪਿੰਡ ਚੁਤਾਲੇ ਦੀ ਲਿੰਕ ਰੋਡ ਜੋ ਕਿ ਨੈਸ਼ਨਲ ਹਾਈਵੇ ਨੂੰ ਜੋੜਦੀ ਹੈ, ਦਾ ਬੁਰਾ ਹਾਲ ਹੈ। ਚੁਤਾਲੇ ਮੋੜ 'ਤੇ ਸਰਵਿਸ ਰੋਡ ਵਿੱਚ ਲਗਾਤਾਰ ਗੰਦਾ ਪਾਣੀ ਦੀਨਪੁਰ ਦੇ ਸੀਵਰੇਜ ਦਾ ਖੜ੍ਹਾ ਰਹਿੰਦਾ ਹੈ।ਬਾਰਿਸ਼ ਮੌਕੇ ਆਮ ਲੋਕਾਂ ਅਤੇ ਸਕੂਲੀ ਬੱਚਿਆਂ ਨੂੰ ਸੀਵਰੇਜ ਦੇ ਗੰਦੇ ਪਾਣੀ ਵਿੱਚੋਂ ਲੰਘ ਕੇ ਜਾਣਾ ਪੈਂਦਾ ਹੈ।ਆਗੂਆਂ ਨੇ ਕਿਹਾ ਕਿ ਨੈਸ਼ਨਲ ਹਾਈਵੇ ਵਾਲੇ ਅਧਿਕਾਰੀ ਟੋਲ ਪਲਾਜ਼ੇ ਲਾ ਕੇ ਹਰ ਦਿਨ ਕਰੋੜਾਂ ਰੁਪਏ ਦੀ ਲੁੱਟ ਕਰਦੇ ਹਨ। ਪਰ ਸੜਕਾਂ ਦੀ ਮੁਰੰਮਤ ਨਹੀਂ ਕੀਤੀ ਜਾ ਰਹੀ। ਕਈ ਵਾਰ ਪ੍ਰਸ਼ਾਸਨ ਅਤੇ ਨੈਸ਼ਨਲ ਹਾਈਵੇ ਦੇ ਉਚ ਆਧਿਕਾਰੀਆਂ ਦੇ ਧਿਆਨ ਵਿੱਚ ਇਹ ਮਸਲਾ ਲਿਆਂਦਾ ਗਿਆ ਹੈ ਪਰ ਕੋਈ ਧਿਆਨ ਨਹੀ ਦਿੱਤਾ ਗਿਆ।

ਇਸ ਲਈ 10 ਜਨਵਰੀ ਨੂੰ ਸਾਰਾ ਪਿੰਡ ਇਕੱਠਾ ਹੋ ਕੇ ਸ਼ੇਰੋਂ ਟੋਲ ਪਲਾਜ਼ਾ ਪੱਕੇ ਤੌਰ 'ਤੇ ਬੰਦ ਕਰ ਦਿੱਤਾ ਜਾਵੇਗਾ। ਇਸ ਮੌਕੇ ਮਾਸਟਰ ਮੇਹਰ ਸਿੰਘ, ਤਾਰਾ ਸਿੰਘ, ਨਰਿੰਦਰ ਸਿੰਘ ਨੰਬਰਦਾਰ, ਜੋਗਿੰਦਰ ਸਿੰਘ, ਸੁਖਦੇਵ ਸਿੰਘ, ਸਕੱਤਰ ਸਿੰਘ, ਮੇਜਰ ਸਿੰਘ, ਮਹਿੰਦਰ ਸਿੰਘ, ਬੀਬੀ ਕੁਲਦੀਪ ਕੌਰ, ਕਾਲਾ ਸਿੰਘ, ਹਰਜਿੰਦਰ ਸਿੰਘ, ਪਾਲ ਸਿੰਘ, ਡਾਕਟਰ ਹਰਦੇਵ ਸਿੰਘ ਆਦਿ ਆਗੂ ਹਾਜ਼ਰ ਸਨ

# ਜੇ ਈ ਦੇ ਦਫਤਰ ਦਾ ਦਰਵਾਜ਼ਾ ਤੋੜ ਕੇ ਲੱਖਾਂ ਦਾ ਸਮਾਨ ਚੋਰੀ



ਮਜੀਠਾ(ਸੋਇਮ ਆਨੰਦ)- ਮਜੀਠਾ ਦੇ ਬਿਜਲੀ ਦਫਤਰ ਕੰਪਲੈਕਸ ਜੇ ਈ ਦੇ ਦਫ਼ਤਰ ਦਾ ਬੀਤੀ ਰਾਤ ਦਰਵਾਜ਼ਾ ਤੋੜ ਕੇ ਲੱਖਾਂ ਦਾ ਸਮਾਨ ਚੋਰੀ ਹੋਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਬਿਜਲੀ ਦਫਤਰ ਕੰਪਲੈਕਸ ਮਜੀਠਾ 'ਚ ਜੇ ਈ ਕੁੰਦਨ ਲਾਲ ਦੇ ਦਫਤਰ ਤੇ ਸਟੋਰ ਦਾ ਬੀਤੀ ਰਾਤ ਚੋਰਾਂ ਵੱਲੋਂ ਦਰਵਾਜ਼ਾ ਤੋੜ ਕੇ ਇੱਕ ਕੰਪਿਊਟਰ ਸੈਟ, ਪਰਿੰਟਰ, ਭਾਰੀ ਮਾਤਰਾਂ 'ਚ ਲੋਹੇ ਦੇ ਸਮਾਨ ਸਮੇਤ ਲੱਖਾਂ ਦੀ ਕੀਮਤ ਦਾ ਸਮਾਨ ਚੋਰੀ ਕਰ ਲਿਆ। ਪਾਵਰਕੌਮ ਦੇ ਜੇ ਈ ਕੁੰਦਨ ਲਾਲ, ਸੁਖਪਾਲ ਸਿੰਘ ਗਿੱਲ, ਗੁਰਪ੍ਰੀਤ ਸਿੰਘ ਮਜੀਠਾ ਨੇ ਦੱਸਿਆ ਕਿ ਜਦੋਂ ਉਨ੍ਹਾਂ ਰੋਜ਼ ਦੀ ਤਰ੍ਹਾਂ ਅੱਜ ਪਾਵਰਕੌਮ ਦਫਤਰ ਕੰਪਲੈਕਸ ਮਜੀਠਾ 'ਚ ਪੈਂਦੇ ਆਪਣੇ ਦਫਤਰ ਦਾ ਦਰਵਾਜ਼ਾ ਖੋਲ੍ਹਿਆ ਤਾਂ ਅੰਦਰ ਰੱਖਿਆ ਕੰਪਿਊਟਰ ਤੇ ਪ੍ਰਿੰਟਰ ਗਾਇਬ ਸੀ। ਜਦੋਂ ਉਨ੍ਹਾਂ ਨੇ ਦਫਤਰ ਦੇ ਨਾਲ ਲੱਗਦੇ ਸਟੋਰ ਵਿੱਚ ਵੇਖਿਆ ਤਾਂ ਸਟੋਰ ਦਾ ਪਿਛਲਾ ਦਰਵਾਜ਼ਾ ਟੁੱਟਾ ਹੋਇਆ ਸੀ। ਚੋਰਾਂ ਵੱਲੋਂ ਸਟੋਰ ਦਾ ਪਿਛਲਾ ਦਰਵਾਜ਼ਾ ਤੋੜ ਕੇ ਕੰਪਿਊਟਰ ਸੈਟ, ਪ੍ਰਿੰਟਰ ਸਮੇਤ ਲੋਹੇ ਦਾ ਸਮਾਨ ਚੋਰੀ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ ਚੋਰਾਂ ਨੇ ਕਰੀਬ 2 ਲੱਖ 65 ਹਜ਼ਾਰ ਰੁਪਏ ਦਾ ਸਮਾਨ ਚੋਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਚੋਰੀ ਸਬੰਧੀ ਉਨ੍ਹਾਂ ਵਲੋਂ ਪੁਲਸ ਥਾਣਾ ਮਜੀਠਾ 'ਚ ਲਿਖਤੀ ਰਿਪੋਰਟ ਦੇ ਦਿੱਤੀ ਗਈ ਹੈ। ਜਿਸ 'ਤੇ ਪੁਲਸ ਵੱਲੋਂ ਮੌਕਾ ਵੇਖਕੇ ਚੋਰਾਂ ਨੂੰ ਕਾਬੂ ਕਰਨ ਲਈ ਨਜ਼ਦੀਕੀ ਲੱਗੇ ਕੈਮਰਿਆਂ ਦੀਆਂ ਫੁਟੇਜ ਨੂੰ ਖੰਗਾਲਿਆ ਜਾ ਰਿਹਾ ਹੈ।

# ਮੇਨ ਰਸਤੇ 'ਤੇ ਖੜ੍ਹੇ ਗੰਦੇ ਪਾਣੀ ਤੋਂ ਦੁਕਾਨਦਾਰ ਤੇ ਮਜੀਠਾ ਨਿਵਾਸੀ ਪ੍ਰੇਸ਼ਾਨ



ਮਜੀਠਾ (ਸੋਇਮ ਆਨੰਦ)- ਨਗਰ ਕੌਂਸਲ ਮਜੀਠਾ ਪਿਛਲੇ ਕਈ ਦਿਨਾਂ ਤੋਂ ਨਾਲੀਆਂ ਦੇ ਪਾਣੀ ਦੀ ਬਣੀ ਭਾਰੀ ਸਮੱਸਿਆ ਨਾਲ ਜੂਝ ਰਿਹਾ ਹੈ। ਕਸਬਾ ਮਜੀਠਾ ਦੇ ਬਜ਼ਾਰਾਂ ਅਤੇ ਗਲੀਆਂ ਨਾਲੀਆਂ ਤੇ ਨਾਲਿਆਂ ਦੀ ਲੰਮੇ ਸਮੇਂ ਤੋਂ ਸਫਾਈ ਨਹੀਂ ਕਰਾਈ ਗਈ ਜਿਸ ਕਾਰਨ ਮਜੀਠਾ ਦਾ ਸਾਰਾ ਨਿਕਾਸੀ ਤੇ ਗੰਦਾ ਪਾਣੀ ਗਲੀਆਂ ਵਿੱਚੋਂ ਨਿਕਲ ਕੇ ਬਜ਼ਾਰਾਂ ਵਿਚ ਫਿਰਦਾ ਰਹਿੰਦਾ ਹੈ, ਜਿਸ ਕਾਰਨ ਆਉਣ ਜਾਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮਜੀਠਾ ਵਿਖੇ ਆਉਣ ਜਾਣ ਵਾਲੇ ਰਾਹਗੀਰਾਂ, ਸਰਕਾਰੀ ਐਲੀਮੈਂਟਰੀ ਸਕੂਲ ਮਜੀਠਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਮਜੀਠਾ ਦਾ ਰਸਤਾ ਵੀ ਇਸ ਖੜ੍ਹੇ ਪਾਣੀ ਦੇ ਰਸਤੇ ਵਿੱਚ ਪੈਂਦਾ ਹੈ ਤੇ ਦੋਵਾਂ ਸਕੂਲਾਂ ਵਿੱਚ ਜਾਣ ਵਾਲੇ ਬੱਚਿਆਂ ਨੂੰ ਵੀ ਲੰਘਣ ਲੱਗਿਆਂ ਸਵੇਰੇ ਸਵੇਰੇ ਭਾਰੀ ਪ੍ਰੇਸ਼ਾਨੀ ਆਉਂਦੀ ਹੈ । ਇਸ ਮੌਕੇ ਮਜੀਠਾ ਵਾਸੀਆਂ ਨੇ ਕਿਹਾ ਕਿ ਇਸ ਜਗ੍ਹਾ 'ਤੇ ਬਣਿਆ ਹੋਇਆ ਨਾਲਾ ਸਫਾਈ ਨਾ ਹੋਣ ਕਾਰਨ ਕਈ ਚਿਰਾਂ ਤੋਂ ਬੰਦ ਪਿਆ ਹੈ ਜਿਸ ਸਬੰਧੀ ਕਈ ਵਾਰ ਨਗਰ ਕੌਂਸਲ ਅਧਿਕਾਰੀ ਨੂੰ ਸੂਚਿਤ ਵੀ ਕੀਤਾ ਗਿਆ ਹੈ ਪਰ ਉਹ ਟੱਸ ਤੋਂ ਮੱਸ ਨਹੀਂ ਹੋਏ ਤੇ ਨਾ ਹੀ ਕਿਸੇ ਨੇ ਇਸ ਨਾਲੇ ਦੀ ਖਲਾਈ ਕਰਨ ਦੀ ਕੋਸ਼ਿਸ਼ ਹੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਜਗ੍ਹਾ 'ਤੇ ਪਿਛਲੇ ਕਈ ਦਿਨਾਂ ਤੋਂ ਗੰਦਾ ਪਾਣੀ ਖੜ੍ਹਾ ਹੈ ਜਿਸ ਵੱਲ ਨਗਰ ਕੌਂਸਲ ਦਾ ਕੋਈ ਧਿਆਨ ਨਹੀਂ ਤੇ ਇਸ ਕਾਰਨ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ ਪਰ ਮਜੀਠਾ ਸ਼ਹਿਰ ਦਾ ਨਗਰ ਕੌਂਸਲ ਅਤੇ ਸਿਹਤ ਵਿਭਾਗ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਸ਼ਾਇਦ ਇਹ ਕਿਸੇ ਵੱਡੀ ਮਹਾਂਮਾਰੀ ਦੇ ਫੈਲਣ ਦਾ ਇੰਤਜ਼ਾਰ ਕਰ ਰਹੇ ਹਨ। ਸਿਹਤ ਵਿਭਾਗ ਅਤੇ ਨਗਰ ਕੌਂਸਲ ਵੱਲੋਂ ਸਿਰਫ ਕਾਗਜ਼ੀ ਖਾਨਾਪੂਰਤੀ ਕੀਤੀ ਜਾ ਰਹੀ ਹੈ। ਇੰਨੀ ਗੰਦਗੀ ਮਜੀਠਾ ਵਿੱਚ ਹੋਣ ਕਾਰਨ ਕਿਸੇ ਵੀ ਅਧਿਕਾਰੀ ਵੱਲੋਂ ਸ਼ਹਿਰ ਵਿਚ ਮੱਛਰ ਮਾਰਨ ਵਾਲੀ ਦਵਾਈ ਜਾਂ ਮੱਛਰ ਭਜਾਉਣ ਵਾਲੀ ਸਪਰੇਅ ਦਾ ਛਿੜਕਾਅ ਨਹੀਂ ਕੀਤਾ ਗਿਆ ਜਿਸ ਕਾਰਨ ਸ਼ਹਿਰ ਦੇ ਲੋਕਾਂ 'ਚ ਭਾਰੀ ਸਹਿਮ ਪਾਇਆ ਜਾ ਰਿਹਾ ਹੈ।

ਇਸ ਸਬੰਧੀ ਜਦ ਕਾਰਜ ਸਾਧਕ ਅਫਸਰ ਰਣਬੀਰ ਸਿੰਘ ਵੜੈਚ ਨਾਲ ਫੋਨ 'ਤੇ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਨਿਕਾਸੀ ਨਾਲੀਆਂ ਅਤੇ ਨਾਲਿਆਂ ਨੂੰ ਜਲਦੀ ਹੀ ਸਾਫ ਕਰਵਾ ਦਿੱਤਾ ਜਾਵੇਗਾ। ਇਸ ਮੌਕੇ ਦੁਕਾਨਦਾਰਾਂ ਵਿੱਚ ਜੱਜ ਸਿੰਘ, ਡਾ. ਸੁਦੇਸ਼ ਕੁਮਾਰ, ਅਜੈਬ ਸਿੰਘ, ਰਮੇਸ਼ ਫਰੂਟ ਵਾਲਾ, ਰਿੰਕੂ ਬਜਾਜ, ਬਲਵਿੰਦਰ ਸਿੰਘ ਬਿੰਦਾ, ਬਲਵੰਤ ਰਾਏ, ਕਮਲ ਪਹਿਲਵਾਨ, ਬੱਬਲ ਪੁਰੀ, ਲਖਵਿੰਦਰ ਸਿੰਘ, ਹਰਜੀਤ ਸਿੰਘ ਸਨੀ, ਮਨੀ ਟੈਲੀਕਾਮ, ਜਸਪਾਲ ਸਿੰਘ, ਹੈਪੀ ਜਲਾਲਪੁਰ ਤੋਂ ਇਲਾਵਾ ਬਹੁਤ ਸਾਰੇ ਦੁਕਾਨਦਾਰ ਹਾਜ਼ਰ ਸਨ

# ਗੁਰਦਾਸਪੁਰ ਤੋਂ ਸ਼ਰਧਾਲੂਆਂ ਦੀ ਦੂਸਰੀ ਬੱਸ ਰਵਾਨਾ



ਗੁਰਦਾਸਪੁਰ, ( ਦਿਨੇਸ਼ ਕੁਮਾਰ) - ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਅੱਜ ਸਵੇਰੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਤੋਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਦੂਸਰੀ ਬੱਸ ਨੂੰ ਰਵਾਨਾ ਕੀਤਾ ਗਿਆ। ਇਸ ਵਿਸ਼ੇਸ਼ ਬੱਸ ਰਾਹੀਂ ਰਵਾਨਾਂ ਹੋਏ 43 ਸ਼ਰਧਾਲੂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਦਰਸ਼ਨ ਕਰਨਗੇ। ਤੀਰਥ ਯਾਤਰਾ ਬੱਸ ਨੂੰ ਰਵਾਨਾ ਕਰਨ ਮੌਕੇ ਸੀਨੀਅਰ ਆਗੂ ਧਰੁਵ ਬਹਿਲ ਨੇ ਦੱਸਿਆ ਕਿ ਪੰਜਾਬ ਰੋਡਵੇਜ਼ ਦੀ ਲਗਜ਼ਰੀ ਬੱਸ ਅੱਜ ਸਭ ਤੋਂ ਪਹਿਲਾਂ ਸ੍ਰੀ ਅਨੰਦਪੁਰ ਸਾਹਿਬ ਪਹੁੰਚੇਗੀ ਜਿਥੇ ਸੰਗਤਾਂ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਗੜ੍ਹ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਗੁਰਧਾਮਾਂ ਦੇ ਦਰਸ਼ਨ ਤੋਂ ਬਾਅਦ ਰਾਤ ਦਾ ਸਟੇਅ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੀ ਹੋਵੇਗਾ। ਧਰੁਵ ਬਹਿਲ ਨੇ ਅੱਗੇ ਦੱਸਿਆ ਕਿ ਅਗਲੇ ਦਿਨ ਬੱਸ ਯਾਤਰਾ ਅੰਮ੍ਰਿਤਸਰ ਵਿਖੇ ਪਹੁੰਚੇਗੀ ਜਿਥੇ ਸੰਗਤਾਂ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਵਾਪਸ ਗੁਰਦਾਸਪੁਰ ਵਿਖੇ ਪਹੁੰਚਣਗੀਆਂ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਆਉਣ-ਜਾਣ ਅਤੇ ਓਥੇ ਰਹਿਣ ਦਾ ਸਾਰਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ। ਮਾਰਕਿਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਸਮਾਂ ਸਾਰਣੀ ਅਨੁਸਾਰ ਪੰਜਾਬ ਦੇ ਹਰੇਕ ਹਲਕੇ ਵਿੱਚੋਂ ਬੱਸਾਂ ਅਤੇ ਰੇਲ ਗੱਡੀਆਂ ਰਾਹੀਂ ਪੰਜਾਬ ਤੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਸਥਿਤ ਧਾਰਮਿਕ ਅਸਥਾਨਾਂ ਦੀ ਸ਼ਰਧਾਲੂਆਂ ਨੂੰ ਮੁਫ਼ਤ ਯਾਤਰਾ ਕਰਵਾਉਣ ਦੀ ਯੋਜਨਾ ਨੂੰ ਆਰੰਭਿਆ ਗਿਆ ਹੈ ਜਿਸ ਤਹਿਤ ਅੱਜ ਗੁਰਦਾਸਪੁਰ ਤੋਂ ਦੂਸਰੀ ਬੱਸ ਰਵਾਨਾ ਹੋਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਆਰੰਭੀ ਗਈ ਇਹ ਯੋਜਨਾ ਇੱਕ ਅਗਾਂਹਵਧੂ ਉਪਰਾਲਾ ਹੈ ਜਿਸ ਨੂੰ ਸੂਬੇ ਭਰ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਕਿਸੇ ਕਾਰਨਾਂ ਕਰਕੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਸਨ ਉਨ੍ਹਾਂ ਲਈ ਇਹ ਯੋਜਨਾ ਵਰਦਾਨ ਸਾਬਤ ਹੋ ਰਹੀ ਹੈ। ਇਸ ਮੌਕੇ ਆਰ.ਟੀ.ਏ. ਗੁਰਦਾਸਪੁਰ ਦਵਿੰਦਰ ਕੁਮਾਰ, ਜ਼ਿਲ੍ਹਾ ਪ੍ਰੀਸ਼ਦ ਦੇ ਸਕੱਤਰ ਜਿੰਦਰਪਾਲ ਸਿੰਘ, ਬੀ.ਡੀ.ਪੀ.ਓ. ਗੁਰਦਾਸਪੁਰ ਬਲਜੀਤ ਸਿੰਘ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਰਣਜੀਤ ਸਿੰਘ ਰਾਣਾ ਬੱਬਰੀ, ਕੁਲਦੀਪ ਕੁਮਾਰ, ਸ਼ਸ਼ੀ ਮਾਸਟਰ, ਨਰਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਮੋਹਤਬਰ ਹਾਜ਼ਰ ਸਨ।

# ਤਰਕਸ਼ੀਲ ਸੁਸਾਇਟੀ ਵੱਲੋਂ ਲਿਟਲ ਫਲਾਵਰ ਸਕੂਲ ਦੀ ਵਿਦਿਆਰਥਣ ਦਾ ਸਨਮਾਨ



**ਖਾਲੜਾ, ਭੀਖੀ (ਪ ਪ)** : ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਪ੍ਰਸਿੱਧ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਿਤ ਪੰਜਵੀਂ ਚੇਤਨਾ ਪਰਖ ਪ੍ਰੀਖਿਆ ਵਿਚੋਂ ਲਿਟਲ ਫਲਾਵਰ ਪਬਲਿਕ ਸਕੂਲ ਮੁਗਲਚੱਕ ਦੀ ਵਿਦਿਆਰਥਣ ਇਕਾਈ ਤਰਨ ਤਾਰਨ ਦੀ ਮੈਰਿਟ ਸੂਚੀ ਵਿਚੋਂ ਸੱਤਵੀਂ ਜਮਾਤ ਦੀ ਵਿਦਿਆਰਥਣ ਮਹਿਕਦੀਪ ਕੌਰ ਦੇ ਪਹਿਲਾ ਸਥਾਨ ਹਾਸਲ ਕਰਨ 'ਤੇ ਕਿਤਾਬਾਂ ਦਾ ਸੈੱਟ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਇਸ ਪ੍ਰੀਖਿਆ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ। ਇਸ ਮੌਕੇ ਤਰਕਸ਼ੀਲ ਆਗੂ ਹਰਨੰਦ ਸਿੰਘ ਬੱਲਿਆਂਵਾਲਾ ਅਤੇ ਸ਼ਤਰਪਾਲ ਸਿੰਘ ਸਿੰਘਪੁਰਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਇਸ ਪ੍ਰੀਖਿਆ ਦਾ ਉਦੇਸ਼ ਵਿਦਿਆਰਥੀਆਂ ਵਿਚ ਵਿਗਿਆਨਕ ਚੇਤਨਾ ਪ੍ਰਫੁੱਲਤ ਕਰਨਾ, ਹਰ ਤਰ੍ਹਾਂ ਦੇ ਵਹਿਮਾਂ ਭਰਮਾਂ ਤੇ ਅੰਧਵਿਸ਼ਵਾਸਾਂ ਤੋਂ ਮੁਕਤ ਕਰਨਾ ਅਤੇ ਸਮਾਜ ਦੇ ਅਸਲ ਨਾਇਕਾਂ, ਮਹਾਨ ਵਿਗਿਆਨੀਆਂ, ਸ਼ਹੀਦਾਂ ਤੇ ਚਿੰਤਕਾਂ ਦੇ ਰੂਬਰੂ ਕਰਵਾਉਣਾ ਹੈ ਤਾਂ ਜੋ ਸਿਹਤਮੰਦ ਸੱਭਿਅਕ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਮੌਜੂਦਾ ਵਿਗਿਆਨ ਦੇ ਯੁੱਗ ਵਿਚ ਅੰਧਵਿਸ਼ਵਾਸ, ਵਹਿਮ ਭਰਮ, ਧਾਗੇ ਤਵੀਤ, ਫਿਰਕਾਪ੍ਰਸਤੀ, ਨਸ਼ਿਆਂ, ਪਾਖੰਡੀ ਸਾਧਾਂ, ਜੋਤਸ਼ੀਆਂ, ਡੇਰਿਆਂ ਦੇ ਝਾਂਸਿਆਂ ਤੋਂ ਬਚਣ ਅਤੇ ਜ਼ਿੰਦਗੀ ਦੀਆਂ ਸਮੱਸਿਆਂਵਾਂ ਦੇ ਟਾਕਰੇ ਲਈ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣਾ ਸਮੇਂ ਦੀ ਪ੍ਰਮੁੱਖ ਲੋੜ ਹੈ ਤਾਂ ਹੀ ਅਸੀਂ ਪੱਛਮੀ ਦੇਸ਼ਾਂ ਨਾਲ ਕਦਮ ਨਾਲ ਕਦਮ ਮਿਲਾ ਕੇ ਚੱਲ ਸਕਦੇ ਹਾਂ। ਇਸ ਮੌਕੇ ਉਨ੍ਹਾਂ ਹੱਥ ਦੀ ਸਫਾਈ ਦੇ ਹੈਰਾਨੀਜਨਕ ਟਰਿੱਕ ਵਿਖਾਉਂਦੇ ਹੋਏ ਦੱਸਿਆ ਕਿ ਇਨ੍ਹਾਂ ਟਰਿੱਕਾਂ ਪਿੱਛੇ ਕੋਈ ਜਾਦੂਈ ਸ਼ਕਤੀ ਜਾਂ ਕਾਲਾ ਇਲਮ ਨਹੀਂ ਹੁੰਦਾ ਸਗੋਂ ਹੁਨਰ, ਤਜਰਬਾ ਅਤੇ ਸਮਾਨ ਦਾ ਸਪੈਸ਼ਲ ਬਣਿਆ ਹੋਣਾ ਹੁੰਦਾ ਹੈ। ਇਹ ਸਿੱਖੇ ਅਤੇ ਸਿਖਾਏ ਜਾ ਸਕਦੇ ਹਨ। ਇਸ ਮੌਕੇ ਪ੍ਰਿੰਸੀਪਲ ਜਤਿੰਦਰ ਸਿੰਘ ਨੇ ਤਰਕਸ਼ੀਲ ਸੁਸਾਇਟੀ ਦੇ ਇਸ ਉਪਰਾਲੇ ਦੀ ਭਰਪੂਰ ਸਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਹਰ ਗੱਲ ਨੂੰ ਸੋਚਣ ਸਮਝਣ ਉਪਰੰਤ ਹੀ ਮੰਨਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰਬਾਜ ਸਿੰਘ ਰਾਜੋਕੇ, ਡਾਕਟਰ ਗੁਰਬਖਸ਼ ਸਿੰਘ, ਡਾਕਟਰ ਰਾਮਪਾਲ ਆਦਿ ਤੋਂ ਇਲਾਵਾ ਸਮੂਹ ਅਧਿਆਪਕ ਮੌਜੂਦ ਸਨ।

# ਜਮਹੂਰੀ ਕਿਸਾਨ ਸਭਾ ਵੱਲੋਂ ਪਿੰਡ ਖੁਸ਼ੀਪੁਰ ਦੇ ਕਿਸਾਨਾਂ ਨਾਲ ਭਰਵੀਂ ਮੀਟਿੰਗ



ਕਲਾਨੌਰ, (ਮਨਦੀਪ ਕੋਹਲੀ)- ਅੱਜ ਜਮਹੂਰੀ ਕਿਸਾਨ ਸਭਾ ਵੱਲੋਂ ਪਿੰਡ ਖੁਸ਼ੀਪੁਰ ਦੇ ਕਿਸਾਨਾਂ ਦੀ ਭਰਵੀਂ ਮੀਡੀਆ ਸਥਾਨਕ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ ਇਸ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਕਾਹਲੋਂ ਜ਼ਿਲ੍ਹਾ ਪ੍ਰਧਾਨ ਅਤੇ ਪ੍ਰਿੰਸੀਪਲ ਸਰਦੂਰ ਸਿੰਘ ਬਰੀਲਾ ਪ੍ਰੈਸ ਸਕੱਤਰ ਜ਼ਿਲ੍ਹਾ ਗੁਰਦਾਸਪੁਰ ਨੇ ਸਭਾ ਦੇ ਸੰਗਠਨ, ਪ੍ਰਾਪਤੀਆਂ ਅਤੇ ਕਿਸਾਨੀ ਮੰਗਾਂ ਜਿਵੇਂ ਐਮ ਐਸ ਪੀ ਤੇ ਗਰੰਟੀ ਦਾ ਕਾਨੂੰਨ, ਕਿਸਾਨਾਂ ਦੀ ਪੈਨਸ਼ਨ, ਨਹਿਰੀ ਪ੍ਰਬੰਧ, ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਇਨਸਾਫ ਦਿਵਾਉਣ ਲਈ ਅਤੇ ਸਰਕਾਰ ਵੱਲੋਂ ਹੋਰ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਲੜੇ ਜਾ ਰਹੇ ਕਿਸਾਨ ਸੰਘਰਸ਼ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਬਾਅਦ ਸਰਬ ਸੰਮਤੀ ਨਾਲ ਪਿੰਡ ਖੁਸ਼ੀਪੁਰ ਇਕਾਈ ਇਕਾਈ ਦੀ ਚੋਣ ਕੀਤੀ ਗਈ ਜਿਸ ਵਿੱਚ ਰਜਿੰਦਰ ਸਿੰਘ ਭਿੱਟੇਵੱਡ ਪ੍ਰਧਾਨ, ਨਿਰਮਲ ਸਿੰਘ ਨਾਗਰਾ ਜਨਰਲ ਸਕੱਤਰ, ਬਿਕਰਮ ਸਿੰਘ ਵਿੱਤ ਸਕੱਤਰ ਅਤੇ ਪੰਜਾਬ ਸਿੰਘ, ਹਰਭਜਨ ਸਿੰਘ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਬਲਵਿੰਦਰ ਸਿੰਘ ਮੈਂਬਰ ਚੁਣੇ ਗਏ। ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਨੰਬਰਦਾਰ ਅਦਾਲਤਪੁਰ, ਪਰਤਾਪ ਸਿੰਘ ਜੇਈ, ਬਲਦੇਵ ਸਿੰਘ ਸਾਬਕਾ ਸਰਪੰਚ ਦਲੇਲਪੁਰ, ਗੁਰਦੀਪ ਸਿੰਘ, ਹਰਮਨਦੀਪ ਸਿੰਘ, ਹਰਪਾਲ ਸਿੰਘ ਨੰਬਰਦਾਰ, ਹਰਪਾਲ ਸਿੰਘ ਪਵਾਰ, ਅਮਰਜੀਤ ਸਿੰਘ ਭੱਟੀ, ਹੈਪੀ, ਬਲਕਾਰ ਸਿੰਘ, ਲਾਡੀ ਅਤੇ ਅੰਮ੍ਰਿਤਬੀਰ ਸਿੰਘ ਨਾਗਰਾ ਹਾਜ਼ਰ ਸਨ।

# ਸ਼ਹਿਰ ਦੀ ਤਰੱਕੀ ਤੇ ਸਾਫ-ਸਫਾਈ ਲਈ ਹਰੇਕ ਯਤਨ ਕੀਤੇ ਜਾਣਗੇ : ਐੱਸ ਡੀ ਐੱਮ



ਤਰਨ ਤਾਰਨ( ਪ੍ਰਿਤਪਾਲ ਸਿੰਘ)-ਗੁਰੂ ਨਗਰੀ ਤਰਨ ਤਾਰਨ ਦੀ ਤਰੱਕੀ ਅਤੇ ਸਾਫ-ਸਫਾਈ ਲਈ ਹਰੇਕ ਯਤਨ ਕੀਤੇ ਜਾਣਗੇ। ਜਿਥੇ ਕਿਤੇ ਵੀ ਪੌਦੇ ਲਗਾਉਣ ਦੀ ਜ਼ਰੂਰਤ ਹੋਵੇਗੀ, ਉਥੇ ਪੌਦੇ ਲਗਾਏ ਜਾਣਗੇ। ਸ਼ਹਿਰ ਦੀ ਸਾਫ-ਸਫਾਈ ਦਾ ਪੂਰਾ ਖਿਆਲ ਰੱਖਿਆ ਜਾਵੇਗਾ। ਸ਼ਹਿਰ ਵਾਸੀਆਂ ਨੂੰ ਵੀ ਅਪੀਲ ਹੈ ਕਿ ਸਵੱਛਤਾ ਅਭਿਆਨ ਵਿੱਚ ਤਰਨ ਤਾਰਨ ਸ਼ਹਿਰ ਨੂੰ ਮੋਹਰੀ ਬਣਾਉਣ ਲਈ ਪ੍ਰਸ਼ਾਸਨ ਨੂੰ ਆਪਣਾ ਸਹਿਯੋਗ ਦੇਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਤਰਨ ਤਾਰਨ ਦੇ ਨਵ-ਨਿਯੁਕਤ ਐਸ.ਡੀ.ਐਮ. ਸਿਮਰਨਦੀਪ ਸਿੰਘ ਨੇ ਗੱਲਬਾਤ ਦੌਰਾਨ ਕੀਤਾ।ਐਂਟੀ ਪਾਲਿਊਸ਼ਨ ਆਰਗੇਨਾਈਜੇਸ਼ਨ ਦੇ ਪ੍ਰਧਾਨ ਐਡਵੋਕੇਟ ਆਦੇਸ਼ ਅਗਨੀਹੋਤਰੀ ਦੀ ਅਗਵਾਈ ਹੇਠ ਅਹੁਦੇਦਾਰਾਂ ਅਤੇ ਮੈਬਰਾਂ ਨਾਲ ਮੀਟਿੰਗ ਮੌਕੇ ਐਸ.ਡੀ.ਐਮ. ਨੇ ਕਿਹਾ ਕਿ ਇਹ ਬੜੀ ਖੁਸ਼ੀ ਵਾਲੀ ਗੱਲ ਹੈ ਕਿ ਇਲਾਕੇ ਵਿੱਚ ਵਾਤਾਵਰਣ ਦੀ ਸਾਂਭ-ਸੰਭਾਲ ਲਈ ਸੰਸਥਾ ਬਣੀ ਹੈ ਅਤੇ ਉਹ ਵਿਗੜ ਰਹੇ ਵਾਤਾਵਰਣ ਪ੍ਰਤੀ ਗੰਭੀਰ ਹਨ ਅਤੇ ਸ਼ੁੱਧ ਵਾਤਾਵਰਨ ਬਣਾਉਣ ਲਈ ਲਗਾਤਾਰ ਯਤਨ ਕਰ ਰਹੇ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪ੍ਰਸ਼ਾਸਨ ਵੱਲੋਂ ਆਰਗੇਨਾਈਜੇਸ਼ਨ ਦੇ ਸਹਿਯੋਗ ਨਾਲ ਜਿਥੇ ਵਾਤਾਵਰਣ ਜਾਗਰੂਕਤਾ ਕੈਂਪ ਲਗਾਏ ਜਾਣਗੇ, ਉਥੇ ਹੀ ਪੌਦੇ ਲਗਾਉਣ ਦੀ ਮੁਹਿੰਮ ਦਾ ਵੀ ਆਗਾਜ਼ ਕੀਤਾ ਜਾਵੇਗਾ। ਸ਼ਮਸ਼ਾਨਘਾਟ ਰੋਡ ਉੱਪਰ ਬਣੇ ਕੂੜੇ ਦੇ ਡੰਪ ਦੀ ਮੁਸ਼ਕਿਲ ਤੋਂ ਲੋਕਾਂ ਨੂੰ ਨਿਜਾਤ ਦਿਵਾਉਣ ਲਈ ਯਤਨ ਕੀਤਾ ਜਾਵੇਗਾ। ਐਡਵੋਕੇਟ ਆਦੇਸ਼ ਅਗਨੀਹੋਤਰੀ ਨੇ ਕਿਹਾ ਕਿ ਕੁਝ ਸਫਾਈ ਕਰਮਚਾਰੀ ਕੂੜ ਨੂੰ ਇਕੱਠਾ ਕਰਨ ਉਪਰੰਤ ਕੂੜੇ ਨੂੰ ਅੱਗ ਲਗਾ ਦਿੰਦੇ ਹਨ, ਜਿਸ ਨਾਲ ਧੂੰਆਂ ਹੋ ਜਾਂਦਾ ਹੈ, ਜੋ ਕਿ ਕਈ ਸਾਹ ਦੀ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ, ਇਸ ਨੂੰ ਰੋਕਣ ਦੀ ਬਹੁਤ ਜ਼ਿਆਦਾ ਲੋੜ ਹੈ। ਐਡਵੋਕੇਟ ਆਦੇਸ਼ ਅਗਨੀਹੋਤਰੀ ਦੀ ਅਗਵਾਈ ਹੇਠ ਆਰਗੇਨਾਈਜੇਸ਼ਨ ਦੇ ਅਹੁਦੇਦਾਰਾਂ ਅਤੇ ਮੈਬਰਾਂ ਵੱਲੋਂ ਐਸ ਡੀ ਐਮ ਸਿਮਰਨਦੀਪ ਸਿੰਘ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੰਦਿਆਂ ਸ਼ੀਲਡ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸ਼ਹਿਰ ਲਈ ਕੁਝ ਚੰਗੇ ਕਦਮ ਚੁੱਕੇ ਜਾਣ ਦੀ ਆਸ ਪ੍ਰਗਟਾਈ। ਇਸ ਮੌਕੇ ਰਮੇਸ਼ ਗੁਪਤਾ, ਅਨੀਤਾ ਵਰਮਾ, ਰਾਜਾ ਰਣਵੀਰ ਸਿੰਘ, ਅਸ਼ੋਕ ਗੁਪਤਾ, ਸੁਮਿਤ ਸਿੰਧੀ, ਐਡਵੋਕੇਟ ਮਨੋਜ ਅਗਨੀਹੋਤਰੀ, ਬਲਦੇਵ ਸਿੰਘ, ਮਾਸਟਰ ਅਜਾਇਬ ਸਿੰਘ, ਤਨਵੀਰ ਸਿੰਘ, ਤੇਜਿੰਦਰਪਾਲ ਟੀਡਾ, ਮਨਜੀਤ ਸਿੰਘ ਰੰਧਾਵਾ, ਗੁਰਿੰਦਰ ਸਿੰਘ ਮਿੱਟੀਪੁੱਟ, ਸੁਰਿੰਦਰ ਸਿੰਘ, ਸੁਖਵਿੰਦਰ ਸਿੰਘ (ਗਗਨ ਟੈਲਰਜ਼), ਮਨਜਿੰਦਰ ਸਿੰਘ ਸ਼ੇਰੋਂ, ਕੁਲਦੀਪ ਸਿੰਘ ਆੜ੍ਹੀਆ ਮੌਜੂਦ ਸਨ।

# ਕਲਾਸਵਾਲਾ ਖਾਲਸਾ ਸਕੂਲ 'ਚ ਨਸ਼ਾ ਛੁਡਾਊ ਕੈਂਪ




ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਨਸ਼ਾ ਛੁਡਾਊ ਵਿਸ਼ੇ 'ਤੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਪ੍ਰਿੰਸੀਪਲ ਸ਼ਾਲਿਨੀ ਦੱਤਾ ਦੀ ਅਗਵਾਈ ਵਿੱਚ ਇੱਕ ਰੋਜ਼ਾ ਕੈਂਪ ਲਗਾਇਆ ਗਿਆ।

ਕੈਂਪ ਦੀ ਸ਼ੁਰੂਆਤ ਪ੍ਰੋਗਰਾਮ ਅਫਸਰ ਪਰਮਿੰਦਰ ਕੌਰ ਦੁਆਰਾ ਕੀਤੀ ਗਈ। ਕੈਂਪ ਦੌਰਾਨ ਬੱਚਿਆਂ ਨੇ ਨਸ਼ੇ ਕਰਨ ਦੇ ਨੁਕਸਾਨ ਦੱਸਦੇ ਹੋਏ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਅਤੇ ਵਿਸ਼ੇਸ਼ ਰੈਲੀ ਵੀ ਕੱਢੀ। ਇਸ ਵਿੱਚ ਬੱਚਿਆਂ ਨੇ ਵੱਖ-ਵੱਖ ਨਾਅਰੇ ਲਾ ਕੇ ਨਸ਼ੇ ਦੇ ਬੁਰੇ ਪ੍ਰਭਾਵ ਬਾਰੇ ਦੱਸਿਆ। ਵਿਦਿਆਰਥੀਆਂ ਵੱਲੋਂ ਨਸ਼ਾ ਕਰਨ ਵਾਲੇ ਵਿਅਕਤੀਆਂ ਨੂੰ ਕੀ ਕੀ ਬਿਮਾਰੀਆਂ ਲਗਦੀਆਂ ਹਨ, ਬਾਰੇ ਪੋਸਟਰ ਬਣਾ ਕੇ ਸਮਝਾਇਆ ਗਿਆ। ਕੈਂਪ ਵਿੱਚ ਬੱਚਿਆਂ ਨੂੰ ਫਲਾਂ ਦੀ ਰਿਫਰੈਸ਼ਮੈਂਟ ਵੀ ਦਿੱਤੀ ਗਈ। ਸਹਾਇਕ ਪ੍ਰੋਗਰਾਮ ਅਫਸਰ ਹਰਦੀਪ ਸਿੰਘ ਨੇ ਬੱਚਿਆਂ ਨੂੰ ਕੋਹੜ ਵਰਗੀ ਬਿਮਾਰੀ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਵੱਲੋਂ ਜਲਦੀ ਤੋਂ ਜਲਦੀ ਹੋਰ ਕੈਂਪ ਲਗਾਉਣ ਦੀ ਮੰਗ ਵੀ ਕੀਤੀ ਗਈ।

ਪ੍ਰਿੰਸੀਪਲ ਸ਼ਾਲਿਨੀ ਦੱਤਾ ਵੱਲੋਂ ਵਿਦਿਆਰਥੀਆਂ ਵੱਲੋਂ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਗਈ ਅਤੇ ਸਮਾਜ ਵਿੱਚ ਉਨ੍ਹਾਂ ਨੂੰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਅਤੇ ਵੱਧ ਚੜ੍ਹ ਕੇ ਅਜਿਹੇ ਕੈਂਪ ਵਿੱਚ ਹਿੱਸਾ ਲੈਣ ਅਤੇ ਸੁਚਾਰੂ ਯੋਗਦਾਨ ਪਾਉਣ ਲਈ ਕਿਹਾ। ਇਸ ਸਮੇਂ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਮਾਝੇ 'ਚ ਕਾਂਗਰਸ ਹੋਰ ਮਜ਼ਬੂਤ ਹੋਈ : ਸੱਚਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੀਨੀਅਰ ਕਾਂਗਰਸੀ ਆਗੂ ਤੇ ਮਜੀਠਾ ਹਲਕੇ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਸਥਾਨਕ ਕਾਂਗਰਸੀ ਆਗੂਆਂ ਨਾਲ ਅਗਾਮੀ ਲੋਕ ਸਭਾ ਚੋਣਾਂ ਦੀ ਰੂਪ ਰੇਖਾ ਤਿਆਰ ਕਰਨ ਲਈ ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਅਟਾਰੀ ਦੇ ਇੰਚਾਰਜ ਤਰਸੇਮ ਸਿੰਘ ਸਿਆਲਕਾ ਸਮੇਤ ਆਗੂਆਂ ਨਾਲ ਮੀਟਿੰਗ ਕੀਤੀ। ਮੀਟਿੰਗ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਇਸ ਵਾਰ ਪੰਜਾਬ ਦੇ ਲੋਕ ਇੱਕ ਬਦਲਾਅ ਵਾਲੀ ਪਾਰਟੀ ਦੇ ਬਹਿਕਾਵੇ ਵਿੱਚ ਆ ਗਏ ਤੇ ਝੂਠੇ ਵਾਅਦਿਆਂ ਵਿੱਚ ਆ ਕੇ 92 ਸੀਟਾਂ ਜਿਤਾ ਕੇ ਸਟੇਜ ਦੇ ਮਾਹਰ ਨੂੰ ਮੁੱਖ ਮੰਤਰੀ ਬਣਾ ਦਿੱਤਾ ਪਰ ਸਦਕੇ ਜਾਈਏ ਮਾਝੇ ਵਾਲਿਆਂ ਦੇ ਜਿਨ੍ਹਾਂ ਨੇ ਸੂਝਬੂਝ ਤੋਂ ਕੰਮ ਲੈਂਦਿਆਂ ਇਨ੍ਹਾਂ ਨੂੰ ਬੁਰੀ ਤਰਾਂ ਨਕਾਰ ਦਿੱਤਾ ਤੇ ਮਾਝੇ ਵਿੱਚ ਕਾਂਗਰਸ ਦਾ ਝੰਡਾ ਬੁਲੰਦ ਰੱਖਿਆ ਤੇ ਛੇ ਵਿਧਾਇਕ ਜਿਤਾ ਦਿੱਤੇ ਤੇ ਹੁਣ ਵੀ ਮਾਝੇ ਵਿੱਚੋਂ ਕਾਂਗਰਸ ਵੱਡੀ ਲੀਡ ਨਾਲ ਲੋਕ ਸਭਾ ਸੀਟਾਂ ਜਿੱਤੇਗੀ। ਆਮ ਆਦਮੀ ਪਾਰਟੀ ਨਾਲ ਰਲ ਕੇ ਚੋਣ ਲੜਨ ਬਾਰੇ ਪੁੱਛੇ ਜਾਣ 'ਤੇ ਸੱਚਰ ਨੇ ਕਿਹਾ ਕਿ ਸਾਡੀ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਜਿਸ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਉੱਪ ਮੁੱਖ ਮੰਤਰੀ ਤੇ ਵਿਧਾਇਕ ਸੁਖਜਿੰਦਰ ਸਿੰਘ ਰੰਧਾਵਾ ਖੁੱਲ੍ਹ ਕੇ ਇਸ ਦਾ ਵਿਰੋਧ ਕਰ ਚੁੱਕੇ ਹਨ ਕਿ ਸਾਨੂੰ ਚੋਰ ਤੇ ਬੇਈਮਾਨ ਕਹਿਣ ਵਾਲੀ ਪਾਰਟੀ ਕਿਉਂ ਰਲ ਕੇ ਚੋਣ ਲੜਨ ਦੀ ਗੱਲ ਕਰਦੀ ਹੈ। ਇਸ ਦੇ ਮੁੱਖ ਮੰਤਰੀ ਤੇ ਮੰਤਰੀ ਕਿਉਂ ਨਹੀਂ ਬੋਲਦੇ ਕਿ ਕਾਂਗਰਸ ਨਾਲ ਸਮਝੌਤਾ ਨਹੀਂ ਕਰਨਾ, ਕਿਉਂਕਿ ਇਨ੍ਹਾਂ ਨੂੰ ਅਸਲੀਅਤ ਦਾ ਪਤਾ ਲੱਗ ਗਿਆ ਹੈ ਕਿ ਜ਼ਮੀਨੀ ਪੱਧਰ 'ਤੇ ਪੰਜਾਬ ਦੇ ਲੋਕਾਂ ਦਾ ਇਨ੍ਹਾਂ ਤੋਂ ਮੋਹ ਭੰਗ ਹੋ ਗਿਆ ਹੈ ਤੇ ਉਹ ਠੱਗੇ ਹੋਏ ਮਹਿਸੂਸ ਕਰ ਰਹੇ ਹਨ। ਤਰਸੇਮ ਸਿੰਘ ਸਿਆਲਕਾ ਨੇ ਕਿਹਾ ਕਿ ਅਸੀਂ ਮਜੀਠੇ ਵਿੱਚੋਂ ਵੀ ਇਸ ਵਾਰ ਇਨ੍ਹਾਂ ਸਾਰਿਆਂ ਦੇ ਭੁਲੇਖੇ ਦੂਰ ਕਰਾਂਗੇ। ਇਸ ਮੌਕੇ ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜ ਪਾਲ ਸਿੰਘ ਸੋਹੀਆਂ, ਬਲਾਕ ਕਾਂਗਰਸ ਤਰਸਿੱਕਾ ਦੇ ਪ੍ਰਧਾਨ ਸਰਪੰਚ ਸਤਨਾਮ ਸਿੰਘ ਕਾਜ਼ੀਕੋਟ, ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਸਾਬਕਾ ਚੇਅਰਮੈਨ ਤੇ ਸਰਪੰਚ ਜਗਦੇਵ ਸਿੰਘ ਬੱਗਾ, ਮੀਤ ਪ੍ਰਧਾਨ ਦਿਹਾਤੀ ਕਾਂਗਰਸ ਦਲਜੀਤ ਸਿੰਘ ਪਾਖਰਪੁਰ, ਪ੍ਰਦੀਪ ਸਿੰਘ ਗੋਲਣ, ਮਲਕੀਤ ਸਿੰਘ ਸੋਨੀ ਪੰਧੇਰ, ਗੁਰਿੰਦਰ ਸਿੰਘ ਨਾਗ ਕਲਾਂ, ਸਰਪੰਚ ਤੇ ਜਨਰਲ ਸਕੱਤਰ ਮੰਗਲ ਸਿੰਘ ਵੀਰਮ, ਬਿੱਟੂ ਸੋਹੀਆਂ ਕਲਾਂ, ਸੁਰਜੀਤ ਸਿੰਘ ਭੀਲੋਵਾਲ ਆਦਿ ਆਗੂ ਵੀ ਹਾਜ਼ਰ ਸਨ ।

# ਸੰਧੂ ਦੀ ਅਗਵਾਈ 'ਚ ਆਪ ਦੇ ਸੀਨੀਅਰ ਆਗੂਆਂ ਦੀ ਭਾਜਪਾ 'ਚ ਸ਼ਮੂਲੀਅਤ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਦੀ ਸੱਤਾ 'ਚ ਝੂਠੇ ਲਾਰੇ ਲਾ ਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀਆਂ ਭਾਵਨਾਵਾਂ ਨਾਲ ਬਹੁਤ ਹੀ ਬੁਰੇ ਤਰੀਕੇ ਨਾਲ ਖੇਡਿਆ ਗਿਆ ਅਤੇ ਡੇਢ ਸਾਲ ਵਿੱਚ ਹੀ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਚੁੱਕਾ ਹੈ। ਇਹ ਵਿਚਾਰ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਆਮ ਆਦਮੀ ਪਾਰਟੀ ਦੇ ਵਰਕਰਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਮੌਕੇ ਪ੍ਰਗਟ ਕੀਤੇ। ਆਮ ਆਦਮੀ ਪਾਰਟੀ ਦੇ ਸਾਬਕਾ ਜ਼ਿਲ੍ਹਾ ਸੋਸ਼ਲ ਮੀਡੀਆ ਕੋਆਰਡੀਨੇਟਰ ਹਰਜੀਤ ਸਿੰਘ ਚੀਮਾ ਅਤੇ ਮੌਜੂਦਾ ਸਰਕਲ ਪ੍ਰਧਾਨ ਕੁਲਦੀਪ ਸਿੰਘ ਲੌਹੁਕਾ, ਆਪ ਦੇ ਸਰਗਰਮ ਆਗੂ ਕੁਲਦੀਪ ਸਿੰਘ ਸੁਰਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲਾਰੇ ਅਤੇ ਫੋਕੇ ਦਾਅਵਿਆਂ ਦੀ ਰਾਜਨੀਤੀ ਤੋਂ ਤੰਗ ਆ ਕੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਅਤੇ ਜ਼ਿਲ੍ਹਾ ਸਹਿ ਇੰਚਾਰਜ ਨਰੇਸ਼ ਸ਼ਰਮਾ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ ਜਿਨ੍ਹਾ ਦਾ ਤਰਨ ਤਾਰਨ ਸਥਿਤ ਮੁੱਖ ਦਫਤਰ ਵਿਖੇ ਵਿਸ਼ੇਸ਼ ਤੌਰ 'ਤੇ ਪਾਰਟੀ ਚਿੰਨ੍ਹ ਕਮਲ ਦਾ ਫੁੱਲ ਭੇਟ ਕਰਕੇ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਅਤੇ ਸ਼ਾਮਲ ਹੋਣ ਵਾਲੀਆਂ ਸਖਸ਼ੀਅਤਾਂ ਨੂੰ ਭਰੋਸਾ ਦਿੱਤਾ ਕਿ ਭਾਰਤੀ ਜਨਤਾ ਪਾਰਟੀ ਆਪਣੇ ਹਰ ਵਰਕਰ ਆਗੂ ਅਤੇ ਅਹੁਦੇਦਾਰ ਦਾ ਹਮੇਸ਼ਾ ਹੀ ਮਾਣ ਸਨਮਾਨ ਬਹਾਲ ਰੱਖਦੀ ਹੈ ਅਤੇ ਸ਼ਾਮਲ ਹੋਣ ਵਾਲੇ ਸਾਰੇ ਹੀ ਸਾਥੀਆਂ ਦੇ ਹਰ ਦੁੱਖ ਸੁੱਖ ਵਿੱਚ ਹਮੇਸ਼ਾ ਹੀ ਨਾਲ ਚਟਾਨ ਵਾਂਗ ਖੜ੍ਹੇ ਰਹਿਣਗੇ। ਇਸ ਮੌਕੇ ਵਿਧਾਨ ਸਭਾ ਹਲਕਾ ਪੱਟੀ ਦੇ ਕਨਵੀਨਰ (ਜ਼ਿਲ੍ਹਾ ਮੀਤ ਪ੍ਰਧਾਨ) ਸ਼ਿਵ ਕੁਮਾਰ ਸੋਨੀ, ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਰਣਜੀਤ ਸਿੰਘ ਮੀਆਂਵਿੰਡ, ਜ਼ਿਲ੍ਹਾ ਮੀਤ ਪ੍ਰਧਾਨ ਅਤੁਲ ਜੈਨ, ਸੀਨੀਅਰ ਭਾਜਪਾ ਆਗੂ ਹਰਪ੍ਰੀਤ ਸਿੰਘ ਸਿੰਦਬਾਦ, ਕਿਸਾਨ ਮੋਰਚੇ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਜਿੰਦਰ ਸਿੰਘ ਕੈਰੋਂ, ਜ਼ਿਲ੍ਹਾ ਸਕੱਤਰ ਵਿਕਾਸ ਮਿੰਟਾ, ਪੱਟੀ ਸ਼ਹਿਰੀ ਮੰਡਲ ਪ੍ਰਧਾਨ ਪਦਮ ਕਿਸ਼ੋਰ, ਸਰਹਾਲੀ ਮੰਡਲ ਪ੍ਰਧਾਨ ਗੌਰਵ ਦੇਵਗਨ, ਹਰੀਕੇ ਮੰਡਲ ਪ੍ਰਧਾਨ ਰੋਹਿਤ ਕੁਮਾਰ ਵੇਦੀ, ਸਭਰਾ ਮੰਡਲ ਪ੍ਰਧਾਨ ਗੁਰਦੇਵ ਸਿੰਘ, ਮੰਡਲ ਪੱਟੀ ਦਿਹਾਤੀ ਪ੍ਰਧਾਨ ਕਾਰਜ ਸਿੰਘ ਸ਼ਾਹ, ਮੰਡਲ ਸਭਰਾ ਪ੍ਰਭਾਰੀ ਕੁਲਦੀਪ ਸਿੰਘ ਕੈਰੋਂ, ਸੰਜੀਵ ਸ਼ਰਮਾ, ਬਾਬਾ ਸਾਰਜ ਸਿੰਘ, ਰਛਪਾਲ ਸਿੰਘ, ਜਸਬੀਰ ਸਿੰਘ ਗੋਲਡੀ ਮੰਡਲ ਜਰਨਲ ਸਕੱਤਰ, ਹਰਪਾਲ ਸੋਨੀ ਮੰਡਲ ਜਰਨਲ ਸਕੱਤਰ, ਜਥੇਦਾਰ ਮਲਕੀਤ ਸਿੰਘ ਖਾਰਾ, ਸਰਪੰਚ ਹਰਦਿਆਲ ਸਿੰਘ ਖਾਰਾ, ਅਸ਼ਵਨੀ ਨਈਅਰ, ਕੈਪਟਨ ਸ਼ੇਰ ਸਿੰਘ ਕਿੜੀਆਂ, ਮਾਸਟਰ ਰਜਵੰਤ ਸਿੰਘ ਸਭਰਾ, ਜਥੇਦਾਰ ਲਖਵਿੰਦਰ ਸਿੰਘ ਕੁੱਤੀਵਾਲਾ, ਜਸਬੀਰ ਸਿੰਘ ਸਭਰਾ, ਗੁਰਪ੍ਰੀਤ ਸਿੰਘ ਪੱਟੀ, ਜਗਤਾਰ ਸਿੰਘ ਤੁੰਗ, ਜਤਿੰਦਰ ਕੁਮਾਰ, ਸੰਜੀਵ ਸ਼ਰਮਾ, ਸੰਦੀਪ ਭਾਰਗਵ, ਅਕਾਸ਼ਦੀਪ ਸਿੰਘ, ਨਛੱਤਰ ਸਿੰਘ ਬਨਵਾਲੀਪੁਰ, ਰਛਪਾਲ ਸਿੰਘ ਆਦਿ ਪਾਰਟੀ ਦੇ ਆਗੂ ਮੌਜੂਦ ਸਨ।

# ਆਪ ਸਰਕਾਰ ਦੇ ਝੂਠੇ ਪਰਚਿਆਂ ਤੋਂ ਮਜੀਠੀਆ ਡਰਨ ਵਾਲੇ ਨਹੀਂ : ਛੱਜਲਵੱਡੀ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਅਕਾਲੀ ਦਲ ਦੇ ਸੀਨੀਅਰ ਲੀਡਰ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਨਸ਼ਿਆਂ ਦੇ ਝੂਠੇ ਕੇਸ 'ਚ ਫਸਾਉਣ ਲਈ ਆਪ ਸਰਕਾਰ ਜਿਹੜੀਆਂ ਸਾਜਿਸ਼ਾਂ ਰਚ ਰਹੀ ਹੈ ਪਰ ਬਿਕਰਮ ਸਿੰਘ ਮਜੀਠੀਆ ਇਕ ਨਿਧੜਕ ਲੀਡਰ ਹਨ ਜਿਹੜੇ ਸਰਕਾਰ ਦੀਆਂ ਵਧੀਕੀਆਂ ਤੇ ਝੂਠੇ ਪਰਚਿਆਂ ਤੋਂ ਡਰਨ ਵਾਲੇ ਨਹੀਂ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਜੰਡਿਆਲਾ ਦੇ ਇੰਚਾਰਜ ਸਤਿੰਦਰਜੀਤ ਸਿੰਘ ਛੱਜਲਵੱਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਖਿਲਾਫ ਬੇਖੌਫ ਹੋ ਕੇ ਆਵਾਜ਼ ਬੁਲੰਦ ਕਰਨ ਵਾਲੇ ਬਿਕਰਮ ਸਿੰਘ ਮਜੀਠੀਆ ਨੂੰ ਦਬਾਉਣ ਦੀਆਂ ਜਿਹੜੀਆਂ ਸਕੀਮਾਂ ਘੜੀਆਂ ਜਾ ਰਹੀਆਂ ਹਨ, ਉਹ 'ਆਪ' ਸਰਕਾਰ ਦੇ ਕਿਸੇ ਵੀ ਕੰਮ ਨਹੀਂ ਆਉਣਗੀਆਂ, ਕਿਉਂਕਿ ਅਜਿਹੇ ਹੱਥਕੰਡੇ ਪਿਛਲੀ ਕਾਂਗਰਸ ਸਰਕਾਰ ਵੀ ਬਥੇਰੀ ਵਰਤ ਕੇ ਵੇਖ ਚੁੱਕੀ ਹੈ। ਉਨ੍ਹਾ ਕਿਹਾ ਕਿ ਮਜੀਠੀਆ ਨਾਲ ਸ਼੍ਰੋਮਣੀ ਅਕਾਲੀ ਦਲ ਤੇ ਪੰਜਾਬ ਵਾਸੀ ਚਟਾਨ ਦੀ ਤਰ੍ਹਾਂ ਖੜ੍ਹੇ ਹਨ।

# ਰੰਗਲਾ ਪੰਜਾਬ ਸਿਰਜਣ 'ਚ ਯੋਗਦਾਨ ਪਾਵੇਗਾ ਅਬਾਦ ਖੇਡ ਟੂਰਨਾਮੈਂਟ : ਡੀ ਸੀ



ਗੁਰਦਾਸਪੁਰ (ਜਨਕ ਮਹਾਜਨ/ਦਿਨੇਸ਼ ਕੁਮਾਰ )- ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਖੇਡਾਂ ਨੂੰ ਉਤਸ਼ਾਹਤ ਕਰਨ ਦੇ ਮਕਸਦ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਉਲੰਪਿਕ ਐਸੋਸੀਏਸ਼ਨ ਅਤੇ ਅਖਿਲ ਭਾਰਤੀਯ ਅਗਰਵਾਲ ਸੰਮੇਲਨ ਪੰਜਾਬ ਦੇ ਸਹਿਯੋਗ ਨਾਲ 'ਅਬਾਦ ਖੇਡ ਟੂਰਨਾਮੈਂਟ-2023-24 (ਸੀਜ਼ਨ-1) ਦੀ 21 ਦਸੰਬਰ ਤੋਂ ਸ਼ੁਰੂਆਤ ਹੋ ਗਈ ਹੈ। ਇਸ ਅਬਾਦ ਖੇਡ ਟੂਰਨਾਮੈਂਟ ਵਿੱਚ ਫੁੱਟਬਾਲ (ਲੜਕੇ), ਹਾਕੀ (ਲੜਕੇ), ਕ੍ਰਿਕੇਟ (ਲੜਕੇ), ਜਿਮਨਾਸਟਿਕ (ਲੜਕੇ ਤੇ ਲੜਕੀਆਂ), ਬੈਡਮਿੰਟਨ (ਲੜਕੇ-ਲੜਕੀਆਂ) ਦੇ ਮੁਕਾਬਲੇ ਕਰਵਾਏ ਜਾਣਗੇ। ਟੂਰਨਾਮੈਂਟ ਦੀਆਂ ਤਿਆਰੀਆਂ ਸਬੰਧੀ ਸਥਾਨਕ ਪੰਚਾਇਤ ਭਵਨ ਵਿਖੇ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਅਬਾਦ ਖੇਡ ਟੂਰਨਾਮੈਂਟ 30 ਦਸੰਬਰ ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ 22 ਅਤੇ 23 ਦਸੰਬਰ ਨੂੰ ਕਾਲਾ ਅਫ਼ਗਾਨਾ ਵਿਖੇ ਲੜਕਿਆਂ ਦੇ ਫੁੱਟਬਾਲ ਦੇ ਓਪਨ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ 22 ਦਸੰਬਰ ਨੂੰ ਸਰਕਾਰੀ ਕਾਲਜ ਗੁਰਦਾਸਪੁਰ ਦੇ ਹਾਕੀ ਸਟੇਡੀਅਮ ਵਿਖੇ ਹਾਕੀ ਦੇ ਓਪਨ ਮੁਕਾਬਲੇ ਹੋਣਗੇ। ਇਸੇ ਤਰ੍ਹਾਂ 23, 24, 25, 26 ਅਤੇ 27 ਦਸੰਬਰ ਨੂੰ ਸਰਕਾਰੀ ਕਾਲਜ ਗੁਰਦਾਸਪੁਰ ਦੇ ਕ੍ਰਿਕੇਟ ਸਟੇਡੀਅਮ ਵਿਖੇ 19 ਤੋਂ 23 ਸਾਲ ਉਮਰ ਵਰਗ ਦੇ ਖਿਡਾਰੀਆਂ ਦੇ ਕ੍ਰਿਕਟ ਮੁਕਾਬਲੇ ਹੋਣਗੇ। ਡਿਪਟੀ ਕਮਿਸ਼ਨਰ ਡਾ. ਨੇ ਅੱਗੇ ਦੱਸਿਆ ਕਿ 26 ਦਸੰਬਰ ਨੂੰ ਜਿਮਨੇਜ਼ੀਅਮ ਹਾਲ ਗੁਰਦਾਸਪੁਰ ਵਿਖੇ ਲੜਕੇ ਅਤੇ ਲੜਕੀਆਂ ਦੇ ਸੀਨੀਅਰ ਵਰਗ ਵਿੱਚ ਵਿਅਕਤੀਗਤ ਮੁਕਾਬਲੇ ਹੋਣਗੇ। 26 ਅਤੇ 27 ਦਸੰਬਰ ਨੂੰ ਬੈਡਮਿੰਟਨ ਹਾਲ ਗੁਰਦਾਸਪੁਰ ਵਿਖੇ 17 ਸਾਲ ਤੋਂ ਉੱਪਰ ਉਮਰ ਵਰਗ ਦੇ ਵਿਅਕਤੀਗਤ ਮੁਕਾਬਲੇ ਹੋਣਗੇ। 30 ਦਸੰਬਰ ਨੂੰ ਕ੍ਰਿਕਟ ਅਤੇ ਬੈਡਮਿੰਟਨ ਦੇ ਫਾਈਨਲ ਮੁਕਾਬਲੇ ਗੁਰਦਾਸਪੁਰ ਵਿਖੇ ਹੋਣਗੇ ਜਦਕਿ 30 ਦਸੰਬਰ ਨੂੰ ਹਾਕੀ ਦਾ ਫਾਈਨਲ ਡੇਅ-ਨਾਈਟ ਮੈਚ ਐਸਟਰੋਟਰਫ ਹਾਕੀ ਸਟੇਡੀਅਮ ਪਿੰਡ ਮਰੜ ਵਿਖੇ ਹੋਵੇਗਾ। ਉਨ੍ਹਾਂ ਕਿਹਾ ਕਿ ਜੇਤੂ ਖਿਡਾਰੀਆਂ ਨੂੰ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫ਼ੁਲਿਤ ਕਰਨ ਲਈ ਵਚਨਬੱਧ ਹੈ ਅਤੇ ਇਸੇ ਮਕਸਦ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਉਲੰਪਿਕ ਐਸੋਸੀਏਸ਼ਨ ਅਤੇ ਅਖਿਲ ਭਾਰਤੀਯ ਅਗਰਵਾਲ ਸੰਮੇਲਨ, ਪੰਜਾਬ ਦੇ ਸਹਿਯੋਗ ਨਾਲ 'ਅਬਾਦ ਖੇਡ ਟੂਰਨਾਮੈਂਟ' ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਇਸ ਟੂਰਨਾਮੈਂਟ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਐੱਸ.ਡੀ.ਐੱਮ. ਗੁਰਦਾਸਪੁਰ ਅਮਨਦੀਪ ਕੌਰ ਘੁੰਮਣ, ਸਹਾਇਕ ਕਮਿਸ਼ਨਰ (ਜ) ਮੈਡਮ ਇਰਵਨ ਕੌਰ, ਜ਼ਿਲ੍ਹਾ ਖੇਡ ਅਫ਼ਸਰ ਸਿਮਰਨਜੀਤ ਸਿੰਘ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸਤੀਸ਼ ਕੁਮਾਰ, ਤਹਿਸੀਲਦਾਰ ਗੁਰਦਾਸਪੁਰ ਰਾਜਵਿੰਦਰ ਕੌਰ, ਨਹਿਰੂ ਯੁਵਾ ਕੇਂਦਰ ਦੇ ਜ਼ਿਲ੍ਹਾ ਯੂਥ ਕੋਆਰਡੀਨੇਟਰ ਸੰਦੀਪ ਕੌਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੁਮਨਦੀਪ ਕੌਰ, ਲੋਕ ਨਿਰਮਾਣ ਵਿਭਾਗ ਦੇ ਐੱਸ.ਡੀ.ਓ. ਲਵਪ੍ਰੀਤ ਸਿੰਘ, ਨਗਰ ਕੌਂਸਲ ਗੁਰਦਾਸਪੁਰ ਦੇ ਸੁਪਰਡੈਂਟ ਅਸ਼ੋਕ ਕੁਮਾਰ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸੈਕੰਡਰੀ ਸਕੂਲ ਧੰਦੋਈ 'ਚ ਐੱਨ ਐੱਸ ਐੱਸ ਕੈਂਪ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਦਫਤਰ ਸਹਾਇਕ ਡਾਇਰੈਕਟਰ, ਜ਼ਿਲ੍ਹਾ ਯੁਵਕ ਕੇਂਦਰ ਗੁਰਦਾਸਪੁਰ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਪੁਰਾ ਧੰਦੋਈ ਵਿਖੇ 15 ਦਸੰਬਰ ਤੋਂ ਸ਼ੁਰੂ ਹੋਇਆ ਐਨ.ਐਸ.ਐਸ .ਕੈਂਪ ਅੱਜ 21 ਦਸੰਬਰ ਨੂੰ ਸੰਪੂਰਨ ਹੋ ਗਿਆ।

ਪ੍ਰਿੰਸੀਪਲ ਸਤਨਾਮ ਸਿੰਘ ਕੈਂਪ ਦੇ ਪ੍ਰੋਗਰਾਮ ਅਫਸਰ, ਮੇਜਰ ਸਿੰਘ ਅਤੇ ਮੈਡਮ ਗੁਰਸ਼ਰਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਨਿਗਰਾਨੀ ਹੇਠ ਸਫਲਤਾ ਪੂਰਵਕ ਇਹ ਕੈਂਪ ਆਪਣੀ ਸਿਖਰ ਅਤੇ ਸੰਪੂਰਨਤਾ ਨੂੰ ਪ੍ਰਾਪਤ ਹੋਇਆ। ਅੱਜ ਇਸ ਕੈਂਪ ਦੀ ਸਮਾਪਤੀ ਦੇ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਚੇਅਰਪਰਸਨ ਕਮਲਜੀਤ ਕੌਰ, ਮਨਦੀਪ ਸਿੰਘ, ਰੂਪ ਸਿੰਘ, ਸੰਦੀਪ ਸਿੰਘ, ਪ੍ਰਗਟ ਸਿੰਘ ਸਤਿਕਾਰਤ ਮਹਿਮਾਨਾਂ ਵਜੋਂ ਹਾਜ਼ਰ ਹੋਏ। ਇਸ ਮੌਕੇ ਕੈਂਪ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰ ਅਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਜਿੱਥੇ ਸਿੱਖਿਆ ਦਾ ਇਕ ਮਾਹੌਲ ਸਿਰਜਿਆ ਗਿਆ ਉੱਥੇ ਸਰੋਤਿਆਂ ਦਾ ਭਰਪੂਰ ਮਨੋਰੰਜਨ ਵੀ ਕੀਤਾ ਗਿਆ। ਇਹ ਕੈਂਪ ਵਿਦਿਆਰਥੀਆਂ ਲਈ ਭਰਪੂਰ ਗਿਆਨਵਰਧਕ ਅਤੇ ਯਾਦਗਾਰੀ ਹੋ ਨਿੱਬੜਿਆ । ਇਸ ਰਾਹੀਂ ਵਿਦਿਆਰਥੀਆਂ ਨੇ ਨੈਤਿਕ ਸਿੱਖਿਆ, ਸੇਵਾ, ਜ਼ਿੰਮੇਦਾਰੀ ਅਤੇ ਅਨੁਸ਼ਾਸਨ ਆਦਿ ਗੁਣਾਂ ਦੀ ਸਿਖਲਾਈ ਪ੍ਰਾਪਤ ਕੀਤੀ।

# ਇੰਪਲਾਈਜ਼ ਫੈਡਰੇਸ਼ਨ ਦੀ ਓ ਤੇ ਐਮ ਮੰਡਲ ਤਰਨ ਤਾਰਨ ਕਮੇਟੀ ਦੀ ਚੋਣ

ਝਬਾਲ (ਹਰਜਿੰਦਰ ਸਿੰਘ ਸੋਨੀ)-ਅੱਜ ਇੰਪਲਾਈਜ਼ ਫੈਡਰੇਸ਼ਨ ਦੀ ਇੱਕ ਅਹਿਮ ਮੀਟਿੰਗ ਹੋਈ ਜਿਸ ਵਿੱਚ ਸਮੂਹ ਮੈਂਬਰ ਹਾਜ਼ਰ ਹੋਏ। ਇਸ ਮੀਟਿੰਗ ਵਿੱਚ ਇੰਪਲਾਈਜ਼ ਫੈਡਰੇਸ਼ਨ ਦੀ ਓ ਅਤੇ ਐਮ ਮੰਡਲ ਤਰਨ ਤਾਰਨ ਕਮੇਟੀ ਦੀ ਚੋਣ ਸਰਕਲ ਸਕੱਤਰ ਭੁਪਿੰਦਰ ਸਿੰਘ ਭੱਤਾ ਦੀ ਦੇਖ ਰੇਖ ਵਿੱਚ ਕੀਤੀ ਗਈ ਜਿਸ ਵਿੱਚ ਪ੍ਰਧਾਨ ਗੁਰਬੇਜ ਸਿੰਘ ਨਾਮਧਾਰੀ, ਜਨਰਲ ਸਕੱਤਰ ਨਿਸ਼ਾਨ ਸਿੰਘ, ਕੈਸ਼ੀਅਰ ਚਰਨਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਕੁਲਜੀਤ ਸਿੰਘ ਮੱਲ੍ਹੀ, ਮੀਤ ਪ੍ਰਧਾਨ ਸੁਖਦੇਵ ਸਿੰਘ, ਮੀਤ ਪ੍ਰਧਾਨ ਨਿਤਿਨ ਕੁਮਾਰ, ਸਹਾਇਕ ਸਕੱਤਰ ਰਾਜਵਿੰਦਰ ਸਿੰਘ, ਐਡੀਟਰ ਰੋਹਿਤ ਕੁਮਾਰ, ਪ੍ਰੈੱਸ ਸਕੱਤਰ ਜਤਿੰਦਰ ਸਿੰਘ ਅਤੇ ਕਿਰਪਾਲ ਸਿੰਘ ਚੌਹਾਨ ਨੂੰ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵਨਿਯੁਕਤ ਮੈਂਬਰਾਂ ਵਲੋਂ ਭਰੋਸਾ ਦਿਵਾਇਆ ਕਿ ਜੋ ਵੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸੂਬਾ ਮੀਤ ਪ੍ਰਧਾਨ ਹਰਜਿੰਦਰ ਸਿੰਘ ਪਿੰਡ ਚਾਹਲ, ਸੂਬਾ ਸਕੱਤਰ ਸਤਨਾਮ ਸਿੰਘ ਸਰਾਂ, ਸਰਕਲ ਪ੍ਰਧਾਨ ਹਰਜੀਤ ਸਿੰਘ ਔਲਖ, ਤਰਨ ਤਾਰਨ ਸਰਕਲ ਸਕੱਤਰ ਮੰਗਲ ਸਿੰਘ ਨਾਗੋਕੇ, ਮੰਡਲ ਪ੍ਰਧਾਨ ਗੁਰਪਿੰਦਰ ਸਿੰਘ, ਮੰਡਲ ਰਈਆ ਪ੍ਰਧਾਨ ਸੁਰਿੰਦਰ ਸਿੰਘ, ਸਬ ਅਰਬਨ ਮੰਡਲ ਪ੍ਰਧਾਨ ਜਸਪ੍ਰੀਤ ਸਿੰਘ, ਲਖਬੀਰ ਸਿੰਘ ਸੰਧੂ, ਮੰਡਲ ਪ੍ਰਧਾਨ ਰਜਿੰਦਰ ਸਿੰਘ, ਬਿਕਰਮਜੀਤ ਸਿੰਘ, ਚਰਨਜੀਤ ਸਿੰਘ ਮੱਜੂਪੁਰ, ਸਕੱਤਰ ਮੰਡਲ ਮਨਦੀਪ ਸਿੰਘ ਲੁਹਾਰਕਾ, ਗੁਰਮੀਤ ਸਿੰਘ ਜੇ ਈ, ਬਲਜਿੰਦਰ ਸਿੰਘ, ਨਿੱਤਨੇਮ ਕੁਮਾਰ, ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ ਹਰਜੀਤ ਸਿੰਘ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਨੇ ਜੰਡਿਆਲਾ ਹਲਕੇ 'ਚ 56 ਲੱਖ ਦੇ ਵਿਕਾਸ ਕਾਰਜਾਂ ਦੀ ਕੀਤੀ ਸ਼ੁਰੂਆਤ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪਿਛਲੇ 70 ਸਾਲਾਂ ਦੌਰਾਨ ਕਿਸੇ ਵੀ ਰਾਜਨੀਤਿਕ ਪਾਰਟੀ ਨੇ ਪਿੰਡਾਂ ਦੀ ਕੋਈ ਸਾਰ ਨਹੀਂ ਲਈ ਅਤੇ ਸਾਡੀ ਸਰਕਾਰ ਰਾਜਨੀਤੀ ਕਰਨ ਨਹੀਂ ਸਗੋਂ ਰਾਜਨੀਤੀ ਵਿਚ ਬਦਲਾਅ ਲਿਆ ਕੇ ਵਿਕਾਸ ਦੇ ਕੰਮਾਂ ਨੂੰ ਤਰਜੀਹ ਦੇ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈ.ਟੀ.ਓ ਲੋਕ ਨਿਰਮਾਣ ਮੰਤਰੀ ਪੰਜਾਬ ਨੇ ਜੰਡਿਆਲਾ ਹਲਕੇ ਨਾਲ ਸੰਬੰਧਤ ਬਲਾਕ ਤਰਸਿੱਕਾ ਦੇ ਪਿੰਡ ਡੇਹਰੀਵਾਲ ਵਿਖੇ 56 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦੇ ਸਮੇਂ ਕੀਤਾ। ਈ.ਟੀ.ਓ ਨੇ ਦੱਸਿਆ ਕਿ ਪਿੰਡ ਡੇਹਰੀਵਾਲ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਥਾਪਰ ਮਾਡਲ ਤਲਾਬ ਅਤੇ ਗਲੀਆਂ ਨਾਲੀਆਂ, 25 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦਾ ਖੇਡ ਸਟੇਡੀਅਮ, 3 ਲੱਖ ਰੁਪਏ ਦੀ ਲਾਗਤ ਨਾਲ ਕਮਿਊਨਟੀ ਟਾਇਲੈਟ ਅਤੇ 8.10 ਲੱਖ ਰੁਪਏ ਦੀ ਲਾਗਤ ਨਾਲ ਆਂਗਣਵਾੜੀ ਕੇਂਦਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਸਰਕਾਰ ਪਾਸ ਫੰਡਾਂ ਦੀ ਕੋਈ ਕਮੀ ਨਹੀਂ। ਈ.ਟੀ.ਓ ਨੇ ਸੰਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਵਿਕਾਸ ਕਾਰਜ ਮਿਥੇ ਸਮੇਂ ਦੇ ਅੰਦਰ ਅੰਦਰ ਮੁਕੰਮਲ ਕੀਤੇ ਜਾਣ ਅਤੇ ਗੁਣਵੱਤਾ ਦਾ ਖਾਸ ਧਿਆਨ ਰੱਖਿਆ ਜਾਵੇ। ਈ.ਟੀ.ਓ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸੁਚੱਜੀ ਅਗਵਾਈ ਹੇਠ ਜੰਡਿਆਲਾ ਹਲਕੇ ਵਿਚ ਲਗਾਤਾਰ ਵਿਕਾਸ ਕਾਰਜ ਜਾਰੀ ਹਨ ਅਤੇ ਆਉਂਦੇ ਕੁਝ ਮਹੀਨਿਆਂ ਵਿਚ ਹੀ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਹੋਣਗੀਆਂ। ਉਨ੍ਹਾਂ ਕਿਹਾ ਕਿ ਜੰਡਿਆਲਾ ਹਲਕੇ ਦੇ ਸਰਵਪੱਖੀ ਵਿਕਾਸ ਲਈ ਕੋਈ ਵੀ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਅਸੀਂ ਲਗਾਤਾਰ ਕੰਮ ਕਰ ਰਹੇ ਹਾਂ ਤਾਂ ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਹੀਰਾ ਸਿੰਘ, ਪਰਮਿੰਦਰ ਸਿੰਘ, ਤੇਜਿੰਦਰ ਸਿੰਘ, ਆਗਿਆਪਾਲ ਸਿੰਘ, ਸੰਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

# ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਲਾਕਾ ਵਾਸੀ ਪ੍ਰੇਸ਼ਾਨ



ਗੁਰਦਾਸਪੁਰ, (ਜਨਕ ਮਹਾਜਨ)- ਬੇਟ ਖੇਤਰ ਦੇ ਪਿੰਡ ਪੱਖੋਵਾਲ ਕੁਲੀਆਂ ਤੇ ਚੇਚੀਆਂ ਛੋੜੀਆਂ-ਬਿਆਨਪੁਰ ਹੁੰਦੀ ਹੋਈ ਮੀਰਥਲ ਨੂੰ ਜਾਣ ਵਾਲੀ ਸੜਕ ਵਿਚਕਾਰ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਦੀ ਹਾਲਤ ਕਾਫ਼ੀ ਖਸਤਾ ਹੋਈ ਪਈ ਹੈ। ਇਸ ਸੇਮ ਨਾਲੇ ਵਿਚ ਕਾਫ਼ੀ ਮਾਤਰਾ ਵਿਚ ਜੰਗਲੀ ਘਾਹ ਬੂਟੀ ਉਗੀ ਪਈ ਹੈ ਜਿਸ ਕਾਰਨ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਹੀਂ ਹੁੰਦਾ। ਪਾਣੀ ਦਾ ਸਹੀ ਨਿਕਾਸ ਨਾ ਹੋਣ ਕਾਰਨ ਪਾਣੀ ਓਵਰਫਲੋ ਹੋ ਕੇ ਕਿਸਾਨਾਂ ਦੀ ਜ਼ਮੀਨ ਵਿਚ ਚਲਾ ਜਾਂਦਾ ਹੈ ਜਿਸ ਕਾਰਨ ਫਸਲਾਂ ਖ਼ਰਾਬ ਹੋਣ ਕਰਕੇ ਲੱਖਾਂ, ਕਰੋੜਾਂ ਰੁਪਏ ਦਾ ਨੁਕਸਾਨ ਹੋ ਜਾਂਦਾ ਹੈ। ਇਲਾਕਾ ਵਾਸੀਆਂ ਦੀ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਪਾਸੋਂ ਮੰਗ ਹੈ ਕਿ ਨਾਲੇ ਵਿਚ ਉਗੀ ਪਈ ਜੰਗਲੀ ਘਾਹ ਬੂਟੀ ਆਦਿ ਦੀ ਸਫ਼ਾਈ ਕਰਵਾਉਣ ਦੇ ਨਾਲ-ਨਾਲ ਇਸ ਨਾਲੇ ਦੀ ਡੂੰਘਾਈ ਵੀ ਕੀਤੀ ਜਾਵੇ ਤਾਂ ਜੋ ਵਰਖਾ ਦੇ ਦਿਨਾਂ ਵਿਚ ਪਾਣੀ ਓਵਰਫਲੋ ਨਾ ਹੋ ਸਕੇ ਅਤੇ ਨਾ ਹੀ ਨਾਲੇ ਕੰਢੇ ਖੇਤੀ ਬਰਬਾਦ ਨਾ ਹੋ ਸਕੇ।

## ਜਨਮ ਦਿਨ ਮੁਬਾਰਕ



ਅਨੰਤ ਸਿੰਘ ਧਾਲੀਵਾਲ, ਮਲੇਰਕੋਟਲਾ



ਕਨਿਸ਼ ਕੁਮਾਰ, ਹੁਸ਼ਿਆਰਪੁਰ

# ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ 'ਤੇ ਵਿਸਾਲ ਧਰਨਾ 18 ਜਨਵਰੀ ਨੂੰ

**ਜਲੰਧਰ (ਰਾਜੇਸ਼ ਥਾਪਾ, ਸ਼ੈਲੀ ਅਲਬਰਟ)**

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ (ਏਟਕ) ਦੇ ਸੂਬਾਈ ਅਹੁਦੇਦਾਰਾ ਵਲੋਂ ਪ੍ਰੈਸ ਕਲੱਬ ਜਲੰਧਰ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਮੌਕੇ ਜਥੇਬੰਦੀ ਦੇ ਜਨਰਲ ਸਕੱਤਰ ਜਗਦੀਸ਼ ਸਿੰਘ ਚਾਹਲ, ਪ੍ਰਧਾਨ ਗੁਰਜੀਤ ਸਿੰਘ ਬਟਾਲਾ, ਡਿਪਟੀ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪੰਜਾਬ ਰੋਡਵੇਜ ਪਨਬਸ 'ਚ ਜਿੰਨਾ ਨਿਘਾਰ ਪੰਜਾਬ ਦੀ ਮੌਜੂਦਾ ਸਰਕਾਰ ਸਮੇਂ ਆਇਆ ਹੈ। ਇਸ ਤੋਂ ਪਹਿਲਾਂ ਕਦੇ ਵੀ ਨਹੀਂ ਆਇਆ। ਪੰਜਾਬ ਰੋਡਵੇਜ ਪਨਬਸ ਅਤੇ ਪੀ.ਆਰ.ਟੀ.ਸੀ ਦਾ ਫਲੀਟ ਲਗਭਗ 1900 ਅਤੇ 1100 ਬੱਸਾਂ ਦਾ ਹੈ, ਪਰ ਮੈਨੇਜਮੈਂਟ ਦੀ ਮਾੜੀ ਕਾਰਗੁਜਾਰੀ ਸਦਕਾ ਪੀ ਆਰ ਟੀ ਸੀ ਦੀ ਆਮਦਨ ਰੋਡਵੇਜ ਪਨਬਸ ਨਾਲੋਂ ਡੇਢ ਗੁਣਾ ਹੈ। ਕਰੋਨਾ ਸਮੇਂ ਤੋਂ ਲੈ ਕੇ ਸੇਟਰ ਸਟੋਰ ਚੰਡੀਗੜ੍ਹ ਬੰਦ ਪਿਆ ਹੈ, ਜਿਸ ਕਰਕੇ ਪਿਛਲੇ ਸਮੇਂ ਵਿੱਚ 450- 500 ਬੱਸਾਂ ਮਾਮੂਲੀ ਸਪੇਅਰ ਪਾਰਟ, ਪਾਸਿੰਗ ਅਤੇ ਸਟਾਫ ਆਦਿ ਦੀ ਘਾਟ ਕਰਕੇ ਲਗਭਗ ਰੋਜਾਨਾ ਵਰਕਸਾਪਾਂ 'ਚ ਖੜੀਆਂ ਰਹੀਆਂ ਹਨ, ਜਿਸਦਾ ਮਾਣਯੋਗ ਹਾਈਕੋਰਟ ਨੇ ਨੋਟਿਸ ਲੈਂਦਿਆ ਜ਼ਿੰਮੇਵਾਰ ਅਫਸਰਾਂ ਉਪਰ ਬਣਦੀ ਕਾਰਵਾਈ ਕਰਨ ਦੇ ਨਿਰਦੇਸ ਦਿੱਤੇ ਸਨ, ਪਰ ਅੱਜ ਤੱਕ ਨਾ ਹੀ ਮਹਿਕਮੇ ਦੇ ਟਰਾਂਸਪੋਰਟ ਮੰਤਰੀ ਅਤੇ ਨਾ ਹੀ ਮੁੱਖ ਮੰਤਰੀ ਵੱਲੋਂ ਕੋਈ ਵੀ ਕਾਰਵਾਈ ਕਰਨ ਦੀ ਲੋੜ ਨਹੀਂ ਸਮਝੀ ਗਈ। ਡਾਇਰੈਕਟਰ ਸਟੇਟ ਟਰਾਂਸਪੋਰਟ ਵੱਲੋਂ ਪ੍ਰਮੋਸ਼ਨਾਂ, ਮੌਤ ਹੋਏ ਮੁਲਾਜ਼ਮਾਂ ਦੇ ਵਾਰਸਾਂ ਨੂੰ ਨੌਕਰੀਆਂ ਕਰਜਾ ਮੁਕਤ ਬੱਸਾਂ ਨੂੰ ਰੋਡਵੇਜ਼ 'ਚ ਸ਼ਾਮਲ ਕਰਨ ਟਾਇਮਟੇਬਲ, ਮਾਮੂਲੀ ਕਾਰਨਾ ਕਰਕੇ ਮੁਅੱਤਲ ਕਰਮਚਾਰੀਆਂ ਨੂੰ ਬਹਾਲ ਆਦਿ ਕਰਨ ਲਈ ਤਰ੍ਹਾਂ ਤਰ੍ਹਾਂ ਦੇ ਅੜਿੱਕੇ ਲਗਾ ਕੇ ਕੇਵਲ ਸਮਾਂ ਲੰਘਾਇਆ ਜਾ ਰਿਹਾ ਹੈ। ਪੰਜਾਬ ਰੋਡਵੇਜ ਮੁਲਾਜਮਾਂ ਦੀ ਸਾਂਝੀ ਐਕਸ਼ਨ ਕਮੇਟੀ ਅਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਮੀਟਿੰਗ ਲਈ ਸਮਾਂ ਮੰਗਣ ਦੇ ਬਾਵਜੂਦ ਵੀ ਸਮਾਂ ਨਹੀਂ ਦਿੱਤਾ ਜਾ ਰਿਹਾ। ਪਿਛਲੇ ਸਮੇਂ ਵਿੱਚ ਪਨਬਸ ਕਾਮਿਆਂ ਵਲੋਂ ਲਿਖਤੀ ਮੰਗ-ਪੱਤਰ ਦੇਣ ਤੇ ਵੀ ਕੋਈ ਮਸਲਾ ਹੱਲ ਨਹੀਂ ਕੀਤਾ ਗਿਆ ਜਿਸ ਕਰਕੇ ਮੁਲਾਜ਼ਮਾਂ ਨੂੰ ਮਜਬੂਰਨ ਲੰਮੀਆਂ ਹੜਤਾਲਾਂ



ਕਰਨੀਆਂ ਪਈਆਂ। ਜਿਸ ਨੂੰ ਟਾਲਿਆ ਜਾ ਸਕਦਾ ਸੀ, ਪਰ ਡਾਇਰੈਕਟਰ ਸਟੇਟ ਟਰਾਂਸਪੋਰਟ ਦੇ ਅੜੀਅਲ ਵਤੀਰੇ ਦੇ ਚਲਦਿਆਂ ਮਹਿਕਮੇ ਨੂੰ ਕਰੋੜਾਂ ਰੁਪਏ ਦਾ ਚੂਨਾ ਲਗਿਆ। ਜਿਸ ਦੀ ਜਾਂਚ ਹੋਣੀ ਚਾਹੀਦੀ। ਪਿਛਲੀ ਸਰਕਾਰਾਂ ਨੇ ਵੀ ਸਰਕਾਰੀ ਬੱਸਾਂ ਨੂੰ ਆਪਣੀਆਂ ਵੋਟਾਂ ਦੀ ਰਾਜਨੀਤੀ ਤਹਿਤ ਨਿਜੀ ਹਿੱਤਾਂ ਲਈ ਵਰਤਿਆ ਪਰ ਜਦੋਂ ਦੀ ਭਗਵੰਤ ਸਿੰਘ ਮਾਨ ਸਰਕਾਰ ਹੋਂਦ ਵਿੱਚ ਆਈ ਇਸ ਨੇ ਲਗਾਤਾਰ ਰੈਲੀਆਂ ਕਰਦੇ ਹੋਏ ਮਹਿਕਮੇ ਦਾ ਭੱਠਾ ਬਿਠਾ ਦਿੱਤਾ। ਲਗਭਗ ਹਰ ਹਫਤੇ ਹੀ 900 ਤੋਂ 1400 ਤੱਕ ਸਰਕਾਰੀ ਬੱਸਾਂ ਰੈਲੀਆਂ ਤੇ ਭੇਜਣ ਦੇ ਤੁਗਲਕੀ ਫੁਰਮਾਨ ਜਾਰੀ ਕੀਤੇ ਜਾ ਰਹੇ ਹਨ। ਜਿਸ ਕਰਕੇ ਸਰਕਾਰੀ ਬੱਸਾਂ ਅੱਡਿਆ ਤੋਂ ਗਾਇਬ ਰਹਿੰਦੀਆਂ ਹਨ ਅਤੇ ਨਿੱਜੀ ਟਰਾਂਸਪੋਰਟ ਮੁਨਾਫਾ ਖੱਟ ਰਹੇ ਹਨ ਬੱਸ ਅੱਡਿਆਂ ਵਿੱਚ ਲੋਕਾਂ ਦੀ ਖੱਜਲ –ਖੁਆਰੀ ਖਾਸਕਰ ਔਰਤਾਂ ਅਤੇ ਸਕੂਲਾਂ ਕਾਲਜਾਂ ਵਿੱਚ ਪੜ੍ਹੇ ਬੱਚਿਆਂ ਨੂੰ ਆ ਰਹੀ ਭਾਰੀ ਪ੍ਰੇਸਾਨੀ ਨੂੰ ਦੇਖਦਿਆਂ ਸਰਕਾਰ ਦੇ ਅਜਿਹੇ ਕੰਮਾਂ ਤੇ ਸਰਮ ਮਹਿਸੂਸ ਨਹੀਂ ਹੁੰਦੀ ।ਦਿੱਲੀ ਏਅਰਪੋਰਟ ਅਤੇ ਹੋਰ ਅਹਿਮ ਰੂਟਾਂ ਤੇ ਚੱਲਣ ਵਾਲੀਆਂ ਵੋਲਵੋ ਬੱਸਾਂ ਨੂੰ ਵੀ ਯਾਤਰਾ ਤੇ ਭੇਜਿਆ ਜਾ ਰਿਹਾ ਹੈ। ਜਿਸ ਕਰਕੇ ਉਕਤ ਰੂਟ ਲਗਭਗ ਪੱਕੇ ਤੌਰ ਤੇ ਬੰਦ ਪਏ ਹਨ ।ਵਿਦੇਸ ਤੋਂ ਆਉਣ ਜਾਣ ਵਾਲੇ ਲੋਕ ਏਅਰਪੋਰਟ ਸਰਵਿਸ ਬੰਦ ਹੋਣ ਕਰਕੇ ਲੋਕ ਅਫਸੋਸ ਪ੍ਰਗਟ ਕਰ ਰਹੇ ਹਨ । ਇਹਨਾਂ ਬੱਸਾਂ ਦੇ ਭੁਗਤਾਨ ਦੇ ਕੇਵਲ ਬਿਲ ਬਣਾ ਕੇ ਹੀ ਧਰਵਾਸ ਦਿਤਾ ਜਾ ਰਿਹਾ ਹੈ ਪਰ ਇੱਕ ਵੀ ਪੈਸਾ ਟਰਾਂਸਪੋਰਟ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਇਆ ਗਿਆ। ਸਗੋਂ ਇਸਦੇ ਉਲਟ ਤੇਲ ਅਤੇ ਟੋਲ ਟੈਕਸਾਂ ਦੇ ਪੈਸੇ ਵੀ ਵਿਭਾਗ ਆਪਣੇ ਕੋਲੋਂ ਹੀ ਭਰ ਰਿਹਾ ਹੈ ।ਬੇਸ਼ੱਕ ਲੋਕਾਂ ਨੂੰ ਸਹੂਲਤਾਂ ਦੇਣਾ ਸਰਕਾਰ ਦਾ ਫਰਜ ਹੈ ਪਰ ਉਹਨਾਂ ਦੇ ਲਈ ਬਦਲਵਾਂ ਪਰਬੰਧ ਕਰਨਾ ਵੀ ਸਰਕਾਰ ਦੀ ਜਿੰਮੇਵਾਰੀ ਹੈ। ਬੱਜਟ ਵਿਚ ਫੰਡ ਰਖ ਕੇ ਵਿਭਾਗ ਵਿੱਚ ਨਵੀਆਂ ਬੱਸਾਂ ਸਾਮਿਲ ਕਰਨੀਆਂ ਚਾਹੀਦੀਆਂ ਹਨ। ਸਰਕਾਰ ਦੀ ਮਹਿਕਮੇ ਪ੍ਰਤੀ ਮਾੜੀ ਨੀਤੀਆਂ ਦੇ ਖਿਲਾਫ ਕਾਫੀ ਰੋਸ ਹੈ। 18 ਜਨਵਰੀ 2024 ਦਿਨ ਵੀਰਵਾਰ ਨੂੰ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ 'ਤੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਸੈਂਟਰ ਬਾਡੀ ਦੇ ਅਹੁੱਦੇਦਾਰ ਬਿਕਰਮਜੀਤ ਸਿੰਘ, ਦੀਦਾਰ ਸਿੰਘ ਪੱਟੀ, ਦਵਿੰਦਰ ਕੁਮਾਰ, ਹਰਇੰਦਰ ਸਿੰਘ ਚੀਮਾ, ਗੁਰਜੀਤ ਸਿੰਘ, ਮਹਿੰਦਰ ਸਿੰਘ ਬਰਾੜ, ਬਲਕਾਰ ਸਿੰਘ ਭੰਗੂ, ਕਿਰਨਦੀਪ ਸਿੰਘ ਢਿੱਲੋਂ, ਗੁਰਮੀਤ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਮੁੱਖ ਸਿੰਘ, ਕਸ਼ਮੀਰ ਚੰਦ, ਬਲਵਿੰਦਰ ਸਿੰਘ ਰੋਪੜ, ਹਰੀਸ਼ ਕੁਮਾਰ ਹਾਜ਼ਰ ਸਨ।

## ਵੋਟਿੰਗ ਮਸ਼ੀਨ ਤੇ ਵੀ ਵੀ ਪੈਟ ਸੰਬੰਧੀ ਜਾਗਰੂਕਤਾ ਕੈਂਪ

**ਮੋਹਾਲੀ, (ਗੁਰਜੀਤ ਬਿੱਲਾ)**

ਭਾਰਤੀ ਚੋਣ ਕਮਿਸ਼ਨ ਵੱਲੋਂ ਈ ਵੀ ਐਮ ਮਸ਼ੀਨ ਅਤੇ ਵੀ ਵੀ ਪੈਟ ਸਬੰਧੀ ਆਮ ਨਾਗਰਿਕਾਂ ਦੇ ਤੋਖਲਿਆਂ ਨੂੰ ਦੂਰ ਕਰਨ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੋਟਰਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹਾ ਸਵੀਪ ਟੀਮ ਵੱਲੋਂ ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਅਸ਼ਿਕਾ



ਜੈਨ ਦੀ ਅਗਵਾਈ 'ਚ ਵੱਖ ਵੱਖ ਚੋਣ ਬੂਥਾਂ ਅਤੇ ਵਿਦਿਅਕ ਅਦਾਰਿਆਂ 'ਚ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ। ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਕਿ ਮੁਹਾਲੀ ਵਿਧਾਨ ਸਭਾ ਚੋਣ ਹਲਕੇ ਦੇ ਚੋਣ ਰਜਿਸਟ੍ਰੇਸ਼ਨ ਅਫਸਰ ਕਮ ਐਸ ਡੀ ਐਮ ਚੰਦਰਜਯੋਤੀ ਵੱਲੋਂ ਵੱਖ ਵੱਖ ਵਿੱਦਿਅਕ ਅਦਾਰਿਆਂ 'ਚ ਵੋਟਿੰਗ ਮਸ਼ੀਨ ਸੰਬੰਧੀ ਪ੍ਰੋਗਰਾਮ ਉਲੀਕੇ ਗਏ ਜਿਸ ਦੇ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 3 ਬੀ 1 ਮੁਹਾਲੀ ਵਿਖੇ ਕੈਂਪ ਆਯੋਜਿਤ ਕੀਤਾ ਗਿਆ। ਉਹਨਾ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਲੋਕਸਭਾ ਚੋਣਾਂ 2024 ਤੋਂ ਪਹਿਲਾਂ ਹਰ ਇੱਕ ਯੋਗ ਵੋਟਰ ਤੱਕ ਪਹੁੰਚ ਕਰ ਵੋਟਿੰਗ ਮਸ਼ੀਨ ਸੰਬੰਧੀ ਵੋਟਰਾਂ ਨੂੰ ਜਾਣੂ ਕਰਵਾਉਣਾ ਹੈ। ਪ੍ਰੋ ਅੰਟਾਲ ਨੇ ਦੱਸਿਆ ਕਿ ਇਹਨਾਂ ਕੈਂਪਾਂ ਦੌਰਾਨ ਵਿਦਿਆਰਥੀਆਂ ਨੂੰ ਵੋਟਰ ਹੈਲਪਲਾਈਨ ਮੋਬਾਈਲ ਐਪ ਅਤੇ ਦਿਵਿਆਂਗਜਨ ਵੋਟਰਾਂ ਲਈ ਸ਼ਕਸ਼ਮ ਐਪ ਸੰਬੰਧੀ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਮੌਕੇ ਚੋਣ ਕਾਨੂੰਗੋ ਮੁਹਾਲੀ ਜਗਤਾਰ ਸਿੰਘ ਵਿਧਾਨ ਸਭਾ ਹਲਕਾ ਮੁਹਾਲੀ ਦੇ ਸਵੀਪ ਨੋਡਲ ਅਫਸਰ ਮਿਤੇਸ਼ ਕੁਮਾਰ ਵੀ ਹਾਜ਼ਰ ਸਨ।

# ਵੱਡੇ ਸਾਹਿਬਜ਼ਾਦਿਆਂ ਦੀ ਯਾਦ 'ਚ ਤਿੰਨ ਦਿਨਾ ਸ਼ਹੀਦੀ ਜੋੜ ਮੇਲ ਆਰੰਭ



**ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੌਬੀ)**

ਗੁਰੂ ਗੋਬਿੰਦ ਸਿੰਘ ਦੇ ਵੱਡੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਤੇ ਬਾਬਾ ਜੁਝਾਰ ਸਿੰਘ ਅਤੇ ਚਮਕੌਰ ਸਾਹਿਬ ਦੇ ਮੁਗਲ ਸਾਮਰਾਜ ਨਾਲ ਹੋਏ ਇਤਿਹਾਸਕ ਯੁੱਧ 'ਚ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿੱਚ ਲੱਗਣ ਵਾਲਾ ਸਾਲਾਨਾ ਤਿੰਨ ਰੋਜ਼ਾ ਸ਼ਹੀਦੀ ਜੋੜ ਮੇਲ ਇੱਥੇ ਸ਼ੁਰੂ ਹੋ ਗਿਆ ਹੈ। ਜੋੜ ਮੇਲ ਦੇ ਪਹਿਲੇ ਦਿਨ ਇਤਿਹਾਸਕ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਧਾਰਮਿਕ ਮੰਚ ਤੋਂ ਰਾਗੀ ਢਾਡੀ ਜਥਿਆਂ ਨੇ ਕਥਾ ਕੀਰਤਨ ਅਤੇ ਗੁਰਬਾਣੀ ਵਿਆਖਿਆ ਕੀਤੀ। ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਭਾਈ ਨੱਥਾ ਸਿੰਘ ਨੇ ਦੱਸਿਆ ਕਿ ਇਹ ਦੀਵਾਨ 23 ਦਸੰਬਰ ਦੇਰ ਰਾਤ ਤੱਕ ਸਜਣਗੇ। ਸਮਾਗਮ ਦੇ ਪਹਿਲੇ ਦਿਨ ਅੱਜ ਸ਼ਹਿਰ ਦੇ ਬਾਜਰਾਂ ਵਿੱਚ ਸੰਗਤਾਂ ਦੀ ਪੂਰੀ ਚਹਿਲ-ਪਹਿਲ ਰਹੀ ਅਤੇ ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਨਗਰ ਕੀਰਤਨ ਵੀ ਪਹੁੰਚੇ, ਜਿਨ੍ਹਾਂ ਦਾ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਪਿੰਡਾਂ ਦੀ ਸੰਗਤ ਵੱਲੋਂ ਸ਼ਹਿਰ ਵਿਚ ਥਾਂ-ਥਾਂ 'ਤੇ ਅਤੁੱਟ ਲੰਗਰ ਵੀ ਵਰਤਾਏ ਜਾ ਰਹੇ ਹਨ। ਜੋੜ ਮੇਲ ਦੇ ਪਹਿਲੇ ਦਿਨ ਬਾਹਰੋਂ ਆਏ ਦੁਕਾਨਦਾਰਾਂ ਵੱਲੋਂ ਆਪੋ-ਆਪਣੀਆਂ ਦੁਕਾਨਾਂ ਵੀ ਸ਼ਹਿਰ ਵਿਚ ਲਗਾ ਲਈਆਂ ਹਨ। ਜਿਲ੍ਹਾ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਹਨ ਅਤੇ ਜਿਲ੍ਹਾ ਪੁਲਸ ਮੁਖੀ ਗੁਰਲੀਨ ਸਿੰਘ ਖੁਰਾਣਾ, ਇੱਥੋਂ ਦੇ ਡੀ ਐਸ ਪੀ ਜਰਨੈਲ ਸਿੰਘ ਅਤੇ ਥਾਣਾ ਮੁਖੀ ਹਰਸ਼ ਮੋਹਣ ਗੌਤਮ ਖੁਦ ਸਮਾਗਮ ਦੀ ਨਿਗਰਾਨੀ ਕਰ ਰਹੇ ਹਨ। ਸਮਾਗਮ ਦੇ ਦੂਜੇ ਦਿਨ 22 ਦਸੰਬਰ ਨੂੰ ਸਿਆਸੀ ਕਾਨਫਰੰਸਾਂ ਵੀ ਹੋਣਗੀਆਂ। ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਨੱਥਾ ਸਿੰਘ ਨੇ ਦੱਸਿਆ ਕਿ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਗੁਰਦੁਆਰਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨਾਂ ਸਮੇਤ ਹੋਰ ਅਕਾਲੀ ਦਲ ਦੇ ਆਗੂ ਪਹੁੰਚਣਗੇ। ਦੂਜੇ ਪਾਸੇ ਕਾਂਗਰਸ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸ਼੍ਰੋਮਣੀ ਅਕਾਲੀ ਦਲ (1920) ਦੇ ਪ੍ਰਧਾਨ ਸਾਬਕਾ ਸਪੀਕਰ ਰਵੀਇੰਦਰ ਸਿੰਘ ਰਵੀ ਅਤੇ ਬਹੁਜਨ ਸਮਾਜ ਪਾਰਟੀ ਦੇ ਆਗੂ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚ ਰਹੇ ਹਨ।



ਚਾਰ ਸਾਹਿਬਜਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਸਲਾਲਾ ਤੋਂ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਰਾਮ ਸਿੰਘ ਦੀ ਅਗਵਾਈ ਹੇਠ ਸਜਾਏ ਗਏ ਨਗਰ ਕੀਰਤਨ ਦਾ ਪਿੰਡ ਕਿਸ਼ਨਪੁਰ ਪਹੁੰਚਣ 'ਤੇ ਸਤਿਕਾਰ ਕਰਦੇ ਹੋਏ ਸੰਤ ਬਾਬਾ ਪ੍ਰਮੇਸ਼ਰ ਸਿੰਘ, ਨੰਬਰਦਾਰ ਗੁਰਦਾਵਰ ਸਿੰਘ, ਅਵਤਾਰ ਸਿੰਘ ਸਰਪੰਚ, ਭੁਪਿੰਦਰ ਸਿੰਘ ਸੇਠ, ਜਸਪਾਲ ਸਿੰਘ ਸਾਬਕਾ ਸਰਪੰਚ, ਅਮਨਦੀਪ ਸਿੰਘ, ਦਲਵੀਰ ਸਿੰਘ, ਗੁਰਦਿਆਲ ਸਿੰਘ, ਕੁਲਵੰਤ ਸਿੰਘ, ਗੁਰਨਾਮ ਸਿੰਘ, ਧਰਮਿੰਦਰ ਸਿੰਘ ਅਤੇ ਸਮੂਹ ਨਗਰ ਨਿਵਾਸੀ ਸੰਗਤ।

*(ਫੋਟੋ ਅਤੇ ਵੇਰਵਾ : ਪਰਮਜੀਤ ਸਿੰਘ ਆਦਮਪੁਰ )*

## ਕੁੱਟਮਾਰ ਤੇ ਖੋਹ ਕਰਨ ਵਾਲਿਆਂ ਖਿਲਾਫ਼ ਮਾਮਲਾ ਦਰਜ

**ਅੱਡਾ ਸਰਾਂ, (ਕਾਜਲ)**- ਇਥੇ ਸਲੂਨ ਚਲਾਉਣ ਵਾਲੇ ਵਿਅਕਤੀ ਨਾਲ ਕੁੱਟਮਾਰ ਕਰਨ ਦੇ ਦੋਸ਼ ਵਿਚ ਟਾਂਡਾ ਪੁਲਸ ਨੇ 6 ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਕੁੱਟਮਾਰ ਦਾ ਸ਼ਿਕਾਰ ਹੋਏ ਰੂਫਾਨ ਪੁੱਤਰ ਧੰਨਵੀਰ ਖ਼ਾਨ ਵਾਸੀ ਪਿੰਡ ਖਡਿਆਲਾ ਦੇ ਬਿਆਨ ਦੇ ਅਧਾਰ 'ਤੇ ਦਰਜ ਕੀਤਾ ਹੈ। ਆਪਣੇ ਬਿਆਨ ਵਿਚ ਰੂਫਾਨ ਨੇ ਦੱਸਿਆ ਕਿ ਜਦੋਂ ਉਹ 14 ਦਸੰਬਰ ਦੀ ਸ਼ਾਮ ਨੂੰ ਆਪਣੇ ਸਲੂਨ ਨੂੰ ਬੰਦ ਕਰਕੇ ਸੜਕ 'ਤੇ ਆਇਆ ਤਾਂ 6 ਦੇ ਕਰੀਬ ਅਣਪਛਾਤੇ ਵਿਅਕਤੀਆਂ ਨੇ ਉਸ 'ਤੇ ਹਮਲਾ ਕਰਕੇ ਕਹੀ ਦੇ ਲੱਕੜ ਦੇ ਦਸਤੇ ਨਾਲ ਉਸ ਨਾਲ ਕੁੱਟਮਾਰ ਕੀਤੀ ਅਤੇ ਉਸਦਾ ਮੋਬਾਈਲ ਅਤੇ ਲਗਭਗ 15 ਹਜ਼ਾਰ ਰੁਪਏ ਖੋਹ ਕੇ ਫਰਾਰ ਹੋ ਗਏ। ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣੇਦਾਰ ਨਰਿੰਦਰ ਸਿੰਘ ਮਾਮਲੇ ਦੀ ਜਾਂਚ ਕਰ ਰਹੇ ਹਨ ।

## ਸੇਵਾ ਕੇਂਦਰ 'ਚੋਂ ਬੈਟਰੀਆਂ ਤੇ ਡੀ ਵੀ ਆਰ ਲੈ ਉਡੇ ਚੋਰ



**ਗੁਰਾਇਆ (ਬਿੰਦਰ ਸੁੰਮਨ)**- ਇਥੇ ਚੋਰਾਂ ਨੇ ਸਰਕਾਰੀ ਦਫਤਰ ਨੂੰ ਵੀ ਨਹੀਂ ਬਖਸ਼ਿਆ ਤੇ ਲੱਖਾਂ ਰੁਪਏ ਦਾ ਸਮਾਨ ਚੋਰੀ ਕਰ ਲਿਆ। ਦਾਣਾ ਮੰਡੀ 'ਚ ਸਥਿਤ ਸੇਵਾ ਕੇਂਦਰ ਦੇ ਤਾਲੇ ਤੋੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਕੇਂਦਰ 'ਚ ਸੀਨੀਅਰ ਅਪ੍ਰੇਟਰ ਵਜੋਂ ਸੇਵਾ ਨਿਭਾ ਰਹੇ ਤਰਨਜੀਤ ਸਿੰਘ ਨੇ ਦੱਸਿਆ ਕਿ ਸਵੇਰੇ ਜਦੋਂ ਸਿਕਉਰਟੀ ਗਾਰਡ ਰੋਜ਼ਾਨਾ ਦੀ ਤਰ੍ਹਾਂ ਸੇਵਾ ਕੇਂਦਰ ਆਇਆ ਤਾਂ ਉਸ ਨੇ ਦੇਖਿਆ ਕਿ ਤਾਲਾ ਟੁੱਟਾ ਹੋਇਆ ਸੀ ਅਤੇ ਚੋਰ ਇਥੋਂ 16 ਯੂ.ਪੀ.ਐਸ ਇਨਵਰਟਰ ਦੀਆਂ ਬੈਟਰੀਅ, ਇੱਕ ਜਨਰੇਟਰ ਦੀ ਬੈਟਰੀ ਅਤੇ ਕੈਮਰਿਆਂ ਦਾ ਡੀ.ਵੀ.ਆਰ ਲੈ ਗਏ। ਉਨਾਂ ਦੱਸਿਆ ਕਿ ਜ਼ਿਲ੍ਹਾ ਜਲੰਧਰ ਅੰਦਰ ਕਾਫੀ ਸੇਵਾ ਕੇਂਦਰਾਂ 'ਚ ਚੋਰੀ ਦੀਆਂ ਘਟਨਾਵਾਂ ਵਾਪਰੀਆਂ ਹਨ।

# ਢੇਰ ਵਾਸੀਆਂ ਨੇ ਨੈਸਨਲ ਹਾਈਵੇ 'ਤੇ ਫਲਾਈਓਵਰ ਬਣਾਉਣ ਦੀ ਕੀਤੀ ਮੰਗ

**ਸ੍ਰੀ ਅਨੰਦਪੁਰ ਸਾਹਿਬ (ਸੁਰਜੀਤ ਸਿੰਘ ਢੇਰ)**

ਇੱਥੇ ਉਪ ਮੰਡਲ ਅਧੀਨ ਪੈਂਦੇ ਪਿੰਡ ਢੇਰ ਵਾਸੀਆਂ ਨੇ ਉਪ ਮੰਡਲ ਮੈਜਿਸਟਰੇਟ ਨੂੰ ਮੰਗ ਨੂੰ ਪੱਤਰ ਦੇ ਕੇ ਮੰਗ ਕੀਤੀ ਕਿ



ਨੈਸ਼ਨਲ ਹਾਈਵੇ 503 ਦੀ ਉਸਾਰੀ ਸਮੇਂ ਪਿੰਡ ਢੇਰ ਦੇ ਉੱਤੇ ਫਲਾਈ ਓਵਰ ਦੀ ਉਸਾਰੀ ਕੀਤੀ ਜਾਵੇ ਅਤੇ ਸੜਕ ਦੇ ਦੋਵੇਂ ਪਾਸੇ ਪਾਣੀ ਦੀ ਨਿਕਾਸੀ ਦੇ ਯੋਗ ਪ੍ਰਬੰਧ ਕੀਤੇ ਜਾਣ। ਇਸ ਮੌਕੇ ਮੰਗ ਪੱਤਰ ਦੇਣ ਸਮੇਂ ਗ੍ਰਾਮ ਪੰਚਾਇਤ ਢੇਰ ਦੇ ਸਰਪੰਚ ਰਜਿੰਦਰ ਸਿੰਘ ਡੋਡ, ਸੀ ਪੀ ਐਮ ਦੇ ਜਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਇੰਦਰਜੀਤ ਸਿੰਘ ਫੌਜੀ, ਅਨਿਲ ਕੁਮਾਰ ਦੀ ਅਗਵਾਈ ਹੇਠ ਇੱਕ ਮੰਗ ਪੱਤਰ ਆਨੰਦਪੁਰ ਸਾਹਿਬ ਦੇ ਐਸ ਡੀ ਐਮ ਨਾ ਹੋਣ ਕਰਕੇ ਸੁਪਰਡੈਂਟ ਬੀਬੀ ਹਰਨੇਕ ਕੌਰ ਚਾਹਲ ਨੂੰ ਦਿੱਤਾ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਨੈਸ਼ਨਲ ਹਾਈਵੇ ਦੀ ਉਸਾਰੀ ਸਮੇਂ ਪਿੰਡ ਢੇਰ ਤੇ ਕੋਲ ਫਲਾਈ ਓਵਰ ਬਣਾਇਆ ਜਾਵੇ ਕਿਉਂਕਿ ਪਿੰਡ ਦੀ ਆਬਾਦੀ ਸੜਕ ਦੇ ਦੋਵੇਂ ਪਾਸੇ ਹੈ ਸੜਕ ਲੰਘਣ ਸਮੇਂ ਸੜਕਾਂ ਹਾਦਸਿਆਂ ਦਾ ਮੁੱਖ ਕਾਰਨ ਬਣ ਰਿਹਾ ਹੈ। ਜਦੋਂ ਤੋਂ ਟਰੈਫਿਕ ਵਧਿਆ ਉਦੋਂ ਤੋਂ ਸੜਕ ਹਾਦਸਿਆਂ 'ਚ ਲਗਾਤਾਰ ਵੱਧਦਾ ਹੁੰਦਾ ਜਾ ਰਿਹਾ। ਇਸ ਕਰਕੇ ਪ੍ਰਸਾਸਨ ਲੋਕਾਂ ਦੀ ਜਾਨ ਮਾਲ ਦੀ ਰਾਖੀ ਨੂੰ ਦੇਖਦੇ ਹੋਏ ਫਲਾਈ ਓਵਰ ਦੀ ਉਸਾਰੀ ਕਰਾਵੇ। ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਸੜਕ ਦੇ ਦੋਵੇਂ ਪਾਸੇ ਪਿੰਡ ਦੇ ਗੰਦੇ ਪਾਣੀ ਦੀ ਨਿਕਾਸੀ ਦੇ ਲਈ ਨਾਲੇ ਬਣਾਏ ਜਾਣ ਤਾਂ ਜੋ ਪਿੰਡ ਦਾ ਗੰਦਾ ਪਾਣੀ, ਬਰਸਾਤੀ ਪਾਣੀ ਸਹੀ ਜਗ੍ਹਾ ਤੇ ਜਾ ਸਕੇ ।ਇਸ ਮੰਗ ਪੱਤਰ ਵਿੱਚ ਪਿੰਡ ਦੇ ਹੋਰ ਲੋਕਾਂ ਦੇ ਵੀ ਦਸਤਖਤ ਸਨ ਇਸ ਮੌਕੇ ਤੇ ਕਾਲਾ ਬਡਿਆਲ ਵੀ ਹਾਜ਼ਰ ਸੀ।

## ਡੇਰਾ ਬਾਬਾ ਦੁੱਧਾਧਾਰੀ ਫਰਾਲਾ ਵਿਖੇ ਸਮਾਗਮ ਕਰਵਾਇਆ

**ਬਹਿਰਾਮ (ਅਵਤਾਰ ਕਲੇਰ)**- ਡੇਰਾ ਬਾਬਾ ਦੁੱਧਾਧਾਰੀ ਮਹੰਤ ਗੁਰਬਚਨ ਦਾਸ ਨਗਰ (ਫਰਾਲਾ) ਵਿਖੇ ਮਹੰਤ ਗੁਰਬਚਨ ਦਾਸ ਦਾ 99ਵਾਂ ਜਨਮ ਦਿਨ ਧਾਰਮਿਕ ਸਮਾਗਮ ਕਰਕੇ ਗੱਦੀ ਨਸ਼ੀਨ ਸੰਤ ਪ੍ਰੇਮ ਦਾਸ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਇਸ ਦੋ ਦਿਨਾ ਸਮਾਗਮ ਦੌਰਾਨ ਪਹਿਲੇ ਦਿਨ ਸ਼ੋਭਾ ਯਾਤਰਾ ਸਜਾਈ ਗਈ। ਦੂਸਰੇ ਦਿਨ ਡੇਰੇ ਵਿਖੇ ਕੇਕ



ਕੱਟਿਆ ਗਿਆ ਉਪਰੰਤ ਮਸ਼ਹੂਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਸੰਤ ਸੁਰਿੰਦਰ ਦਾਸ ਅਟਾਰੀ ਤੋਂ ਇਲਾਵਾ ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਪ੍ਰੇਮ ਦਾਸ ਅਤੇ ਸੰਤ ਸੁਰਿੰਦਰ ਦਾਸ ਅਟਾਰੀ ਵੱਲੋਂ ਕੀਰਤਨ ਅਤੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਕੁਲ ਲੋਕਾਈ ਦੇ ਭਲੇ ਲਈ ਅਰਦਾਸ ਕੀਤੀ। ਵਾਟਰ ਸੋਰਸਿਸ ਮੈਨੇਜਮੈਂਟ ਐਂਡ ਡਿਵੈਲਪਮੈਂਟ ਪੰਜਾਬ ਦੇ ਵਾਈਸ ਚੇਅਰਮੈਨ ਅਤੇ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਿਸੇਸ ਤੌਰ 'ਤੇ ਪਹੁੰਚੇ। ਕੁਲਜੀਤ ਸਿੰਘ ਸਰਹਾਲ ਨੇ ਮਹਾਂਪੁਰਸ਼ਾਂ ਦੇ ਜਨਮ ਦਿਨ ਦੀਆਂ ਸੰਗਤਾਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਉਹ ਪਿੰਡ ਭਾਗਾਂ ਵਾਲੇ ਹੁੰਦੇ ਹਨ ਜਿੱਥੇ ਮਹਾਂਪੁਰਸ਼ਾਂ ਨੇ ਤਪੱਸਿਆ ਕੀਤੀ ਅਤੇ ਸੰਗਤਾਂ ਨੂੰ ਪ੍ਰਮਾਤਮਾ ਨਾਲ ਜੋੜਿਆ। ਗੱਦੀਨਸ਼ੀਨ ਸੰਤ ਪ੍ਰੇਮ ਦਾਸ ਵੱਲੋਂ ਪਹੁੰਚੇ ਹੋਏ ਮਹਿਮਾਨਾਂ ਅਤੇ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨਜੀਤ ਕੌਰ ਸਰਪੰਚ, ਮਹਿੰਦਰ ਪਾਲ, ਥਾਣੇਦਾਰ ਪਰਮਜੀਤ ਸਿੰਘ ਬਾਹੜੋਵਾਲ, ਬਲਦੇਵ ਰਾਜ ਬਾਹੜੋਵਾਲ, ਨੰਬਰਦਾਰ ਸੁਰਿੰਦਰ ਪਾਲ, ਚੇਤਨ ਰਾਮ, ਸੁਨੀਲ ਕੁਮਾਰ, ਨਰੇਸ਼ ਕੁਮਾਰ, ਬਰਿਜ ਲਾਲ, ਸਨੀ, ਅਸ਼ੋਕ ਚੁੰਬਰ, ਗੁਰਮੀਤ ਰਾਮ ਦਾਦੂਵਾਲ, ਦੇਸ਼ ਰਾਜ ਸੈਕਟਰੀ, ਸੱਤਿਆ ਪੰਚ, ਕੁਲਵਿੰਦਰ ਕੁਮਾਰ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਸਰਬ ਨੌਜਵਾਨ ਸਭਾ ਵੱਲੋਂ ਚੇਅਰਮੈਨ ਡਾ. ਦਲਵੀਰ ਸਿੰਘ ਕਥੂਰੀਆ ਦਾ ਸਨਮਾਨ



**ਫਗਵਾੜਾ (ਡਾ. ਰਮਨ)**-ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਦਾ ਇੱਕ ਵਫ਼ਦ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ 'ਚ ਡਾ. ਦਲਵੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੂੰ ਮਿਲਿਆ। ਇਸ ਮੌਕੇ ਸਭਾ ਦੇ ਪ੍ਰਧਾਨ ਸੁਖਵਿਦਰ ਸਿੰਘ ਵੱਲੋਂ ਉਨ੍ਹਾ ਨੂੰ ਸਭਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਸੰਬੰਧੀ ਜਾਣੂ ਕਰਵਾਇਆ। ਇਸ ਮੌਕੇ ਡਾ. ਕਥੂਰੀਆ ਵੱਲੋਂ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਹ ਸਭਾ ਦੇ ਅਗਲੇਰੇ ਪ੍ਰੋਗਰਾਮਾਂ ਵਿੱਚ ਸਹਿਯੋਗ ਜ਼ਰੂਰ ਕਰਨਗੇ। ਇਸ ਮੌਕੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਜਨਰਲ ਸਕੱਤਰ ਡਾ. ਵਿਜੈ ਕੁਮਾਰ, ਮਨਦੀਪ ਬਾਸੀ ਹਾਜ਼ਰ ਸਨ।

## ਸੰਤੋਖ ਸਿੰਘ ਦੇ ਦੇਹਾਂਤ 'ਤੇ ਮੁੱਖ ਮੰਤਰੀ ਮਨੋਹਰ ਲਾਲ ਨੇ ਦੁੱਖ ਪ੍ਰਗਟਾਇਆ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਚੰਡੀਗੜ੍ਹ ਦੇ ਸੀਨੀਅਰ ਪ੍ਰੈਸ ਫੋਟੋ ਜਰਨਲਿਸਟ ਸੰਤੋਖ ਸਿੰਘ, ਜਿਨ੍ਹਾਂ ਨੂੰ ਤਾਇਆ ਜੀ ਦੇ ਨਾਂਅ ਨਾਲ ਜਾਣਦੇ ਸਨ ਦੇ ਦੇਹਾਂਤ 'ਤੇ ਸੋਗ ਪ੍ਰਗਟਾਇਆ। ਸਰਦਾਰ ਸੰਤੋਖ ਸਿੰਘ ਲੰਬੇ ਸਮੇਂ ਤੋਂ ਕੈਂਸਰ ਦੀ ਬਿਮਾਰੀ ਨਾਲ ਲੜ ਰਹੇ ਸਨ ਅਤੇ ਵੀਰਵਾਰ ਦੀ ਸਵੇਰੇ ਉਹ ਜ਼ਿੰਦਗੀ ਦੀ ਜੰਗ ਹਾਰ ਗਏ। ਉਨ੍ਹਾਂ ਨੇ ਪਹਿਲਾਂ ਪੰਜਾਬ ਰਾਜ ਉਦਯੋਗਿਕ ਨਿਰਯਾਤ ਨਿਗਮ ਪੀ ਐਸ ਆਈ ਈ ਸੀ, ਸੈਕਟਰ17, ਚੰਡੀਗੜ੍ਹ ਵਿੱਚ ਟ੍ਰੇਸਰ ਮੈਪ ਨੇਵਿਸ ਵਜੋਂ ਵੀ ਕੰਮ ਕੀਤਾ ਸੀ, ਪਰ ਉਹ ਕਾਰਟੂਨਿੰਗ, ਪੇਂਟਿੰਗ ਵਿੱਚ ਬਹੁਤ ਮਾਹਰ ਸਨ। ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸੱਭਿਆਚਾਰਕ ਵਿਭਾਗ ਦੇ ਪ੍ਰਧਾਨ ਸਕੱਤਰ ਵੀ ਉਮਾਸ਼ੰਕਰ ਅਤੇ ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਤੇ ਸੂਚਨਾ ਲੋਕ ਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਮਹਾਨਿਦੇਸ਼ਕ ਡਾ. ਅਮਿਤ ਅਗਰਵਾਲ ਨੇ ਵੀ ਸਰਦਾਰ ਸੰਤੋਖ ਸਿੰਘ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ।

## ਗੁਰਦੀਪ ਸਿੰਘ ਗੁਲਾਟੀ ਨੂੰ ਸਦਮਾ, ਪੁੱਤਰ ਦਾ ਦੇਹਾਂਤ



**ਬਹਿਰਾਮ (ਅਵਤਾਰ ਕਲੇਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਬੰਗਾ ਦੇ ਕਮੇਟੀ ਮੈਂਬਰ ਅਤੇ ਦਫਤਰ ਸਕੱਤਰ ਸਾਥੀ ਗੁਰਦੀਪ ਸਿੰਘ ਗੁਲਾਟੀ ਨੂੰ ਉਦੋਂ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਨੌਜਵਾਨ ਪੁੱਤਰ ਜੀਤ ਸਿੰਘ ਜੀਤੂ ਉਮਰ 22 ਸਾਲ ਦੀ ਅਚਾਨਕ ਐਕਸੀਡੈਂਟ ਵਿੱਚ ਮੌਤ ਹੋ ਗਈ। ਉਨ੍ਹਾਂ ਦਾ ਸੰਸਕਾਰ ਕਰ ਦਿੱਤਾ ਗਿਆ ਹੈ। ਸੰਸਕਾਰ ਮੌਕੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ ਤੇ ਤਹਿਸੀਲ ਸਕੱਤਰ ਕੁਲਦੀਪ ਝਿੰਗੜ ਪਹੁੰਚੇ। ਜਿਲ੍ਹਾ ਕਮੇਟੀ ਮੈਂਬਰ ਜੋਗਿੰਦਰ ਲੜੋਆ, ਸੁਨੀਤਾ ਤਲਵੰਡੀ, ਕਿਸਾਨ ਆਗੂ ਪ੍ਰੇਮ ਸਿੰਘ ਮੰਢਾਲੀ, ਦਲਜੀਤ ਸਿੰਘ ਗੁਣਾਚੌਰ, ਬਲਵਿੰਦਰ ਬੰਗਾ, ਬਲਵਿੰਦਰ ਕੁਮਾਰ ਹੀਓ ਕੁਲਵਿੰਦਰ ਗੋਬਿੰਦਪੁਰ, ਬੱਗਾ ਸਿੰਘ ਕੰਗਰੋੜ ਆਦਿ ਸਾਥੀਆਂ ਨੇ ਸਾਥੀ ਗੁਲਾਟੀ ਨਾਲ ਦੁੱਖ ਪ੍ਰਗਟ ਕੀਤਾ।

## ਤਰਕਸ਼ਸੀਲ ਮੇਲਾ 24 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**-ਲੋਕਾਂ ਦਾ ਸੋਚਣ ਢੰਗ ਵਿਗਿਆਨਿਕ ਬਣਾਉਣ ਅਤੇ ਸੱਭਿਅਕ ਸਮਾਜ ਦੀ ਸਿਰਜਣਾ ਲਈ ਯਤਨਸ਼ੀਲ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੀ ਇਕਾਈ ਸ਼ਾਹਕੋਟ ਵੱਲੋਂ ਸ਼ਹੀਦ ਊਧਮ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ 'ਤਰਕਸ਼ੀਲ ਮੇਲਾ' 24 ਦਸੰਬਰ ਦਿਨ ਐਤਵਾਰ ਸਵੇਰੇ 11 ਵਜੇ ਪੁਰਾਣੀ ਤਹਿਸੀਲ, ਨੇੜੇ ਨਵਾਂ ਬੱਸ ਸਟੈਂਡ ਸ਼ਾਹਕੋਟ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਅਦਾਕਾਰ ਮੰਚ ਮੁਹਾਲੀ ਵੱਲੋਂ ਡਾ. ਸਾਹਿਬ ਸਿੰਘ ਦੀ ਨਿਰਦੇਸ਼ਨਾ ਹੇਠ 'ਸੰਮਾਂ ਵਾਲੀ ਡਾਂਗ' ਨਾਟਕ ਖੇਡਿਆ ਜਾਵੇਗਾ। ਇਸ ਤੋਂ ਇਲਾਵਾ ਹੋਰ ਨਾਟਕ, ਗੀਤ ਸੰਗੀਤ ਅਤੇ ਜਾਦੂ ਦਾ ਸ਼ੋਅ ਕਰਵਾਇਆ ਜਾ ਰਿਹਾ ਹੈ।

## ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਕਿੰਡਰ ਗਾਰਡਨ 'ਚ ਐਕਟੀਵਿਟੀ



**ਸੁਲਤਾਨਪੁਰ ਲੋਧੀ, (ਹਨੀ)**- ਸ਼੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ 'ਚ ਰੱਖਦੇ ਹੋਏ ਅਤੇ ਉਹਨਾਂ ਦੇ ਸਿਰਜਣਾਤਮਕ ਪੱਖ ਨੂੰ ਹੋਰ ਵੀ ਨਿਖਾਰਨ ਦੇ ਮਕਸਦ ਨਾਲ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿੱਚ ਕਿੰਡਰਗਾਰਡਨ ਦੇ ਵਿਦਿਆਰਥੀਆਂ ਲਈ ਵਿਭਿੰਨ ਪ੍ਰਕਾਰ ਦੀਆਂ ਆਰਟ ਗਤੀਵਿਧੀਆਂ ਕਰਵਾਈਆਂ ਗਈਆਂ। ਜਿਸ 'ਚ ਵਿਦਿਆਰਥੀਆਂ ਨੇ ਵਾਟਰ ਕਲਰ ਨਾਲ ਰੰਗ-ਬਿਰੰਗੀਆਂ ਬਟਰਫਲਾਈ ਬਣਾਈਆਂ ਅਤੇ ਸਟ੍ਰਾਅ ਦੀ ਮਦਦ ਨਾਲ ਸਟ੍ਰਾਅ ਪੇਂਟਿੰਗ ਕੀਤੀ। ਪ੍ਰਿੰਸੀਪਲ ਰੇਨੂੰ ਅਰੋੜਾ ਅਨੁਸਾਰ ਅਜਿਹੀਆਂ ਗਤੀਵਿਧੀਆਂ ਜਿਥੇ ਬੱਚਿਆਂ ਦੀ ਪ੍ਰਤਿਭਾ 'ਚ ਨਿਖਾਰ ਲਿਆਉਂਦੀਆਂ ਹਨ, ਉਥੇ ਹੀ ਇਹ ਕਹਾਵਤ ਵੀ ਸੱਚ ਕਰਦੀਆਂ ਹਨ ਕਿ ਹਰੇਕ ਬੱਚਾ ਇੱਕ ਕਲਾਕਾਰ ਹੁੰਦਾ ਹੈ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਸਮੂਹ ਸਟਾਫ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

## ਐਸ ਡੀ ਐਮ ਡੇਰਾਬੱਸੀ ਨੇ ਸ਼ਰਾਬ ਫੈਕਟਰੀਆਂ ਦੇ ਗਿੱਲੇ ਕੂੜੇ ਕਾਰਨ ਪੈਦਾ ਹੋ ਰਹੀ ਪ੍ਰੇਸ਼ਾਨੀ ਦਾ ਲਿਆ ਨੋਟਿਸ

**ਡੇਰਾਬੱਸੀ, (ਗੁਰਜੀਤ ਬਿੱਲਾ)**-ਡੇਰਾਬੱਸੀ ਦੇ ਉਪ ਮੰਡਲ ਮੈਜਿਸਟਰੇਟ ਹਿਮਾਂਸ਼ੂ ਗੁਪਤਾ ਨੇ ਸਮਗੌਲੀ ਖੇਤਰ 'ਚ ਸ਼ਰਾਬ ਫੈਕਟਰੀਆਂ ਦੇ ਗਿੱਲੇ ਕੂੜੇ ਕਾਰਨ ਲੋਕਾਂ ਨੂੰ ਦਰਪੇਸ਼ ਮੁਸ਼ਕਲ ਸੰਬੰਧੀ ਖ਼ਬਰਾਂ ਦਾ ਗੰਭੀਰ ਨੋਟਿਸ ਲੈਂਦਿਆਂ ਫੌਜਦਾਰੀ ਜਾਬਤਾ ਸੰਘਤਾ ਦੀ ਧਾਰਾ 133 (1) (ਬੀ) ਤਹਿਤ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਥਾਨਕ ਅਧਿਕਾਰੀਆਂ ਨੂੰ 26 ਦਸੰਬਰ, 2023 ਤੱਕ ਜਵਾਬ ਅਤੇ ਕੀਤੀ ਕਾਰਵਾਈ ਦੀ ਰਿਪੋਰਟ ਸੌਂਪਣ ਲਈ ਨੋਟਿਸ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮਿਲੀ ਜਾਣਕਾਰੀ ਅਨੁਸਾਰ ਸ਼ਰਾਬ ਅਤੇ ਬੀਅਰ ਫੈਕਟਰੀਆਂ ਦਾ ਗਿੱਲਾ ਕੂੜਾ ਵੱਡੇ ਵਾਹਨਾਂ ਵਿੱਚ ਲੱਦ ਕੇ ਪਿੰਡ ਸਮਗੌਲੀ ਨੇੜੇ ਸੜਕਾਂ ਅਤੇ ਖੇਤਾਂ 'ਚ ਸੁਕਾਉਣ ਲਈ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਮੱਖੀਆਂ ਦੀ ਗਿਣਤੀ 'ਚ ਵਾਧਾ ਹੋ ਰਿਹਾ ਹੈ ਅਤੇ ਉਨ੍ਹਾਂ ਦਾ ਰਹਿਣਾ ਅਤੇ ਗੰਦੇ ਵਾਤਾਵਰਣ 'ਚ ਸਾਹ ਲੈਣਾ ਮੁਸ਼ਕਲ ਹੋ ਗਿਆ ਹੈ। ਇਸ ਤੋਂ ਇਲਾਵਾ ਨੇੜੇ ਦੋ ਸਰਕਾਰੀ ਸਕੂਲ ਵੀ ਹਨ ਜਿੱਥੇ ਇਨ੍ਹਾਂ ਸ਼ਰਾਬ ਫੈਕਟਰੀਆਂ ਦਾ ਗਿੱਲਾ ਕੂੜਾ ਡੰਪ ਕੀਤਾ ਜਾਂਦਾ ਹੈ। ਇਸ ਨਾਲ ਸਕੂਲ 'ਚ ਪੜ੍ਹਦੇ ਵਿਦਿਆਰਥੀਆਂ ਦੀ ਸਿਹਤ 'ਤੇ ਵੀ ਮਾੜਾ ਅਸਰ ਪਵੇਗਾ। ਇਸ ਲਈ ਇਸ ਨੋਟਿਸ ਰਾਹੀਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਹਾਇਕ ਵਾਤਾਵਰਨ ਇੰਜੀਨੀਅਰ ਪਲਾਟ ਨੰ. 55, ਫੇਜ-2, ਮੋਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਤੁਰੰਤ ਪ੍ਰਦੂਸ਼ਣ ਦੀ ਰੋਕਥਾਮ ਲਈ ਢੁੱਕਵੀਂ ਕਾਰਵਾਈ ਕਰਦੇ ਹੋਏ 26.12.2023 ਨੂੰ ਉਨ੍ਹਾਂ ਦੇ ਦਫਤਰ ਨਿੱਜੀ ਤੌਰ 'ਤੇ ਆਪਣਾ ਜਵਾਬ ਪੇਸ਼ ਕਰਨ।

## ਸੰਤ ਨਿਰਮਲ ਦਾਸ ਬਾਬੇ ਜੌੜੇ ਨੇ ਇੰਗਲੈਂਡ ਦੀਆਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ

**ਹੁਸ਼ਿਆਰਪੁਰ (ਓ ਪੀ ਰਾਣਾ )**

ਗੁਰਦਵਾਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਡਾਰਲੈਸਟਨ ਯੂ ਕੇ ਵਿਖੇ ਬਾਬਾ ਨਿਰਮਲ ਦਾਸ ਜੀ (ਬਾਬੇ ਜੌੜੇ) ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ:) ਪੰਜਾਬ ਵੱਲੋਂ ਵਿਸ਼ੇਸ਼ ਸਮਾਗਮਾਂ ਵਿਚ ਰਸਭਿੰਨਾ ਕੀਰਤਨ ਅਤੇ ਇਤਿਹਾਸਕ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ ਗਿਆ। ਉਹ ਇਕ ਹਫਤੇ ਲਈ ਹਰ ਰੋਜ ਸ਼ਾਮ 6 ਤੋਂ 8 ਵਜੇ ਤੱਕ ਦੀਵਾਨਾਂ ਵਿਚ ਕੀਰਤਨ ਕਰਨਗੇ। ਇਸ



ਮੌਕੇ ਗੁਰੂ ਘਰ ਦੇ ਪ੍ਰਧਾਨ ਰਾਮ ਕਿਸ਼ਨ ਮਹਿਮੀ ਕੌਂਸਲਰ ਵਾਲਸਾਲ ਕੌਂਸਿਲ, ਗਿਆਨ ਚੰਦ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਪੰਜਾਬ ਯੂਨਿਟ, ਜਰਨੈਲ ਸਿੰਘ ਹੀਰ, ਅਸ਼ੋਕ ਕੁਮਾਰ ਅਤੇ ਬੀਬੀ ਪੌਲ ਵੀ ਹਾਜਰ ਸਨ। ਬਾਬੇ ਜੌੜੇ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਜਿਥੇ ਆਪਸੀ ਪਿਆਰ, ਏਕਤਾ ਤੇ ਭਾਈਚਾਰਾ ਬਣਾ ਕੇ ਰੱਖਣ ਦਾ ਉਪਦੇਸ਼ ਦਿੰਦੀ ਹੈ ਉਥੇ ਆਪਣੇ ਮਾਨਵੀ ਅਧਿਕਾਰਾਂ ਲਈ ਹਮੇਸ਼ਾ ਸੰਘਰਸ਼ਮਈ ਰਹਿਣ ਦਾ ਸੰਦੇਸ਼ ਵੀ ਦਿੰਦੀ ਹੈ। ਉਨ੍ਹਾਂ ਵਿਦੇਸ਼ਾਂ ਵਿੱਚ ਬੈਠੀਆਂ ਗੁਰੂ ਨਾਮਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵਿੱਦਿਆ ਦੇ ਪ੍ਰਸਾਰ ਲਈ ਅੱਗੇ ਆਉਣ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਬਣਾਉਣ। ਉਨ੍ਹਾਂ ਸੰਗਤ ਨੂੰ ਗੁਰੂ ਗ੍ਰੰਥ ਸਾਹਿਬ ਜੀ ਦੀ ਆਲਾਹੀ ਬਾਣੀ ਨਾਲ ਜੁੜਨ ਅਤੇ ਇਸ ਅੰਮ੍ਰਿਤਮਈ ਬਾਣੀ ਦੇ ਆਦੇਸ਼ਾਂ ਅਨੁਸਾਰ ਆਪਣਾ ਜੀਵਨ ਸਫਲਾ ਕਰਨ ਦਾ ਸੰਦੇਸ਼ ਦਿੱਤਾ।

## ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਡਿਪਟੀ ਕਮਿਸ਼ਨਰ ਰਾਹੀਂ ਰਾਸ਼ਟਰਪਤੀ ਲਈ ਦਿੱਤਾ ਯਾਦ ਪੱਤਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਇੰਡੀਆ ਦੀ ਵਿਦੇਸ਼ੀ ਵਜ਼ਾਰਤ ਵਿਭਾਗ ਨੇ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਂਦੇ ਹੋਏ ਅਤੇ ਉਸ ਨੂੰ ਬਦਨਾਮ ਕਰਨ ਹਿੱਤ ਬਾਹਰਲੇ ਮੁਲਕਾਂ ਵਿੱਚ ਸਥਿਤ ਅੰਬੈਸੀਆਂ ਅਤੇ ਕੌਂਸਲੇਟ ਖਾਨਿਆਂ ਨੂੰ 6 ਅਪ੍ਰੈਲ 2023 ਨੂੰ ਜੋ ਪੱਤਰ ਲਿਖਿਆ ਹੈ ਉਹ ਸਿੱਖ ਮਨਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਮੰਦ ਭਾਗਾ ਹੈ, ਜਿਸ ਦੀ ਸ਼੍ਰੋਮਣੀ ਅਕਾਲੀ (ਅੰਮ੍ਰਿਤਸਰ) ਸਖਤ ਸ਼ਬਦਾਂ 'ਚ ਨਿਖੇਧੀ ਕਰਦਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੀਪ ਸਿੰਘ ਖੁਣ ਖੁਣ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਰਾਹੀਂ ਇੱਕ ਯਾਦ ਪੱਤਰ ਦੇਸ਼ ਦੀ ਪ੍ਰੈਜ਼ੀਡੈਂਟ ਦਰੋਪਤੀ ਮੁਰਮੂ ਦੇ ਨਾਂਅ ਦੇਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਸਮੇਂ ਉਹਨਾਂ ਦੇਸ਼ ਦੀ ਪ੍ਰੈਜ਼ੀਡੈਂਟ ਦਰੋਪਤੀ ਮੁਰਮੋ ਨੂੰ ਕਿਹਾ ਕਿ ਜਿੱਥੇ ਆਪ ਸਾਡੇ ਇਸ ਯਾਦ ਪੱਤਰ ਦੀ ਸੱਚੀ ਸੁੱਚੀ ਭਾਵਨਾ ਨੂੰ ਮਹਿਸੂਸ ਕਰਦੇ ਹੋਏ ਜੋ ਇੰਡੀਆ ਦੇ ਹੁਕਮਰਾਨਾਂ ਅਤੇ ਵਿਦੇਸ਼ ਵਿਜ਼ਾਰਤ ਵਿਭਾਗ ਵੱਲੋਂ ਸਿੱਖਾਂ ਵਿਰੁੱਧ ਆਪਣੀਆਂ ਅੰਬੈਸੀਆਂ ਕੌਂਸਲੇਟਾਂ ਨੂੰ ਲਾਮਬੰਦ ਕਰਨ ਸਬੰਧੀ ਪੱਤਰ ਲਿਖਿਆ ਹੈ। ਉਸ ਖਤਰਨਾਕ ਅਮਲ ਨੂੰ ਬੰਦ ਕਰਾਉਣ ਲਈ ਆਪਣੇ ਉੱਚ ਅਹੁਦੇ ਦੀ ਵਰਤੋਂ ਕਰੋਗੇ ਉਹਨਾਂ ਕਿਹਾ ਕਿ ਸਿੱਖ ਕੌਮ ਨੂੰ ਆਪਣੇ ਭਵਿੱਖ ਅਤੇ ਸਵੈ ਨਿਰਣੇ ਦੇ ਹੱਕ ਦੇ ਮੌਲਿਕ ਅਧਿਕਾਰ ਦੇਣ ਦੀ ਪਾਲਣਾ ਕਰੋਗੇ ਤੇ ਹੁਕਮਰਾਨਾ ਵੱਲੋਂ ਸਿੱਖਾਂ ਨੂੰ ਸਰੀਰਕ ਤੌਰ 'ਤੇ ਖਤਮ ਕਰਨ ਦੇ ਮਨੁੱਖਤਾ ਵਿਰੋਧੀ ਅਮਲਾਂ ਨੂੰ ਸਹੀ ਰੂਪ ਵਿੱਚ ਖਤਮ ਕਰੋਗੇ ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਸਤਨਾਮ ਸਿੰਘ ਧਾਮੀਆਂ, ਸੰਤੋਖ ਸਿੰਘ ਡਾਲੋਵਾਲ, ਸਤਵੰਤ ਸਿੰਘ ਮੁਰਾਦਪੁਰ, ਸੁਖਦੇਵ ਸਿੰਘ ਕਾਹਰੀ, ਸ਼ਮਸ਼ੇਰ ਸਿੰਘ ਅਟੱਲਗੜ੍ਹ, ਗੁਰਬਖਸ਼ ਸਿੰਘ ਮਾਨਸਰ ਆਦਿ ਹਾਜ਼ਰ ਸਨ।

# ਡੀ ਸੀ ਨੇ ਮਾਈਂਡਸਪਾਰਕ ਪ੍ਰੋਗਰਾਮ ਦੇ ਪ੍ਰਭਾਵ ਦੀ ਕੀਤੀ ਸਮੀਖਿਆ

**ਮੋਹਾਲੀ, (ਗੁਰਜੀਤ ਬਿੱਲਾ)**

ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਐਜੂਕੇਸ਼ਨਲ ਇਨੀਸੀਏਟਿਵ (ਈ ਆਈ) ਦੇ ਮਾਈਂਡਸਪਾਰਕ ਪ੍ਰੋਗਰਾਮ ਅਧੀਨ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸਿੱਖਣ ਦੇ ਹੁਨਰ 'ਤੇ ਪੈਣ ਵਾਲੇ ਪ੍ਰਭਾਵ ਦਾ ਜਾਇਜ਼ਾ ਲੈਂਦੇ ਹੋਏ ਅਧਿਆਪਕਾਂ ਨੂੰ ਪ੍ਰੋਗਰਾਮ ਤੋਂ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਹਾ ਕਿ ਮਾਈਂਡਸਪਾਰਕ ਪ੍ਰੋਗਰਾਮ ਦਾ ਉਦੇਸ਼ ਮੋਹਾਲੀ ਦੇ ਸਰਕਾਰੀ ਸਕੂਲਾਂ 'ਚ 8ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਅਕਤੀਗਤ ਸਿੱਖਣ ਵਾਲੇ ਸਾਫਟਵੇਅਰ ਦੀ ਵਰਤੋਂ ਕਰਕੇ ਸਸਕਤ ਬਣਾਉਣਾ ਹੈ ਜੋ ਵਿਦਿਆਰਥੀਆਂ ਦੇ ਗਣਿਤ, ਅੰਗਰੇਜੀ ਅਤੇ ਪੰਜਾਬੀ ਭਾਸ਼ਾ ਦੇ ਹੁਨਰ ਨੂੰ ਵਧਾਉਂਦਾ ਹੈ। ਸ੍ਰੀਮਤੀ ਆਸ਼ਿਕਾ ਜੈਨ ਨੇ ਈ ਆਈ ਮਾਈਂਡਸਪਾਰਕ ਪ੍ਰੋਗਰਾਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਮਿਸ ਪ੍ਰਿਆ ਸਿੰਘ, ਸਟੇਟ ਹੈੱਡ, ਮਾਈਂਡਸਪਾਰਕ ਪ੍ਰੋਗਰਾਮ ਪੰਜਾਬ, ਨੇ ਮਾਈਂਡਸਪਾਰਕ ਪ੍ਰੋਜੈਕਟ ਦੀ ਸਫਲਤਾ ਅਤੇ ਚੁਣੌਤੀਆਂ ਬਾਰੇ ਸੰਖੇਪ ਜਾਣਕਾਰੀ ਦਿੱਤੀ। ਉਨ੍ਹਾਂ ਅੱਗੇ ਕਿਹਾ ਕਿ ਪ੍ਰੋਗਰਾਮ ਦਾ ਉਦੇਸ਼ ਇੱਕ ਅਜਿਹਾ ਵਾਤਾਵਰਣ ਬਣਾਉਣਾ ਹੈ ਜਿੱਥੇ ਹਰ ਬੱਚਾ ਆਪਣੇ ਮੌਜੂਦਾ ਪੱਧਰ ਅਤੇ ਗਤੀ ਦੇ ਅਧਾਰ 'ਤੇ ਸਿੱਖਣ ਦੇ ਅਨੁਕੂਲ ਮਾਰਗ ਦਾ ਅਨੁਸਰਣ ਕਰਕੇ ਸਮਝ ਨਾਲ ਸਿੱਖ ਸਕੇ। ਡੀ ਈ ਓ (ਸੈਕੰਡਰੀ) ਡਾ. ਗਿੰਨੀ ਦੁੱਗਲ ਨੇ ਸਰਕਾਰੀ ਸਕੂਲਾਂ 'ਚ ਤਕਨਾਲੋਜੀ ਦੀ ਅਗਵਾਈ ਵਾਲੀ ਨਵੀਨਤਮ ਤਕਨੀਕ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਸਕੂਲਾਂ ਦੇ ਨਾਲ-ਨਾਲ ਮਾਈਂਡਸਪਾਰਕ ਟੀਮ ਨੂੰ ਸਖਤ ਮਿਹਨਤ ਕਰਨ ਅਤੇ ਤਕਨੀਕ ਦੀ ਸੁਚੱਜੀ ਵਰਤੋਂ ਕਰਨ ਲਈ ਕਿਹਾ। ਏ ਡੀ ਸੀ (ਪੇਂਡੂ ਵਿਕਾਸ) ਸੋਨਮ ਚੌਧਰੀ ਨੇ ਵਿਚਾਰ-ਵਟਾਂਦਰੇ 'ਚ ਹਿੱਸਾ ਲੈਂਦਿਆਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਨਵੇਂ ਦੌਰ ਦੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਦੇ ਯੋਗ ਬਣਾਉਣ ਲਈ ਇਸ ਤਰ੍ਹਾਂ ਦੇ ਉਪਰਾਲੇ ਨੂੰ ਤਨਦੇਹੀ ਨਾਲ ਅਪਨਾਉਣ ਦੀ ਲੋੜ 'ਤੇ ਜੋਰ ਦਿੱਤਾ। ਸਮੀਖਿਆ ਮੀਟਿੰਗ ਉਪਰੰਤ ਭਾਗ ਲੈਣ ਵਾਲੇ ਸਕੂਲਾਂ ਤੋਂ ਇਲਾਵਾ ਬੇਹਤਰੀਨ ਪ੍ਰਦਰਸ਼ਨ ਵਾਲੇ ਵਿਦਿਆਰਥੀਆਂ ਨੂੰ ਲੈਪਟਾਪ ਵੰਡੇ ਗਏ। ਇਸ ਸਮਾਗਮ ਵਿੱਚ ਡਿਪਟੀ ਡੀ ਈ ਓ (ਸ) ਅੰਗਰੇਜ ਸਿੰਘ, ਸੁਭਾਸ਼ ਪ੍ਰਭਾਕਰਨ, ਐਸੋਸੀਏਟ ਮੈਨੇਜਰ ਈਆਈ, ਮਹਿੰਦਰ ਸਿੰਘ, ਲੀਡ ਮੋਹਾਲੀ ਅਤੇ ਰਿਸੀ ਰਾਜ, ਸਿੱਖਿਆ ਫੈਲੋ ਮਾਈਂਡਸਪਾਰਕ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ 20 ਮੁੱਖ ਅਧਿਆਪਕਾਂ ਨੇ ਉਤਸਾਹ ਨਾਲ ਭਾਗ ਲਿਆ।

## ਤੀਰਥ ਯਾਤਰਾ ਸ਼ੁਰੂ ਕਰਨਾ ਸਰਕਾਰ ਦਾ ਵੱਡਾ ਉਪਰਾਲਾ : ਭੱਟੀ



**ਭੋਗਪੁਰ, (ਗੁਰਪ੍ਰੀਤ ਸਿੰਘ ਭੋਗਲ)**

ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਆਦਮਪੁਰ ਤੋਂ ਹਲਕਾ ਇੰਚਾਰਜ ਜੀਤ ਲਾਲ ਭੱਟੀ ਵੱਲੋਂ ਸ਼੍ਰੀ ਅੰਮ੍ਰਿਤਸਰ ਸਾਹਿਬ ਤੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਜਾਣ ਲਈ ਸ਼ਰਧਾਲੂਆਂ ਦਾ ਜੱਥਾ ਰਵਾਨਾ ਕੀਤਾ।ਇਸ ਮੌਕੇ ਹਲਕਾ ਇੰਚਾਰਜ ਜੀਤ ਲਾਲ ਭੱਟੀ ਨੇ ਭੋਗਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਤੀਰਥ ਯਾਤਰਾ ਸਕੀਮ ਸ਼ੁਰੂ ਕਰਨਾ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਹ ਸਕੀਮ ਸਾਰਿਆਂ ਲਈ ਬੜੀ ਵੱਡੀ ਆਸ ਦੀ ਕਿਰਨ ਸਾਬਿਤ ਹੋਵੇਗੀ।ਹਰ ਧਰਮ ਦੇ ਗਰੀਬ ਤਬਕਿਆਂ 'ਚ ਦਿਲੀ ਇੱਛਾ ਹੁੰਦੀ ਹੈ ਕਿ ਉਹ ਵੀ ਤੀਰਥਾਂ ਦੀ ਯਾਤਰਾ ਕਰ ਸਕਣ।

ਇਸ ਮੌਕੇ ਤਹਿਸੀਲਦਾਰ ਹਰਮਿੰਦਰ ਸਿੱਧੂ, ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਕਮਲਜੀਤ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਰਮੇਸ਼ ਚੰਦਰ ਜਿਲਾ ਜੁਆਇੰਟ ਸਕੱਤਰ ਟਰੇਡ ਵਿੰਗ, ਪਵਨ ਅਰੋੜਾ ਸ਼ਹਿਰੀ ਪ੍ਰਧਾਨ ਵਪਾਰ ਮੰਡਲ, ਸੂਬੇਦਾਰ ਹੰਸ ਰਾਜ, ਰਕੇਸ਼ ਮਹਿਤਾ, ਸੁਖਦੇਵ ਲਾਲ, ਡਾਕਟਰ ਕਮਲ ਪਾਰਟੀ ਦੇ ਮੈਂਬਰ ਸਹਿਬਾਨ ਮੌਜੂਦ ਸਨ।